| ਬਾਣੀ | ਅੰਗ |
|---|---|
| ਜਪੁਜੀ ਸਾਹਿਬ | ੨ |
| ਜਾਪੁ ਸਾਹਿਬ | ੮ |
| ਤ੍ਵਪ੍ਰਸਾਦਿ ਸ੍ਵਯੇ | ੧੬ |
| ਚੌਪਈ ਸਾਹਿਬ | ੧੮ |
| ਅਨੰਦੁ ਸਾਹਿਬ | ੨੧ |
| ਸ਼ਬਦ ਹਜਾਰੇ | ੨੬ |
| ਬਾਰਹ ਮਾਹਾ ਮਾਂਝ | ੨੯ |
| ਸ਼ਬਦ ਹਜਾਰੇ ਪਾਃ੧੦ | ੩੨ |
| ਸ੍ਵਯੇ ਦੀਨਨ | ੩੪ |
| ਰਹਰਾਸਿ ਸਾਹਿਬ | ੩੬ |
| ਅਰਦਾਸ | ੪੪ |
| ਆਰਤੀ | ੪੭ |
| ਰੱਖਿਆ ਦੇ ਸ਼ਬਦ | ੪੯ |
| ਕੀਰਤਨ ਸੋਹਿਲਾ | ੫੦ |
| ਸੁਖਮਨੀ ਸਾਹਿਬ | ੫੨ |
| ਆਸਾ ਦੀ ਵਾਰ | ੮੦ |
| ਦੱਖਣੀ ਓਅੰਕਾਰ | ੯੪ |
| ਸਿਧ ਗੋਸਟਿ | ੧੦੧ |
| ਬਾਵਨ ਅਖਰੀ | ੧੦੮ |
| ਜੈਤਸਰੀ ਦੀ ਵਾਰ | ੧੧੮ |
| ਰਾਮਕਲੀ ਕੀ ਵਾਰ | ੧੨੨ |
| ਬਸੰਤ ਕੀ ਵਾਰ | ੧੨੪ |
| ਬਾਰਹ ਮਾਹਾ ਤੁਖਾਰੀ | ੧੨੫ |
| ਲਾਵਾਂ | ੧੨੮ |
| ਸਲੋਕ ਮਹਲਾ ੯ | ੧੨੯ |
| ਰਾਗਮਾਲਾ | ੧੩੨ |
| ਚੰਡੀ ਦੀ ਵਾਰ | ੧੩੩ |

# ਜਪੁਜੀ ਸਾਹਿਬ

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥

ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ ॥ ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ ॥ ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ ॥ ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ ॥ ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ ॥ ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ ॥ ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ ॥ ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ ॥ ਇਕਨਾ ਹੁਕਮੀ ਬਖਸੀਸ ਇਕਿ ਹੁਕਮੀ ਸਦਾ ਭਵਾਈਅਹਿ ॥ ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ ॥ ਨਾਨਕ ਹੁਕਮੈ ਜੇ ਬੁਝੈ ਤ ਹਉਮੈ ਕਹੈ ਨ ਕੋਇ ॥੨॥ ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ ਨੀਸਾਣੁ ॥ ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ ਵਿਦਿਆ ਵਿਖਮੁ ਵੀਚਾਰੁ ॥ ਗਾਵੈ ਕੋ ਸਾਜਿ ਕਰੇ ਤਨੁ ਖੇਹ ॥ ਗਾਵੈ ਕੋ ਜੀਅ ਲੈ ਫਿਰਿ ਦੇਹ ॥ ਗਾਵੈ ਕੋ ਜਾਪੈ ਦਿਸੈ ਦੂਰਿ ॥ ਗਾਵੈ ਕੋ ਵੇਖੈ ਹਾਦਰਾ ਹਦੂਰਿ ॥ ਕਥਨਾ ਕਥੀ ਨ ਆਵੈ ਤੋਟਿ ॥ ਕਥਿ ਕਥਿ ਕਥੀ ਕੋਟੀ ਕੋਟਿ ਕੋਟਿ ॥ ਦੇਦਾ ਦੇ ਲੈਦੇ ਥਕਿ ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥ ਹੁਕਮੀ ਹੁਕਮੁ ਚਲਾਏ ਰਾਹੁ ॥ ਨਾਨਕ ਵਿਗਸੈ ਵੇਪਰਵਾਹੁ ॥੩॥ ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ ॥ ਆਖਹਿ ਮੰਗਹਿ ਦੇਹਿ ਦੇਹਿ ਦਾਤਿ ਕਰੇ ਦਾਤਾਰੁ ॥ ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ ॥ ਮੁਹੌ ਕਿ ਬੋਲਣੁ ਬੋਲੀਐ ਜਿਤੁ ਸੁਣਿ ਧਰੇ ਪਿਆਰੁ ॥ ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥ ਕਰਮੀ ਆਵੈ ਕਪੜਾ ਨਦਰੀ ਮੋਖੁ ਦੁਆਰੁ ॥ ਨਾਨਕ ਏਵੈ ਜਾਣੀਐ ਸਭੁ ਆਪੇ ਸਚਿਆਰੁ ॥੪॥ ਥਾਪਿਆ ਨ ਜਾਇ ਕੀਤਾ ਨ ਹੋਇ ॥ ਆਪੇ ਆਪਿ ਨਿਰੰਜਨੁ ਸੋਇ ॥ ਜਿਨਿ ਸੇਵਿਆ ਤਿਨਿ ਪਾਇਆ ਮਾਨੁ ॥ ਨਾਨਕ ਗਾਵੀਐ ਗੁਣੀ ਨਿਧਾਨੁ ॥ ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ ਗੁਰਮੁਖਿ ਨਾਦੰ ਗੁਰਮੁਖਿ ਵੇਦੰ ਗੁਰਮੁਖਿ ਰਹਿਆ ਸਮਾਈ ॥ ਗੁਰੁ ਈਸਰੁ ਗੁਰੁ ਗੋਰਖੁ ਬਰਮਾ ਗੁਰੁ ਪਾਰਬਤੀ ਮਾਈ ॥ ਜੇ ਹਉ ਜਾਣਾ ਆਖਾ ਨਾਹੀ ਕਹਣਾ ਕਥਨੁ ਨ ਜਾਈ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ

ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੫॥ ਤੀਰਥਿ ਨਾਵਾ ਜੇ ਤਿਸੁ ਭਾਵਾ ਵਿਣੁ ਭਾਣੇ ਕਿ ਨਾਇ ਕਰੀ ॥ ਜੇਤੀ ਸਿਰਠਿ ਉਪਾਈ ਵੇਖਾ ਵਿਣੁ ਕਰਮਾ ਕਿ ਮਿਲੈ ਲਈ ॥ ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੬॥ ਜੇ ਜੁਗ ਚਾਰੇ ਆਰਜਾ ਹੋਰ ਦਸੂਣੀ ਹੋਇ ॥ ਨਵਾ ਖੰਡਾ ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ ॥ ਚੰਗਾ ਨਾਉ ਰਖਾਇ ਕੈ ਜਸੁ ਕੀਰਤਿ ਜਗਿ ਲੇਇ ॥ ਜੇ ਤਿਸੁ ਨਦਰਿ ਨ ਆਵਈ ਤ ਵਾਤ ਨ ਪੁਛੈ ਕੇ ॥ ਕੀਟਾ ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ ॥ ਨਾਨਕ ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ ॥ ਤੇਹਾ ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ ॥੭॥ ਸੁਣਿਐ ਸਿਧ ਪੀਰ ਸੁਰਿ ਨਾਥ ॥ ਸੁਣਿਐ ਧਰਤਿ ਧਵਲ ਆਕਾਸ ॥ ਸੁਣਿਐ ਦੀਪ ਲੋਅ ਪਾਤਾਲ ॥ ਸੁਣਿਐ ਪੋਹਿ ਨ ਸਕੈ ਕਾਲੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੮॥ ਸੁਣਿਐ ਈਸਰੁ ਬਰਮਾ ਇੰਦੁ ॥ ਸੁਣਿਐ ਮੁਖਿ ਸਾਲਾਹਣ ਮੰਦੁ ॥ ਸੁਣਿਐ ਜੋਗ ਜੁਗਤਿ ਤਨਿ ਭੇਦ ॥ ਸੁਣਿਐ ਸਾਸਤ ਸਿਮ੍ਰਿਤਿ ਵੇਦ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੯॥ ਸੁਣਿਐ ਸਤੁ ਸੰਤੋਖੁ ਗਿਆਨੁ ॥ ਸੁਣਿਐ ਅਠਸਠਿ ਕਾ ਇਸਨਾਨੁ ॥ ਸੁਣਿਐ ਪੜਿ ਪੜਿ ਪਾਵਹਿ ਮਾਨੁ ॥ ਸੁਣਿਐ ਲਾਗੈ ਸਹਜਿ ਧਿਆਨੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੦॥ ਸੁਣਿਐ ਸਰਾ ਗੁਣਾ ਕੇ ਗਾਹ ॥ ਸੁਣਿਐ ਸੇਖ ਪੀਰ ਪਾਤਿਸਾਹ ॥ ਸੁਣਿਐ ਅੰਧੇ ਪਾਵਹਿ ਰਾਹੁ ॥ ਸੁਣਿਐ ਹਾਥ ਹੋਵੈ ਅਸਗਾਹੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੧॥ ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੨॥ ਮੰਨੈ ਸੁਰਤਿ ਹੋਵੈ ਮਨਿ ਬੁਧਿ ॥ ਮੰਨੈ ਸਗਲ ਭਵਣ ਕੀ ਸੁਧਿ ॥ ਮੰਨੈ ਮੁਹਿ ਚੋਟਾ ਨਾ ਖਾਇ ॥ ਮੰਨੈ ਜਮ ਕੈ ਸਾਥਿ ਨ ਜਾਇ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੩॥ ਮੰਨੈ ਮਾਰਗਿ ਠਾਕ ਨ ਪਾਇ ॥ ਮੰਨੈ ਪਤਿ ਸਿਉ ਪਰਗਟੁ ਜਾਇ ॥ ਮੰਨੈ ਮਗੁ ਨ ਚਲੈ ਪੰਥੁ ॥ ਮੰਨੈ ਧਰਮ ਸੇਤੀ ਸਨਬੰਧੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੪॥ ਮੰਨੈ ਪਾਵਹਿ ਮੋਖੁ ਦੁਆਰੁ ॥ ਮੰਨੈ ਪਰਵਾਰੈ ਸਾਧਾਰੁ ॥ ਮੰਨੈ ਤਰੈ ਤਾਰੇ ਗੁਰੁ ਸਿਖ ॥ ਮੰਨੈ ਨਾਨਕ ਭਵਹਿ ਨ ਭਿਖ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੫॥ ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥ ਪੰਚੇ ਸੋਹਹਿ ਦਰਿ ਰਾਜਾਨੁ ॥ ਪੰਚਾ ਕਾ ਗੁਰੁ ਏਕੁ ਧਿਆਨੁ ॥ ਜੇ ਕੋ ਕਹੈ ਕਰੈ ਵੀਚਾਰੁ ॥ ਕਰਤੇ ਕੈ ਕਰਣੈ ਨਾਹੀ ਸੁਮਾਰੁ ॥ ਧੌਲੁ ਧਰਮੁ ਦਇਆ ਕਾ ਪੂਤੁ ॥ ਸੰਤੋਖੁ ਥਾਪਿ ਰਖਿਆ ਜਿਨਿ ਸੂਤਿ ॥ ਜੇ ਕੋ ਬੁਝੈ ਹੋਵੈ ਸਚਿਆਰੁ ॥ ਧਵਲੈ ਉਪਰਿ ਕੇਤਾ ਭਾਰੁ ॥ ਧਰਤੀ ਹੋਰੁ ਪਰੈ ਹੋਰੁ ਹੋਰੁ ॥ ਤਿਸ ਤੇ ਭਾਰੁ ਤਲੈ ਕਵਣੁ ਜੋਰੁ ॥ ਜੀਅ ਜਾਤਿ ਰੰਗਾ ਕੇ ਨਾਵ ॥ ਸਭਨਾ

ਲਿਖਿਆ ਵੁੜੀ ਕਲਾਮ ॥ ਏਹੁ ਲੇਖਾ ਲਿਖਿ ਜਾਣੈ ਕੋਇ ॥ ਲੇਖਾ ਲਿਖਿਆ ਕੇਤਾ ਹੋਇ ॥ ਕੇਤਾ ਤਾਣੁ ਸੁਆਲਿਹੁ ਰੂਪੁ ॥ ਕੇਤੀ ਦਾਤਿ ਜਾਣੈ ਕੌਣੁ ਕੂਤੁ ॥ ਕੀਤਾ ਪਸਾਉ ਏਕੋ ਕਵਾਉ ॥ ਤਿਸ ਤੇ ਹੋਏ ਲਖ ਦਰੀਆਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੬॥ ਅਸੰਖ ਜਪ ਅਸੰਖ ਭਾਉ ॥ ਅਸੰਖ ਪੂਜਾ ਅਸੰਖ ਤਪ ਤਾਉ ॥ ਅਸੰਖ ਗਰੰਥ ਮੁਖਿ ਵੇਦ ਪਾਠ ॥ ਅਸੰਖ ਜੋਗ ਮਨਿ ਰਹਹਿ ਉਦਾਸ ॥ ਅਸੰਖ ਭਗਤ ਗੁਣ ਗਿਆਨ ਵੀਚਾਰ ॥ ਅਸੰਖ ਸਤੀ ਅਸੰਖ ਦਾਤਾਰ ॥ ਅਸੰਖ ਸੂਰ ਮੁਹ ਭਖ ਸਾਰ ॥ ਅਸੰਖ ਮੋਨਿ ਲਿਵ ਲਾਇ ਤਾਰ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੭॥ ਅਸੰਖ ਮੂਰਖ ਅੰਧ ਘੋਰ ॥ ਅਸੰਖ ਚੋਰ ਹਰਾਮਖੋਰ ॥ ਅਸੰਖ ਅਮਰ ਕਰਿ ਜਾਹਿ ਜੋਰ ॥ ਅਸੰਖ ਗਲ ਵਢ ਹਤਿਆ ਕਮਾਹਿ ॥ ਅਸੰਖ ਪਾਪੀ ਪਾਪੁ ਕਰਿ ਜਾਹਿ ॥ ਅਸੰਖ ਕੂੜਿਆਰ ਕੂੜੇ ਫਿਰਾਹਿ ॥ ਅਸੰਖ ਮਲੇਛ ਮਲੁ ਭਖਿ ਖਾਹਿ ॥ ਅਸੰਖ ਨਿੰਦਕ ਸਿਰਿ ਕਰਹਿ ਭਾਰੁ ॥ ਨਾਨਕੁ ਨੀਚੁ ਕਹੈ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੮॥ ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥ ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ ਅਖਰੀ ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ ਵਖਾਣਿ ॥ ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ ਤਿਵ ਪਾਹਿ ॥ ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੯॥ ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ ਉਤਰਸੁ ਖੇਹ ॥ ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥ ਭਰੀਐ ਮਤਿ ਪਾਪਾ ਕੈ ਸੰਗਿ ॥ ਓਹੁ ਧੋਪੈ ਨਾਵੈ ਕੈ ਰੰਗਿ ॥ ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥ ਤੀਰਥੁ ਤਪੁ ਦਇਆ ਦਤੁ ਦਾਨੁ ॥ ਜੇ ਕੋ ਪਾਵੈ ਤਿਲ ਕਾ ਮਾਨੁ ॥ ਸੁਣਿਆ ਮੰਨਿਆ ਮਨਿ ਕੀਤਾ ਭਾਉ ॥ ਅੰਤਰ ਗਤਿ ਤੀਰਥਿ ਮਲਿ ਨਾਉ ॥ ਸਭਿ ਗੁਣ ਤੇਰੇ ਮੈ ਨਾਹੀ ਕੋਇ ॥ ਵਿਣੁ ਗੁਣ ਕੀਤੇ ਭਗਤਿ ਨ ਹੋਇ ॥ ਸੁਅਸਤਿ ਆਥਿ ਬਾਣੀ ਬਰਮਾਉ ॥ ਸਤਿ ਸੁਹਾਣੁ ਸਦਾ ਮਨਿ ਚਾਉ ॥ ਕਵਣੁ ਸੁ ਵੇਲਾ ਵਖਤੁ ਕਵਣੁ ਕਵਣ ਥਿਤਿ ਕਵਣੁ ਵਾਰੁ ॥ ਕਵਣਿ ਸਿ ਰੁਤੀ ਮਾਹੁ ਕਵਣੁ ਜਿਤੁ ਹੋਆ ਆਕਾਰੁ ॥ ਵੇਲ ਨ ਪਾਈਆ ਪੰਡਤੀ ਜਿ ਹੋਵੈ ਲੇਖੁ ਪੁਰਾਣੁ ॥ ਵਖਤੁ ਨ ਪਾਇਓ ਕਾਦੀਆ ਜਿ ਲਿਖਨਿ ਲੇਖੁ ਕੁਰਾਣੁ ॥ ਥਿਤਿ ਵਾਰੁ ਨਾ ਜੋਗੀ ਜਾਣੈ ਰੁਤਿ ਮਾਹੁ ਨਾ ਕੋਈ ॥ ਜਾ ਕਰਤਾ ਸਿਰਠੀ ਕਉ ਸਾਜੇ ਆਪੇ ਜਾਣੈ ਸੋਈ ॥ ਕਿਵ ਕਰਿ ਆਖਾ ਕਿਵ ਸਾਲਾਹੀ ਕਿਉ ਵਰਨੀ ਕਿਵ ਜਾਣਾ ॥ ਨਾਨਕ ਆਖਣਿ ਸਭੁ ਕੋ ਆਖੈ ਇਕ

ਦੂ ਇਕੁ ਸਿਆਣਾ ॥ ਵਡਾ ਸਾਹਿਬੁ ਵਡੀ ਨਾਈ ਕੀਤਾ ਜਾ ਕਾ ਹੋਵੈ ॥ ਨਾਨਕ ਜੇ ਕੋ ਆਪੌ ਜਾਣੈ ਅਗੈ ਗਇਆ ਨ ਸੋਹੈ ॥੨੧॥ ਪਾਤਾਲਾ ਪਾਤਾਲ ਲਖ ਆਗਾਸਾ ਆਗਾਸ ॥ ਓੜਕ ਓੜਕ ਭਾਲਿ ਥਕੇ ਵੇਦ ਕਹਨਿ ਇਕ ਵਾਤ ॥ ਸਹਸ ਅਠਾਰਹ ਕਹਨਿ ਕਤੇਬਾ ਅਸੁਲੂ ਇਕੁ ਧਾਤੁ ॥ ਲੇਖਾ ਹੋਇ ਤ ਲਿਖੀਐ ਲੇਖੈ ਹੋਇ ਵਿਣਾਸੁ ॥ ਨਾਨਕ ਵਡਾ ਆਖੀਐ ਆਪੇ ਜਾਣੈ ਆਪੁ ॥੨੨॥ ਸਾਲਾਹੀ ਸਾਲਾਹਿ ਏਤੀ ਸੁਰਤਿ ਨ ਪਾਈਆ ॥ ਨਦੀਆ ਅਤੈ ਵਾਹ ਪਵਹਿ ਸਮੁੰਦਿ ਨ ਜਾਣੀਅਹਿ ॥ ਸਮੁੰਦ ਸਾਹ ਸੁਲਤਾਨ ਗਿਰਹਾ ਸੇਤੀ ਮਾਲੁ ਧਨੁ ॥ ਕੀੜੀ ਤੁਲਿ ਨ ਹੋਵਨੀ ਜੇ ਤਿਸੁ ਮਨਹੁ ਨ ਵੀਸਰਹਿ ॥੨੩॥ ਅੰਤੁ ਨ ਸਿਫਤੀ ਕਹਣਿ ਨ ਅੰਤੁ ॥ ਅੰਤੁ ਨ ਕਰਣੈ ਦੇਣਿ ਨ ਅੰਤੁ ॥ ਅੰਤੁ ਨ ਵੇਖਣਿ ਸੁਣਣਿ ਨ ਅੰਤੁ ॥ ਅੰਤੁ ਨ ਜਾਪੈ ਕਿਆ ਮਨਿ ਮੰਤੁ ॥ ਅੰਤੁ ਨ ਜਾਪੈ ਕੀਤਾ ਆਕਾਰੁ ॥ ਅੰਤੁ ਨ ਜਾਪੈ ਪਾਰਾਵਾਰੁ ॥ ਅੰਤ ਕਾਰਣਿ ਕੇਤੇ ਬਿਲਲਾਹਿ ॥ ਤਾ ਕੇ ਅੰਤ ਨ ਪਾਏ ਜਾਹਿ ॥ ਏਹੁ ਅੰਤੁ ਨ ਜਾਣੈ ਕੋਇ ॥ ਬਹੁਤਾ ਕਹੀਐ ਬਹੁਤਾ ਹੋਇ ॥ ਵਡਾ ਸਾਹਿਬੁ ਊਚਾ ਥਾਉ ॥ ਊਚੇ ਉਪਰਿ ਊਚਾ ਨਾਉ ॥ ਏਵਡੁ ਊਚਾ ਹੋਵੈ ਕੋਇ ॥ ਤਿਸੁ ਊਚੇ ਕਉ ਜਾਣੈ ਸੋਇ ॥ ਜੇਵਡੁ ਆਪਿ ਜਾਣੈ ਆਪਿ ਆਪਿ ॥ ਨਾਨਕ ਨਦਰੀ ਕਰਮੀ ਦਾਤਿ ॥੨੪॥ ਬਹੁਤਾ ਕਰਮੁ ਲਿਖਿਆ ਨਾ ਜਾਇ ॥ ਵਡਾ ਦਾਤਾ ਤਿਲੁ ਨ ਤਮਾਇ ॥ ਕੇਤੇ ਮੰਗਹਿ ਜੋਧ ਅਪਾਰ ॥ ਕੇਤਿਆ ਗਣਤ ਨਹੀ ਵੀਚਾਰੁ ॥ ਕੇਤੇ ਖਪਿ ਤੁਟਹਿ ਵੇਕਾਰ ॥ ਕੇਤੇ ਲੈ ਲੈ ਮੁਕਰੁ ਪਾਹਿ ॥ ਕੇਤੇ ਮੂਰਖ ਖਾਹੀ ਖਾਹਿ ॥ ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥ ਬੰਦਿ ਖਲਾਸੀ ਭਾਣੈ ਹੋਇ ॥ ਹੋਰੁ ਆਖਿ ਨ ਸਕੈ ਕੋਇ ॥ ਜੇ ਕੋ ਖਾਇਕੁ ਆਖਣਿ ਪਾਇ ॥ ਓਹੁ ਜਾਣੈ ਜੇਤੀਆ ਮੁਹਿ ਖਾਇ ॥ ਆਪੇ ਜਾਣੈ ਆਪੇ ਦੇਇ ॥ ਆਖਹਿ ਸਿ ਭਿ ਕੇਈ ਕੇਇ ॥ ਜਿਸਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫॥ ਅਮੁਲ ਗੁਣ ਅਮੁਲ ਵਾਪਾਰ ॥ ਅਮੁਲ ਵਾਪਾਰੀਏ ਅਮੁਲ ਭੰਡਾਰ ॥ ਅਮੁਲ ਆਵਹਿ ਅਮੁਲ ਲੈ ਜਾਹਿ ॥ ਅਮੁਲ ਭਾਇ ਅਮੁਲਾ ਸਮਾਹਿ ॥ ਅਮੁਲੁ ਧਰਮੁ ਅਮੁਲੁ ਦੀਬਾਣੁ ॥ ਅਮੁਲੁ ਤੁਲੁ ਅਮੁਲੁ ਪਰਵਾਣੁ ॥ ਅਮੁਲੁ ਬਖਸੀਸ ਅਮੁਲੁ ਨੀਸਾਣੁ ॥ ਅਮੁਲੁ ਕਰਮੁ ਅਮੁਲੁ ਫੁਰਮਾਣੁ ॥ ਅਮੁਲੋ ਅਮੁਲੁ ਆਖਿਆ ਨ ਜਾਇ ॥ ਆਖਿ ਆਖਿ ਰਹੇ ਲਿਵ ਲਾਇ ॥ ਆਖਹਿ ਵੇਦ ਪਾਠ ਪੁਰਾਣ ॥ ਆਖਹਿ ਪੜੇ ਕਰਹਿ ਵਖਿਆਣ ॥ ਆਖਹਿ ਬਰਮੇ ਆਖਹਿ ਇੰਦ ॥ ਆਖਹਿ ਗੋਪੀ ਤੈ ਗੋਵਿੰਦ ॥ ਆਖਹਿ ਈਸਰ ਆਖਹਿ ਸਿਧ ॥ ਆਖਹਿ ਕੇਤੇ ਕੀਤੇ ਬੁਧ ॥ ਆਖਹਿ ਦਾਨਵ ਆਖਹਿ ਦੇਵ ॥ ਆਖਹਿ ਸੁਰਿ ਨਰ ਮੁਨਿ ਜਨ ਸੇਵ ॥ ਕੇਤੇ ਆਖਹਿ ਆਖਣਿ ਪਾਹਿ ॥ ਕੇਤੇ ਕਹਿ ਕਹਿ ਉਠਿ ਉਠਿ ਜਾਹਿ ॥ ਏਤੇ ਕੀਤੇ ਹੋਰਿ ਕਰੇਹਿ ॥ ਤਾ ਆਖਿ ਨ ਸਕਹਿ ਕੇਈ ਕੇਇ ॥ ਜੇਵਡੁ ਭਾਵੈ ਤੇਵਡੁ ਹੋਇ ॥ ਨਾਨਕ ਜਾਣੈ ਸਾਚਾ ਸੋਇ ॥ ਜੇ ਕੋ ਆਖੈ ਬੋਲੁ ਵਿਗਾੜੁ ॥ ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ ॥੨੬॥ ਸੋ ਦਰੁ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਨਾਦ ਅਨੇਕ ਅਸੰਖਾ ਕੇਤੇ ਵਾਵਣਹਾਰੇ ॥ ਕੇਤੇ ਰਾਗ ਪਰੀ ਸਿਉ ਕਹੀਅਨਿ ਕੇਤੇ ਗਾਵਣਹਾਰੇ ॥ ਗਾਵਹਿ ਤੁਹਨੋ

ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਹਿ ਚਿਤੁ ਗੁਪਤੁ ਲਿਖਿ ਜਾਣਹਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਹਿ ਈਸਰੁ ਬਰਮਾ ਦੇਵੀ ਸੋਹਨਿ ਸਦਾ ਸਵਾਰੇ ॥ ਗਾਵਹਿ ਇੰਦ ਇਦਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਹਿ ਸਿਧ ਸਮਾਧੀ ਅੰਦਰਿ ਗਾਵਨਿ ਸਾਧ ਵਿਚਾਰੇ ॥ ਗਾਵਨਿ ਜਤੀ ਸਤੀ ਸੰਤੋਖੀ ਗਾਵਹਿ ਵੀਰ ਕਰਾਰੇ ॥ ਗਾਵਨਿ ਪੰਡਿਤ ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਹਿ ਮੋਹਣੀਆ ਮਨੁ ਮੋਹਨਿ ਸੁਰਗਾ ਮਛ ਪਇਆਲੇ ॥ ਗਾਵਨਿ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਹਿ ਜੋਧ ਮਹਾਬਲ ਸੂਰਾ ਗਾਵਹਿ ਖਾਣੀ ਚਾਰੇ ॥ ਗਾਵਹਿ ਖੰਡ ਮੰਡਲ ਵਰਭੰਡਾ ਕਰਿ ਕਰਿ ਰਖੇ ਧਾਰੇ ॥ ਸੇਈ ਤੁਧੁਨੋ ਗਾਵਹਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰ ਕੇਤੇ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਵੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਵੇਖੈ ਕੀਤਾ ਆਪਣਾ ਜਿਵ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਾਤਿਸਾਹਿਬੁ ਨਾਨਕ ਰਹਣੁ ਰਜਾਈ ॥੨੭॥ ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ ॥ ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ ॥ ਆਈ ਪੰਥੀ ਸਗਲ ਜਮਾਤੀ ਮਨਿ ਜੀਤੈ ਜਗੁ ਜੀਤੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੮॥ ਭੁਗਤਿ ਗਿਆਨੁ ਦਇਆ ਭੰਡਾਰਣਿ ਘਟਿ ਘਟਿ ਵਾਜਹਿ ਨਾਦ ॥ ਆਪਿ ਨਾਥੁ ਨਾਥੀ ਸਭ ਜਾ ਕੀ ਰਿਧਿ ਸਿਧਿ ਅਵਰਾ ਸਾਦ ॥ ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ ਲੇਖੇ ਆਵਹਿ ਭਾਗ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੯॥ ਏਕਾ ਮਾਈ ਜੁਗਤਿ ਵਿਆਈ ਤਿਨਿ ਚੇਲੇ ਪਰਵਾਣੁ ॥ ਇਕੁ ਸੰਸਾਰੀ ਇਕੁ ਭੰਡਾਰੀ ਇਕੁ ਲਾਏ ਦੀ ਬਾਣੁ ॥ ਜਿਵ ਤਿਸੁ ਭਾਵੈ ਤਿਵੈ ਚਲਾਵੈ ਜਿਵ ਹੋਵੈ ਫੁਰਮਾਣੁ ॥ ਓਹੁ ਵੇਖੈ ਓਨਾ ਨਦਰਿ ਨ ਆਵੈ ਬਹੁਤਾ ਏਹੁ ਵਿਡਾਣੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੦॥ ਆਸਣੁ ਲੋਇ ਲੋਇ ਭੰਡਾਰ ॥ ਜੋ ਕਿਛੁ ਪਾਇਆ ਸੁ ਏਕਾ ਵਾਰ ॥ ਕਰਿ ਕਰਿ ਵੇਖੈ ਸਿਰਜਣਹਾਰੁ ॥ ਨਾਨਕ ਸਚੇ ਕੀ ਸਾਚੀ ਕਾਰ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੧॥ ਇਕ ਦੂ ਜੀਭੌ ਲਖ ਹੋਹਿ ਲਖ ਹੋਵਹਿ ਲਖ ਵੀਸ ॥ ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ ॥ ਏਤੁ ਰਾਹਿ ਪਤਿ ਪਵੜੀਆ ਚੜੀਐ ਹੋਇ ਇਕੀਸ ॥ ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ ॥ ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ ॥੩੨॥ ਆਖਣਿ ਜੋਰੁ ਚੁਪੈ ਨਹ ਜੋਰੁ ॥ ਜੋਰੁ ਨ ਮੰਗਣਿ ਦੇਣਿ ਨ ਜੋਰੁ ॥ ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥ ਜੋਰੁ ਨ ਰਾਜਿ ਮਾਲਿ ਮਨਿ ਸੋਰੁ ॥ ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥ ਜੋਰੁ ਨ ਜੁਗਤੀ ਛੁਟੈ ਸੰਸਾਰੁ ॥ ਜਿਸੁ ਹਥਿ ਜੋਰੁ ਕਰਿ ਵੇਖੈ ਸੋਇ ॥ ਨਾਨਕ ਉਤਮੁ ਨੀਚੁ

ਨ ਕੋਇ ॥੩੩॥ ਰਾਤੀ ਰੁਤੀ ਥਿਤੀ ਵਾਰ ॥ ਪਵਣ ਪਾਣੀ ਅਗਨੀ ਪਾਤਾਲ ॥ ਤਿਸੁ ਵਿਚਿ ਧਰਤੀ ਥਾਪਿ ਰਖੀ ਧਰਮ ਸਾਲ ॥ ਤਿਸੁ ਵਿਚਿ ਜੀਅ ਜੁਗਤਿ ਕੇ ਰੰਗ ॥ ਤਿਨ ਕੇ ਨਾਮ ਅਨੇਕ ਅਨੰਤ ॥ ਕਰਮੀ ਕਰਮੀ ਹੋਇ ਵੀਚਾਰੁ ॥ ਸਚਾ ਆਪਿ ਸਚਾ ਦਰਬਾਰੁ ॥ ਤਿਥੈ ਸੋਹਨਿ ਪੰਚ ਪਰਵਾਣੁ ॥ ਨਦਰੀ ਕਰਮਿ ਪਵੈ ਨੀਸਾਣੁ ॥ ਕਚ ਪਕਾਈ ਓਥੈ ਪਾਇ ॥ ਨਾਨਕ ਗਇਆ ਜਾਪੈ ਜਾਇ ॥੩੪॥ ਧਰਮ ਖੰਡ ਕਾ ਏਹੋ ਧਰਮੁ ॥ ਗਿਆਨ ਖੰਡ ਕਾ ਆਖਹੁ ਕਰਮੁ ॥ ਕੇਤੇ ਪਵਣ ਪਾਣੀ ਵੈਸੰਤਰ ਕੇਤੇ ਕਾਨ ਮਹੇਸ ॥ ਕੇਤੇ ਬਰਮੇ ਘਾੜਤਿ ਘੜੀਅਹਿ ਰੂਪ ਰੰਗ ਕੇ ਵੇਸ ॥ ਕੇਤੀਆ ਕਰਮ ਭੂਮੀ ਮੇਰ ਕੇਤੇ ਕੇਤੇ ਧੂ ਉਪਦੇਸ ॥ ਕੇਤੇ ਇੰਦ ਚੰਦ ਸੂਰ ਕੇਤੇ ਕੇਤੇ ਮੰਡਲ ਦੇਸ ॥ ਕੇਤੇ ਸਿਧ ਬੁਧ ਨਾਥ ਕੇਤੇ ਕੇਤੇ ਦੇਵੀ ਵੇਸ ॥ ਕੇਤੇ ਦੇਵ ਦਾਨਵ ਮੁਨਿ ਕੇਤੇ ਕੇਤੇ ਰਤਨ ਸਮੁੰਦ ॥ ਕੇਤੀਆ ਖਾਣੀ ਕੇਤੀਆ ਬਾਣੀ ਕੇਤੇ ਪਾਤ ਨਰਿੰਦ ॥ ਕੇਤੀਆ ਸੁਰਤੀ ਸੇਵਕ ਕੇਤੇ ਨਾਨਕ ਅੰਤੁ ਨ ਅੰਤੁ ॥੩੫॥ ਗਿਆਨ ਖੰਡ ਮਹਿ ਗਿਆਨੁ ਪਰਚੰਡੁ ॥ ਤਿਥੈ ਨਾਦ ਬਿਨੋਦ ਕੋਡ ਅਨੰਦੁ ॥ ਸਰਮ ਖੰਡ ਕੀ ਬਾਣੀ ਰੂਪੁ ॥ ਤਿਥੈ ਘਾੜਤਿ ਘੜੀਐ ਬਹੁਤੁ ਅਨੂਪੁ ॥ ਤਾ ਕੀਆ ਗਲਾ ਕਥੀਆ ਨਾ ਜਾਹਿ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ ॥ ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ ॥੩੬॥ ਕਰਮ ਖੰਡ ਕੀ ਬਾਣੀ ਜੋਰੁ ॥ ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ ਮਹਾਬਲ ਸੂਰ ॥ ਤਿਨ ਮਹਿ ਰਾਮੁ ਰਹਿਆ ਭਰਪੂਰ ॥ ਤਿਥੈ ਸੀਤੋ ਸੀਤਾ ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ ਜਾਹਿ ॥ ਨਾ ਓਹਿ ਮਰਹਿ ਨ ਠਾਗੇ ਜਾਹਿ ॥ ਜਿਨ ਕੈ ਰਾਮੁ ਵਸੈ ਮਨ ਮਾਹਿ ॥ ਤਿਥੈ ਭਗਤ ਵਸਹਿ ਕੇ ਲੋਅ ॥ ਕਰਹਿ ਅਨੰਦੁ ਸਚਾ ਮਨਿ ਸੋਇ ॥ ਸਚਖੰਡਿ ਵਸੈ ਨਿਰੰਕਾਰੁ ॥ ਕਰਿ ਕਰਿ ਵੇਖੈ ਨਦਰਿ ਨਿਹਾਲ ॥ ਤਿਥੈ ਖੰਡ ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ ਅੰਤ ॥ ਤਿਥੈ ਲੋਅ ਲੋਅ ਆਕਾਰ ॥ ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥ ਵੇਖੈ ਵਿਗਸੈ ਕਰਿ ਵੀਚਾਰੁ ॥ ਨਾਨਕ ਕਥਨਾ ਕਰੜਾ ਸਾਰੁ ॥੩੭॥ ਜਤੁ ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ ਮਤਿ ਵੇਦੁ ਹਥੀਆਰੁ ॥ ਭਉ ਖਲਾ ਅਗਨਿ ਤਪ ਤਾਉ ॥ ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ ਸਚੀ ਟਕਸਾਲ ॥ ਜਿਨ ਕਉ ਨਦਰਿ ਕਰਮੁ ਤਿਨ ਕਾਰ ॥ ਨਾਨਕ ਨਦਰੀ ਨਦਰਿ ਨਿਹਾਲ ॥੩੮॥

ਸਲੋਕ ॥ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥੧॥

(ਅੰਗ ੧-੮)

# ਜਾਪੁ ਸਾਹਿਬ

ੴ ਸਤਿਗੁਰ ਪ੍ਰਸਾਦਿ ॥ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਜਾਪੁ ॥ ਸ੍ਰੀ ਮੁਖਵਾਕ ਪਾਤਿਸਾਹੀ ੧੦ ॥

ਛਪੈ ਛੰਦ ॥ ਤ੍ਵਪ੍ਰਸਾਦਿ ॥ ਚੱਕ੍ਰ ਚਿਹਨ ਅਰੁ ਬਰਨ ਜਾਤਿ ਅਰੁ ਪਾਤਿ ਨਹਿਨ ਜਿਹ ॥ ਰੂਪ ਰੰਗ ਅਰੁ ਰੇਖ ਭੇਖ ਕੋਊ ਕਹਿ ਨ ਸਕਤਿ ਕਿਹ ॥ ਅਚਲ ਮੂਰਤਿ ਅਨਭਉ ਪ੍ਰਕਾਸ ਅਮਿਤੋਜ ਕਹਿੱਜੈ ॥ ਕੋਟਿ ਇੰਦ੍ਰ ਇੰਦ੍ਰਾਣਿ ਸਾਹਿ ਸਾਹਾਣਿ ਗਣਿੱਜੈ ॥ ਤ੍ਰਿਭਵਣ ਮਹੀਪ ਸੁਰ ਨਰ ਅਸੁਰ ਨੇਤ ਨੇਤ ਬਨ ਤ੍ਰਿਣ ਕਹਤ ॥ ਤ੍ਵ ਸਰਬ ਨਾਮ ਕਥੈ ਕਵਨ ਕਰਮ ਨਾਮ ਬਰਨਤ ਸੁਮਤਿ ॥੧॥ ਭੁਜੰਗ ਪ੍ਰਯਾਤ ਛੰਦ ॥ ਨਮਸਤ੍ਵੰ ਅਕਾਲੇ ॥ ਨਮਸਤ੍ਵੰ ਕ੍ਰਿਪਾਲੇ ॥ ਨਮਸਤੰ ਅਰੂਪੇ ॥ ਨਮਸਤੰ ਅਨੂਪੇ ॥੨॥ ਨਮਸਤੰ ਅਭੇਖੇ ॥ ਨਮਸਤੰ ਅਲੇਖੇ ॥ ਨਮਸਤੰ ਅਕਾਏ ॥ ਨਮਸਤੰ ਅਜਾਏ ॥੩॥ ਨਮਸਤੰ ਅਗੰਜੇ ॥ ਨਮਸਤੰ ਅਭੰਜੇ ॥ ਨਮਸਤੰ ਅਨਾਮੇ ॥ ਨਮਸਤੰ ਅਠਾਮੇ ॥੪॥ ਨਮਸਤੰ ਅਕਰਮੰ ॥ ਨਮਸਤੰ ਅਧਰਮੰ ॥ ਨਮਸਤੰ ਅਨਾਮੰ ॥ ਨਮਸਤੰ ਅਧਾਮੰ ॥੫॥ ਨਮਸਤੰ ਅਜੀਤੇ ॥ ਨਮਸਤੰ ਅਭੀਤੇ ॥ ਨਮਸਤੰ ਅਬਾਹੇ ॥ ਨਮਸਤੰ ਅਢਾਹੇ ॥੬॥ ਨਮਸਤੰ ਅਨੀਲੇ ॥ ਨਮਸਤੰ ਅਨਾਦੇ ॥ ਨਮਸਤੰ ਅਛੇਦੇ ॥ ਨਮਸਤੰ ਅਗਾਧੇ ॥੭॥ ਨਮਸਤੰ ਅਗੰਜੇ ॥ ਨਮਸਤੰ ਅਭੰਜੇ ॥ ਨਮਸਤੰ ਉਧਾਰੇ ॥ ਨਮਸਤੰ ਅਪਾਰੇ ॥੮॥ ਨਮਸਤੰ ਸੁ ਏਕੈ ॥ ਨਮਸਤੰ ਅਨੇਕੈ ॥ ਨਮਸਤੰ ਅਭੂਤੇ ॥ ਨਮਸਤੰ ਅਜੂਪੇ ॥੯॥ ਨਮਸਤੰ ਨ੍ਰਿਕਰਮੇ ॥ ਨਮਸਤੰ ਨ੍ਰਿਭਰਮੇ ॥ ਨਮਸਤੰ ਨ੍ਰਿਦੇਸੇ ॥ ਨਮਸਤੰ ਨ੍ਰਿਭੇਸੇ ॥੧੦॥ ਨਮਸਤੰ ਨ੍ਰਿਨਾਮੇ ॥ ਨਮਸਤੰ ਨ੍ਰਿਕਾਮੇ ॥ ਨਮਸਤੰ ਨ੍ਰਿਧਾਤੇ ॥ ਨਮਸਤੰ ਨ੍ਰਿਘਾਤੇ ॥੧੧॥ ਨਮਸਤੰ ਨ੍ਰਿਧੂਤੇ ॥ ਨਮਸਤੰ ਅਭੂਤੇ ॥ ਨਮਸਤੰ ਅਲੋਕੇ ॥ ਨਮਸਤੰ ਅਸੋਕੇ ॥੧੨॥ ਨਮਸਤੰ ਨ੍ਰਿਤਾਪੇ ॥ ਨਮਸਤੰ ਅਥਾਪੇ ॥ ਨਮਸਤੰ ਤ੍ਰਿਮਾਨੇ ॥ ਨਮਸਤੰ ਨਿਧਾਨੇ ॥੧੩॥ ਨਮਸਤੰ ਅਗਾਹੇ ॥ ਨਮਸਤੰ ਅਬਾਹੇ ॥ ਨਮਸਤੰ ਤ੍ਰਿਬਰਗੇ ॥ ਨਮਸਤੰ ਅਸਰਗੇ ॥੧੪॥ ਨਮਸਤੰ ਪ੍ਰਭੋਗੇ ॥ ਨਮਸਤੰ ਸੁ ਜੋਗੇ ॥ ਨਮਸਤੰ ਅਰੰਗੇ ॥ ਨਮਸਤੰ ਅਭੰਗੇ ॥੧੫॥ ਨਮਸਤੰ ਅਗੰਮੇ ॥ ਨਮਸਤੱਸਤੁ ਰੰਮੇ ॥ ਨਮਸਤੰ ਜਲਾਸਰੇ ॥ ਨਮਸਤੰ ਨਿਰਾਸਰੇ ॥੧੬॥ ਨਮਸਤੰ ਅਜਾਤੇ ॥ ਨਮਸਤੰ ਅਪਾਤੇ ॥ ਨਮਸਤੰ ਅਮਜਬੇ ॥ ਨਮਸਤੱਸਤੁ ਅਜਬੇ ॥੧੭॥ ਅਦੇਸੰ ਅਦੇਸੇ ॥ ਨਮਸਤੰ ਅਭੇਸੇ ॥ ਨਮਸਤੰ ਨ੍ਰਿਧਾਮੇ ॥ ਨਮਸਤੰ ਨ੍ਰਿਬਾਮੇ ॥੧੮॥ ਨਮੋ ਸਰਬ ਕਾਲੇ ॥ ਨਮੋ ਸਰਬ ਦਿਆਲੇ ॥ ਨਮੋ ਸਰਬ ਰੂਪੇ ॥ ਨਮੋ ਸਰਬ ਭੂਪੇ ॥੧੯॥ ਨਮੋ ਸਰਬ ਖਾਪੇ ॥ ਨਮੋ ਸਰਬ ਥਾਪੇ ॥ ਨਮੋ ਸਰਬ ਕਾਲੇ ॥ ਨਮੋ ਸਰਬ ਪਾਲੇ ॥੨੦॥ ਨਮਸਤੱਸਤੁ ਦੇਵੈ ॥ ਨਮਸਤੰ ਅਭੇਵੈ ॥ ਨਮਸਤੰ ਅਜਨਮੇ ॥ ਨਮਸਤੰ ਸੁਬਨਮੇ ॥੨੧॥ ਨਮੋ ਸਰਬ ਗਉਨੇ ॥ ਨਮੋ ਸਰਬ ਭਉਨੇ ॥ ਨਮੋ ਸਰਬ ਰੰਗੇ ॥ ਨਮੋ ਸਰਬ ਭੰਗੇ ॥੨੨॥ ਨਮੋ ਕਾਲ ਕਾਲੇ ॥ ਨਮਸਤੱਸਤ ਦਜਾਲੇ ॥

ਨਮਸਤੰ ਅਬਰਨੇ ॥ ਨਮਸਤੰ ਅਮਰਨੇ ॥੨੩॥ ਨਮਸਤੰ ਜਰਾਰੰ ॥ ਨਮਸਤੰ ਕ੍ਰਿਤਾਰੰ ॥ ਨਮੋ ਸਰਬ ਧੰਧੇ ॥ ਨਮੋਸਤ ਅਬੰਧੇ ॥੨੪॥ ਨਮਸਤੰ ਨ੍ਰਿਸਾਕੇ ॥ ਨਮਸਤੰ ਨ੍ਰਿਬਾਕੇ ॥ ਨਮਸਤੰ ਰਹੀਮੇ ॥ ਨਮਸਤੰ ਕਰੀਮੇ ॥੨੫॥ ਨਮਸਤੰ ਅਨੰਤੇ ॥ ਨਮਸਤੰ ਮਹੰਤੇ ॥ ਨਮਸਤੱਸਤ ਰਾਗੇ ॥ ਨਮਸਤੰ ਸੁਹਾਗੇ ॥੨੬॥ ਨਮੋ ਸਰਬ ਸੋਖੰ ॥ ਨਮੋ ਸਰਬ ਪੋਖੰ ॥ ਨਮੋ ਸਰਬ ਕਰਤਾ ॥ ਨਮੋ ਸਰਬ ਹਰਤਾ ॥੨੭॥ ਨਮੋ ਜੋਗ ਜੋਗੇ ॥ ਨਮੋ ਭੋਗ ਭੋਗੇ ॥ ਨਮੋ ਸਰਬ ਦਯਾਲੇ ॥ ਨਮੋ ਸਰਬ ਪਾਲੇ ॥੨੮॥ ਚਾਚਰੀ ਛੰਦ ॥ ਤ੍ਵਪ੍ਰਸਾਦਿ ॥ ਅਰੂਪ ਹੈਂ ॥ ਅਨੂਪ ਹੈਂ ॥ ਅਜੂ ਹੈਂ ॥ ਅਭੂ ਹੈਂ ॥੨੯॥ ਅਲੇਖ ਹੈਂ ॥ ਅਭੇਖ ਹੈਂ ॥ ਅਨਾਮ ਹੈਂ ॥ ਅਕਾਮ ਹੈਂ ॥੩੦॥ ਅਧੇ ਹੈਂ ॥ ਅਭੇ ਹੈਂ ॥ ਅਜੀਤ ਹੈਂ ॥ ਅਭੀਤ ਹੈਂ ॥੩੧॥ ਤ੍ਰਿਮਾਨ ਹੈਂ ॥ ਨਿਧਾਨ ਹੈਂ ॥ ਤ੍ਰਿਬਰਗ ਹੈਂ ॥ ਅਸਰਗ ਹੈਂ ॥੩੨॥ ਅਨੀਲ ਹੈਂ ॥ ਅਨਾਦਿ ਹੈਂ ॥ ਅਜੇ ਹੈਂ ॥ ਅਜਾਦਿ ਹੈਂ ॥੩੩॥ ਅਜਨਮ ਹੈਂ ॥ ਅਬਰਨ ਹੈਂ ॥ ਅਭੂਤ ਹੈਂ ॥ ਅਭਰਨ ਹੈਂ ॥੩੪॥ ਅਗੰਜ ਹੈਂ ॥ ਅਭੰਜ ਹੈਂ ॥ ਅਝੂਝ ਹੈਂ ॥ ਅਝੰਝ ਹੈਂ ॥੩੫॥ ਅਮੀਕ ਹੈਂ ॥ ਰਫੀਕ ਹੈਂ ॥ ਅਧੰਧ ਹੈਂ ॥ ਅਬੰਧ ਹੈਂ ॥੩੬॥ ਨ੍ਰਿਬੂਝ ਹੈਂ ॥ ਅਸੂਝ ਹੈਂ ॥ ਅਕਾਲ ਹੈਂ ॥ ਅਜਾਲ ਹੈਂ ॥੩੭॥ ਅਲਾਹ ਹੈਂ ॥ ਅਜਾਹ ਹੈਂ ॥ ਅਨੰਤ ਹੈਂ ॥ ਮਹੰਤ ਹੈਂ ॥੩੮॥ ਅਲੀਕ ਹੈਂ ॥ ਨ੍ਰਿਸ੍ਰੀਕ ਹੈਂ ॥ ਨ੍ਰਿਲੰਭ ਹੈਂ ॥ ਅਸੰਭ ਹੈਂ ॥੩੯॥ ਅਗੰਮ ਹੈਂ ॥ ਅਜੰਮ ਹੈਂ ॥ ਅਭੂਤ ਹੈਂ ॥ ਅਛੂਤ ਹੈਂ ॥੪੦॥ ਅਲੋਕ ਹੈਂ ॥ ਅਸੋਕ ਹੈਂ ॥ ਅਕਰਮ ਹੈਂ ॥ ਅਭਰਮ ਹੈਂ ॥੪੧॥ ਅਜੀਤ ਹੈਂ ॥ ਅਭੀਤ ਹੈਂ ॥ ਅਬਾਹ ਹੈਂ ॥ ਅਗਾਹ ਹੈਂ ॥ ੪੨॥ ਅਮਾਨ ਹੈਂ ॥ ਨਿਧਾਨ ਹੈਂ ॥ ਅਨੇਕ ਹੈਂ ॥ ਫਿਰ ਏਕ ਹੈਂ ॥੪੩॥ ਭੁਜੰਗ ਪ੍ਰਯਾਤ ਛੰਦ ॥ ਨਮੋ ਸਰਬ ਮਾਨੇ ॥ ਸਮਸਤੀ ਨਿਧਾਨੇ ॥ ਨਮੋ ਦੇਵ ਦੇਵੇ ॥ ਅਭੇਖੀ ਅਭੇਵੇ ॥੪੪॥ ਨਮੋ ਕਾਲ ਕਾਲੇ ॥ ਨਮੋ ਸਰਬ ਪਾਲੇ ॥ ਨਮੋ ਸਰਬ ਗਉਣੇ ॥ ਨਮੋ ਸਰਬ ਭਉਣੇ ॥੪੫॥ ਅਨੰਗੀ ਅਨਾਥੇ ॥ ਨ੍ਰਿਸੰਗੀ ਪ੍ਰਮਾਥੇ ॥ ਨਮੋ ਭਾਨ ਭਾਨੇ ॥ ਨਮੋ ਮਾਨ ਮਾਨੇ ॥੪੬॥ ਨਮੋ ਚੰਦ੍ਰ ਚੰਦ੍ਰੇ ॥ ਨਮੋ ਭਾਨ ਭਾਨੇ ॥ ਨਮੋ ਗੀਤ ਗੀਤੇ ॥ ਨਮੋ ਤਾਨ ਤਾਨੇ ॥੪੭॥ ਨਮੋ ਨਿਰਤ ਨਿਰਤੇ ॥ ਨਮੋ ਨਾਦ ਨਾਦੇ ॥ ਨਮੋ ਪਾਨ ਪਾਨੇ ॥ ਨਮੋ ਬਾਦ ਬਾਦੇ ॥੪੮॥ ਅਨੰਗੀ ਅਨਾਮੇ ॥ ਸਮਸਤੀ ਸਰੂਪੇ ॥ ਪ੍ਰਭੰਗੀ ਪ੍ਰਮਾਥੇ ॥ ਸਮਸਤੀ ਬਿਭੂਤੇ ॥੪੯॥ ਕਲੰਕੰ ਬਿਨਾ ਨੇਕਲੰਕੀ ਸਰੂਪੇ ॥ ਨਮੋ ਰਾਜ ਰਾਜੇਸ੍ਵਰੰ ਪਰਮ ਰੂਪੇ ॥੫੦॥ ਨਮੋ ਜੋਗ ਜੋਗੇਸ੍ਵਰੰ ਪਰਮ ਸਿੱਧੇ ॥ ਨਮੋ ਰਾਜ ਰਾਜੇਸ੍ਵਰੰ ਪਰਮ ਬ੍ਰਿੱਧੇ ॥੫੧॥ ਨਮੋ ਸਸਤ੍ਰ ਪਾਣੇ ॥ ਨਮੋ ਅਸਤ੍ਰ ਮਾਣੇ ॥ ਨਮੋ ਪਰਮ ਗਯਾਤਾ ॥ ਨਮੋ ਲੋਕ ਮਾਤਾ ॥੫੨॥ ਅਭੇਖੀ ਅਭਰਮੀ ਅਭੋਗੀ ਅਭੁਗਤੇ ॥ ਨਮੋ ਜੋਗ ਜੋਗੇਸ੍ਵਰੰ ਪਰਮ ਜੁਗਤੇ ॥੫੩॥ ਨਮੋ ਨਿੱਤ ਨਾਰਾਇਣੇ ਕ੍ਰੂਰ ਕਰਮੇ ॥ ਨਮੋ ਪ੍ਰੇਤ ਅਪ੍ਰੇਤ ਦੇਵੇ ਸੁਧਰਮੇ ॥੫੪॥ ਨਮੋ ਰੋਗ ਹਰਤਾ ॥ ਨਮੋ ਰਾਗ ਰੂਪੇ ॥ ਨਮੋ ਸਾਹ ਸਾਹੰ ॥ ਨਮੋ ਭੂਪ ਭੂਪੇ ॥੫੫॥ ਨਮੋ ਦਾਨ ਦਾਨੇ ॥ ਨਮੋ ਮਾਨ ਮਾਨੇ ॥ ਨਮੋ ਰੋਗ ਰੋਗੇ ॥ ਨਮਸਤੰ ਇਸਨਾਨੰ ॥੫੬॥ ਨਮੋ ਮੰਤ੍ਰ ਮੰਤ੍ਰੰ ॥ ਨਮੋ ਜੰਤ੍ਰ ਜੰਤ੍ਰੰ ॥ ਨਮੋ ਇਸਟ ਇਸਟੇ ॥ ਨਮੋ ਤੰਤ੍ਰ ਤੰਤ੍ਰੰ ॥੫੭॥ ਸਦਾ ਸੱਚਦਾਨੰਦ ਸਰਬੰ ਪ੍ਰਣਾਸੀ ॥ ਅਨੂਪੇ ਅਰੂਪੇ ਸਮਸਤੁਲ ਨਿਵਾਸੀ ॥੫੮॥

ਸਦਾ ਸਿੱਧਦਾ ਬੁੱਧਦਾ ਬ੍ਰਿੱਧ ਕਰਤਾ ॥ ਅਧੋ ਉਰਧ ਅਰਧੰ ਅਘੰ ਓਘ ਹਰਤਾ ॥੫੯॥ ਪਰਮ ਪਰਮ ਪਰਮੇਸ੍ਵਰੰ ਪ੍ਰੋਛਪਾਲੰ ॥ ਸਦਾ ਸਰਬਦਾ ਸਿੱਧ ਦਾਤਾ ਦਿਆਲੰ ॥੬੦॥ ਅਛੇਦੀ ਅਭੇਦੀ ਅਨਾਮੰ ਅਕਾਮੰ ॥ ਸਮਸਤੋਪਰਾਜੀ ਸਮਸਤੱਸਤ ਧਾਮੰ ॥੬੧॥ ਤੇਰਾ ਜੋਰ ॥ ਚਾਚਰੀ ਛੰਦ ॥ ਜਲੇ ਹੈਂ ॥ ਥਲੇ ਹੈਂ ॥ ਅਭੀਤ ਹੈਂ ॥ ਅਭੇ ਹੈਂ ॥੬੨॥ ਪ੍ਰਭੂ ਹੈਂ ॥ ਅਜੂ ਹੈਂ ॥ ਅਦੇਸ ਹੈਂ ॥ ਅਭੇਸ ਹੈਂ ॥੬੩॥ ਭੁਜੰਗ ਪ੍ਰਯਾਤ ਛੰਦ ॥ ਅਗਾਧੇ ਅਬਾਧੇ ॥ ਅਨੰਦੀ ਸਰੂਪੇ ॥ ਨਮੋ ਸਰਬ ਮਾਨੇ ॥ ਸਮਸਤੀ ਨਿਧਾਨੇ ॥੬੪॥ ਨਮਸਤ੍ਵੰ ਨ੍ਰਿਨਾਥੇ ॥ ਨਮਸਤ੍ਵੰ ਪ੍ਰਮਾਥੇ ॥ ਨਮਸਤ੍ਵੰ ਅਗੰਜੇ ॥ ਨਮਸਤ੍ਵੰ ਅਭੰਜੇ ॥੬੫॥ ਨਮਸਤ੍ਵੰ ਅਕਾਲੇ ॥ ਨਮਸਤ੍ਵੰ ਅਪਾਲੇ ॥ ਨਮੋ ਸਰਬ ਦੇਸੇ ॥ ਨਮੋ ਸਰਬ ਭੇਸੇ ॥੬੬॥ ਨਮੋ ਰਾਜ ਰਾਜੇ ॥ ਨਮੋ ਸਾਜ ਸਾਜੇ ॥ ਨਮੋ ਸਾਹ ਸਾਹੇ ॥ ਨਮੋ ਮਾਹ ਮਾਹੇ ॥੬੭॥ ਨਮੋ ਗੀਤ ਗੀਤੇ ॥ ਨਮੋ ਪ੍ਰੀਤ ਪ੍ਰੀਤੇ ॥ ਨਮੋ ਰੋਖ ਰੋਖੇ ॥ ਨਮੋ ਸੋਖ ਸੋਖੇ ॥੬੮॥ ਨਮੋ ਸਰਬ ਰੋਗੇ ॥ ਨਮੋ ਸਰਬ ਭੋਗੇ ॥ ਨਮੋ ਸਰਬ ਜੀਤੰ ॥ ਨਮੋ ਸਰਬ ਭੀਤੰ ॥੬੯॥ ਨਮੋ ਸਰਬ ਗਯਾਨੰ ॥ ਨਮੋ ਪਰਮ ਤਾਨੰ ॥ ਨਮੋ ਸਰਬ ਮੰਤ੍ਰੰ ॥ ਨਮੋ ਸਰਬ ਜੰਤ੍ਰੰ ॥੭੦॥ ਨਮੋ ਸਰਬ ਦ੍ਰਿਸੰ ॥ ਨਮੋ ਸਰਬ ਕ੍ਰਿਸੰ ॥ ਨਮੋ ਸਰਬ ਰੰਗੇ ॥ ਤ੍ਰਿਭੰਗੀ ਅਨੰਗੇ ॥੭੧॥ ਨਮੋ ਜੀਵ ਜੀਵੰ ॥ ਨਮੋ ਬੀਜ ਬੀਜੇ ॥ ਅਖਿੱਜੇ ਅਭਿੱਜੇ ॥ ਸਮਸਤੰ ਪ੍ਰਸਿੱਜੇ ॥੭੨॥ ਕ੍ਰਿਪਾਲੰ ਸਰੂਪੇ ॥ ਕੁਕਰਮੰ ਪ੍ਰਣਾਸੀ ॥ ਸਦਾ ਸਰਬਦਾ ਰਿੱਧਿ ਸਿੱਧਿੰ ਨਿਵਾਸੀ ॥੭੩॥ ਚਰਪਟ ਛੰਦ ॥ ਤ੍ਵਪ੍ਰਸਾਦਿ ॥ ਅੰਮ੍ਰਿਤ ਕਰਮੇ ॥ ਅੰਬ੍ਰਿਤ ਧਰਮੇ ॥ ਅੱਖਲ ਜੋਗੇ ॥ ਅਚੱਲ ਭੋਗੇ ॥੭੪॥ ਅਚੱਲ ਰਾਜੇ ॥ ਅਟੱਲ ਸਾਜੇ ॥ ਅੱਖਲ ਧਰਮੰ ॥ ਅਲੱਖ ਕਰਮੰ ॥੭੫॥ ਸਰਬੰ ਦਾਤਾ ॥ ਸਰਬੰ ਗਯਾਤਾ ॥ ਸਰਬੰ ਭਾਨੇ ॥ ਸਰਬੰ ਮਾਨੇ ॥੭੬॥ ਸਰਬੰ ਪ੍ਰਾਣੰ ॥ ਸਰਬੰ ਤ੍ਰਾਣੰ ॥ ਸਰਬੰ ਭੁਗਤਾ ॥ ਸਰਬੰ ਜੁਗਤਾ ॥੭੭॥ ਸਰਬੰ ਦੇਵੰ ॥ ਸਰਬੰ ਭੇਵੰ ॥ ਸਰਬੰ ਕਾਲੇ ॥ ਸਰਬੰ ਪਾਲੇ ॥੭੮॥ ਰੂਆਲ ਛੰਦ ॥ ਤ੍ਵਪ੍ਰਸਾਦਿ ॥ ਆਦਿ ਰੂਪ ਅਨਾਦਿ ਮੂਰਤਿ ਅਜੋਨਿ ਪੁਰਖ ਅਪਾਰ ॥ ਸਰਬ ਮਾਨ ਤ੍ਰਿਮਾਨ ਦੇਵ ਅਭੇਵ ਆਦਿ ਉਦਾਰ ॥ ਸਰਬ ਪਾਲਕ ਸਰਬ ਘਾਲਕ ਸਰਬ ਕੋ ਪੁਨਿ ਕਾਲ ॥ ਜੱਤ੍ਰ ਤੱਤ੍ਰ ਬਿਰਾਜਹੀ ਅਵਧੂਤ ਰੂਪ ਰਿਸਾਲ ॥੭੯॥ ਨਾਮ ਠਾਮ ਨ ਜਾਤ ਜਾਕਰ ਰੂਪ ਰੰਗ ਨ ਰੇਖ ॥ ਆਦਿ ਪੁਰਖ ਉਦਾਰ ਮੂਰਤਿ ਅਜੋਨਿ ਆਦਿ ਅਸੇਖ ॥ ਦੇਸ ਔਰ ਨ ਭੇਸ ਜਾਕਰ ਰੂਪ ਰੇਖ ਨ ਰਾਗ ॥ ਜੱਤ੍ਰ ਤੱਤ੍ਰ ਦਿਸਾ ਵਿਸਾ ਹੁਇ ਫੈਲਿਓ ਅਨੁਰਾਗ ॥੮੦॥ ਨਾਮ ਕਾਮ ਬਿਹੀਨ ਪੇਖਤ ਧਾਮ ਹੂੰ ਨਹਿ ਜਾਹਿ ॥ ਸਰਬ ਮਾਨ ਸਰਬਤ੍ਰ ਮਾਨ ਸਦੈਵ ਮਾਨਤ ਤਾਹਿ ॥ ਏਕ ਮੂਰਤਿ ਅਨੇਕ ਦਰਸਨ ਕੀਨ ਰੂਪ ਅਨੇਕ ॥ ਖੇਲ ਖੇਲ ਅਖੇਲ ਖੇਲਨ ਅੰਤ ਕੋ ਫਿਰ ਏਕ ॥੮੧॥ ਦੇਵ ਭੇਵ ਨ ਜਾਨਹੀ ਜਿਹ ਬੇਦ ਅਉਰ ਕਤੇਬ ॥ ਰੂਪ ਰੰਗ ਨ ਜਾਤਿ ਪਾਤਿ ਸੁ ਜਾਨਈ ਕਿਹ ਜੇਬ ॥ ਤਾਤ ਮਾਤ ਨ ਜਾਤ ਜਾਕਰਿ ਜਨਮ ਮਰਨ ਬਿਹੀਨ ॥ ਚੱਕ੍ਰ ਬੱਕ੍ਰ ਫਿਰੈ ਚੱਤ੍ਰ ਚੱਕ ਮਾਨਹੀ ਪੁਰ ਤੀਨ ॥੮੨॥ ਲੋਕ ਚਉਦਹ ਕੇ ਬਿਖੈ ਜਗ ਜਾਪਈ ਜਿਹ ਜਾਪ ॥ ਆਦਿ ਦੇਵ ਅਨਾਦਿ ਮੂਰਤਿ ਥਾਪਿਓ ਸਬੈ ਜਿਹ ਥਾਪ ॥ ਪਰਮ ਰੂਪ ਪੁਨੀਤ ਮੂਰਤਿ ਪੂਰਨ ਪੁਰਖੁ ਅਪਾਰ ॥ ਸਰਬ ਬਿਸ੍ਵ ਰਚਿਓ ਸੁਯੰਭਵ ਗੜਨ ਭੰਜਨਹਾਰ ॥੮੩॥ ਕਾਲ

ਹੀਨ ਕਲਾ ਸੰਜੁਗਤਿ ਅਕਾਲ ਪੁਰੁਖ ਅਦੇਸ ॥ ਧਰਮ ਧਾਮ ਸੁ ਭਰਮ ਰਹਤ ਅਭੂਤ ਅਲਖ ਅਭੇਸ ॥ ਅੰਗ ਰਾਗ ਨ ਰੰਗ ਜਾਕਹ ਜਾਤਿ ਪਾਤਿ ਨ ਨਾਮ ॥ ਗਰਬ ਗੰਜਨ ਦੁਸਟ ਭੰਜਨ ਮੁਕਤ ਦਾਇਕ ਕਾਮ ॥੮੪॥ ਆਪ ਰੂਪ ਅਮੀਕ ਅਨ ਉਸਤਤਿ ਏਕ ਪੁਰਖ ਅਵਧੂਤ ॥ ਗਰਬ ਗੰਜਨ ਸਰਬ ਭੰਜਨ ਆਦਿ ਰੂਪ ਅਸੂਤ ॥ ਅੰਗ ਹੀਨ ਅਭੰਗ ਅਨਾਤਮ ਏਕ ਪੁਰਖ ਅਪਾਰ ॥ ਸਰਬ ਲਾਇਕ ਸਰਬ ਘਾਇਕ ਸਰਬ ਕੋ ਪ੍ਰਤਿਪਾਰ ॥੮੫॥ ਸਰਬ ਗੰਤਾ ਸਰਬ ਹੰਤਾ ਸਰਬ ਤੇ ਅਨਭੇਖ ॥ ਸਰਬ ਸਾਸਤ੍ਰ ਨ ਜਾਨਹੀ ਜਿਹ ਰੂਪ ਰੰਗੁ ਅਰੁ ਰੇਖ ॥ ਪਰਮ ਬੇਦ ਪੁਰਾਨ ਜਾਕਹਿ ਨੇਤ ਭਾਖਤ ਨਿੱਤ ॥ ਕੋਟਿ ਸਿੰਮ੍ਰਿਤਿ ਪੁਰਾਨ ਸਾਸਤ੍ਰ ਨ ਆਵਹੀ ਵਹੁ ਚਿੱਤਿ ॥੮੬॥ ਮਧੁਭਾਰ ਛੰਦ ॥ ਤ੍ਵਪ੍ਰਸਾਦਿ ॥ ਗੁਨ ਗਨ ਉਦਾਰ ॥ ਮਹਿਮਾ ਅਪਾਰ ॥ ਆਸਨ ਅਭੰਗ ॥ ਉਪਮਾ ਅਨੰਗ ॥੮੭॥ ਅਨਭਉ ਪ੍ਰਕਾਸ ॥ ਨਿਸਦਿਨ ਅਨਾਸ ॥ ਆਜਾਨ ਬਾਹੁ ॥ ਸਾਹਾਨ ਸਾਹੁ ॥੮੮॥ ਰਾਜਾਨ ਰਾਜ ॥ ਭਾਨਾਨ ਭਾਨੁ ॥ ਦੇਵਾਨ ਦੇਵ ॥ ਉਪਮਾਂ ਮਹਾਨ ॥੮੯॥ ਇੰਦ੍ਰਾਨ ਇੰਦ੍ਰ ॥ ਬਾਲਾਨ ਬਾਲ ॥ ਰੰਕਾਨ ਰੰਕ ॥ ਕਾਲਾਨ ਕਾਲ ॥੯੦॥ ਅਨਭੂਤ ਅੰਗ ॥ ਆਭਾ ਅਭੰਗ ॥ ਗਤਿ ਮਿਤਿ ਅਪਾਰ ॥ ਗੁਨ ਗਨ ਉਦਾਰ ॥੯੧॥ ਮੁਨਿ ਗਨ ਪ੍ਰਨਾਮ ॥ ਨਿਰਭੈ ਨਿਕਾਮ ॥ ਅਤਿ ਦੁਤਿ ਪ੍ਰਚੰਡ ॥ ਮਿਤਿ ਗਤਿ ਅਖੰਡ ॥੯੨॥ ਆਲਿਸਜ ਕਰਮ ॥ ਆਦ੍ਰਿਸਜ ਧਰਮ ॥ ਸਰਬਾਭਰਣਾਢਯ ॥ ਅਨਡੰਡ ਬਾਢਯ ॥੯੩॥ ਚਾਚਰੀ ਛੰਦ ॥ ਤ੍ਵਪ੍ਰਸਾਦਿ ॥ ਗੁੋਬਿੰਦੇ ॥ ਮੁਕੰਦੇ ॥ ਉਦਾਰੇ ॥ ਅਪਾਰੇ ॥੯੪॥ ਹਰੀਅੰ ॥ ਕਰੀਅੰ ॥ ਨ੍ਰਿਨਾਮੇ ॥ ਅਕਾਮੇ ॥੯੫॥ ਭੁਜੰਗ ਪ੍ਰਯਾਤ ਛੰਦ ॥ ਚੱਤ੍ਰ ਚੱਕ੍ਰ ਕਰਤਾ ॥ ਚੱਤ੍ਰ ਚੱਕ੍ਰ ਹਰਤਾ ॥ ਚੱਤ੍ਰ ਚੱਕ੍ਰ ਦਾਨੇ ॥ ਚੱਤ੍ਰ ਚੱਕ੍ਰ ਜਾਨੇ ॥੯੬॥ ਚੱਤ੍ਰ ਚੱਕ੍ਰ ਵਰਤੀ ॥ ਚੱਤ੍ਰ ਚੱਕ੍ਰ ਭਰਤੀ ॥ ਚੱਤ੍ਰ ਚੱਕ੍ਰ ਪਾਲੇ ॥ ਚੱਤ੍ਰ ਚੱਕ੍ਰ ਕਾਲੇ ॥੯੭॥ ਚੱਤ੍ਰ ਚੱਕ੍ਰ ਪਾਸੇ ॥ ਚੱਤ੍ਰ ਚੱਕ੍ਰ ਵਾਸੇ ॥ ਚੱਤ੍ਰ ਚੱਕ੍ਰ ਮਾਨਜੈ ॥ ਚੱਤ੍ਰ ਚੱਕ੍ਰ ਦਾਨਜੈ ॥੯੮॥ ਚਾਚਰੀ ਛੰਦ ॥ ਨ ਸੱਤ੍ਰੈ ॥ ਨ ਮਿੱਤ੍ਰੈ ॥ ਨ ਭਰਮੰ ॥ ਨ ਭਿੱਤ੍ਰੈ ॥੯੯॥ ਨ ਕਰਮੰ ॥ ਨ ਕਾਏ ॥ ਅਜਨਮੰ ॥ ਅਜਾਏ ॥੧੦੦॥ ਨ ਚਿੱਤ੍ਰੈ ॥ ਨ ਮਿੱਤ੍ਰੈ ॥ ਪਰੇ ਹੈ ॥ ਪਵਿੱਤ੍ਰੈ ॥੧੦੧॥ ਪ੍ਰਿਥੀਸੈ ॥ ਅਦੀਸੈ ॥ ਅਦ੍ਰਿਸੈ ॥ ਅਕ੍ਰਿਸੈ ॥੧੦੨॥ ਭਗਵਤੀ ਛੰਦ ॥ ਤ੍ਵਪ੍ਰਸਾਦਿ ਕਥਤੇ ॥ ਕਿ ਆਛਿੱਜ ਦੇਸੈ ॥ ਕਿ ਆਭਿੱਜ ਭੇਸੈ ॥ ਕਿ ਆਗੰਜ ਕਰਮੈ ॥ ਕਿ ਆਭੰਜ ਭਰਮੈ ॥੧੦੩॥ ਕਿ ਆਭਿੱਜ ਲੋਕੈ ॥ ਕਿ ਆਦਿੱਤ ਸੋਕੈ ॥ ਕਿ ਅਵਧੂਤ ਬਰਨੈ ॥ ਕਿ ਬਿਭੂਤ ਕਰਨੈ ॥੧੦੪॥ ਕਿ ਰਾਜੰ ਪ੍ਰਭਾ ਹੈਂ ॥ ਕਿ ਧਰਮੰ ਧੁਜਾ ਹੈਂ ॥ ਕਿ ਆਸੋਕ ਬਰਨੈ ॥ ਕਿ ਸਰਬਾ ਅਭਰਨੈ ॥੧੦੫॥ ਕਿ ਜਗਤੰ ਕ੍ਰਿਤੀ ਹੈਂ ॥ ਕਿ ਛਤ੍ਰੰ ਛਤ੍ਰੀ ਹੈਂ ॥ ਕਿ ਬ੍ਰਹਮੰ ਸਰੂਪੈ ॥ ਕਿ ਅਨਭਉ ਅਨੂਪੈ ॥੧੦੬॥ ਕਿ ਆਦਿ ਅਦੇਵ ਹੈਂ ॥ ਕਿ ਆਪ ਅਭੇਵ ਹੈਂ ॥ ਕਿ ਚਿਤ੍ਰੰ ਬਿਹੀਨੈ ॥ ਕਿ ਏਕੈ ਅਧੀਨੈ ॥੧੦੭॥ ਕਿ ਰੋਜੀ ਰਜਾਕੈ ॥ ਰਹੀਮੈ ਰਿਹਾਕੈ ॥ ਕਿ ਪਾਕ ਬਿਐਬ ਹੈਂ ॥ ਕਿ ਗੈਬੁਲ ਗੈਬ ਹੈਂ ॥੧੦੮॥ ਕਿ ਅਫਵੁਲ ਗੁਨਾਹ ਹੈਂ ॥ ਕਿ ਸਾਹਾਨ ਸਾਹ ਹੈਂ ॥ ਕਿ ਕਾਰਨ ਕੁਨਿੰਦ ਹੈਂ ॥ ਕਿ ਰੋਜੀ ਦਿਹੰਦ ਹੈਂ ॥੧੦੯॥ ਕਿ ਰਾਜਕ ਰਹੀਮ ਹੈਂ ॥ ਕਿ ਕਰਮੰ ਕਰੀਮ ਹੈਂ ॥ ਕਿ ਸਰਬੰ ਕਲੀ ਹੈਂ ॥ ਕਿ ਸਰਬੰ ਦਲੀ

ਹੈਂ ॥੧੧੦॥ ਕਿ ਸਰਬਤ੍ਰ ਮਾਨਿਜੈ ॥ ਕਿ ਸਰਬਤ੍ਰ ਦਾਨਿਜੈ ॥ ਕਿ ਸਰਬਤ੍ਰ ਗਉਨੈ ॥ ਕਿ ਸਰਬਤ੍ਰ ਭਉਨੈ ॥੧੧੧॥ ਕਿ ਸਰਬਤ੍ਰ ਦੇਸੈ ॥ ਕਿ ਸਰਬਤ੍ਰ ਭੇਸੈ ॥ ਕਿ ਸਰਬਤ੍ਰ ਰਾਜੈ ॥ ਕਿ ਸਰਬਤ੍ਰ ਸਾਜੈ ॥੧੧੨॥ ਕਿ ਸਰਬਤ੍ਰ ਦੀਨੈਂ ॥ ਕਿ ਸਰਬਤ੍ਰ ਲੀਨੈਂ ॥ ਕਿ ਸਰਬਤ੍ਰ ਜਾ ਹੋ ॥ ਕਿ ਸਰਬਤ੍ਰ ਭਾ ਹੋ ॥੧੧੩॥ ਕਿ ਸਰਬਤ੍ਰ ਦੇਸੈ ॥ ਕਿ ਸਰਬਤ੍ਰ ਭੇਸੈ ॥ ਕਿ ਸਰਬਤ੍ਰ ਕਾਲੈ ॥ ਕਿ ਸਰਬਤ੍ਰ ਪਾਲੈ ॥੧੧੪॥ ਕਿ ਸਰਬਤ੍ਰ ਹੰਤਾ ॥ ਕਿ ਸਰਬਤ੍ਰ ਗੰਤਾ ॥ ਕਿ ਸਰਬਤ੍ਰ ਭੇਖੀ ॥ ਕਿ ਸਰਬਤ੍ਰ ਪੇਖੀ ॥੧੧੫॥ ਕਿ ਸਰਬਤ੍ਰ ਕਾਜੈ ॥ ਕਿ ਸਰਬਤ੍ਰ ਰਾਜੈ ॥ ਕਿ ਸਰਬਤ੍ਰ ਸੋਖੈ ॥ ਕਿ ਸਰਬਤ੍ਰ ਪੋਖੈ ॥੧੧੬॥ ਕਿ ਸਰਬਤ੍ਰ ਤ੍ਰਾਣੈ ॥ ਕਿ ਸਰਬਤ੍ਰ ਪ੍ਰਾਣੈ ॥ ਕਿ ਸਰਬਤ੍ਰ ਦੇਸੈ ॥ ਕਿ ਸਰਬਤ੍ਰ ਭੇਸੈ ॥੧੧੭॥ ਕਿ ਸਰਬਤ੍ਰ ਮਾਨਿਯੈ ॥ ਸਦੈਵੰ ਪ੍ਰਧਾਨਯੈ ॥ ਕਿ ਸਰਬਤ੍ਰ ਜਾਪਯੈ ॥ ਕਿ ਸਰਬਤ੍ਰ ਥਾਪਯੈ ॥੧੧੮॥ ਕਿ ਸਰਬਤ੍ਰ ਭਾਨੈ ॥ ਕਿ ਸਰਬਤ੍ਰ ਮਾਨੈ ॥ ਕਿ ਸਰਬਤ੍ਰ ਇੰਦ੍ਰੈ ॥ ਕਿ ਸਰਬਤ੍ਰ ਚੰਦ੍ਰੈ ॥੧੧੯॥ ਕਿ ਸਰਬੰ ਕਲੀਮੈ ॥ ਕਿ ਪਰਮੰ ਫਹੀਮੈ ॥ ਕਿ ਆਕਲ ਅਲਾਮੈ ॥ ਕਿ ਸਾਹਿਬ ਕਲਾਮੈ ॥੧੨੦॥ ਕਿ ਹੁਸਨਲ ਵਜੂ ਹੈਂ ॥ ਤਮਾਮੁਲ ਰੁਜੂ ਹੈਂ ॥ ਹਮੇਸੁਲ ਸਲਾਮੈ ॥ ਸਲੀਖਤ ਮੁਦਾਮੈ ॥੧੨੧॥ ਗਨੀਮੁਲ ਸਿਕਸਤੈ ॥ ਗਰੀਬੁਲ ਪਰਸਤੈ ॥ ਬਿਲੰਦੁਲ ਮਕਾਨੈਂ ॥ ਜਮੀਨੁਲ ਜਮਾਨੈਂ ॥੧੨੨॥ ਤਮੀਜੁਲ ਤਮਾਮੈ ॥ ਰੁਜੂਅਲ ਨਿਧਾਨੈ ॥ ਹਰੀਫੁਲ ਅਜੀਮੈਂ ॥ ਰਜਾਇਕ ਯਕੀਨੈਂ ॥੧੨੩॥ ਅਨੇਕੁਲ ਤਰੰਗ ਹੈਂ ॥ ਅਭੇਦ ਹੈਂ ਅਭੰਗ ਹੈਂ ॥ ਅਜੀਜੁਲ ਨਿਵਾਜ ਹੈਂ ॥ ਗਨੀਮੁਲ ਖਿਰਾਜ ਹੈਂ ॥੧੨੪॥ ਨਿਰੁਕਤ ਸਰੂਪ ਹੈਂ ॥ ਤ੍ਰਿਮੁਕਤਿ ਬਿਭੂਤ ਹੈਂ ॥ ਪ੍ਰਭੁਗਤਿ ਪ੍ਰਭਾ ਹੈਂ ॥ ਸੁ ਜੁਗਤਿ ਸੁਧਾ ਹੈਂ ॥੧੨੫॥ ਸਦੈਵੰ ਸਰੂਪ ਹੈਂ ॥ ਅਭੇਦੀ ਅਨੂਪ ਹੈਂ ॥ ਸਮਸਤੋਪਰਾਜ ਹੈਂ ॥ ਸਦਾ ਸਰਬ ਸਾਜ ਹੈਂ ॥੧੨੬॥ ਸਮਸਤੁਲ ਸਲਾਮ ਹੈਂ ॥ ਸਦੈਵਲ ਅਕਾਮ ਹੈਂ ॥ ਨ੍ਰਿਬਾਧ ਸਰੂਪ ਹੈਂ ॥ ਅਗਾਧ ਹੈਂ ਅਨੂਪ ਹੈਂ ॥੧੨੭॥ ਓਅੰ ਆਦਿ ਰੂਪੇ ॥ ਅਨਾਦਿ ਸਰੂਪੈ ॥ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਮੇ ॥੧੨੮॥ ਤ੍ਰਿਬਰਗੰ ਤ੍ਰਿਬਾਧੇ ॥ ਅਗੰਜੇ ਅਗਾਧੇ ॥ ਸੁਭੰ ਸਰਬ ਭਾਗੇ ॥ ਸੁਸਰਬਾ ਅਨੁਰਾਗੈ ॥੧੨੯॥ ਤ੍ਰਿਭੁਗਤ ਸਰੂਪ ਹੈਂ ॥ ਅਛਿੱਜ ਹੈਂ ਅਛੂਤ ਹੈਂ ॥ ਕਿ ਨਰਕੰ ਪ੍ਰਣਾਸ ਹੈਂ ॥ ਪ੍ਰਿਥੀਉਲ ਪ੍ਰਵਾਸ ਹੈਂ ॥੧੩੦॥ ਨਿਰੁਕਤਿ ਪ੍ਰਭਾ ਹੈਂ ॥ ਸਦੈਵੰ ਸਦਾ ਹੈਂ ॥ ਬਿਭੁਗਤਿ ਸਰੂਪ ਹੈਂ ॥ ਪ੍ਰਜੁਗਤਿ ਅਨੂਪ ਹੈਂ ॥੧੩੧॥ ਨਿਰੁਕਤਿ ਸਦਾ ਹੈਂ ॥ ਬਿਭੁਗਤਿ ਪ੍ਰਭਾ ਹੈਂ ॥ ਅਨੁਉਕਤਿ ਸਰੂਪ ਹੈਂ ॥ ਪ੍ਰਜੁਗਤਿ ਅਨੂਪ ਹੈਂ ॥੧੩੨॥ ਚਾਚਰੀ ਛੰਦ ॥ ਅਭੰਗ ਹੈਂ ॥ ਅਨੰਗ ਹੈਂ ॥ ਅਭੇਖ ਹੈਂ ॥ ਅਲੇਖ ਹੈਂ ॥੧੩੩॥ ਅਭਰਮ ਹੈਂ ॥ ਅਕਰਮ ਹੈਂ ॥ ਅਨਾਦਿ ਹੈਂ ॥ ਜੁਗਾਦਿ ਹੈਂ ॥੧੩੪॥ ਅਜੈ ਹੈਂ ॥ ਅਬੈ ਹੈਂ ॥ ਅਭੂਤ ਹੈਂ ॥ ਅਧੂਤ ਹੈਂ ॥੧੩੫॥ ਅਨਾਸ ਹੈਂ ॥ ਉਦਾਸ ਹੈਂ ॥ ਅਧੰਧ ਹੈਂ ॥ ਅਬੰਧ ਹੈਂ ॥੧੩੬॥ ਅਭਗਤ ਹੈਂ ॥ ਬਿਰਕਤ ਹੈਂ ॥ ਅਨਾਸ ਹੈਂ ॥ ਪ੍ਰਕਾਸ ਹੈਂ ॥੧੩੭॥ ਨਿਚਿੰਤ ਹੈਂ ॥ ਸੁਨਿੰਤ ਹੈਂ ॥ ਅਲਿੱਖ ਹੈਂ ॥ ਅਦਿੱਖ ਹੈਂ ॥੧੩੮॥ ਅਲੇਖ ਹੈਂ ॥ ਅਭੇਖ ਹੈਂ ॥ ਅਢਾਹ ਹੈਂ ॥ ਅਗਾਹ ਹੈਂ ॥੧੩੯॥ ਅਸੰਭ ਹੈਂ ॥ ਅਗੰਭ ਹੈਂ ॥ ਅਨੀਲ ਹੈਂ ॥ ਅਨਾਦਿ ਹੈਂ ॥ ੧੪੦॥ ਅਨਿੱਤ ਹੈਂ ॥ ਸੁ ਨਿੱਤ ਹੈਂ ॥ ਅਜਾਤਿ ਹੈਂ ॥

ਅਜਾਦਿ ਹੈਂ ॥੧੪੧॥ ਚਰਪਟ ਛੰਦ ॥ ਤ੍ਵਪ੍ਰਸਾਦਿ ॥ ਸਰਬੰ ਹੰਤਾ ॥ ਸਰਬੰ ਗੰਤਾ ॥ ਸਰਬੰ ਖਿਆਤਾ ॥ ਸਰਬੰ ਗਿਆਤਾ ॥੧੪੨॥ ਸਰਬੰ ਹਰਤਾ ॥ ਸਰਬੰ ਕਰਤਾ ॥ ਸਰਬੰ ਪ੍ਰਾਣੰ ॥ ਸਰਬੰ ਤ੍ਰਾਣੰ ॥੧੪੩॥ ਸਰਬੰ ਕਰਮੰ ॥ ਸਰਬੰ ਧਰਮੰ ॥ ਸਰਬੰ ਜੁਗਤਾ ॥ ਸਰਬੰ ਮੁਕਤਾ ॥੧੪੪॥ ਰਸਾਵਲ ਛੰਦ ॥ ਤ੍ਵਪ੍ਰਸਾਦਿ ॥ ਨਮੋ ਨਰਕ ਨਾਸੇ ॥ ਸਦੈਵੰ ਪ੍ਰਕਾਸੇ ॥ ਅਨੰਗੰ ਸਰੂਪੇ ॥ ਅਭੰਗੰ ਬਿਭੂਤੇ ॥੧੪੫॥ ਪ੍ਰਮਾਥੰ ਪ੍ਰਮਾਥੇ ॥ ਸਦਾ ਸਰਬ ਸਾਥੇ ॥ ਅਗਾਧਿ ਸਰੂਪੇ ॥ ਨ੍ਰਿਬਾਧਿ ਬਿਭੂਤੇ ॥੧੪੬॥ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਮੇ ॥ ਨ੍ਰਿਭੰਗੀ ਸਰੂਪੇ ॥ ਸਰਬੰਗੀ ਅਨੂਪੇ ॥੧੪੭॥ ਨ ਪੋਤ੍ਰੈ ਪੁਤ੍ਰੈ ॥ ਨ ਸਤ੍ਰੈ ਨ ਮਿਤ੍ਰੈ ॥ ਨ ਤਾਤੈ ਨ ਮਾਤੈ ॥ ਨ ਜਾਤੈ ਨ ਪਾਤੈ ॥੧੪੮॥ ਨ੍ਰਿਸਾਕੰ ਸਰੀਕ ਹੈਂ ॥ ਅਮਿਤੋ ਅਮੀਕ ਹੈਂ ॥ ਸਦੈਵੰ ਪ੍ਰਭਾ ਹੈਂ ॥ ਅਜੈ ਹੈਂ ਅਜਾ ਹੈਂ ॥੧੪੯॥ ਭਗਵਤੀ ਛੰਦ ॥ ਤ੍ਵਪ੍ਰਸਾਦਿ ॥ ਕਿ ਜਾਹਰ ਜਹੂਰ ਹੈਂ ॥ ਕਿ ਹਾਜਰ ਹਜੂਰ ਹੈਂ ॥ ਹਮੇਸੁਲ ਸਲਾਮ ਹੈਂ ॥ ਸਮਸਤੁਲ ਕਲਾਮ ਹੈਂ ॥੧੫੦॥ ਕਿ ਸਾਹਿਬ ਦਿਮਾਗ ਹੈਂ ॥ ਕਿ ਹੁਸਨਲ ਚਰਾਗ ਹੈਂ ॥ ਕਿ ਕਾਮਲ ਕਰੀਮ ਹੈਂ ॥ ਕਿ ਰਾਜਕ ਰਹੀਮ ਹੈਂ ॥੧੫੧॥ ਕਿ ਰੋਜੀ ਦਿਹੰਦ ਹੈਂ ॥ ਕਿ ਰਾਜਕ ਰਹਿੰਦ ਹੈਂ ॥ ਕਰੀਮੁਲ ਕਮਾਲ ਹੈਂ ॥ ਕਿ ਹੁਸਨੁਲ ਜਮਾਲ ਹੈਂ ॥੧੫੨॥ ਗਨੀਮੁਲ ਖਿਰਾਜ ਹੈਂ ॥ ਗਰੀਬੁਲ ਨਿਵਾਜ ਹੈਂ ॥ ਹਰੀਫੁਲ ਸਿਕੰਨ ਹੈਂ ॥ ਹਿਰਾਸੁਲ ਫਿਕੰਨ ਹੈਂ ॥੧੫੩॥ ਕਲੰਕੰ ਪ੍ਰਣਾਸ ਹੈਂ ॥ ਸਮਸਤੁਲ ਨਿਵਾਸ ਹੈਂ ॥ ਅਗੰਜੁਲ ਗਨੀਮ ਹੈਂ ॥ ਰਜਾਇਕ ਰਹੀਮ ਹੈਂ ॥੧੫੪॥ ਸਮਸਤੁਲ ਜੁਬਾ ਹੈਂ ॥ ਕਿ ਸਾਹਿਬ ਕਿਰਾ ਹੈਂ ॥ ਕਿ ਨਰਕੰ ਪ੍ਰਣਾਸ ਹੈਂ ॥ ਬਹਿਸਤੁਲ ਨਿਵਾਸ ਹੈਂ ॥੧੫੫॥ ਕਿ ਸਰਬੁਲ ਗਵੰਨ ਹੈਂ ॥ ਹਮੇਸੁਲ ਰਵੰਨ ਹੈਂ ॥ ਤਮਾਮੁਲ ਤਮੀਜ ਹੈਂ ॥ ਸਮਸਤੁਲ ਅਜੀਜ ਹੈਂ ॥੧੫੬॥ ਪਰੰ ਪਰਮ ਈਸ ਹੈਂ ॥ ਸਮਸਤੁਲ ਅਦੀਸ ਹੈਂ ॥ ਅਦੇਸੁਲ ਅਲੇਖ ਹੈਂ ॥ ਹਮੇਸੁਲ ਅਭੇਖ ਹੈਂ ॥੧੫੭॥ ਜਿਮੀਨੁਲ ਜਮਾ ਹੈਂ ॥ ਅਮੀਕੁਲ ਇਮਾ ਹੈਂ ॥ ਕਰੀਮੁਲ ਕਮਾਲ ਹੈਂ ॥ ਕਿ ਜੁਰਅਤਿ ਜਮਾਲ ਹੈਂ ॥੧੫੮॥ ਕਿ ਅਚਲੰ ਪ੍ਰਕਾਸ ਹੈਂ ॥ ਕਿ ਅਮਿਤੋ ਸੁਬਾਸ ਹੈਂ ॥ ਕਿ ਅਜਬ ਸਰੂਪ ਹੈਂ ॥ ਕਿ ਅਮਿਤੋ ਬਿਭੂਤ ਹੈਂ ॥੧੫੯॥ ਕਿ ਅਮਿਤੋ ਪਸਾ ਹੈਂ ॥ ਕਿ ਆਤਮ ਪ੍ਰਭਾ ਹੈਂ ॥ ਕਿ ਅਚਲੰ ਅਨੰਗ ਹੈਂ ॥ ਕਿ ਅਮਿਤੋ ਅਭੰਗ ਹੈਂ ॥੧੬੦॥ ਮਧੁਭਾਰ ਛੰਦ ॥ ਤ੍ਵਪ੍ਰਸਾਦਿ ॥ ਮੁਨਿ ਮਨ ਪ੍ਰਨਾਮ ॥ ਗੁਨਿ ਗਨ ਮੁਦਾਮ ॥ ਅਰਿ ਬਰ ਅਗੰਜ ॥ ਹਰਿ ਨਰ ਪ੍ਰਭੰਜ ॥੧੬੧॥ ਅਨ ਗਨ ਪ੍ਰਨਾਮ ॥ ਮੁਨਿ ਮਨ ਸਲਾਮ ॥ ਹਰਿ ਨਰ ਅਖੰਡ ॥ ਬਰ ਨਰ ਅਮੰਡ ॥੧੬੨॥ ਅਨੁਭਵ ਅਨਾਸ ॥ ਮੁਨਿ ਮਨ ਪ੍ਰਕਾਸ ॥ ਗੁਨਿ ਗਨ ਪ੍ਰਨਾਮ ॥ ਜਲ ਥਲ ਮੁਦਾਮ ॥੧੬੩॥ ਅਨਛਿਜ ਅੰਗ ॥ ਆਸਨ ਅਭੰਗ ॥ ਉਪਮਾ ਅਪਾਰ ॥ ਗਤਿ ਮਿਤਿ ਉਦਾਰ ॥੧੬੪॥ ਜਲ ਥਲ ਅਮੰਡ ॥ ਦਿਸ ਵਿਸ ਅਭੰਡ ॥ ਜਲ ਥਲ ਮਹੰਤ ॥ ਦਿਸ ਵਿਸ ਬਿਅੰਤ ॥੧੬੫॥ ਅਨਭਵ ਅਨਾਸ ॥ ਧ੍ਰਿਤ ਧਰ ਧੁਰਾਸ ॥ ਆਜਾਨ ਬਾਹੁ ॥ ਏਕੈ ਸਦਾਹੁ ॥੧੬੬॥ ਓਅੰਕਾਰ ਆਦਿ ॥ ਕਥਨੀ ਅਨਾਦਿ ॥ ਖਲ ਖੰਡ ਖਿਆਲ ॥ ਗੁਰ ਬਰ ਅਕਾਲ ॥੧੬੭॥ ਘਰਿ ਘਰਿ ਪ੍ਰਨਾਮ ॥ ਚਿਤ ਚਰਨ ਨਾਮ ॥ ਅਨਛਿਜ ਗਾਤ ॥ ਆਜਿਜ ਨ ਬਾਤ ॥੧੬੮॥ ਅਨਝੰਝ ਗਾਤ ॥

ਅਨਰੰਜ ਬਾਤ ॥ ਅਨਟੁਟ ਭੰਡਾਰ ॥ ਅਨਠਟ ਅਪਾਰ ॥੧੬੯॥ ਆਡੀਠ ਧਰਮ ॥ ਅਤਿ ਢੀਠ ਕਰਮ ॥ ਅਣਬ੍ਰਣ ਅਨੰਤ ॥ ਦਾਤਾ ਮਹੰਤ ॥੧੭੦॥ ਹਰਿਬੋਲਮਨਾ ਛੰਦ ॥ ਤ੍ਵਪ੍ਰਸਾਦਿ ॥ ਕਰੁਣਾਲਯ ਹੈਂ ॥ ਅਰਿ ਘਾਲਯ ਹੈਂ ॥ ਖਲ ਖੰਡਨ ਹੈਂ ॥ ਮਹਿ ਮੰਡਨ ਹੈਂ ॥੧੭੧॥ ਜਗਤੇਸ੍ਵਰ ਹੈਂ ॥ ਪਰਮੇਸ੍ਵਰ ਹੈਂ ॥ ਕਲਿ ਕਾਰਨ ਹੈਂ ॥ ਸਰਬ ਉਬਾਰਨ ਹੈਂ ॥੧੭੨॥ ਧ੍ਰਿਤ ਕੇ ਧਰਨ ਹੈਂ ॥ ਜਗ ਕੇ ਕਰਨ ਹੈਂ ॥ ਮਨ ਮਾਨਿਯ ਹੈਂ ॥ ਜਗ ਜਾਨਿਯ ਹੈਂ ॥੧੭੩॥ ਸਰਬੰ ਭਰ ਹੈਂ ॥ ਸਰਬੰ ਕਰ ਹੈਂ ॥ ਸਰਬ ਪਾਸਿਯ ਹੈਂ ॥ ਸਰਬ ਨਾਸਿਯ ਹੈਂ ॥੧੭੪॥ ਕਰੁਣਾਕਰ ਹੈਂ ॥ ਬਿਸ੍ਵੰਭਰ ਹੈਂ ॥ ਸਰਬੇਸ੍ਵਰ ਹੈਂ ॥ ਜਗਤੇਸ੍ਵਰ ਹੈਂ ॥੧੭੫॥ ਬ੍ਰਹਮੰਡਸ ਹੈਂ ॥ ਖਲ ਖੰਡਸ ਹੈਂ ॥ ਪਰ ਤੇ ਪਰ ਹੈਂ ॥ ਕਰੁਣਾਕਰ ਹੈਂ ॥੧੭੬॥ ਅਜਪਾ ਜਪ ਹੈਂ ॥ ਅਥਪਾ ਥਪ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਅਮ੍ਰਿਤਾ ਮ੍ਰਿਤ ਹੈਂ ॥੧੭੭॥ ਅੰਮ੍ਰਿਤਾ ਮ੍ਰਿਤ ਹੈਂ ॥ ਕਰੁਣਾ ਕ੍ਰਿਤ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਧਰਣੀ ਧ੍ਰਿਤ ਹੈਂ ॥੧੭੮॥ ਅਮਤੇਸ੍ਵਰ ਹੈਂ ॥ ਪਰਮੇਸ੍ਵਰ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਅਮ੍ਰਿਤਾ ਮ੍ਰਿਤ ਹੈਂ ॥੧੭੯॥ ਅਜਬਾ ਕ੍ਰਿਤ ਹੈਂ ॥ ਅਮ੍ਰਿਤਾ ਮ੍ਰਿਤ ਹੈਂ ॥ ਨਰ ਨਾਇਕ ਹੈਂ ॥ ਖਲ ਘਾਇਕ ਹੈਂ ॥੧੮੦॥ ਬਿਸ੍ਵੰਭਰ ਹੈਂ ॥ ਕਰੁਣਾਲਯ ਹੈਂ ॥ ਨ੍ਰਿਪ ਨਾਇਕ ਹੈਂ ॥ ਸਰਬ ਪਾਇਕ ਹੈਂ ॥੧੮੧॥ ਭਵ ਭੰਜਨ ਹੈਂ ॥ ਅਰਿ ਗੰਜਨ ਹੈਂ ॥ ਰਿਪੁ ਤਾਪਨ ਹੈਂ ॥ ਜਪੁ ਜਾਪਨ ਹੈਂ ॥੧੮੨॥ ਅਕਲੰ ਕ੍ਰਿਤ ਹੈਂ ॥ ਸਰਬਾ ਕ੍ਰਿਤ ਹੈਂ ॥ ਕਰਤਾ ਕਰ ਹੈਂ ॥ ਹਰਤਾ ਹਰ ਹੈਂ ॥੧੮੩॥ ਪਰਮਾਤਮ ਹੈਂ ॥ ਸਰਬ ਆਤਮ ਹੈਂ ॥ ਆਤਮ ਬਸ ਹੈਂ ॥ ਜਸ ਕੇ ਜਸ ਹੈਂ ॥੧੮੪॥ ਭੁਜੰਗ ਪ੍ਰਯਾਤ ਛੰਦ ॥ ਨਮੋ ਸੂਰਜ ਸੂਰਜੇ ਨਮੋ ਚੰਦ੍ਰ ਚੰਦ੍ਰੇ ॥ ਨਮੋ ਰਾਜ ਰਾਜੇ ਨਮੋ ਇੰਦ੍ਰ ਇੰਦ੍ਰੇ ॥ ਨਮੋ ਅੰਧਕਾਰੇ ਨਮੋ ਤੇਜ ਤੇਜੇ ॥ ਨਮੋ ਬ੍ਰਿੰਦ ਬ੍ਰਿੰਦੇ ਨਮੋ ਬੀਜ ਬੀਜੇ ॥੧੮੫॥ ਨਮੋ ਰਾਜਸੰ ਤਾਮਸੰ ਸਾਂਤ ਰੂਪੇ ॥ ਨਮੋ ਪਰਮ ਤੱਤੰ ਅਤੱਤੰ ਸਰੂਪੇ ॥ ਨਮੋ ਜੋਗ ਜੋਗੇ ਨਮੋ ਗਿਆਨ ਗਿਆਨੇ ॥ ਨਮੋ ਮੰਤ੍ਰ ਮੰਤ੍ਰੇ ਨਮੋ ਧਿਆਨ ਧਿਆਨੇ ॥੧੮੬॥ ਨਮੋ ਜੁਧ ਜੁਧੇ ਨਮੋ ਗਿਆਨ ਗਿਆਨੇ ॥ ਨਮੋ ਭੋਜ ਭੋਜੇ ਨਮੋ ਪਾਨ ਪਾਨੇ ॥ ਨਮੋ ਕਲਹ ਕਰਤਾ ਨਮੋ ਸਾਂਤ ਰੂਪੇ ॥ ਨਮੋ ਇੰਦ੍ਰ ਇੰਦ੍ਰੇ ਅਨਾਦੰ ਬਿਭੂਤੇ ॥੧੮੭॥ ਕਲੰਕਾਰ ਰੂਪੇ ਅਲੰਕਾਰ ਅਲੰਕੇ ॥ ਨਮੋ ਆਸ ਆਸੇ ਨਮੋ ਬਾਂਕ ਬੰਕੇ ॥ ਅਭੰਗੀ ਸਰੂਪੇ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਲੇ ਅਨੰਗੀ ਅਕਾਮੇ ॥੧੮੮॥ ਏਕ ਅਛਰੀ ਛੰਦ ॥ ਅਜੈ ॥ ਅਲੈ ॥ ਅਭੈ ॥ ਅਬੈ ॥੧੮੯॥ ਅਭੂ ॥ ਅਜੂ ॥ ਅਨਾਸ ॥ ਅਕਾਸ ॥੧੯੦॥ ਅਗੰਜ ॥ ਅਭੰਜ ॥ ਅਲੱਖ ॥ ਅਭੱਖ ॥੧੯੧॥ ਅਕਾਲ ॥ ਦਿਆਲ ॥ ਅਲੇਖ ॥ ਅਭੇਖ ॥੧੯੨॥ ਅਨਾਮ ॥ ਅਕਾਮ ॥ ਅਗਾਹ ॥ ਅਢਾਹ ॥੧੯੩॥ ਅਨਾਥੇ ॥ ਪ੍ਰਮਾਥੇ ॥ ਅਜੋਨੀ ॥ ਅਮੋਨੀ ॥੧੯੪॥ ਨ ਰਾਗੇ ॥ ਨ ਰੰਗੇ ॥ ਨ ਰੂਪੇ ॥ ਨ ਰੇਖੇ ॥੧੯੫॥ ਅਕਰਮੰ ॥ ਅਭਰਮੰ ॥ ਅਗੰਜੇ ॥ ਅਲੇਖੇ ॥੧੯੬॥ ਭੁਜੰਗ ਪ੍ਰਯਾਤ ਛੰਦ ॥ ਨਮਸਤੁਲ ਪ੍ਰਣਾਮੇ ਸਮਸਤੁਲ ਪ੍ਰਣਾਸੇ ॥ ਅਗੰਜੁਲ ਅਨਾਮੇ ਸਮਸਤੁਲ ਨਿਵਾਸੇ ॥ ਨ੍ਰਿਕਾਮੰ ਬਿਭੂਤੇ ਸਮਸਤੁਲ ਸਰੂਪੇ ॥ ਕੁਕਰਮੰ ਪ੍ਰਣਾਸੀ ਸੁਧਰਮੰ ਬਿਭੂਤੇ ॥ ੧੯੭॥ ਸਦਾ ਸਚਦਾਨੰਦ ਸਤ੍ਰੰ ਪ੍ਰਣਾਸੀ ॥ ਕਰੀਮੁਲ ਕੁਨਿੰਦਾ ਸਮਸਤੁਲ ਨਿਵਾਸੀ ॥

ਅਜਾਇਬ ਬਿਭੂਤੇ ਗਜਾਇਬ ਗਨੀਮੇ ॥ ਹਰੀਅੰ ਕਰੀਅੰ ਕਰੀਮੁਲ ਰਹੀਮੇ ॥੧੯੮॥ ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥ ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ ॥ ਦੁਕਾਲੰ ਪ੍ਰਣਾਸੀ ਦਇਆਲੰ ਸਰੂਪੇ ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯॥

(ਦਸਮ ੧-੧੦)

# ਤ੍ਵਪ੍ਰਸਾਦਿ ਸ੍ਵਯੇ

ੴ ਸਤਿਗੁਰ ਪ੍ਰਸਾਦਿ ॥ ਪਾਤਿਸਾਹੀ ੧੦ ॥ ਤ੍ਵਪ੍ਰਸਾਦਿ ਸ੍ਵਯੇ ॥

ਸ੍ਰਾਵਗ ਸੁੱਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥ ਸੂਰ ਸੁਰਾਰਦਨ ਸੁੱਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥ ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥ ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂ ਤੇ ਏਕ ਰਤੀ ਬਿਨੁ ਏਕ ਰਤੀ ਕੇ ॥੧॥ ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ ॥ ਕੋਟ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕਉ ਜਾਤ ਨਿਵਾਰੇ ॥ ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥ ਏਤੇ ਭਏ ਤੋ ਕਹਾ ਭਏ ਭੂਪਤਿ ਅੰਤ ਕੌ ਨਾਂਗੇ ਹੀ ਪਾਇ ਪਧਾਰੇ ॥੨॥ ਜੀਤ ਫਿਰੈ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ ॥ ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯਰਾਜ ਹਜਾਰੇ ॥ ਭੂਤ ਭਵਿੱਖ ਭਵਾਨ ਕੇ ਭੂਪਤਿ ਕਉਨ ਗਨੈ ਨਹੀ ਜਾਤਿ ਬਿਚਾਰੇ ॥ ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕਉ ਅੰਤ ਕੇ ਧਾਮ ਸਿਧਾਰੇ ॥੩॥ ਤੀਰਥ ਨਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੈ ॥ ਬੇਦ ਪੁਰਾਨ ਕਤੇਬ ਕੁਰਾਨ ਜਿਮੀਨ ਜਮਾਨ ਸਬਾਨ ਕੇ ਪੇਖੈ ॥ ਪਉਨ ਅਹਾਰ ਜਤੀ ਜਤ ਧਾਰ ਸਬੈ ਸੁ ਬਿਚਾਰ ਹਜਾਰਕ ਦੇਖੈ ॥ ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨ ਏਕ ਨ ਲੇਖੈ ॥੪॥ ਸੁੱਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ ॥ ਭਾਰੀ ਗੁਮਾਨ ਭਰੇ ਮਨ ਮੈ ਕਰ ਪਰਬਤ ਪੰਖ ਹਲੇ ਨ ਹਲੈਂਗੇ ॥ ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ ॥ ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗ ਜਹਾਨੁ ਨਿਦਾਨ ਚਲੈਂਗੇ ॥੫॥ ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛੱਯਾ ॥ ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲੱਯਾ ॥ ਗਾੜ੍ਹੇ ਗੜਾਨ ਕੇ ਤੋੜਨਹਾਰ ਸੁ ਬਾਤਨ ਹੀ ਚਕ ਚਾਰ ਲਵੱਯਾ ॥ ਸਾਹਿਬ ਸ੍ਰੀ ਸਭ ਕੋ ਸਿਰਨਾਇਕ ਜਾਚਿਕ ਅਨੇਕ ਸੁ ਏਕ ਦਿਵੱਯਾ ॥੬॥ ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿਖ ਭਵਾਨ ਜਪੈਂਗੇ ॥ ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ ॥ ਪੁੰਨ ਪ੍ਰਤਾਪਨ ਬਾਢ ਜੈਤ ਧੁਨ ਪਾਪਨ ਕੇ ਬਹੁ ਪੁੰਜ ਖਪੈਂਗੇ ॥ ਸਾਧ ਸਮੂਹ ਪ੍ਰਸੰਨ ਫਿਰੈ ਜਗ ਸੱਤ੍ਰ ਸਭੈ ਅਵਲੋਕ ਚਪੈਂਗੇ ॥੭॥ ਮਾਨਵ ਇੰਦ੍ਰ ਗਜਿੰਦ੍ਰ ਨਰਾਧਪ ਜੌਨ ਤ੍ਰਿਲੋਕ ਕੋ ਰਾਜ ਕਰੈਂਗੇ ॥ ਕੋਟਿ ਇਸਨਾਨ ਗਜਾਦਿਕ ਦਾਨ ਅਨੇਕ ਸੁਅੰਬਰ ਸਾਜ ਬਰੈਂਗੇ ॥ ਬ੍ਰਹਮ ਮਹੇਸਰ ਬਿਸਨ ਸਚੀਪਤਿ ਅੰਤ ਫਸੇ ਜਮ ਫਾਸ ਪਰੈਂਗੇ ॥ ਜੇ ਨਰ ਸ੍ਰੀ ਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰ ਨ ਦੇਹ ਧਰੈਂਗੇ ॥੮॥ ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧਿਆਨ ਲਗਾਇਓ ॥ ਨ੍ਹਾਤ ਫਿਰਿਓ

ਲੀਏ ਸਾਤ ਸਮੁੰਦ੍ਰਨ ਲੋਕ ਗਇਓ ਪਰਲੋਕ ਗਵਾਇਓ ॥ ਬਾਸੁ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ ॥ ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ ॥੯॥ ਕਾਹੂ ਲੈ ਪਾਹਨ ਪੂਜ ਧਰਯੋ ਸਿਰ ਕਾਹੂ ਲੈ ਲਿੰਗੁ ਗਰੇ ਲਟਕਾਇਓ ॥ ਕਾਹੂ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸ ਨਿਵਾਇਓ ॥ ਕੋਊ ਬੁਤਾਨ ਕੋ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੋ ਪੂਜਨ ਧਾਇਓ ॥ ਕੂਰ ਕ੍ਰਿਆ ਉਰਝਿਓ ਸਭ ਹੀ ਜਗ ਸ੍ਰੀ ਭਗਵਾਨ ਕੋ ਭੇਦੁ ਨ ਪਾਇਓ ॥੧੦॥੩੦॥

(ਦਸਮ ੧੩-੧੫)

# ਚੌਪਈ ਸਾਹਿਬ

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਪਾਤਿਸਾਹੀ ੧੦ ॥ ਕਬਯੋ ਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥਿ ਦੈ ਰੱਛਾ ॥ ਪੂਰਨ ਹੋਇ ਚਿਤ ਕੀ ਇੱਛਾ ॥ ਤਵ ਚਰਨਨ ਮਨ ਰਹੈ ਹਮਾਰਾ ॥ ਆਪਨਾ ਜਾਨ ਕਰੋ ਪ੍ਰਤਿਪਾਰਾ ॥੧॥ ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿਖ੍ਯ ਸਭੈ ਕਰਤਾਰਾ ॥੨॥ ਮੋ ਰੱਛਾ ਨਿੱਜ ਕਰ ਦੈ ਕਰਿਯੈ ॥ ਸਭ ਬੈਰਨ ਕੌ ਆਜ ਸੰਘਰਿਯੈ ॥ ਪੂਰਨ ਹੋਇ ਹਮਾਰੀ ਆਸਾ ॥ ਤੋਰਿ ਭਜਨ ਕੀ ਰਹੈ ਪਯਾਸਾ ॥੩॥ ਤੁਮਹਿ ਛਾਡਿ ਕੋਈ ਅਵਰ ਨ ਧਯਾਊਂ ॥ ਜੋ ਬਰ ਚਾਹੋਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖ੍ਯ ਹਮਾਰੇ ਤਾਰੀਅਹਿ ॥ ਚੁਨਿ ਚੁਨਿ ਸਤ੍ਰੁ ਹਮਾਰੇ ਮਾਰੀਅਹਿ ॥੪॥ ਆਪੁ ਹਾਥ ਦੈ ਮੁਝੈ ਉਬਰਿਯੈ ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥ ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥ ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਯਾਰੇ ॥ ਦੀਨ ਬੰਧੁ ਦੁਸਟਨ ਕੇ ਹੰਤਾ ॥ ਤੁਮ ਹੋ ਪੁਰੀ ਚਤੁਰਦਸ ਕੰਤਾ ॥੬॥ ਕਾਲ ਪਾਇ ਬ੍ਰਹਮਾ ਬਪੁ ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰਿ ਬਿਸਨ ਪ੍ਰਕਾਸਾ ॥ ਸਕਲ ਕਾਲ ਕਾ ਕੀਆ ਤਮਾਸਾ ॥੭॥ ਜਵਨ ਕਾਲ ਜੋਗੀ ਸਿਵ ਕੀਓ ॥ ਬੇਦ ਰਾਜ ਬ੍ਰਹਮਾ ਜੂ ਥੀਓ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੮॥ ਜਵਨ ਕਾਲ ਸਭ ਜਗਤ ਬਨਾਯੋ ॥ ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ ਹਮਾਰਾ ॥੯॥ ਨਮਸਕਾਰ ਤਿਸਹੀ ਕੋ ਹਮਾਰੀ ॥ ਸਕਲ ਪ੍ਰਜਾ ਜਿਨ ਆਪ ਸਵਾਰੀ ॥ ਸਿਵਕਨ ਕੋ ਸਵਗੁਨ ਸੁਖ ਦੀਓ ॥ ਸਤ੍ਰੁਨ ਕੋ ਪਲ ਮੋ ਬਧ ਕੀਓ ॥੧੦॥ ਘਟ ਘਟ ਕੇ ਅੰਤਰ ਕੀ ਜਾਨਤ ॥ ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦ੍ਰਿਸਟਿ ਕਰ ਫੂਲਾ ॥੧੧॥ ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈ ॥ ਘਟ ਘਟ ਕੇ ਪਟ ਪਟ ਕੀ ਜਾਨੈ ॥੧੨॥ ਜਬ ਉਦਕਰਖ ਕਰਾ ਕਰਤਾਰਾ ॥ ਪ੍ਰਜਾ ਧਰਤ ਤਬ ਦੇਹ ਅਪਾਰਾ ॥ ਜਬ ਆਕਰਖ ਕਰਤ ਹੋ ਕਬਹੂੰ ॥ ਤੁਮ ਮੈਂ ਮਿਲਤ ਦੇਹ ਧਰ ਸਭਹੂੰ ॥੧੩॥ ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝਿ ਉਚਾਰੈ ॥ ਤੁਮ ਸਭ ਹੀ ਤੇ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰੁ ਆਲਮ ॥੧੪॥ ਨਿਰੰਕਾਰ ਨ੍ਰਿਬਿਕਾਰ ਨ੍ਰਿਲੰਭ ॥ ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ ਮੂੜ੍ਹ ਉਚਾਰਤ ਭੇਦਾ ॥ ਜਾ ਕੋ ਭੇਵ ਨ ਪਾਵਤ ਬੇਦਾ ॥੧੫॥

ਤਾ ਕੌ ਕਰਿ ਪਾਹਨ ਅਨੁਮਾਨਤ ॥ ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਂਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥ ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥
ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰਿ ਰਚਿ ਦੀਨੀ ॥੧੮॥
ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ ਭਯੋ ਸੰਕਰ ਇਕੈਠਾ ॥ ਸਿਗਰੀ ਸ੍ਰਿਸਟਿ ਦਿਖਾਇ ਅਚੰਭਵ ॥ ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥ ਅਬ ਰੱਛਾ ਮੇਰੀ ਤੁਮ ਕਰੋ ॥ ਸਿੱਖਯ ਉਬਾਰਿ ਅਸਿੱਖਯ ਸੰਘਰੋ ॥ ਦੁਸਟ ਜਿਤੇ ਉਠਵਤ ਉਤਪਾਤਾ ॥ ਸਕਲ ਮਲੇਛ ਕਰੋ ਰਣ ਘਾਤਾ ॥੨੦॥ ਜੇ ਅਸਿਧੁਜ ਤਵ ਸਰਨੀ ਪਰੇ ॥ ਤਿਨ ਕੇ ਦੁਸਟ ਦੁਖਿਤ ਹ੍ਵੈ ਮਰੇ ॥ ਪੁਰਖ ਜਵਨ ਪਗ ਪਰੇ ਤਿਹਾਰੇ ॥ ਤਿਨ ਕੇ ਤੁਮ ਸੰਕਟ ਸਭ ਟਾਰੇ ॥੨੧॥ ਜੋ ਕਲਿ ਕੋ ਇਕ ਬਾਰ ਧਿਐਹੈ ॥ ਤਾ ਕੇ ਕਾਲ ਨਿਕਟਿ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸਟ ਅਰਿਸਟ ਟਰੈਂ ਤਤਕਾਲਾ ॥੨੨॥ ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥ ਤਾ ਕੇ ਤਾਪ ਤਨਕ ਮਹਿ ਹਰਿਹੋ ॥ ਰਿੱਧਿ ਸਿੱਧਿ ਘਰ ਮੋ ਸਭ ਹੋਈ ॥ ਦੁਸਟ ਛਾਹ ਛ੍ਵੈ ਸਕੈ ਨ ਕੋਈ ॥੨੩॥ ਏਕ ਬਾਰ ਜਿਨ ਤੁਮੈ ਸੰਭਾਰਾ ॥ ਕਾਲ ਫਾਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੨੪॥ ਖੜਗਕੇਤ ਮੈ ਸਰਣਿ ਤਿਹਾਰੀ ॥ ਆਪੁ ਹਾਥ ਦੈ ਲੇਹੁ ਉਬਾਰੀ ॥ ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੨੫॥ ਕ੍ਰਿਪਾ ਕਰੀ ਹਮ ਪਰ ਜਗ ਮਾਤਾ ॥ ਗ੍ਰੰਥ ਕਰਾ ਪੂਰਨ ਸੁਭ ਰਾਤਾ ॥ ਕਿਲਬਿਖ ਸਕਲ ਦੇਹ ਕੋ ਹਰਤਾ ॥ ਦੁਸਟ ਦੋਖਿਯਨ ਕੋ ਛੈ ਕਰਤਾ ॥੨੬॥ ਸ੍ਰੀ ਅਸਿਧੁਜ ਜਬ ਭਏ ਦਇਆਲਾ ॥ ਪੂਰਨ ਕਰਾ ਗ੍ਰੰਥ ਤਤਕਾਲਾ ॥ ਮਨ ਬਾਂਛਤ ਫਲ ਪਾਵੈ ਸੋਈ ॥ ਦੂਖ ਨ ਤਿਸੈ ਬਿਆਪਤ ਕੋਈ ॥੨੭॥ ਅੜਿੱਲ ॥ ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ ॥ ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ ॥ ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ ॥ ਹੋ ਜੋ ਯਾਕੀ ਏਕ ਬਾਰ ਚੌਪਈ ਕੋ ਕਹੈ ॥੨੮॥ ਚੌਪਈ ॥ ਸੰਬਤ ਸੱਤ੍ਰਹ ਸਹਸ ਭਣਿੱਜੈ ॥ ਅਰਧ ਸਹਸ ਫੁਨਿ ਤੀਨਿ ਕਹਿੱਜੈ ॥ ਭਾਦ੍ਰਵ ਸੁਦੀ ਅਸਟਮੀ ਰਵਿਵਾਰਾ ॥ ਤੀਰ ਸਤੁੱਦ੍ਰਵ ਗ੍ਰੰਥ ਸੁਧਾਰਾ ॥੨੯॥

(ਦਸਮ ੧੩੮੬-੮੮)

ਸ੍ਵੈਯਾ ॥ ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਜੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਜੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਜਾਨਜੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਜੋ ਸਭ ਤੋਹਿ ਬਖਾਨਜੋ ॥੧॥ ਦੋਹਰਾ ॥ ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੨॥

(ਦਸਮ ੨੫੪)

# ਅਨੰਦੁ ਸਾਹਿਬ

ਰਾਮਕਲੀ ਮਹਲਾ ੩ ਅਨੰਦੁ ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥ ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥ ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥ ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥ ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥ ਸਾਚੀ ਲਿਵੈ ਬਿਨੁ ਦੇਹ ਨਿਮਾਣੀ ॥ ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥ ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ ॥ ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ ॥ ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥੬॥ ਆਨੰਦੁ ਆਨੰਦੁ ਸਭੁ ਕੋ ਕਹੈ ਆਨੰਦੁ ਗੁਰੂ ਤੇ ਜਾਣਿਆ ॥ ਜਾਣਿਆ ਆਨੰਦੁ ਸਦਾ ਗੁਰ ਤੇ ਕ੍ਰਿਪਾ ਕਰੇ ਪਿਆਰਿਆ ॥ ਕਰਿ ਕਿਰਪਾ ਕਿਲਵਿਖ ਕਟੇ ਗਿਆਨ ਅੰਜਨੁ ਸਾਰਿਆ ॥ ਅੰਦਰਹੁ ਜਿਨ ਕਾ ਮੋਹੁ ਤੁਟਾ ਤਿਨ ਕਾ ਸਬਦੁ ਸਚੈ ਸਵਾਰਿਆ ॥ ਕਹੈ ਨਾਨਕੁ ਏਹੁ ਅਨੰਦੁ ਹੈ ਆਨੰਦੁ ਗੁਰ ਤੇ ਜਾਣਿਆ ॥੭॥ ਬਾਬਾ ਜਿਸੁ ਤੂ ਦੇਹਿ ਸੋਈ ਜਨੁ ਪਾਵੈ ॥ ਪਾਵੈ ਤ ਸੋ ਜਨੁ ਦੇਹਿ ਜਿਸਨੋ ਹੋਰਿ ਕਿਆ ਕਰਹਿ ਵੇਚਾਰਿਆ ॥ ਇਕਿ ਭਰਮਿ ਭੂਲੇ ਫਿਰਹਿ ਦਹ ਦਿਸਿ ਇਕਿ ਨਾਮਿ ਲਾਗਿ ਸਵਾਰਿਆ ॥ ਗੁਰਪਰਸਾਦੀ ਮਨੁ ਭਇਆ ਨਿਰਮਲੁ ਜਿਨਾ ਭਾਣਾ ਭਾਵਏ ॥

ਕਹੈ ਨਾਨਕੁ ਜਿਸੁ ਦੇਹਿ ਪਿਆਰੇ ਸੋਈ ਜਨੁ ਪਾਵਏ ॥੮॥ ਆਵਹੁ ਸੰਤ ਪਿਆਰਿਹੋ ਅਕਥ ਕੀ ਕਰਹ ਕਹਾਣੀ ॥ ਕਰਹ ਕਹਾਣੀ ਅਕਥ ਕੇਰੀ ਕਿਤੁ ਦੁਆਰੈ ਪਾਈਐ ॥ ਤਨੁ ਮਨੁ ਧਨੁ ਸਭੁ ਸਉਪਿ ਗੁਰ ਕਉ ਹੁਕਮਿ ਮੰਨਿਐ ਪਾਈਐ ॥ ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ ਸਚੀ ਬਾਣੀ ॥ ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ ॥੯॥ ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ ॥ ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ ॥ ਏਹ ਮਾਇਆ ਮੋਹਣੀ ਜਿਨਿ ਏਤੁ ਭਰਮਿ ਭੁਲਾਇਆ ॥ ਮਾਇਆ ਤ ਮੋਹਣੀ ਤਿਨੈ ਕੀਤੀ ਜਿਨਿ ਠਗਉਲੀ ਪਾਈਆ ॥ ਕੁਰਬਾਣੁ ਕੀਤਾ ਤਿਸੈ ਵਿਟਹੁ ਜਿਨਿ ਮੋਹੁ ਮੀਠਾ ਲਾਇਆ ॥ ਕਹੈ ਨਾਨਕੁ ਮਨ ਚੰਚਲ ਚਤੁਰਾਈ ਕਿਨੈ ਨ ਪਾਇਆ ॥੧੦॥ ਏ ਮਨ ਪਿਆਰਿਆ ਤੂ ਸਦਾ ਸਚੁ ਸਮਾਲੇ ॥ ਏਹੁ ਕੁਟੰਬੁ ਤੂ ਜਿ ਦੇਖਦਾ ਚਲੈ ਨਾਹੀ ਤੇਰੈ ਨਾਲੇ ॥ ਸਾਥਿ ਤੇਰੈ ਚਲੈ ਨਾਹੀ ਤਿਸੁ ਨਾਲਿ ਕਿਉ ਚਿਤੁ ਲਾਈਐ ॥ ਐਸਾ ਕੰਮੁ ਮੂਲੇ ਨ ਕੀਚੈ ਜਿਤੁ ਅੰਤਿ ਪਛੋਤਾਈਐ ॥ ਸਤਿਗੁਰੂ ਕਾ ਉਪਦੇਸੁ ਸੁਣਿ ਤੂ ਹੋਵੈ ਤੇਰੈ ਨਾਲੇ ॥ ਕਹੈ ਨਾਨਕੁ ਮਨ ਪਿਆਰੇ ਤੂ ਸਦਾ ਸਚੁ ਸਮਾਲੇ ॥੧੧॥ ਅਗਮ ਅਗੋਚਰਾ ਤੇਰਾ ਅੰਤੁ ਨ ਪਾਇਆ ॥ ਅੰਤੋ ਨ ਪਾਇਆ ਕਿਨੈ ਤੇਰਾ ਆਪਣਾ ਆਪੁ ਤੂ ਜਾਣਹੇ ॥ ਜੀਅ ਜੰਤ ਸਭਿ ਖੇਲੁ ਤੇਰਾ ਕਿਆ ਕੋ ਆਖਿ ਵਖਾਣਏ ॥ ਆਖਹਿ ਤ ਵੇਖਹਿ ਸਭੁ ਤੂਹੈ ਜਿਨਿ ਜਗਤੁ ਉਪਾਇਆ ॥ ਕਹੈ ਨਾਨਕੁ ਤੂ ਸਦਾ ਅਗੰਮੁ ਹੈ ਤੇਰਾ ਅੰਤੁ ਨ ਪਾਇਆ ॥੧੨॥ ਸੁਰਿ ਨਰ ਮੁਨਿ ਜਨ ਅੰਮ੍ਰਿਤੁ ਖੋਜਦੇ ਸੁ ਅੰਮ੍ਰਿਤੁ ਗੁਰ ਤੇ ਪਾਇਆ ॥ ਪਾਇਆ ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ ਵਸਾਇਆ ॥ ਜੀਅ ਜੰਤ ਸਭਿ ਤੁਧੁ ਉਪਾਏ ਇਕਿ ਵੇਖਿ ਪਰਸਣਿ ਆਇਆ ॥ ਲਬੁ ਲੋਭੁ ਅਹੰਕਾਰੁ ਚੂਕਾ ਸਤਿਗੁਰੂ ਭਲਾ ਭਾਇਆ ॥ ਕਹੈ ਨਾਨਕੁ ਜਿਸ ਨੋ ਆਪਿ ਤੁਠਾ ਤਿਨਿ ਅੰਮ੍ਰਿਤੁ ਗੁਰ ਤੇ ਪਾਇਆ ॥੧੩॥ ਭਗਤਾ ਕੀ ਚਾਲ ਨਿਰਾਲੀ ॥ ਚਾਲਾ ਨਿਰਾਲੀ ਭਗਤਾਹ ਕੇਰੀ ਬਿਖਮ ਮਾਰਗਿ ਚਲਣਾ ॥ ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ ਬਹੁਤੁ ਨਾਹੀ ਬੋਲਣਾ ॥ ਖੰਨਿਅਹੁ ਤਿਖੀ ਵਾਲਹੁ ਨਿਕੀ ਏਤੁ ਮਾਰਗਿ ਜਾਣਾ ॥ ਗੁਰ ਪਰਸਾਦੀ ਜਿਨੀ ਆਪੁ ਤਜਿਆ ਹਰਿ ਵਾਸਨਾ ਸਮਾਣੀ ॥ ਕਹੈ ਨਾਨਕੁ ਚਾਲ ਭਗਤਾ ਜੁਗਹੁ ਜੁਗੁ ਨਿਰਾਲੀ ॥੧੪॥ ਜਿਉ ਤੂ ਚਲਾਇਹਿ ਤਿਵ ਚਲਹ ਸੁਆਮੀ ਹੋਰੁ ਕਿਆ ਜਾਣਾ ਗੁਣ ਤੇਰੇ ॥ ਜਿਵ ਤੂ ਚਲਾਇਹਿ ਤਿਵੈ ਚਲਹ ਜਿਨਾ ਮਾਰਗਿ ਪਾਵਹੇ ॥ ਕਰਿ ਕਿਰਪਾ ਜਿਨ ਨਾਮਿ ਲਾਇਹਿ ਸਿ ਹਰਿ ਹਰਿ ਸਦਾ ਧਿਆਵਹੇ ॥ ਜਿਸ ਨੋ ਕਥਾ ਸੁਣਾਇਹਿ ਆਪਣੀ ਸਿ ਗੁਰਦੁਆਰੈ ਸੁਖੁ ਪਾਵਹੇ ॥ ਕਹੈ ਨਾਨਕੁ ਸਚੇ ਸਾਹਿਬ ਜਿਉ ਭਾਵੈ ਤਿਵੈ ਚਲਾਵਹੇ ॥੧੫॥ ਏਹੁ ਸੋਹਿਲਾ ਸਬਦੁ ਸੁਹਾਵਾ ॥ ਸਬਦੋ ਸੁਹਾਵਾ ਸਦਾ ਸੋਹਿਲਾ ਸਤਿਗੁਰੂ ਸੁਣਾਇਆ ॥ ਏਹੁ ਤਿਨ ਕੈ ਮੰਨਿ ਵਸਿਆ ਜਿਨ ਧੁਰਹੁ ਲਿਖਿਆ ਆਇਆ ॥ ਇਕਿ ਫਿਰਹਿ ਘਨੇਰੇ ਕਰਹਿ ਗਲਾ ਗਲੀ ਕਿਨੈ ਨ ਪਾਇਆ ॥ ਕਹੈ ਨਾਨਕੁ ਸਬਦੁ ਸੋਹਿਲਾ ਸਤਿਗੁਰੂ ਸੁਣਾਇਆ ॥੧੬॥ ਪਵਿਤੁ ਹੋਏ ਸੇ ਜਨਾ ਜਿਨੀ ਹਰਿ ਧਿਆਇਆ ॥ ਹਰਿ ਧਿਆਇਆ ਪਵਿਤੁ ਹੋਏ ਗੁਰਮੁਖਿ ਜਿਨੀ ਧਿਆਇਆ ॥ ਪਵਿਤੁ ਮਾਤਾ ਪਿਤਾ ਕੁਟੰਬ ਸਹਿਤ ਸਿਉ ਪਵਿਤੁ

ਸੰਗਤਿ ਸਬਾਈਆ ॥ ਕਹਦੇ ਪਵਿਤੁ ਸੁਣਦੇ ਪਵਿਤੁ ਸੇ ਪਵਿਤੁ ਜਿਨੀ ਮੰਨਿ ਵਸਾਇਆ ॥ ਕਹੈ ਨਾਨਕੁ ਸੇ ਪਵਿਤੁ ਜਿਨੀ ਗੁਰਮੁਖਿ ਹਰਿ ਹਰਿ ਧਿਆਇਆ ॥੧੭॥ ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ ॥ ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ ॥ ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ ॥ ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ ॥ ਕਹੈ ਨਾਨਕੁ ਗੁਰ ਪਰਸਾਦੀ ਸਹਜੁ ਉਪਜੈ ਇਹੁ ਸਹਸਾ ਇਵ ਜਾਇ ॥੧੮॥ ਜੀਅਹੁ ਮੈਲੇ ਬਾਹਰਹੁ ਨਿਰਮਲ ॥ ਬਾਹਰਹੁ ਨਿਰਮਲ ਜੀਅਹੁ ਤ ਮੈਲੇ ਤਿਨੀ ਜਨਮੁ ਜੂਐ ਹਾਰਿਆ ॥ ਏਹ ਤਿਸਨਾ ਵਡਾ ਰੋਗੁ ਲਗਾ ਮਰਣੁ ਮਨਹੁ ਵਿਸਾਰਿਆ ॥ ਵੇਦਾ ਮਹਿ ਨਾਮੁ ਉਤਮੁ ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ ॥ ਕਹੈ ਨਾਨਕੁ ਜਿਨ ਸਚੁ ਤਜਿਆ ਕੂੜੇ ਲਾਗੇ ਤਿਨੀ ਜਨਮੁ ਜੂਐ ਹਾਰਿਆ ॥੧੯॥ ਜੀਅਹੁ ਨਿਰਮਲ ਬਾਹਰਹੁ ਨਿਰਮਲ ॥ ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ ॥ ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ ॥ ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ ॥ ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ ॥੨੦॥ ਜੇ ਕੋ ਸਿਖੁ ਗੁਰੂ ਸੇਤੀ ਸਨਮੁਖੁ ਹੋਵੈ ॥ ਹੋਵੈ ਤ ਸਨਮੁਖੁ ਸਿਖੁ ਕੋਈ ਜੀਅਹੁ ਰਹੈ ਗੁਰ ਨਾਲੇ ॥ ਗੁਰ ਕੇ ਚਰਨ ਹਿਰਦੈ ਧਿਆਏ ਅੰਤਰ ਆਤਮੈ ਸਮਾਲੇ ॥ ਆਪੁ ਛਡਿ ਸਦਾ ਰਹੈ ਪਰਣੈ ਗੁਰ ਬਿਨੁ ਅਵਰੁ ਨ ਜਾਣੈ ਕੋਏ ॥ ਕਹੈ ਨਾਨਕੁ ਸੁਣਹੁ ਸੰਤਹੁ ਸੋ ਸਿਖੁ ਸਨਮੁਖੁ ਹੋਏ ॥੨੧॥ ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ ਮੁਕਤਿ ਨ ਪਾਵੈ ॥ ਪਾਵੈ ਮੁਕਤਿ ਨ ਹੋਰ ਥੈ ਕੋਈ ਪੁਛਹੁ ਬਿਬੇਕੀਆ ਜਾਏ ॥ ਅਨੇਕ ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ ਨ ਪਾਏ ॥ ਫਿਰਿ ਮੁਕਤਿ ਪਾਏ ਲਾਗਿ ਚਰਣੀ ਸਤਿਗੁਰੂ ਸਬਦੁ ਸੁਣਾਏ ॥ ਕਹੈ ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ ਮੁਕਤਿ ਨ ਪਾਏ ॥੨੨॥ ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ ॥ ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ ॥ ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ ॥੨੩॥ ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ ॥ ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥ ਕਹਦੇ ਕਚੇ ਸੁਣਦੇ ਕਚੇ ਕਂਚੀ ਆਖਿ ਵਖਾਣੀ ॥ ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ ॥ ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ ॥ ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥੨੪॥ ਗੁਰ ਕਾ ਸਬਦੁ ਰਤੰਨੁ ਹੈ ਹੀਰੇ ਜਿਤੁ ਜੜਾਉ ॥ ਸਬਦੁ ਰਤਨੁ ਜਿਤੁ ਮੰਨੁ ਲਾਗਾ ਏਹੁ ਹੋਆ ਸਮਾਉ ॥ ਸਬਦ ਸੇਤੀ ਮਨੁ ਮਿਲਿਆ ਸਚੈ ਲਾਇਆ ਭਾਉ ॥ ਆਪੇ ਹੀਰਾ ਰਤਨੁ ਆਪੇ ਜਿਸ ਨੋ ਦੇਇ ਬੁਝਾਇ ॥ ਕਹੈ ਨਾਨਕੁ ਸਬਦੁ ਰਤਨੁ ਹੈ ਹੀਰਾ ਜਿਤੁ ਜੜਾਉ ॥੨੫॥ ਸਿਵ ਸਕਤਿ ਆਪਿ ਉਪਾਇ ਕੈ ਕਰਤਾ ਆਪੇ ਹੁਕਮੁ ਵਰਤਾਏ ॥ ਹੁਕਮੁ ਵਰਤਾਏ ਆਪਿ ਵੇਖੈ ਗੁਰਮੁਖਿ ਕਿਸੈ ਬੁਝਾਏ ॥ ਤੋੜੇ ਬੰਧਨ ਹੋਵੈ ਮੁਕਤੁ ਸਬਦੁ ਮੰਨਿ ਵਸਾਏ ॥

ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ ਏਕਸ ਸਿਉ ਲਿਵ ਲਾਏ ॥ ਕਹੈ ਨਾਨਕੁ ਆਪਿ ਕਰਤਾ ਆਪੇ ਹੁਕਮੁ ਬੁਝਾਏ ॥੨੬॥ ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ ॥ ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ ॥ ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ ॥ ਗੁਰ ਕਿਰਪਾ ਤੇ ਸੇ ਜਨ ਜਾਗੇ ਜਿਨਾ ਹਰਿ ਮਨਿ ਵਸਿਆ ਬੋਲਹਿ ਅੰਮ੍ਰਿਤ ਬਾਣੀ ॥ ਕਹੈ ਨਾਨਕੁ ਸੋ ਤਤੁ ਪਾਏ ਜਿਸ ਨੋ ਅਨਦਿਨੁ ਹਰਿ ਲਿਵ ਲਾਗੈ ਜਾਗਤ ਰੈਣਿ ਵਿਹਾਣੀ ॥੨੭॥ ਮਾਤਾ ਕੇ ਉਦਰ ਮਹਿ ਪ੍ਰਤਿਪਾਲ ਕਰੇ ਸੋ ਕਿਉ ਮਨਹੁ ਵਿਸਾਰੀਐ ॥ ਮਨਹੁ ਕਿਉ ਵਿਸਾਰੀਐ ਏਵਡੁ ਦਾਤਾ ਜਿ ਅਗਨਿ ਮਹਿ ਆਹਾਰੁ ਪਹੁਚਾਵਏ ॥ ਓਸ ਨੋ ਕਿਹੁ ਪੋਹਿ ਨ ਸਕੀ ਜਿਸ ਨਉ ਆਪਣੀ ਲਿਵ ਲਾਵਏ ॥ ਆਪਣੀ ਲਿਵ ਆਪੇ ਲਾਏ ਗੁਰਮੁਖਿ ਸਦਾ ਸਮਾਲੀਐ ॥ ਕਹੈ ਨਾਨਕੁ ਏਵਡੁ ਦਾਤਾ ਸੋ ਕਿਉ ਮਨਹੁ ਵਿਸਾਰੀਐ ॥੨੮॥ ਜੈਸੀ ਅਗਨਿ ਉਦਰ ਮਹਿ ਤੈਸੀ ਬਾਹਰਿ ਮਾਇਆ ॥ ਮਾਇਆ ਅਗਨਿ ਸਭ ਇਕੋ ਜੇਹੀ ਕਰਤੈ ਖੇਲੁ ਰਚਾਇਆ ॥ ਜਾ ਤਿਸੁ ਭਾਣਾ ਤਾ ਜੰਮਿਆ ਪਰਵਾਰਿ ਭਲਾ ਭਾਇਆ ॥ ਲਿਵ ਛੁੜਕੀ ਲਗੀ ਤ੍ਰਿਸਨਾ ਮਾਇਆ ਅਮਰੁ ਵਰਤਾਇਆ ॥ ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ ॥ ਕਹੈ ਨਾਨਕੁ ਗੁਰ ਪਰਸਾਦੀ ਜਿਨਾ ਲਿਵ ਲਾਗੀ ਤਿਨੀ ਵਿਚੇ ਮਾਇਆ ਪਾਇਆ ॥੨੯॥ ਹਰਿ ਆਪਿ ਅਮੁਲਕੁ ਹੈ ਮੁਲਿ ਨ ਪਾਇਆ ਜਾਇ ॥ ਮੁਲਿ ਨ ਪਾਇਆ ਜਾਇ ਕਿਸੈ ਵਿਟਹੁ ਰਹੇ ਲੋਕ ਵਿਲਲਾਇ ॥ ਐਸਾ ਸਤਿਗੁਰੁ ਜੇ ਮਿਲੈ ਤਿਸ ਨੋ ਸਿਰੁ ਸਉਪੀਐ ਵਿਚਹੁ ਆਪੁ ਜਾਇ ॥ ਜਿਸ ਦਾ ਜੀਉ ਤਿਸੁ ਮਿਲਿ ਰਹੈ ਹਰਿ ਵਸੈ ਮਨਿ ਆਇ ॥ ਹਰਿ ਆਪਿ ਅਮੁਲਕੁ ਹੈ ਭਾਗ ਤਿਨਾ ਕੇ ਨਾਨਕਾ ਜਿਨ ਹਰਿ ਪਲੈ ਪਾਇ ॥੩੦॥ ਹਰਿ ਰਾਸਿ ਮੇਰੀ ਮਨੁ ਵਣਜਾਰਾ ॥ ਹਰਿ ਰਾਸਿ ਮੇਰੀ ਮਨੁ ਵਣਜਾਰਾ ਸਤਿਗੁਰ ਤੇ ਰਾਸਿ ਜਾਣੀ ॥ ਹਰਿ ਹਰਿ ਨਿਤ ਜਪਿਹੁ ਜੀਅਹੁ ਲਾਹਾ ਖਟਿਹੁ ਦਿਹਾੜੀ ॥ ਏਹੁ ਧਨੁ ਤਿਨਾ ਮਿਲਿਆ ਜਿਨ ਹਰਿ ਆਪੇ ਭਾਣਾ ॥ ਕਹੈ ਨਾਨਕੁ ਹਰਿ ਰਾਸਿ ਮੇਰੀ ਮਨੁ ਹੋਆ ਵਣਜਾਰਾ ॥੩੧॥ ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ ॥ ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ ॥ ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ ॥ ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ ॥੩੨॥ ਏ ਸਰੀਰਾ ਮੇਰਿਆ ਹਰਿ ਤੁਮ ਮਹਿ ਜੋਤਿ ਰਖੀ ਤਾ ਤੂ ਜਗ ਮਹਿ ਆਇਆ ॥ ਹਰਿ ਜੋਤਿ ਰਖੀ ਤੁਧੁ ਵਿਚਿ ਤਾ ਤੂ ਜਗ ਮਹਿ ਆਇਆ ॥ ਹਰਿ ਆਪੇ ਮਾਤਾ ਆਪੇ ਪਿਤਾ ਜਿਨਿ ਜੀਉ ਉਪਾਇ ਜਗਤੁ ਦਿਖਾਇਆ ॥ ਗੁਰ ਪਰਸਾਦੀ ਬੁਝਿਆ ਤਾ ਚਲਤੁ ਹੋਆ ਚਲਤੁ ਨਦਰੀ ਆਇਆ ॥ ਕਹੈ ਨਾਨਕੁ ਸ੍ਰਿਸਟਿ ਕਾ ਮੂਲੁ ਰਚਿਆ ਜੋਤਿ ਰਾਖੀ ਤਾ ਤੂ ਜਗ ਮਹਿ ਆਇਆ ॥੩੩॥ ਮਨਿ ਚਾਉ ਭਇਆ ਪ੍ਰਭ ਆਗਮੁ ਸੁਣਿਆ ॥ ਹਰਿ ਮੰਗਲੁ ਗਾਉ ਸਖੀ ਗ੍ਰਿਹੁ ਮੰਦਰੁ ਬਣਿਆ ॥ ਹਰਿ ਗਾਉ ਮੰਗਲੁ ਨਿਤ ਸਖੀਏ ਸੋਗੁ ਦੂਖੁ ਨ ਵਿਆਪਏ ॥ ਗੁਰ ਚਰਨ

ਲਾਗੇ ਦਿਨ ਸਭਾਗੇ ਆਪਣਾ ਪਿਰੁ ਜਾਪਏ ॥ ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ ॥ ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ ਕਾਰਣ ਜੋਗੋ ॥੩੪॥ ਏ ਸਰੀਰਾ ਮੇਰਿਆ ਇਸੁ ਜਗ ਮਹਿ ਆਇ ਕੈ ਕਿਆ ਤੁਧੁ ਕਰਮ ਕਮਾਇਆ ॥ ਕਿ ਕਰਮ ਕਮਾਇਆ ਤੁਧੁ ਸਰੀਰਾ ਜਾ ਤੂ ਜਗ ਮਹਿ ਆਇਆ ॥ ਜਿਨਿ ਹਰਿ ਤੇਰਾ ਰਚਨੁ ਰਚਿਆ ਸੋ ਹਰਿ ਮਨਿ ਨ ਵਸਾਇਆ ॥ ਗੁਰ ਪਰਸਾਦੀ ਹਰਿ ਮੰਨਿ ਵਸਿਆ ਪੂਰਬਿ ਲਿਖਿਆ ਪਾਇਆ ॥ ਕਹੈ ਨਾਨਕੁ ਏਹੁ ਸਰੀਰੁ ਪਰਵਾਣੁ ਹੋਆ ਜਿਨਿ ਸਤਿਗੁਰ ਸਿਉ ਚਿਤੁ ਲਾਇਆ ॥੩੫॥ ਏ ਨੇਤ੍ਰਹੁ ਮੇਰਿਹੋ ਹਰਿ ਤੁਮ ਮਹਿ ਜੋਤਿ ਧਰੀ ਹਰਿ ਬਿਨੁ ਅਵਰੁ ਨ ਦੇਖਹੁ ਕੋਈ ॥ ਹਰਿ ਬਿਨੁ ਅਵਰੁ ਨ ਦੇਖਹੁ ਕੋਈ ਨਦਰੀ ਹਰਿ ਨਿਹਾਲਿਆ ॥ ਏਹੁ ਵਿਸੁ ਸੰਸਾਰੁ ਤੁਮ ਦੇਖਦੇ ਏਹੁ ਹਰਿ ਕਾ ਰੂਪੁ ਹੈ ਹਰਿ ਰੂਪੁ ਨਦਰੀ ਆਇਆ ॥ ਗੁਰ ਪਰਸਾਦੀ ਬੁਝਿਆ ਜਾ ਵੇਖਾ ਹਰਿ ਇਕੁ ਹੈ ਹਰਿ ਬਿਨੁ ਅਵਰੁ ਨ ਕੋਈ ॥ ਕਹੈ ਨਾਨਕੁ ਏਹਿ ਨੇਤ੍ਰ ਅੰਧ ਸੇ ਸਤਿਗੁਰਿ ਮਿਲਿਐ ਦਿਬ ਦ੍ਰਿਸਟਿ ਹੋਈ ॥੩੬॥ ਏ ਸ੍ਰਵਣਹੁ ਮੇਰਿਹੋ ਸਾਚੈ ਸੁਨਣੈ ਨੋ ਪਠਾਏ ॥ ਸਾਚੈ ਸੁਨਣੈ ਨੋ ਪਠਾਏ ਸਰੀਰਿ ਲਾਏ ਸੁਣਹੁ ਸਤਿ ਬਾਣੀ ॥ ਜਿਤੁ ਸੁਣੀ ਮਨੁ ਤਨੁ ਹਰਿਆ ਹੋਆ ਰਸਨਾ ਰਸਿ ਸਮਾਣੀ ॥ ਸਚੁ ਅਲਖ ਵਿਡਾਣੀ ਤਾ ਕੀ ਗਤਿ ਕਹੀ ਨ ਜਾਏ ॥ ਕਹੈ ਨਾਨਕੁ ਅੰਮ੍ਰਿਤ ਨਾਮੁ ਸੁਣਹੁ ਪਵਿਤ੍ਰ ਹੋਵਹੁ ਸਾਚੈ ਸੁਨਣੈ ਨੋ ਪਠਾਏ ॥੩੭॥ ਹਰਿ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ ॥ ਵਜਾਇਆ ਵਾਜਾ ਪਉਣ ਨਉ ਦੁਆਰੇ ਪਰਗਟੁ ਕੀਏ ਦਸਵਾ ਗੁਪਤੁ ਰਖਾਇਆ ॥ ਗੁਰਦੁਆਰੈ ਲਾਇ ਭਾਵਨੀ ਇਕਨਾ ਦਸਵਾ ਦੁਆਰੁ ਦਿਖਾਇਆ ॥ ਤਹ ਅਨੇਕ ਰੂਪ ਨਾਉ ਨਵ ਨਿਧਿ ਤਿਸ ਦਾ ਅੰਤੁ ਨ ਜਾਈ ਪਾਇਆ ॥ ਕਹੈ ਨਾਨਕੁ ਹਰਿ ਪਿਆਰੈ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ ॥੩੮॥ ਏਹੁ ਸਾਚਾ ਸੋਹਿਲਾ ਸਾਚੈ ਘਰਿ ਗਾਵਹੁ ॥ ਗਾਵਹੁ ਤ ਸੋਹਿਲਾ ਘਰਿ ਸਾਚੈ ਜਿਥੈ ਸਦਾ ਸਚੁ ਧਿਆਵਹੇ ॥ ਸਚੋ ਧਿਆਵਹਿ ਜਾ ਤੁਧੁ ਭਾਵਹਿ ਗੁਰਮੁਖਿ ਜਿਨਾ ਬੁਝਾਵਹੇ ॥ ਇਹੁ ਸਚੁ ਸਭਨਾ ਕਾ ਖਸਮੁ ਹੈ ਜਿਸੁ ਬਖਸੇ ਸੋ ਜਨੁ ਪਾਵਹੇ ॥ ਕਹੈ ਨਾਨਕੁ ਸਚੁ ਸੋਹਿਲਾ ਸਚੈ ਘਰਿ ਗਾਵਹੇ ॥੩੯॥ ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥

(੯੧੭-੨੨)

# ਸ਼ਬਦ ਹਜਾਰੇ

ਮਾਝ ਮਹਲਾ ੫ ਚਉਪਦੇ ਘਰੁ ੧ ॥ ਮੇਰਾ ਮਨ ਲੋਚੈ ਗੁਰ ਦਰਸਨ ਤਾਈ ॥ ਬਿਲਪ ਕਰੇ ਚਾਤ੍ਰਿਕ ਕੀ ਨਿਆਈ ॥ ਤ੍ਰਿਖਾ ਨ ਉਤਰੈ ਸਾਂਤਿ ਨ ਆਵੈ ਬਿਨੁ ਦਰਸਨ ਸੰਤ ਪਿਆਰੇ ਜੀਉ ॥੧॥ ਹਉ ਘੋਲੀ ਜੀਉ ਘੋਲਿ ਘੁਮਾਈ ਗੁਰ ਦਰਸਨ ਸੰਤ ਪਿਆਰੇ ਜੀਉ ॥੧॥ ਰਹਾਉ ॥ ਤੇਰਾ ਮੁਖੁ ਸੁਹਾਵਾ ਜੀਉ ਸਹਜ ਧੁਨਿ ਬਾਣੀ ॥ ਚਿਰੁ ਹੋਆ ਦੇਖੇ ਸਾਰਿੰਗਪਾਣੀ ॥ ਧੰਨੁ ਸੁ ਦੇਸੁ ਜਹਾ ਤੂੰ ਵਸਿਆ ਮੇਰੇ ਸਜਣ ਮੀਤ ਮੁਰਾਰੇ ਜੀਉ ॥੨॥ ਹਉ ਘੋਲੀ ਹਉ ਘੋਲਿ ਘੁਮਾਈ ਗੁਰ ਸਜਣ ਮੀਤ ਮੁਰਾਰੇ ਜੀਉ ॥੧॥ ਰਹਾਉ ॥ ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ ॥ ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ ॥ ਮੋਹਿ ਰੈਣਿ ਨ ਵਿਹਾਵੈ ਨੀਦ ਨ ਆਵੈ ਬਿਨੁ ਦੇਖੇ ਗੁਰ ਦਰਬਾਰੇ ਜੀਉ ॥੩॥ ਹਉ ਘੋਲੀ ਜੀਉ ਘੋਲਿ ਘੁਮਾਈ ਤਿਸੁ ਸਚੇ ਗੁਰ ਦਰਬਾਰੇ ਜੀਉ ॥੧॥ ਰਹਾਉ ॥ ਭਾਗੁ ਹੋਆ ਗੁਰਿ ਸੰਤੁ ਮਿਲਾਇਆ ॥ ਪ੍ਰਭੁ ਅਬਿਨਾਸੀ ਘਰ ਮਹਿ ਪਾਇਆ ॥ ਸੇਵ ਕਰੀ ਪਲੁ ਚਸਾ ਨ ਵਿਛੁੜਾ ਜਨ ਨਾਨਕ ਦਾਸ ਤੁਮਾਰੇ ਜੀਉ ॥੪॥ ਹਉ ਘੋਲੀ ਜੀਉ ਘੋਲਿ ਘੁਮਾਈ ਜਨ ਨਾਨਕ ਦਾਸ ਤੁਮਾਰੇ ਜੀਉ ॥ ਰਹਾਉ ॥੧॥੮॥ (੯੬)

ਧਨਾਸਰੀ ਮਹਲਾ ੧ ਘਰੁ ੧ ਚਉਪਦੇ

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਜੀਉ ਡਰਤੁ ਹੈ ਆਪਣਾ ਕੈ ਸਿਉ ਕਰੀ ਪੁਕਾਰ ॥ ਦੂਖ ਵਿਸਾਰਣੁ ਸੇਵਿਆ ਸਦਾ ਸਦਾ ਦਾਤਾਰੁ ॥੧॥ ਸਾਹਿਬੁ ਮੇਰਾ ਨੀਤ ਨਵਾ ਸਦਾ ਸਦਾ ਦਾਤਾਰੁ ॥੧॥ ਰਹਾਉ ॥ ਅਨਦਿਨੁ ਸਾਹਿਬੁ ਸੇਵੀਐ ਅੰਤਿ ਛਡਾਏ ਸੋਇ ॥ ਸੁਣਿ ਸੁਣਿ ਮੇਰੀ ਕਾਮਣੀ ਪਾਰਿ ਉਤਾਰਾ ਹੋਇ ॥੨॥ ਦਇਆਲ ਤੇਰੈ ਨਾਮਿ ਤਰਾ ॥ ਸਦ ਕੁਰਬਾਣੈ ਜਾਉ ॥੧॥ ਰਹਾਉ ॥ ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ ॥ ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ ॥੩॥ ਤੁਧੁ ਬਾਝੁ ਪਿਆਰੇ ਕੇਵ ਰਹਾ ॥ ਸਾ ਵਡਿਆਈ ਦੇਹਿ ਜਿਤੁ ਨਾਮਿ ਤੇਰੇ ਲਾਗਿ ਰਹਾਂ ॥ ਦੂਜਾ ਨਾਹੀ ਕੋਇ ਜਿਸੁ ਆਗੈ ਪਿਆਰੇ ਜਾਇ ਕਹਾ ॥੧॥ ਰਹਾਉ ॥ ਸੇਵੀ ਸਾਹਿਬੁ ਆਪਣਾ ਅਵਰੁ ਨ ਜਾਚੰਉ ਕੋਇ ॥ ਨਾਨਕੁ ਤਾ ਕਾ ਦਾਸੁ ਹੈ ਬਿੰਦ ਬਿੰਦ ਚੁਖ ਚੁਖ ਹੋਇ ॥੪॥ ਸਾਹਿਬ ਤੇਰੇ ਨਾਮ ਵਿਟਹੁ ਬਿੰਦ ਬਿੰਦ ਚੁਖ ਚੁਖ ਹੋਇ ॥੧॥ ਰਹਾਉ ॥੪॥੧॥ (੬੬੦)

ਤਿਲੰਗ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਇਹੁ ਤਨੁ ਮਾਇਆ ਪਾਹਿਆ ਪਿਆਰੇ ਲੀਤੜਾ ਲਬਿ ਰੰਗਾਏ ॥ ਮੇਰੈ ਕੰਤ ਨ ਭਾਵੈ ਚੋਲੜਾ ਪਿਆਰੇ ਕਿਉ ਧਨ ਸੇਜੈ ਜਾਏ ॥੧॥ ਹੰਉ ਕੁਰਬਾਨੈ ਜਾਉ ਮਿਹਰਵਾਨਾ ਹੰਉ ਕੁਰਬਾਨੈ ਜਾਉ ॥ ਹੰਉ ਕੁਰਬਾਨੈ ਜਾਉ ਤਿਨਾ ਕੈ ਲੈਨਿ ਜੋ ਤੇਰਾ ਨਾਉ ॥ ਲੈਨਿ ਜੋ ਤੇਰਾ ਨਾਉ ਤਿਨਾ ਕੈ ਹੰਉ ਸਦ ਕੁਰਬਾਨੈ ਜਾਉ ॥੧॥ ਰਹਾਉ ॥ ਕਾਇਆ ਰੰਙਣਿ ਜੇ ਥੀਐ ਪਿਆਰੇ ਪਾਈਐ ਨਾਉ ਮਜੀਠ ॥ ਰੰਙਣ ਵਾਲਾ ਜੇ ਰੰਙੈ ਸਾਹਿਬੁ ਐਸਾ ਰੰਗੁ ਨ ਡੀਠ ॥੨॥ ਜਿਨ ਕੇ ਚੋਲੇ ਰਤੜੇ ਪਿਆਰੇ ਕੰਤੁ ਤਿਨਾ ਕੈ ਪਾਸਿ ॥ ਧੂੜਿ ਤਿਨਾ ਕੀ ਜੇ ਮਿਲੈ ਜੀ ਕਹੁ ਨਾਨਕ ਕੀ ਅਰਦਾਸਿ ॥੩॥ ਆਪੇ ਸਾਜੇ ਆਪੇ ਰੰਗੇ ਆਪੇ ਨਦਰਿ ਕਰੇਇ ॥ ਨਾਨਕ ਕਾਮਣਿ ਕੰਤੈ ਭਾਵੈ ਆਪੇ ਹੀ ਰਾਵੇਇ ॥੪॥੧॥੩॥ ਤਿਲੰਗ ਮਃ ੧ ॥ ਇਆਨੜੀਏ ਮਾਨੜਾ ਕਾਇ ਕਰੇਹਿ ॥ ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ ॥ ਸਹੁ ਨੇੜੈ ਧਨ ਕੰਮਲੀਏ ਬਾਹਰੁ ਕਿਆ ਢੂਢੇਹਿ ॥ ਭੈ ਕੀਆ ਦੇਹਿ ਸਲਾਈਆ ਨੈਣੀ ਭਾਵ ਕਾ ਕਰਿ ਸੀਗਾਰੋ ॥ ਤਾ ਸੋਹਾਗਣਿ ਜਾਣੀਐ ਲਾਗੀ ਜਾ ਸਹੁ ਧਰੇ ਪਿਆਰੋ ॥੧॥ ਇਆਣੀ ਬਾਲੀ ਕਿਆ ਕਰੇ ਜਾ ਧਨ ਕੰਤ ਨ ਭਾਵੈ ॥ ਕਰਣ ਪਲਾਹ ਕਰੇ ਬਹੁਤੇਰੇ ਸਾ ਧਨ ਮਹਲੁ ਨ ਪਾਵੈ ॥ ਵਿਣੁ ਕਰਮਾ ਕਿਛੁ ਪਾਈਐ ਨਾਹੀ ਜੇ ਬਹੁਤੇਰਾ ਧਾਵੈ ॥ ਲਬ ਲੋਭ ਅਹੰਕਾਰ ਕੀ ਮਾਤੀ ਮਾਇਆ ਮਾਹਿ ਸਮਾਣੀ ॥ ਇਨੀ ਬਾਤੀ ਸਹੁ ਪਾਈਐ ਨਾਹੀ ਭਈ ਕਾਮਣਿ ਇਆਣੀ ॥੨॥ ਜਾਇ ਪੁਛਹੁ ਸੋਹਾਗਣੀ ਵਾਹੈ ਕਿਨੀ ਬਾਤੀ ਸਹੁ ਪਾਈਐ ॥ ਜੋ ਕਿਛੁ ਕਰੇ ਸੋ ਭਲਾ ਕਰਿ ਮਾਨੀਐ ਹਿਕਮਤਿ ਹੁਕਮੁ ਚੁਕਾਈਐ ॥ ਜਾ ਕੈ ਪ੍ਰੇਮਿ ਪਦਾਰਥੁ ਪਾਈਐ ਤਉ ਚਰਣੀ ਚਿਤੁ ਲਾਈਐ ॥ ਸਹੁ ਕਹੈ ਸੋ ਕੀਜੈ ਤਨੁ ਮਨੋ ਦੀਜੈ ਐਸਾ ਪਰਮਲੁ ਲਾਈਐ ॥ ਏਵ ਕਹਹਿ ਸੋਹਾਗਣੀ ਭੈਣੇ ਇਨੀ ਬਾਤੀ ਸਹੁ ਪਾਈਐ ॥੩॥ ਆਪੁ ਗਵਾਈਐ ਤਾ ਸਹੁ ਪਾਈਐ ਅਉਰੁ ਕੈਸੀ ਚਤੁਰਾਈ ॥ ਸਹੁ ਨਦਰਿ ਕਰਿ ਦੇਖੈ ਸੋ ਦਿਨੁ ਲੇਖੈ ਕਾਮਣਿ ਨਉ ਨਿਧਿ ਪਾਈ ॥ ਆਪਣੇ ਕੰਤ ਪਿਆਰੀ ਸਾ ਸੋਹਾਗਣਿ ਨਾਨਕ ਸਾ ਸਭਰਾਈ ॥ ਐਸੇ ਰੰਗਿ ਰਾਤੀ ਸਹਜ ਕੀ ਮਾਤੀ ਅਹਿਨਿਸਿ ਭਾਇ ਸਮਾਣੀ ॥ ਸੁੰਦਰਿ ਸਾਇ ਸਰੂਪ ਬਿਚਖਣਿ ਕਹੀਐ ਸਾ ਸਿਆਣੀ ॥੪॥੨॥੪॥ (੭੨੧-੨੨)

ਸੂਹੀ ਮਹਲਾ ੧ ॥ ਕਉਣ ਤਰਾਜੀ ਕਵਣੁ ਤੁਲਾ ਤੇਰਾ ਕਵਣੁ ਸਰਾਫੁ ਬੁਲਾਵਾ ॥ ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ ਕੈ ਪਹਿ ਮੁਲੁ ਕਰਾਵਾ ॥੧॥ ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ ॥ ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਤੂੰ ਆਪੇ ਸਰਬ ਸਮਾਣਾ ॥੧॥ ਰਹਾਉ ॥ ਮਨੁ ਤਾਰਾਜੀ ਚਿਤੁ ਤੁਲਾ ਤੇਰੀ ਸੇਵ ਸਰਾਫੁ ਕਮਾਵਾ ॥ ਘਟ ਹੀ ਭੀਤਰਿ ਸੋ ਸਹੁ ਤੋਲੀ ਇਨ ਬਿਧਿ ਚਿਤੁ ਰਹਾਵਾ ॥੨॥ ਆਪੇ ਕੰਡਾ ਤੋਲੁ ਤਰਾਜੀ ਆਪੇ ਤੋਲਣਹਾਰਾ ॥ ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ ॥੩॥ ਅੰਧੁਲਾ ਨੀਚ ਜਾਤਿ ਪਰਦੇਸੀ ਖਿਨੁ ਆਵੈ ਤਿਲੁ ਜਾਵੈ ॥ ਤਾ ਕੀ ਸੰਗਤਿ ਨਾਨਕੁ ਰਹਦਾ ਕਉ ਕਰਿ ਮੂੜਾ ਪਾਵੈ ॥੪॥ ੨॥੯॥ (੭੩੦)

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧ ॥ ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥੧॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥੨॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥੩॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ ॥੪॥੧॥ ਬਿਲਾਵਲੁ ਮਹਲਾ ੧ ॥ ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ ॥ ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ ॥੧॥ ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥ ਕਉਣੁ ਜਾਣੈ ਪੀਰ ਪਰਾਈ ॥ ਹਮ ਨਾਹੀ ਚਿੰਤ ਪਰਾਈ ॥੧॥ ਰਹਾਉ ॥ ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਹੁ ਹਮਾਰੀ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਹਾਰੀ ॥੨॥ ਸਿਖ ਮਤਿ ਸਭ ਬੁਧਿ ਤੁਮ੍ਹਾਰੀ ਮੰਦਿਰ ਛਾਵਾ ਤੇਰੇ ॥ ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ ॥੩॥ ਜੀਅ ਜੰਤ ਸਭਿ ਸਰਣਿ ਤੁਮ੍ਹਾਰੀ ਸਰਬ ਚਿੰਤ ਤੁਧੁ ਪਾਸੇ ॥ ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ ॥੪॥੨॥

(੭੯੫)

# ਬਾਰਹ ਮਾਹਾ ਮਾਂਝ

ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪ ॥ ੴ ਸਤਿਗੁਰ ਪ੍ਰਸਾਦਿ ॥

ਕਿਰਤਿ ਕਰਮ ਕੇ ਵੀਛੁੜੇ ਕਰਿ ਕਿਰਪਾ ਮੇਲਹੁ ਰਾਮ ॥ ਚਾਰਿ ਕੁੰਟ ਦਹ ਦਿਸ ਭ੍ਰਮੇ ਥਕਿ ਆਏ ਪ੍ਰਭ ਕੀ ਸਾਮ ॥ ਧੇਨੁ ਦੁਧੈ ਤੇ ਬਾਹਰੀ ਕਿਤੈ ਨ ਆਵੈ ਕਾਮ ॥ ਜਲ ਬਿਨੁ ਸਾਖ ਕੁਮਲਾਵਤੀ ਉਪਜਹਿ ਨਾਹੀ ਦਾਮ ॥ ਹਰਿ ਨਾਹ ਨ ਮਿਲੀਐ ਸਾਜਨੈ ਕਤ ਪਾਈਐ ਬਿਸਰਾਮ ॥ ਜਿਤੁ ਘਰਿ ਹਰਿ ਕੰਤੁ ਨ ਪ੍ਰਗਟਈ ਭਠਿ ਨਗਰ ਸੇ ਗ੍ਰਾਮ ॥ ਸ੍ਰਬ ਸੀਗਾਰ ਤੰਬੋਲ ਰਸ ਸਣੁ ਦੇਹੀ ਸਭ ਖਾਮ ॥ ਪ੍ਰਭ ਸੁਆਮੀ ਕੰਤ ਵਿਹੂਣੀਆ ਮੀਤ ਸਜਣ ਸਭਿ ਜਾਮ ॥ ਨਾਨਕ ਕੀ ਬੇਨੰਤੀਆ ਕਰਿ ਕਿਰਪਾ ਦੀਜੈ ਨਾਮੁ ॥ ਹਰਿ ਮੇਲਹੁ ਸੁਆਮੀ ਸੰਗਿ ਪ੍ਰਭ ਜਿਸ ਕਾ ਨਿਹਚਲ ਧਾਮ ॥੧॥ ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ ॥ ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ ॥ ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ ॥ ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ ॥ ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ ॥ ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ ॥ ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ ॥ ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ ॥ ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ ॥੨॥ ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ ॥ ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ ॥ ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ ॥ ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ ॥ ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ ॥ ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ ॥ ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ ॥ ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ ॥ ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ ॥੩॥ ਹਰਿ ਜੇਠਿ ਜੁੜੰਦਾ ਲੋੜੀਐ ਜਿਸੁ ਅਗੈ ਸਭਿ ਨਿਵੰਨਿ ॥ ਹਰਿ ਸਜਣ ਦਾਵਣਿ ਲਗਿਆ ਕਿਸੈ ਨ ਦੇਈ ਬੰਨਿ ॥ ਮਾਣਕ ਮੋਤੀ ਨਾਮੁ ਪ੍ਰਭ ਉਨ ਲਗੈ ਨਾਹੀ ਸੰਨਿ ॥ ਰੰਗ ਸਭੇ ਨਾਰਾਇਣੈ ਜੇਤੇ ਮਨਿ ਭਾਵੰਨਿ ॥ ਜੋ ਹਰਿ ਲੋੜੇ ਸੋ ਕਰੇ ਸੋਈ ਜੀਅ ਕਰੰਨਿ ॥ ਜੋ ਪ੍ਰਭਿ ਕੀਤੇ ਆਪਣੇ ਸੇਇ ਕਹੀਅਹਿ ਧੰਨਿ ॥ ਆਪਣ ਲੀਆ ਜੇ ਮਿਲੈ ਵਿਛੁੜਿ ਕਿਉ ਰੋਵੰਨਿ ॥ ਸਾਧੂ ਸੰਗੁ ਪਰਾਪਤੇ ਨਾਨਕ ਰੰਗ ਮਾਣੰਨਿ ॥ ਹਰਿ ਜੇਠੁ ਰੰਗੀਲਾ ਤਿਸੁ ਧਣੀ ਜਿਸ ਕੈ ਭਾਗੁ ਮਥੰਨਿ ॥੪॥ ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ ॥ ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ ॥ ਦੁਯੈ ਭਾਇ ਵਿਗੁਚੀਐ ਗਲਿ ਪਈਸੁ ਜਮ ਕੀ ਫਾਸ ॥ ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ ॥ ਰੈਣਿ ਵਿਹਾਣੀ ਪਛੁਤਾਣੀ ਉਠਿ ਚਲੀ

ਗਈ ਨਿਰਾਸ ॥ ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ ॥ ਕਰਿ ਕਿਰਪਾ ਪ੍ਰਭ ਆਪਣੀ ਤੇਰੇ ਦਰਸਨ ਹੋਇ ਪਿਆਸ ॥ ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ ॥ ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ ॥੫॥ ਸਾਵਣਿ ਸਰਸੀ ਕਾਮਣੀ ਚਰਨ ਕਮਲ ਸਿਉ ਪਿਆਰੁ ॥ ਮਨੁ ਤਨੁ ਰਤਾ ਸਚ ਰੰਗਿ ਇਕੋ ਨਾਮੁ ਅਧਾਰੁ ॥ ਬਿਖਿਆ ਰੰਗ ਕੂੜਾਵਿਆ ਦਿਸਨਿ ਸਭੇ ਛਾਰੁ ॥ ਹਰਿ ਅੰਮ੍ਰਿਤ ਬੂੰਦ ਸੁਹਾਵਣੀ ਮਿਲਿ ਸਾਧੂ ਪੀਵਣਹਾਰੁ ॥ ਵਣੁ ਤਿਣੁ ਪ੍ਰਭ ਸੰਗਿ ਮਉਲਿਆ ਸੰਮ੍ਰਥ ਪੁਰਖ ਅਪਾਰੁ ॥ ਹਰਿ ਮਿਲਣੈ ਨੋ ਮਨੁ ਲੋਚਦਾ ਕਰਮਿ ਮਿਲਾਵਣਹਾਰੁ ॥ ਜਿਨੀ ਸਖੀਏ ਪ੍ਰਭੁ ਪਾਇਆ ਹੰਉ ਤਿਨ ਕੈ ਸਦ ਬਲਿਹਾਰ ॥ ਨਾਨਕ ਹਰਿ ਜੀ ਮਇਆ ਕਰਿ ਸਬਦਿ ਸਵਾਰਣਹਾਰੁ ॥ ਸਾਵਣੁ ਤਿਨਾ ਸੁਹਾਗਣੀ ਜਿਨ ਰਾਮ ਨਾਮੁ ਉਰਿ ਹਾਰੁ ॥੬॥ ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ ॥ ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ ॥ ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ ॥ ਪਕੜਿ ਚਲਾਇਨਿ ਦੂਤ ਜਮ ਕਿਸੈ ਨ ਦੇਨੀ ਭੇਤੁ ॥ ਛਡਿ ਖੜੋਤੇ ਖਿਨੈ ਮਾਹਿ ਜਿਨ ਸਿਉ ਲਗਾ ਹੇਤੁ ॥ ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ ॥ ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ ॥ ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ ॥ ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ ॥੭॥ ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ ॥ ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ ॥ ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ ॥ ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ ॥ ਜਿੰਨ੍ਹੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ ॥ ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ ॥ ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ ॥ ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ ॥ ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ ॥੮॥ ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ ॥ ਪਰਮੇਸਰ ਤੇ ਭੁਲਿਆਂ ਵਿਆਪਨਿ ਸਭੇ ਰੋਗ ॥ ਵੇਮੁਖ ਹੋਏ ਰਾਮ ਤੇ ਲਗਨਿ ਜਨਮ ਵਿਜੋਗ ॥ ਖਿਨ ਮਹਿ ਕਉੜੇ ਹੋਇ ਗਏ ਜਿਤੜੇ ਮਾਇਆ ਭੋਗ ॥ ਵਿਚ ਨ ਕੋਈ ਕਰਿ ਸਕੈ ਕਿਸ ਥੈ ਰੋਵਹਿ ਰੋਜ ॥ ਕੀਤਾ ਕਿਛੂ ਨ ਹੋਵਈ ਲਿਖਿਆ ਧੁਰਿ ਸੰਜੋਗ ॥ ਵਡਭਾਗੀ ਮੇਰਾ ਪ੍ਰਭ ਮਿਲੈ ਤਾਂ ਉਤਰਹਿ ਸਭਿ ਬਿਓਗ ॥ ਨਾਨਕ ਕਉ ਪ੍ਰਭ ਰਾਖਿ ਲੇਹਿ ਮੇਰੇ ਸਾਹਿਬ ਬੰਦੀ ਮੋਚ ॥ ਕਤਿਕ ਹੋਵੈ ਸਾਧਸੰਗੁ ਬਿਨਸਹਿ ਸਭੇ ਸੋਚ ॥੯॥ ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ ॥ ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ ॥ ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ ॥ ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ ॥ ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ ॥ ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ ॥ ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ ॥ ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ ॥ ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ

ਜਨਮੜੀਆਹ ॥੧੦॥ ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥ ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥ ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥ ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥ ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥ ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥ ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥ ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥ ਪੋਖੁ ਸੋੁਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥ ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥ ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥ ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ ॥ ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ ॥ ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥ ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥ ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥ ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥ ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥ ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ ॥ ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ ॥ ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ ॥ ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ ॥ ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ ॥ ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ ॥ ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ ॥ ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ ॥ ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ ॥ ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ ॥੧੩॥ ਜਿਨਿ ਜਿਨਿ ਨਾਮੁ ਧਿਆਇਆ ਤਿਨ ਕੇ ਕਾਜ ਸਰੇ ॥ ਹਰਿ ਗੁਰੁ ਪੂਰਾ ਆਰਾਧਿਆ ਦਰਗਹ ਸਚਿ ਖਰੇ ॥ ਸਰਬ ਸੁਖਾ ਨਿਧਿ ਚਰਣ ਹਰਿ ਭਉਜਲੁ ਬਿਖਮੁ ਤਰੇ ॥ ਪ੍ਰੇਮ ਭਗਤਿ ਤਿਨ ਪਾਈਆ ਬਿਖਿਆ ਨਾਹਿ ਜਰੇ ॥ ਕੂੜ ਗਏ ਦੁਬਿਧਾ ਨਸੀ ਪੂਰਨ ਸਚਿ ਭਰੇ ॥ ਪਾਰਬ੍ਰਹਮੁ ਪ੍ਰਭੁ ਸੇਵਦੇ ਮਨ ਅੰਦਰਿ ਏਕੁ ਧਰੇ ॥ ਮਾਹ ਦਿਵਸ ਮੂਰਤ ਭਲੇ ਜਿਸ ਕਉ ਨਦਰਿ ਕਰੇ ॥ ਨਾਨਕੁ ਮੰਗੈ ਦਰਸ ਦਾਨੁ ਕਿਰਪਾ ਕਰਹੁ ਹਰੇ ॥੧੪॥੧॥

(੧੩੩-੩੬)

# ਸ਼ਬਦ ਹਜ਼ਾਰੇ ਪਾਤਸ਼ਾਹੀ ੧੦ ॥

ੴ ਸਤਿਗੁਰ ਪ੍ਰਸਾਦਿ ॥ ਰਾਮਕਲੀ ਪਾਤਿਸਾਹੀ ੧੦ ॥ ਰੇ ਮਨ ਐਸੋ ਕਰਿ ਸੰਨਿਆਸਾ ॥ ਬਨ ਸੇ ਸਦਨ ਸਬੈ ਕਰਿ ਸਮਝਹੁ ਮਨ ਹੀ ਮਾਹਿ ਉਦਾਸਾ ॥੧॥ ਰਹਾਉ ॥ ਜਤ ਕੀ ਜਟਾ ਜੋਗ ਕੋ ਮੱਜਨੁ ਨੇਮ ਕੇ ਨਖਨ ਬਢਾਓ ॥ ਗਿਆਨ ਗੁਰੂ ਆਤਮ ਉਪਦੇਸਹੁ ਨਾਮ ਬਿਭੂਤ ਲਗਾਓ ॥੧॥ ਅਲਪ ਅਹਾਰ ਸੁਲਪ ਸੀ ਨਿੰਦ੍ਰਾ ਦਯਾ ਛਿਮਾ ਤਨ ਪ੍ਰੀਤਿ ॥ ਸੀਲ ਸੰਤੋਖ ਸਦਾ ਨਿਰਬਾਹਿਬੋ ਹ੍ਵੈਬੋ ਤ੍ਰਿਗੁਣ ਅਤੀਤਿ ॥੨॥ ਕਾਮ ਕ੍ਰੋਧ ਹੰਕਾਰ ਲੋਭ ਹਠ ਮੋਹ ਨ ਮਨ ਸਿਉ ਲਯਾਵੈ ॥ ਤਬ ਹੀ ਆਤਮ ਤਤ ਕੋ ਦਰਸੇ ਪਰਮ ਪੁਰਖ ਕਹ ਪਾਵੈ ॥੩॥੧॥ ਰਾਮਕਲੀ ਪਾਤਿਸਾਹੀ ੧੦ ॥ ਰੇ ਮਨ ਇਹ ਬਿਧਿ ਜੋਗੁ ਕਮਾਓ ॥ ਸਿੰਙੀ ਸਾਚ ਅਕਪਟ ਕੰਠਲਾ ਧਿਆਨ ਬਿਭੂਤ ਚੜ੍ਹਾਓ ॥੧॥ ਰਹਾਉ ॥ ਤਾਤੀ ਗਹੁ ਆਤਮ ਬਸਿ ਕਰ ਕੀ ਭਿੱਛਾ ਨਾਮ ਅਧਾਰੰ ॥ ਬਾਜੇ ਪਰਮ ਤਾਰ ਤਤੁ ਹਰਿ ਕੋ ਉਪਜੈ ਰਾਗ ਰਸਾਰੰ ॥੧॥ ਉਘਟੈ ਤਾਨ ਤਰੰਗ ਰੰਗਿ ਅਤਿ ਗਿਆਨ ਗੀਤ ਬੰਧਾਨੰ ॥ ਚਕਿ ਚਕਿ ਰਹੇ ਦੇਵ ਦਾਨਵ ਮੁਨਿ ਛਕਿ ਛਕਿ ਬਯੋਮ ਬਿਵਾਨੰ ॥੨॥ ਆਤਮ ਉਪਦੇਸ ਭੇਸੁ ਸੰਜਮ ਕੋ ਜਾਪ ਸੁ ਅਜਪਾ ਜਾਪੇ ॥ ਸਦਾ ਰਹੈ ਕੰਚਨ ਸੀ ਕਾਯਾ ਕਾਲ ਨ ਕਬਹੂੰ ਬਯਾਪੇ ॥੩॥੨॥ ਰਾਮਕਲੀ ਪਾਤਿਸਾਹੀ ੧੦ ॥ ਪ੍ਰਾਨੀ ਪਰਮ ਪੁਰਖ ਪਗ ਲਾਗੋ ॥ ਸੋਵਤ ਕਹਾ ਮੋਹ ਨਿੰਦ੍ਰਾ ਮੈ ਕਬਹੂੰ ਸੁਚਿਤ ਹ੍ਵੈ ਜਾਗੋ ॥੧॥ ਰਹਾਉ ॥ ਔਰਨ ਕਹ ਉਪਦੇਸਤ ਹੈ ਪਸੁ ਤੋਹਿ ਪਰਬੋਧ ਨ ਲਾਗੋ ॥ ਸਿੰਚਤ ਕਹਾ ਪਰੇ ਬਿਖਿਯਨ ਕਹ ਕਬਹੁ ਬਿਖੈ ਰਸ ਤਯਾਗੋ ॥੧॥ ਕੇਵਲ ਕਰਮ ਭਰਮ ਸੇ ਚੀਨਹੁ ਧਰਮ ਕਰਮ ਅਨੁਰਾਗੋ ॥ ਸੰਗ੍ਰਹ ਕਰੋ ਸਦਾ ਸਿਮਰਨ ਕੋ ਪਰਮ ਪਾਪ ਤਜਿ ਭਾਗੋ ॥੨॥ ਜਾਂ ਤੇ ਦੂਖ ਪਾਪ ਨਹਿ ਭੇਟੈ ਕਾਲ ਜਾਲ ਤੇ ਤਾਗੋ ॥ ਜੌ ਸੁਖ ਚਾਹੋ ਸਦਾ ਸਭਨ ਕੌ ਤੌ ਹਰਿ ਕੇ ਰਸ ਪਾਗੋ ॥੩॥੩॥ ਰਾਗੁ ਸੋਰਠਿ ਪਾਤਿਸਾਹੀ ੧੦ ॥ ਪ੍ਰਭ ਜੂ ਤੋ ਕਹਿ ਲਾਜ ਹਮਾਰੀ ॥ ਨੀਲਕੰਠ ਨਰਹਰਿ ਨਾਰਾਇਣ ਨੀਲ ਬਸਨ ਬਨਵਾਰੀ ॥੧॥ ਰਹਾਉ ॥ ਪਰਮ ਪੁਰਖ ਪਰਮੇਸੁਰ ਸੁਆਮੀ ਪਾਵਨ ਪਉਨ ਅਹਾਰੀ ॥ ਮਾਧਵ ਮਹਾ ਜੋਤਿ ਮਧੁ ਮਰਦਨ ਮਾਨ ਮੁਕੰਦ ਮੁਰਾਰੀ ॥੧॥ ਨਿਰਬਿਕਾਰ ਨਿਰਜੁਰ ਨਿੰਦ੍ਰਾ ਬਿਨੁ ਨਿਰਬਿਖ ਨਰਕ ਨਿਵਾਰੀ ॥ ਕ੍ਰਿਪਾ ਸਿੰਧ ਕਾਲ ਤ੍ਰੈ ਦਰਸੀ ਕੁਕ੍ਰਿਤ ਪ੍ਰਨਾਸਨਕਾਰੀ ॥੨॥ ਧਨੁਰਪਾਨ ਧ੍ਰਿਤਮਾਨ ਧਰਾਧਰ ਅਨਿ ਬਿਕਾਰ ਅਸਿਧਾਰੀ ॥ ਹੌ ਮਤਿਮੰਦ ਚਰਨ ਸਰਨਾਗਤਿ ਕਰ ਗਹਿ ਲੇਹੁ ਉਬਾਰੀ ॥੩॥੪॥ ਰਾਗੁ ਕਲਿਆਣ ਪਾਤਿਸਾਹੀ ੧੦ ॥ ਬਿਨੁ ਕਰਤਾਰ ਨ ਕਿਰਤਮ ਮਾਨੋ ॥ ਆਦਿ ਅਜੋਨਿ ਅਜੈ ਅਬਿਨਾਸੀ ਤਿਹ ਪਰਮੇਸਰ ਜਾਨੋ ॥੧॥ ਰਹਾਉ ॥ ਕਹਾ ਭਯੋ ਜੋ ਆਨਿ ਜਗਤ ਮੈ ਦਸਕੁ ਅਸੁਰ ਹਰਿ ਘਾਏ ॥ ਅਧਿਕ ਪਰਪੰਚ ਦਿਖਾਇ ਸਭਨ ਕਹ ਆਪਹਿ ਬ੍ਰਹਮੁ ਕਹਾਏ ॥੧॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਸੋ ਕਿਮ ਜਾਤਿ ਗਿਨਾਯੋ ॥ ਤਾ ਤੇ ਸਰਬ ਕਾਲ ਕੇ ਅਸਿ ਕੋ

ਘਾਇ ਬਚਾਇ ਨ ਆਯੋ ॥੨॥ ਕੈਸੇ ਤੋਹਿ ਤਾਰਿ ਹੈ ਸੁਨਿ ਜੜ ਅਪ ਡੁਬਿਜੋ ਭਵ ਸਾਗਰ ॥ ਛੁਟਿਹੋ  ਕਾਲ ਫਾਸ ਤੇ ਤਬ ਹੀ ਗਹੋ ਸਰਨਿ ਜਗਤਾਗਰ ॥੩॥੫॥ ਖਿਆਲ ਪਾਤਿਸਾਹੀ ੧੦ ॥ ਮਿਤ੍ਰ ਪਿਆਰੇ ਨੂੰ ਹਾਲੁ ਮੁਰੀਦਾਂ ਦਾ ਕਹਣਾ ॥ ਤੁਧੁ ਬਿਨੁ ਰੋਗੁ ਰਜਾਈਆ ਦਾ ਓਢਣ ਨਾਗ ਨਿਵਾਸਾ ਦਾ ਰਹਣਾ ॥ ਸੂਲ ਸੁਰਾਹੀ ਖੰਜਰੁ ਪਿਆਲਾ ਬਿੰਗ ਕਸਾਈਆ ਦਾ ਸਹਣਾ ॥ ਯਾਰੜੇ ਦਾ ਸਾਨੂੰ ਸਥਰੁ ਚੰਗਾ ਭੱਠ ਖੇੜਿਆ ਦਾ ਰਹਣਾ ॥੧॥੬॥ ਤਿਲੰਗ ਕਾਫੀ ਪਾਤਿਸਾਹੀ ੧੦ ॥ ਕੇਵਲ ਕਾਲਈ ਕਰਤਾਰ ॥ ਆਦਿ ਅੰਤ ਅਨੰਤਿ ਮੂਰਤਿ ਗੜ੍ਹਨ ਭੰਜਨਹਾਰ ॥੧॥ ਰਹਾਉ ॥ ਨਿੰਦ ਉਸਤਤ ਜਉਨ ਕੇ ਸਮ ਸੱਤ੍ਰ ਮਿਤ੍ਰ ਨ ਕੋਇ ॥ ਕਉਨ ਬਾਟ ਪਰੀ ਤਿਸੈ ਪਥ ਸਾਰਥੀ ਰਥ ਹੋਇ ॥੧॥ ਤਾਤ ਮਾਤ ਨ ਜਾਤ ਜਾਕਰ ਪੁਤ੍ਰ ਪੌਤ੍ਰ ਮੁਕੰਦ ॥ ਕਉਨ ਕਾਜ ਕਹਾਹਿਗੇ ਤੇ ਆਨਿ ਦੇਵਕਿ ਨੰਦ ॥੨॥ ਦੇਵ ਦੈਤ ਦਿਸਾ ਵਿਸਾ ਜਿਹ ਕੀਨ ਸਰਬ ਪਸਾਰ ॥ ਕਉਨ ਉਪਮਾ ਤੌਨ ਕੋ ਮੁਖ ਲੇਤ ਨਾਮੁ ਮੁਰਾਰ ॥੩॥੭॥ ਰਾਗੁ ਬਿਲਾਵਲ ਪਾਤਸਾਹੀ ੧੦ ॥ ਸੋ ਕਿਮ ਮਾਨਸ ਰੂਪ ਕਹਾਏ ॥ ਸਿੱਧ ਸਮਾਧ ਸਾਧ ਕਰ ਹਾਰੇ ਕਜੋ ਹੂੰ ਨ ਦੇਖਨ ਪਾਏ ॥੧॥ ਰਹਾਉ ॥ ਨਾਰਦ ਬਿਆਸ ਪਰਾਸਰ ਧ੍ਰੂਅ ਸੇ ਧਿਆਵਤ ਧਿਆਨ ਲਗਾਏ ॥ ਬੇਦ ਪੁਰਾਨ ਹਾਰ ਹਠ ਛਾਡਿਓ ਤਦਪਿ ਧਿਆਨ ਨ ਆਏ ॥੧॥ ਦਾਨਵ ਦੇਵ ਪਿਸਾਚ ਪ੍ਰੇਤ ਤੇ ਨੇਤਹ ਨੇਤ ਕਹਾਏ ॥ ਸੂਛਮ ਤੇ ਸੂਛਮ ਕਰ ਚੀਨੇ ਬ੍ਰਿਧਨ ਬ੍ਰਿਧ ਬਤਾਏ ॥੨॥ ਭੂਮ ਅਕਾਸ ਪਤਾਲ ਸਭੈ ਸਜਿ ਏਕ ਅਨੇਕ ਸਦਾਏ ॥ ਸੋ ਨਰ ਕਾਲ ਫਾਸ ਤੇ ਬਾਚੇ ਜੋ ਹਰਿ ਸਰਣ ਸਿਧਾਏ ॥੩॥੮॥ ਰਾਗੁ ਦੇਵਗੰਧਾਰੀ ਪਾਤਿਸਾਹੀ ੧੦ ॥ ਇਕ ਬਿਨ ਦੂਸਰ ਸੋ ਨ ਚਿਨਾਰ ॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਜਾਨਤ ਹੈ ਕਰਤਾਰ ॥ ਰਹਾਉ ॥ ਕਹਾ ਭਇਓ ਜੋ ਅਤਿ ਹਿਤ ਚਿਤ ਕਰ ਬਹੁ ਬਿਧ ਸਿਲਾ ਪੁਜਾਈ ॥ ਪ੍ਰਾਨ ਥਕਿਓ ਪਾਹਿਨ ਕਹ ਪਰਸਤ ਕਛੁ ਕਰ ਸਿੱਧ ਨ ਆਈ ॥੧॥ ਅੱਛਤ ਧੂਪ ਦੀਪ ਅਰਪਤ ਹੈ ਪਾਹਨ ਕਛੂ ਨ ਖੈ ਹੈ ॥ ਤਾ ਮੈ ਕਹਾ ਸਿੱਧ ਹੈ ਰੇ ਜੜ ਤੋਹਿ ਕਛੂ ਬਰ ਦੈ ਹੈ ॥੨॥ ਜੌ ਜੀਯ ਹੋਤ ਤੌ ਦੇਤ ਕਛੁ ਤੁਹਿ ਕਰ ਮਨ ਬਚ ਕਰਮ ਬਿਚਾਰ ॥ ਕੇਵਲ ਏਕ ਸਰਣ ਸੁਆਮੀ ਬਿਨ ਯੌ ਨਹਿ ਕਤਹਿ ਉਧਾਰ ॥੩॥੯॥ ਰਾਗੁ ਦੇਵਗੰਧਾਰੀ ਪਾਤਿਸਾਹੀ ੧੦ ॥ ਬਿਨ ਹਰਿ ਨਾਮ ਨ ਬਾਚਨ ਪੈ ਹੈ ॥ ਚੌਦਹ ਲੋਕ ਜਾਹਿ ਬਸਿ ਕੀਨੇ ਤਾ ਤੇ ਕਹਾਂ ਪਲੈ ਹੈ ॥੧॥ ਰਹਾਉ ॥ ਰਾਮ ਰਹੀਮ ਉਬਾਰ ਨ ਸਕ ਹੈ ਜਾਕਰ ਨਾਮ ਰਟੈ ਹੈ ॥ ਬ੍ਰਹਮਾ ਬਿਸਨ ਰੁਦ੍ਰ ਸੂਰਜ ਸਸਿ ਤੇ ਬਸਿ ਕਾਲ ਸਬੈ ਹੈ ॥੧॥ ਬੇਦ ਪੁਰਾਨ ਕੁਰਾਨ ਸਬੈ ਮਤ ਜਾਕਹ ਨੇਤ ਕਹੈ ਹੈ ॥ ਇੰਦ੍ਰ ਫਨਿੰਦ੍ਰ ਮੁਨਿੰਦ੍ਰ ਕਲਪ ਬਹੁ ਧਿਆਵਤ ਧਿਆਨ ਨ ਐ ਹੈ ॥੨॥ ਜਾਕਰ ਰੂਪ ਰੰਗ ਨਹਿ ਜਨਿਯਤ ਸੋ ਕਿਮ ਸਜਾਮ ਕਹੈ ਹੈ ॥ ਛੁਟਹੋ ਕਾਲ ਜਾਲ ਤੇ ਤਬ ਹੀ ਤਾਹਿ ਚਰਨ ਲਪਟੈ ਹੈ ॥੩॥੧॥੧੦॥੩੪॥

(ਦਸਮ ੭੦੯-੧੨)

# ਸ੍ਵਯੇ ਦੀਨਨ

ੴ ਸਤਿਗੁਰ ਪ੍ਰਸਾਦਿ ॥ ਪਾਤਿਸਾਹੀ ੧੦ ॥ ਤ੍ਵਪ੍ਰਸਾਦਿ ਸ੍ਵਯੇ ॥

ਦੀਨਨ ਕੀ ਪ੍ਰਤਿਪਾਲ ਕਰੈ ਨਿਤ ਸੰਤ ਉਬਾਰ ਗਨੀਮਨ ਗਾਰੈ ॥ ਪੱਛ ਪਸੂ ਨਗ ਨਾਗ ਨਰਾਧਪ ਸਰਬ ਸਮੈ ਸਭ ਕੋ ਪ੍ਰਤਿਪਾਰੈ ॥ ਪੋਖਤ ਹੈ ਜਲ ਮੈ ਥਲ ਮੈ ਪਲ ਮੈ ਕਲਿ ਕੇ ਨਹੀਂ ਕਰਮ ਬਿਚਾਰੈ ॥ ਦੀਨ ਦਇਆਲ ਦਇਆ ਨਿਧਿ ਦੋਖਨ ਦੇਖਤ ਹੈ ਪਰੁ ਦੇਤ ਨ ਹਾਰੈ ॥੧॥ ਦਾਹਤ ਹੈ ਦੁਖ ਦੋਖਨ ਕੌ ਦਲ ਦੁੱਜਨ ਕੇ ਪਲ ਮੈ ਦਲਿ ਡਾਰੈ ॥ ਖੰਡ ਅਖੰਡ ਪ੍ਰਚੰਡ ਪ੍ਰਹਾਰਨ ਪੂਰਨ ਪ੍ਰੇਮ ਕੀ ਪ੍ਰੀਤਿ ਸੰਭਾਰੈ ॥ ਪਾਰ ਨ ਪਾਇ ਸਕੈ ਪਦਮਾਪਤਿ ਬੇਦ ਕਤੇਬ ਅਭੇਦ ਉਚਾਰੈ ॥ ਰੋਜੀ ਹੀ ਰਾਜ ਬਿਲੋਕਤ ਰਾਜਿਕ ਰੋਖ ਰੂਹਾਨ ਕੀ ਰੋਜੀ ਨ ਟਾਰੈ ॥੨॥ ਕੀਟ ਪਤੰਗ ਕੁਰੰਗ ਭੁਜੰਗਮ ਭੂਤ ਭਵਿੱਖ ਭਵਾਨ ਬਨਾਏ ॥ ਦੇਵ ਅਦੇਵ ਖਪੇ ਅਹੰਮੇਵ ਨ ਭੇਵ ਲਖਿਓ ਭ੍ਰਮ ਸਿਓ ਭਰਮਾਏ ॥ ਬੇਦ ਪੁਰਾਨ ਕਤੇਬ ਕੁਰਾਨ ਹਸੇਬ ਥਕੇ ਕਰ ਹਾਥ ਨ ਆਏ ॥ ਪੂਰਨ ਪ੍ਰੇਮ ਪ੍ਰਭਾਉ ਬਿਨਾ ਪਤਿ ਸਿਓ ਕਿਨ ਸ੍ਰੀ ਪਦਮਾਪਤਿ ਪਾਏ ॥੩॥ ਆਦਿ ਅਨੰਤ ਅਗਾਧ ਅਦ੍ਵੈਖ ਸੁ ਭੂਤ ਭਵਿੱਖ ਭਵਾਨ ਅਭੈ ਹੈ ॥ ਅੰਤਿ ਬਿਹੀਨ ਅਨਾਤਮ ਆਪ ਅਦਾਗ ਅਦੋਖ ਅਛਿੱਦ੍ਰ ਅਛੈ ਹੈ ॥ ਲੋਗਨ ਕੇ ਕਰਤਾ ਹਰਤਾ ਜਲ ਮੈ ਥਲ ਮੈ ਭਰਤਾ ਪ੍ਰਭ ਵੈ ਹੈ ॥ ਦੀਨ ਦਇਆਲ ਦਇਆ ਕਰ ਸ੍ਰੀ ਪਤਿ ਸੁੰਦਰ ਸ੍ਰੀ ਪਦਮਾਪਤਿ ਏਹੈ ॥੪॥ ਕਾਮ ਨ ਕ੍ਰੋਧ ਨ ਲੋਭ ਨ ਮੋਹ ਨ ਰੋਗ ਨ ਸੋਗ ਨ ਭੋਗ ਨ ਭੈ ਹੈ ॥ ਦੇਹ ਬਿਹੀਨ ਸਨੇਹ ਸਭੋ ਤਨ ਨੇਹ ਬਿਰਕਤ ਅਗੇਹ ਅਛੈ ਹੈ ॥ ਜਾਨ ਕੋ ਦੇਤ ਅਜਾਨ ਕੋ ਦੇਤ ਜਮੀਨ ਕੋ ਦੇਤ ਜਮਾਨ ਕੋ ਦੈ ਹੈ ॥ ਕਾਹੇ ਕੋ ਡੋਲਤ ਹੈ ਤੁਮਰੀ ਸੁਧ ਸੁੰਦਰ ਸ੍ਰੀ ਪਦਮਾਪਤਿ ਲੈ ਹੈ ॥੫॥ ਰੋਗਨ ਤੇ ਅਰੁ ਸੋਗਨ ਤੇ ਜਲ ਜੋਗਨ ਤੇ ਬਹੁ ਭਾਂਤਿ ਬਚਾਵੈ ॥ ਸਤ੍ਰ ਅਨੇਕ ਚਲਾਵਤ ਘਾਵ ਤਊ ਤਨਿ ਏਕ ਨ ਲਾਗਨ ਪਾਵੈ ॥ ਰਾਖਤ ਹੈ ਅਪਨੋ ਕਰ ਦੈ ਕਰ ਪਾਪ ਸਬੂਹ ਨ ਭੇਟਨ ਪਾਵੈ ॥ ਔਰ ਕੀ ਬਾਤ ਕਹਾ ਕਹ ਤੋ ਸੌ ਸੁ ਪੇਟ ਹੀ ਕੇ ਪਟ ਬੀਚ ਬਚਾਵੈ ॥੬॥ ਜੱਛ ਭੁਜੰਗ ਸੁ ਦਾਨਵ ਦੇਵ ਅਭੇਵ ਤੁਮੈ ਸਭ ਹੀ ਕਰ ਧਿਆਵੈ ॥ ਭੂਮਿ ਅਕਾਸ ਪਤਾਲ ਰਸਾਤਲ ਜੱਛ ਭੁਜੰਗ ਸਭੈ ਸਿਰ ਨਿਆਵੈ ॥ ਪਾਇ ਸਕੈ ਨਹੀ ਪਾਰ ਪ੍ਰਭਾ ਹੂ ਕੋ ਨੇਤ ਹੀ ਨੇਤਹ ਬੇਦ ਬਤਾਵੈ ॥ ਖੋਜ ਥਕੇ ਸਭ ਹੀ ਖੁਜੀਆ ਸੁਰ ਹਾਰ ਪਰੇ ਹਰਿ ਹਾਥਿ ਨ ਆਵੈ ॥੭॥ ਨਾਰਦ ਸੇ ਚਤੁਰਾਨਨ ਸੇ ਰੁਮਨਾਰਿਖ ਸੇ ਸਭ ਹੂੰ ਮਿਲਿ ਗਾਇਓ ॥ ਬੇਦ ਕਤੇਬ ਨ ਭੇਦ ਲਖਿਓ ਸਭ ਹਾਰ ਪਰੇ ਹਰਿ ਹਾਥ ਨ ਆਇਓ ॥ ਪਾਇ ਸਕੈ ਨਹੀ ਪਾਰ ਉਮਾਪਤਿ ਸਿੱਧ ਸਨਾਥ ਸਨੰਤਨ ਧਿਆਇਓ ॥ ਧਿਆਨ ਧਰੋ ਤਿਹ ਕੋ ਮਨ ਮੈਂ ਜਿਹ ਕੋ ਅਮਿਤੋਜਿ ਸਭੈ ਜਗ ਛਾਇਓ ॥੮॥ ਬੇਦ ਪੁਰਾਨ ਕਤੇਬ ਕੁਰਾਨ ਅਭੇਦ ਨ੍ਰਿਪਾਨ ਸਭੈ ਪਚਿ ਹਾਰੇ ॥ ਭੇਦ ਨ ਪਾਇ ਸਕਿਓ ਅਨਭੇਦ ਕੋ

ਖੇਦਤ ਹੈ ਅਨਛੇਦ ਪੁਕਾਰੇ ॥ ਰਾਗ ਨ ਰੂਪ ਨ ਰੇਖ ਨ ਰੰਗ ਨ ਸਾਕ ਨ ਸੋਗ ਨ ਸੰਗਿ ਤਿਹਾਰੇ ॥ ਆਦਿ ਅਨਾਦਿ ਅਗਾਧਿ ਅਭੇਖ ਅਦ੍ਵੈਖ ਜਪਿਓ ਤਿਨ ਹੀ ਕੁਲ ਤਾਰੇ ॥੯॥ ਤੀਰਥ ਕੋਟ ਕੀਏ ਇਸਨਾਨ ਦੀਏ ਬਹੁ ਦਾਨ ਮਹਾ ਬ੍ਰਤ ਧਾਰੇ ॥ ਦੇਸ ਫਿਰਿਓ ਕਰ ਭੇਸ ਤਪੋ ਧਨ ਕੇ ਸਧਰੇ ਨ ਮਿਲੇ ਹਰਿ ਪਿਆਰੇ ॥ ਆਸਨ ਕੋਟ ਕਰੇ ਅਸਟਾਂਗ ਧਰੇ ਬਹੁ ਨਿਆਸ ਕਰੇ ਮੁਖ ਕਾਰੇ ॥ ਦੀਨ ਦਇਆਲ ਅਕਾਲ ਭਜੇ ਬਿਨੁ ਅੰਤ ਕੋ ਅੰਤ ਕੇ ਧਾਮ ਸਿਧਾਰੇ ॥੧੦॥

(ਦਸਮ ੩੪–੩੫)

# ਰਹਰਾਸਿ ਸਾਹਿਬ

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥ ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥ ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥ ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥੧੩॥੨੦॥ (੪੫੧)

ੴ ਸਤਿਗੁਰ ਪ੍ਰਸਾਦਿ ॥ ਸਲੋਕੁ ਮਃ ੧ ॥ ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥ (੪੬੯)

ਸੋਦਰੁ ਰਾਗੁ ਆਸਾ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥ ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥ ਆਸਾ ਮਹਲਾ ੧ ॥

ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥ ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ਨਾਨਕ ਨਾਵੈ ਬਾਝੁ ਸਨਾਤਿ ॥੪॥੩॥ ਰਾਗੁ ਗੂਜਰੀ ਮਹਲਾ ੪ ॥ ਹਰਿ ਕੇ ਜਨ ਸਤਿਗੁਰ ਸਤ ਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿਜਨ ਕੇ ਵਡਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ ਹਰਿਜਨ ਸਤਿਗੁਰ ਸੰਗਿਤ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ ਧੰਨੁ ਸਤਸੰਗਿਤ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥੪॥੪॥ ਰਾਗੁ ਗੂਜਰੀ ਮਹਲਾ ੫ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰਪਰਸਾਦਿ ਪਰਮਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ

ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

ਰਾਗੁ ਆਸਾ ਮਹਲਾ ੪ ਸੋ ਪੁਰਖੁ ੴ ਸਤਿਗੁਰ ਪ੍ਰਸਾਦਿ ॥

ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ ॥੧॥ ਤੂ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ ॥ ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥੨॥ ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ ਹਰਿ ਹਰਿ ਰੂਪਿ ਸਮਾਸੀ ॥ ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀ ਜਨੁ ਨਾਨਕੁ ਤਿਨ ਬਲਿ ਜਾਸੀ ॥੩॥ ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬਿਅੰਤ ਬੇਅੰਤਾ ॥ ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ ॥ ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ ॥ ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ ॥੪॥ ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ ॥ ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ ॥੫॥੧॥ ਆਸਾ ਮਹਲਾ ੪ ॥ ਤੂੰ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ ਤਉ ਭਾਵੈ ਸੋਈ ਥੀਸੀ ਜੋ ਤੂ ਦੇਹਿ ਸੋਈ ਹਉ ਪਾਈ ॥੧॥ ਰਹਾਉ ॥ ਸਭ ਤੇਰੀ ਤੂੰ ਸਭਨੀ ਧਿਆਇਆ ॥ ਜਿਸਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ ॥ ਗੁਰਮੁਖਿ ਲਾਧਾ ਮਨਮੁਖਿ ਗਵਾਇਆ ॥ ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ ॥੧॥ ਤੂੰ ਦਰੀਆਉ ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ ਖੇਲੁ ॥ ਵਿਜੋਗਿ

ਮਿਲਿ ਵਿਛੁੜਿਆ ਸੰਜੋਗੀ ਮੇਲੁ ॥੨॥ ਜਿਸਨੋ ਤੂੰ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥੩॥ ਤੂੰ ਆਪੇ ਕਰਤਾ ਤੇਰਾ ਕੀਆ ਸਭੁ ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ ॥੪॥੨॥ ਆਸਾ ਮਹਲਾ ੧ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕ ਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂੰ ਨਾਹੀ ਵੀਸਰਿਆ ॥੨॥੩॥ ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੪॥ (੮-੧੨)

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਪਾਤਿਸਾਹੀ ੧੦ ॥ ਚੌਪਈ ॥

ਪੁਨਿ ਰਾਛਸ ਕਾ ਕਾਟਾ ਸੀਸਾ ॥ ਸ੍ਰੀ ਅਸਿਕੇਤੁ ਜਗਤ ਕੇ ਈਸਾ ॥ ਪੁਹਪਨ ਬ੍ਰਿਸਟਿ ਗਗਨ ਤੇਂ ਭਈ ॥ ਸਭਹਿਨ ਆਨਿ ਬਧਾਈ ਦਈ ॥੧॥ ਧੰਨਜ ਧੰਨਜ ਲੋਗਨ ਕੇ ਰਾਜਾ ॥ ਦੁਸਟਨ ਦਾਹ ਗਰੀਬ ਨਿਵਾਜਾ ॥ ਅਖਲ ਭਵਨ ਕੇ ਸਿਰਜਨਹਾਰੇ ॥ ਦਾਸ ਜਾਨਿ ਮੁਹਿ ਲੇਹੁ ਉਬਾਰੇ ॥੨॥

ਕਬਜੋ ਬਾਚ ਬੇਨਤੀ ॥ ਚੌਪਈ ॥ ਹਮਰੀ ਕਰੋ ਹਾਥਿ ਦੈ ਰੱਛਾ ॥ ਪੂਰਨ ਹੋਇ ਚਿਤ ਕੀ ਇੱਛਾ ॥ ਤਵ ਚਰਨਨ ਮਨ ਰਹੈ ਹਮਾਰਾ ॥ ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥ ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿਖਜ ਸਭੈ ਕਰਤਾਰਾ ॥੨॥ ਮੋ ਰੱਛਾ ਨਿਜੁ ਕਰ ਦੈ ਕਰਿਯੈ ॥ ਸਭ ਬੈਰਨ ਕੌ ਆਜ ਸੰਘਰਿਯੈ ॥ ਪੂਰਨ ਹੋਇ ਹਮਾਰੀ ਆਸਾ ॥ ਤੋਰਿ ਭਜਨ ਕੀ ਰਹੈ ਪਯਾਸਾ ॥੩॥ ਤੁਮਹਿ ਛਾਡਿ ਕੋਈ ਅਵਰ ਨ ਧਜਾਊਂ ॥ ਜੋ ਬਰ ਚਾਹੌਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖਯ ਹਮਾਰੇ ਤਾਰੀਅਹਿ ॥ ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ ॥੪॥ ਆਪੁ ਹਾਥ ਦੈ ਮੁਝੈ ਉਬਰਿਯੈ ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥ ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥ ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਜਾਰੇ ॥ ਦੀਨ ਬੰਧੁ ਦੁਸਟਨ ਕੇ ਹੰਤਾ ॥ ਤੁਮ ਹੋ ਪੁਰੀ ਚਤੁਰਦਸ ਕੰਤਾ ॥੬॥ ਕਾਲ ਪਾਇ ਬ੍ਰਹਮਾ ਬਪੁ ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰਿ ਬਿਸਨ ਪ੍ਰਕਾਸਾ ॥

ਸਕਲ ਕਾਲ ਕਾ ਕੀਆ ਤਮਾਸਾ ॥੭॥ ਜਵਨ ਕਾਲ ਜੋਗੀ ਸਿਵ ਕੀਓ ॥ ਬੇਦ ਰਾਜ ਬ੍ਰਹਮਾ ਜੂ ਥੀਓ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੮॥ ਜਵਨ ਕਾਲ ਸਭ ਜਗਤ ਬਨਾਯੋ ॥ ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ ਹਮਾਰਾ ॥੯॥ ਨਮਸਕਾਰ ਤਿਸਹੀ ਕੋ ਹਮਾਰੀ ॥ ਸਕਲ ਪ੍ਰਜਾ ਜਿਨ ਆਪ ਸਵਾਰੀ ॥ ਸਿਵਕਨ ਕੋ ਸਵਗੁਨ ਸੁਖ ਦੀਓ ॥ ਸਤ੍ਰੁਨ ਕੋ ਪਲ ਮੋ ਬਧ ਕੀਓ ॥੧੦॥ ਘਟ ਘਟ ਕੇ ਅੰਤਰ ਕੀ ਜਾਨਤ ॥ ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦਿਸਟਿ ਕਰ ਫੂਲਾ ॥੧੧॥ ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈ ॥ ਘਟ ਘਟ ਕੇ ਪਟ ਪਟ ਕੀ ਜਾਨੈ ॥੧੨॥ ਜਬ ਉਦਕਰਖ ਕਰਾ ਕਰਤਾਰਾ ॥ ਪ੍ਰਜਾ ਧਰਤ ਤਬ ਦੇਹ ਅਪਾਰਾ ॥ ਜਬ ਆਕਰਖ ਕਰਤ ਹੋ ਕਬਹੂੰ ॥ ਤੁਮ ਮੈਂ ਮਿਲਤ ਦੇਹ ਧਰ ਸਭਹੂੰ ॥੧੩॥ ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝਿ ਉਚਾਰੈ ॥ ਤੁਮ ਸਭ ਹੀ ਤੇ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰੁ ਆਲਮ ॥੧੪॥ ਨਿਰੰਕਾਰ ਨ੍ਰਿਬਿਕਾਰ ਨ੍ਰਿਲੰਭ ॥ ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ ਮੂੜ੍ਹ ਉਚਾਰਤ ਭੇਦਾ ॥ ਜਾ ਕੋ ਭੇਵ ਨ ਪਾਵਤ ਬੇਦਾ ॥੧੫॥ ਤਾ ਕੌ ਕਰਿ ਪਾਹਨ ਅਨੁਮਾਨਤ ॥ ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਂਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥ ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥ ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰਿ ਰਚਿ ਦੀਨੀ ॥੧੮॥ ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ ਭਯੋ ਸੰਕਰ ਇਕੈਠਾ ॥ ਸਿਗਰੀ ਸ੍ਰਿਸਟਿ ਦਿਖਾਇ ਅਚੰਭਵ ॥ ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥ ਅਬ ਰੱਛਾ ਮੇਰੀ ਤੁਮ ਕਰੋ ॥ ਸਿੱਖਜ ਉਬਾਰਿ ਅਸਿੱਖਜ ਸੰਘਰੋ ॥ ਦੁਸਟ ਜਿਤੇ ਉਠਵਤ ਉਤਪਾਤਾ ॥ ਸਕਲ ਮਲੇਛ ਕਰੋ ਰਣ ਘਾਤਾ ॥੨੦॥ ਜੇ ਅਸਿਧੁਜ ਤਵ ਸਰਨੀ ਪਰੇ ॥ ਤਿਨ ਕੇ ਦੁਸਟ ਦੁਖਿਤ ਹ੍ਵੈ ਮਰੇ ॥ ਪੁਰਖ ਜਵਨ ਪਗ ਪਰੇ ਤਿਹਾਰੇ ॥ ਤਿਨ ਕੇ ਤੁਮ ਸੰਕਟ ਸਭ ਟਾਰੇ ॥੨੧॥ ਜੋ ਕਲਿ ਕੋ ਇਕ ਬਾਰ ਧਿਐਹੈ ॥ ਤਾ ਕੇ ਕਾਲ ਨਿਕਟਿ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸਟ ਅਰਿਸਟ ਟਰੈਂ ਤਤਕਾਲਾ ॥੨੨॥ ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥ ਤਾ ਕੇ ਤਾਪ ਤਨਕ ਮਹਿ ਹਰਿਹੋ ॥ ਰਿੱਧਿ ਸਿੱਧਿ ਘਰ ਮੋ ਸਭ ਹੋਈ ॥ ਦੁਸਟ ਛਾਹ ਛ੍ਵੈ ਸਕੈ ਨ ਕੋਈ ॥੨੩॥ ਏਕ ਬਾਰ ਜਿਨ ਤੁਮੈ ਸੰਭਾਰਾ ॥ ਕਾਲ ਫਾਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੨੪॥ ਖੜਗਕੇਤ ਮੈ ਸਰਣਿ ਤਿਹਾਰੀ ॥ ਆਪੁ ਹਾਥ ਦੈ ਲੇਹੁ ਉਬਾਰੀ ॥ ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੨੫॥ ਕ੍ਰਿਪਾ ਕਰੀ ਹਮ ਪਰ ਜਗ ਮਾਤਾ ॥ ਗ੍ਰੰਥ ਕਰਾ ਪੂਰਨ ਸੁਭ ਰਾਤਾ ॥ ਕਿਲਬਿਖ ਸਕਲ ਦੇਹ ਕੋ ਹਰਤਾ ॥ ਦੁਸਟ ਦੋਖਿਯਨ ਕੋ ਛੈ ਕਰਤਾ

॥੨੬॥ ਸ੍ਰੀ ਅਸਿਧੁਜ ਜਬ ਭਏ ਦਇਆਲਾ ॥ ਪੂਰਨ ਕਰਾ ਗ੍ਰੰਥ ਤਤਕਾਲਾ ॥ ਮਨ ਬਾਂਛਤ ਫਲ ਪਾਵੈ ਸੋਈ ॥ ਦੂਖ ਨ ਤਿਸੈ ਬਿਆਪਤ ਕੋਈ ॥੨੭॥ ਅੜਿੱਲ ॥ ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ ॥ ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ ॥ ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ ॥ ਹੋ ਜੋ ਯਾਕੀ ਏਕ ਬਾਰ ਚੌਪਈ ਕੋ ਕਹੈ ॥੨੮॥ ਚੌਪਈ ॥ ਸੰਬਤ ਸੱਤ੍ਰਹ ਸਹਸ ਭਣਿੱਜੈ ॥ ਅਰਧ ਸਹਸ ਫੁਨਿ ਤੀਨਿ ਕਹਿੱਜੈ ॥ ਭਾਦ੍ਰਵ ਸੁਦੀ ਅਸਟਮੀ ਰਵਿਵਾਰਾ ॥ ਤੀਰ ਸਤੁੱਦ੍ਰਵ ਗ੍ਰੰਥ ਸੁਧਾਰਾ ॥੨੯॥

ਇਤਿ ਸ੍ਰੀ ਚਰਿਤ੍ਰੋ ਪਖਜਾਨੇ ॥ ਤ੍ਰਿਯਾ ਚਰਿਤ੍ਰੇ ਮੰਤ੍ਰੀ ਭੂਪ ਸੰਬਾਦੇ ॥ ਚਾਰ ਸੌ ਪਾਂਚ ਚਰਿਤ੍ਰ ਸਮਾਪਤ ਮਸਤੁ ਸੁਭ ਮਸਤੁ ॥੧॥ ਅਫਜੂੰ ॥

(ਦਸਮ ੧੩੮੯-੯੮)

ਦੋਹਰਾ ॥ ਦਾਸ ਜਾਨ ਕਰਿ ਦਾਸ ਪਰਿ ਕੀਜੈ ਕ੍ਰਿਪਾ ਅਪਾਰ ॥ ਆਪ ਹਾਥ ਦੈ ਰਾਖੁ ਮੁਹਿ ਮਨ ਕ੍ਰਮ ਬਚਨ ਬਿਚਾਰ ॥੧॥ ਚੌਪਈ ॥ ਮੈ ਨ ਗਨੇਸਹਿ ਪ੍ਰਿਥਮ ਮਨਾਊਂ ॥ ਕਿਸਨ ਬਿਸਨ ਕਬਹੂੰ ਨਹਿ ਧਿਆਊਂ ॥ ਕਾਨ ਸੁਨੇ ਪਹਿਚਾਨ ਨ ਤਿਨ ਸੋ ॥ ਲਿਵ ਲਾਗੀ ਮੋਰੀ ਪਗ ਇਨ ਸੋ ॥੨॥ ਮਹਾ ਕਾਲ ਰਖਵਾਰਿ ਹਮਾਰੋ ॥ ਮਹਾਂ ਲੋਹ ਮੈ ਕਿੰਕਰ ਥਾਰੋ ॥ ਅਪਨਾ ਜਾਨ ਕਰੋ ਰਖਵਾਰ ॥ ਬਾਂਹਿ ਗਹੇ ਕੀ ਲਾਜ ਬਿਚਾਰ ॥੩॥ ਅਪਨਾ ਜਾਨ ਮੁਝੈ ਪ੍ਰਤਿਪਰੀਐ ॥ ਚੁਨ ਚੁਨ ਸਤ੍ਰ ਹਮਾਰੇ ਮਰੀਐ ॥ ਦੇਗ ਤੇਗ ਜਗ ਮੈ ਦੋਊ ਚਲੈ ॥ ਰਾਖ ਆਪ ਮੁਹਿ ਅਉਰ ਨ ਦਲੈ ॥੪॥ ਤੁਮ ਮਮ ਕਰਹੁ ਸਦਾ ਪ੍ਰਤਿਪਾਰਾ ॥ ਤੁਮ ਸਾਹਿਬ ਮੈ ਦਾਸ ਤਿਹਾਰਾ ॥ ਜਾਨ ਆਪਨਾ ਮੁਝੈ ਨਿਵਾਜ ॥ ਆਪ ਕਰੋ ਹਮਰੇ ਸਭ ਕਾਜ ॥੫॥ ਤੁਮ ਹੋ ਸਭ ਰਾਜਨ ਕੇ ਰਾਜਾ ॥ ਆਪੇ ਆਪੁ ਗਰੀਬ ਨਿਵਾਜਾ ॥ ਦਾਸ ਜਾਨ ਕਰ ਕ੍ਰਿਪਾ ਕਰਹੁ ਮੁਹਿ ॥ ਹਾਰ ਪਰਾ ਮੈ ਆਨਿ ਦੁਆਰ ਤੁਹਿ ॥੬॥ ਅਪਨਾ ਜਾਨ ਕਰੋ ਪ੍ਰਤਿਪਾਰਾ ॥ ਤੁਮ ਸਾਹਿਬੁ ਮੈਂ ਕਿੰਕਰੁ ਥਾਰਾ ॥ ਦਾਸ ਜਾਨ ਦੈ ਹਾਥ ਉਬਾਰੋ ॥ ਹਮਰੇ ਸਭ ਬੈਰੀਅਨ ਸੰਘਾਰੋ ॥੭॥ ਪ੍ਰਿਥਮ ਧਰੋਂ ਭਗਵਤ ਕੋ ਧਜਾਨਾ ॥ ਬਹੁਰ ਕਰੋਂ ਕਬਿਤਾ ਬਿਧਿ ਨਾਨਾ ॥ ਕ੍ਰਿਸਨ ਜਥਾ ਮਤਿ ਚਰਿਤ੍ਰ ਉਚਾਰੋ ਚੂਕ ਹੋਇ ਕਬਿ ਲੇਹੁ ਸੁਧਾਰੋ ॥੮॥ (ਦਸਮ ੩੧੦)

ਕਬਿਉ ਬਾਚ ॥ ਦੋਹਰਾ ॥ ਜੋ ਨਿਜ ਪ੍ਰਭ ਮੋ ਸੋ ਕਹਾ ਸੋ ਕਹਿਹੌਂ ਜਗ ਮਾਹਿ ॥ ਜੋ ਤਿਹ ਪ੍ਰਭ ਕੋ ਧਿਆਇ ਹੈਂ ਅੰਤ ਸੁਰਗ ਕੋ ਜਾਹਿੰ ॥੧॥ ਦੋਹਰਾ ॥ ਹਰਿ ਹਰਿਜਨਿ ਦੁਈ ਏਕ ਹੈ ਬਿਬ ਬਿਚਾਰ ਕਛੁ ਨਾਹਿ ॥ ਜਲ ਤੇ ਉਪਜ ਤਰੰਗ ਜਿਉ ਜਲ ਹੀ ਬਿਖੈ ਸਮਾਹਿ ॥੨॥ ਦੋਹਰਾ ॥ ਜਬ ਆਇਸੁ ਪ੍ਰਭ ਕੋ ਭਯੋ ਜਨਮੁ ਧਰਾ ਜਗ ਆਇ ॥ ਅਬ ਮੈ ਕਥਾ ਸੰਛੇਪ ਤੇ ਸਭਹੂੰ ਕਹਤ ਸੁਨਾਇ ॥੧॥ (ਦਸਮ ੫੯)

ਕਬਿ ਬਾਚ ॥ ਦੋਹਰਾ ॥ ਠਾਢ ਭਯੋ ਮੈ ਜੋਰਿ ਕਰਿ ਬਚਨ ਕਹਾ ਸਿਰ ਨਿਆਇ ॥ ਪੰਥ ਚਲੈ ਤਬ ਜਗਤ ਮੈ ਜਬ ਤੁਮ ਕਰਹੁ ਸਹਾਇ ॥੧॥ (ਦਸਮ ੫੭)
ਦੋਹਰਾ ॥ ਜੇ ਜੇ ਤੁਮਰੇ ਧਿਆਨ ਕੋ ਨਿਤ ਉਠਿ ਧਿਐਹੈਂ ਸੰਤ ॥ ਅੰਤ ਲਹੈਂਗੇ ਮੁਕਤ ਫਲੁ ਪਾਵਹਿਗੇ ਭਗਵੰਤ ॥੧॥ (ਦਸਮ ੧੧੯)
ਦੋਹਰਾ ॥ ਕਾਲ ਪੁਰਖ ਕੀ ਦੇਹਿ ਮੋ ਕੋਟਿਕ ਬਿਸਨ ਮਹੇਸ ॥ ਕੋਟਿ ਇੰਦ੍ਰ ਬ੍ਰਹਮਾ ਕਿਤੇ ਰਵਿ ਸਸਿ ਕ੍ਰੋਰ ਜਲੇਸ ॥੧॥ (ਦਸਮ ੧੯੨)
ਦੋਹਰਾ ॥ ਰਾਮ ਕਥਾ ਜੁਗ ਜੁਗ ਅਟਲ ਸਭ ਕੋਈ ਭਾਖਤ ਨੇਤ ॥ ਸੁਰਗ ਬਾਸ ਰਘੁਬਰ ਕਰਾ ਸਗਰੀ ਪੁਰੀ ਸਮੇਤ ॥੧॥ (ਦਸਮ ੨੫੩)
ਚੌਪਈ ॥ ਜੋ ਇਹ ਕਥਾ ਸੁਨੈ ਅਰੁ ਗਾਵੈ ॥ ਦੂਖ ਪਾਪ ਤਿਹ ਨਿਕਟ ਨ ਆਵੈ ॥ ਬਿਸਨ ਭਗਤ ਕੀ ਏ ਫਲ ਹੋਈ ॥ ਆਧਿ ਬਜਾਧਿ ਛ੍ਵੈ ਸਕੈ ਨ ਕੋਈ ॥੧॥ ਸੰਮਤ ਸੱਤ੍ਰਹ ਸਹਸ ਪਚਾਵਨ ॥ ਹਾੜ ਵਦੀ ਪ੍ਰਿਥਮ ਸੁਖ ਦਾਵਨ ॥ ਤ੍ਵਪ੍ਰਸਾਦਿ ਕਰਿ ਗ੍ਰੰਥ ਸੁਧਾਰਾ ॥ ਭੂਲ ਪਰੀ ਲਹੁ ਲੇਹੁ ਸੁਧਾਰਾ ॥੨॥ ਦੋਹਰਾ ॥ ਨੇਤ੍ਰ ਤੁੰਗ ਕੇ ਚਰਨ ਤਰ ਸਤੁੱਦ੍ਰਵ ਤੀਰ ਤਰੰਗ ॥ ਸ੍ਰੀ ਭਗਵਤ ਪੂਰਨ ਕੀਯੋ ਰਘੁਬਰ ਕਥਾ ਪ੍ਰਸੰਗ ॥੩॥ ਦੋਹਰਾ ॥ ਸਾਧ ਅਸਾਧ ਜਾਨੋ ਨਹੀ ਬਾਦ ਸੁਬਾਦ ਬਿਬਾਦਿ ॥ ਗ੍ਰੰਥ ਸਕਲ ਪੂਰਣ ਕੀਯੋ ਭਗਵਤ ਕ੍ਰਿਪਾ ਪ੍ਰਸਾਦਿ ॥੪॥ ਸ੍ਵੈਯਾ ॥ ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਜੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਜੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਨ ਜਾਨਜੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਜੋ ਸਭ ਤੋਹਿ ਬਖਾਨਜੋ ॥੧॥ ਦੋਹਰਾ ॥ ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੨॥ (ਦਸਮ–੨੫੪)

ਰਾਮਕਲੀ ਮਹਲਾ ੩ ਅਨੰਦੁ ੧ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥ ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥ ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥ ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ

ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥ ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥ (੯੧੭)

ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥ (੯੨੨)

ਮੁੰਦਾਵਣੀ ਮਹਲਾ ੫ ॥ ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥ ਸਲੋਕ ਮਹਲਾ ੫ ॥ ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥ ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥ (੧੪੨੯)

ਪਉੜੀ ॥ ਤਿਥੈ ਤੂ ਸਮਰਥੁ ਜਿਥੈ ਕੋਇ ਨਾਹਿ ॥ ਓਥੈ ਤੇਰੀ ਰਖ ਅਗਨੀ ਉਦਰ ਮਾਹਿ ॥ ਸੁਣਿ ਕੈ ਜਮ ਕੇ ਦੂਤ ਨਾਇ ਤੇਰੈ ਛਡਿ ਜਾਹਿ ॥ ਭਉਜਲੁ ਬਿਖਮੁ ਅਸਗਾਹੁ ਗੁਰਸਬਦੀ ਪਾਰਿ ਪਾਹਿ ॥ ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ ॥ ਕਲਿ ਮਹਿ ਏਹੋ ਪੁੰਨੁ ਗੁਣ ਗੋਵਿੰਦ ਗਾਹਿ ॥ ਸਭਸੈ ਨੋ ਕਿਰਪਾਲੁ ਸਮ੍ਹਾਲੇ ਸਾਹਿ ਸਾਹਿ ॥ ਬਿਰਥਾ ਕੋਇ ਨ ਜਾਇ ਜਿ ਆਵੈ ਤੁਧੁ ਆਹਿ ॥੯॥ (੯੬੧)

ਸਲੋਕ ਮਃ ੫ ॥ ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ ॥ ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ ॥ ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ ॥ ਕਹੁ ਨਾਨਕ ਕਿਰਪਾ ਕਰੇ ਜਿਸਨੋ ਏਹ ਵਥੁ ਦੇਇ ॥ ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ ॥੧॥ ਮਃ ੫ ॥ ਰਖੇ ਰਖਣਹਾਰਿ ਆਪਿ ਉਬਾਰਿਅਨੁ ॥ ਗੁਰ ਕੀ ਪੈਰੀ ਪਾਇ ਕਾਜ ਸਵਾਰਿਅਨੁ ॥ ਹੋਆ ਆਪਿ ਦਇਆਲੁ ਮਨਹੁ ਨ ਵਿਸਾਰਿਅਨੁ ॥ ਸਾਧ ਜਨਾ ਕੈ ਸੰਗਿ ਭਵਜਲੁ ਤਾਰਿਅਨੁ ॥ ਸਾਕਤ ਨਿੰਦਕ ਦੁਸਟ ਖਿਨ ਮਾਹਿ ਬਿਦਾਰਿਅਨੁ ॥ ਤਿਸੁ ਸਾਹਿਬ ਕੀ ਟੇਕ ਨਾਨਕ ਮਨੈ ਮਾਹਿ ॥ ਜਿਸੁ ਸਿਮਰਤ ਸੁਖੁ ਹੋਇ ਸਗਲੇ ਦੂਖ ਜਾਹਿ ॥ (੫੧੭)

# ਅਰਦਾਸ

ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥ (੨੬੮)

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਸ੍ਰੀ ਭਗਉਤੀ ਜੀ ਸਹਾਇ ॥ ਵਾਰ ਸ੍ਰੀ ਭਗਉਤੀ ਜੀ ਕੀ ॥ ਪਾਤਿਸਾਹੀ ੧੦ ॥

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਇ ਸਹਾਇ ॥ ਅਰਜਨ ਹਰਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ ॥ ਸ੍ਰੀ ਹਰਿਕ੍ਰਿਸਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ ॥ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ॥ ਸਭ ਥਾਈਂ ਹੋਇ ਸਹਾਇ ॥੧॥ (ਦਸਮ ੧੧੯)

ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਸਭ ਥਾਈਂ ਹੋਇ ਸਹਾਇ ॥

ਦਸਾਂ ਪਾਤਿਸ਼ਾਹੀਆਂ ਦੀ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੀਦਾਰ ਦਾ ਧਿਆਨ ਧਰ ਕੇ , ਬੋਲੋ ਜੀ ਵਹਿਗੁਰੂ ॥

ਪੰਜਾਂ ਪਿਆਰਿਆਂ , ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ, ਜਿਨ੍ਹਾਂ ਨਾਮ ਜਪਿਆ, ਵੰਡ ਛਕਿਆ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਣਡਿੱਠ ਕੀਤਾ, ਤਿਨ੍ਹਾਂ ਪਿਆਰਿਆਂ ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ, ਖਾਲਸਾ ਜੀ ! ਬੋਲੋ ਜੀ ਵਾਹਿਗੁਰੂ ॥

ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾਂ ਪੁਰਾਤਨ ਅਤੇ ਵਰਤਮਾਨ ਸਮੇਂ ਦੇ ਸਰਬੱਤ ਸ਼ਹੀਦਾਂ ਦੀ ਕਮਾਈ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਪੰਜਾਂ ਤਖਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ ॥

ਪ੍ਰਿਥਮੇ ਸਰਬੱਤ ਖਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖਾਲਸਾ ਜੀ ਕੋ ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ ਚਿੱਤ ਆਵੇ, ਚਿੱਤ ਆਵਨ ਕਾ ਸਦਕਾ, ਸਰਬ ਸੁਖ ਹੋਵੇ ॥

ਜਹਾਂ ਜਹਾਂ ਖਾਲਸਾ ਜੀ ਸਾਹਿਬ, ਤਹਾਂ ਤਹਾਂ ਰੱਛਿਆ ਰਿਆਇਤ, ਦੇਗ ਤੇਗ ਫਤਹ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ, ਖਾਲਸਾ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ ॥

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾਂ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਜੀ ਕੇ ਦਰਸ਼ਨ ਇਸ਼ਨਾਨ, ਚੌਂਕੀਆਂ, ਝੰਡੇ, ਬੁੰਗੇ, ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ ਵਾਹਿਗੁਰੂ ॥

ਸਿਖਾਂ ਦਾ ਮਨ ਨੀਵਾਂ, ਮਤ ਉੱਚੀ, ਮਤ ਪਤ ਦਾ ਰਾਖਾ ਆਪਿ ਵਾਹਿਗੁਰੂ ॥

ਹੇ ਅਕਾਲ ਪੁਰਖ ! ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ ! ਸਮੂਹ ਗੁਰਦੁਆਰਿਆਂ ਗੁਰਧਾਮਾਂ ਦੇ ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਕਰਨ ਦਾ ਦਾਨ ਖਾਲਸਾ ਜੀ ਨੂੰ ਬਖਸ਼ੋ ॥

ਹੇ ਨਿਮਾਣਿਆਂ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ, ਸੱਚੇ ਪਿਤਾ ਵਾਹਿਗੁਰੂ ! ਆਪ ਜੀ ਦੇ ਹਜ਼ੂਰ.............ਦੀ* ਅਰਦਾਸ ਹੈ ਜੀ, ਅੱਖਰ ਵਾਧਾ ਘਾਟਾ ਭੁਲ ਚੁੱਕ ਮਾਫ ਕਰਨੀ, ਸਰਬੱਤ ਦੇ ਕਾਰਜ ਰਾਸ ਕਰਨੇ ॥

ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿੱਤ ਆਵੇ ॥

ਨਾਨਕ ਨਾਮ ਚੜ੍ਹਦੀ ਕਲਾ ॥ ਤੇਰੇ ਭਾਣੇ ਸਰਬੱਤ ਦਾ ਭਲਾ ॥

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹ ॥

ਦੋਹਰਾ ॥

ਆਗਿਆ ਭਈ ਅਕਾਲ ਕੀ, ਤਬੀ ਚਲਾਇਓ ਪੰਥ ॥ ਸਭ ਸਿੱਖਨਿ ਕੋ ਹੁਕਮ ਹੈ, ਗੁਰੂ ਮਾਨਿਓ ਗ੍ਰੰਥ ॥

ਗੁਰੂ ਗ੍ਰੰਥ ਜੀ ਮਾਨਿਓ, ਪ੍ਰਗਟ ਗੁਰਾਂ ਕੀ ਦੇਹ ॥ ਜੋ ਪ੍ਰਭ ਕੋ ਮਿਲਬੋ ਚਹੈ, ਖੋਜ ਸ਼ਬਦ ਮੈਂ ਲੇਹ ॥

ਰਾਜ ਕਰੇਗਾ ਖਾਲਸਾ, ਆਕੀ ਰਹੈ ਨ ਕੋਇ ॥ ਖੁਆਰ ਹੋਇ ਸਭਿ ਮਿਲੈਂਗੇ, ਬਚੈ ਸ਼ਰਨ ਜੋ ਹੋਇ ॥
ਵਾਹਿਗੁਰੂ ਨਾਮ ਜਹਾਜ਼ ਹੈ, ਚੜ੍ਹੇ ਸੋ ਉਤਰੈ ਪਾਰ ॥ ਜੋ ਸਰਧਾ ਕਰ ਸੇਂਵਦੇ, ਗੁਰ ਪਾਰਿ ਉਤਾਰਨਹਾਰ ॥
ਬੋਲੇ ਸੋ ਨਿਹਾਲ ॥ ਸਤਿ ਸ੍ਰੀ ਅਕਾਲ ॥
ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹ ॥

# ਆਰਤੀ

ਧਨਾਸਰੀ ਮਹਲਾ ੧ ਆਰਤੀ ੴ ਸਤਿਗੁਰ ਪ੍ਰਸਾਦਿ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ ॥੪॥੧॥੭॥੯॥ (੬੬੩)

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥ ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥ ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥ ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥ ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥ ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੁਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥ (੬੯੪)

ਸ੍ਰੀ ਸੈਣੁ ॥ ਧੂਪ ਦੀਪ ਘ੍ਰਿਤ ਸਾਜਿ ਆਰਤੀ ॥ ਵਾਰਨੇ ਜਾਉ ਕਮਲਾ ਪਤੀ ॥੧॥ ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ ਰਹਾਉ ॥ ਊਤਮੁ ਦੀਅਰਾ ਨਿਰਮਲ ਬਾਤੀ ॥ ਤੁਹੀਂ ਨਿਰੰਜਨੁ ਕਮਲਾ ਪਾਤੀ ॥੨॥ ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ ॥੩॥ ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥ ਸੈਨੁ ਭਣੈ ਭਜੁ ਪਰਮਾਨੰਦੇ ॥੪॥੨॥ (੬੯੫)

ਪ੍ਰਭਾਤੀ ॥ ਸੁੰਨ ਸੰਧਿਆ ਤੇਰੀ ਦੇਵ ਦੇਵਾ ਕਰ ਅਧਪਤਿ ਆਦਿ ਸਮਾਈ ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥ (੧੩੫੦)

ਧੰਨਾ ॥ ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ ਰਹਾਉ ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥ ਪਨ੍ਹੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀਕਾ ॥੧॥ ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥ ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥ (੬੯੫)

ਸ੍ਵੈਯਾ ॥ ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥੧॥ ਦੋਹਰਾ ॥ ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੨॥

(ਦਸਮ ੨੫੪)

# ਰੱਖਿਆ ਦੇ ਸ਼ਬਦ

ਸੋਰਠਿ ਮਹਲਾ ੫ ॥ ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥੧॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥

ਬਿਲਾਵਲੁ ਮਹਲਾ ੫ ॥ ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ ॥੧॥ ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥ ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥ ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ ॥ ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ ॥੨॥੧੫॥੭੯॥

ਸਲੋਕੁ ॥ ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ ॥੧॥

ਸਲੋਕ ਮਃ ੫ ॥ ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ ॥ ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ ॥੧॥

# ਕੀਰਤਨ ਸੋਹਿਲਾ

ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧ ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥ ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥ ਰਾਗੁ ਆਸਾ ਮਹਲਾ ੧ ॥ ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰੁ ਗੁਰੁ ਏਕੋ ਵੇਸ ਅਨੇਕ ॥੧॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥ ਰਾਗੁ ਧਨਾਸਰੀ ਮਹਲਾ ੧ ॥ ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ॥ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੁੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋੁ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥ ਰਾਗੁ ਗਉੜੀ ਪੂਰਬੀ ਮਹਲਾ ੪ ॥ ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥ ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ

ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥ ਰਾਗੁ ਗਉੜੀ ਪੂਰਬੀ ਮਹਲਾ ੫ ॥ ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥ ਅਉਧ ਘਟੈ ਦਿਨਸੁ ਰੈਣਾਰੇ ॥ ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥ ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥ ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥

(ਅੰਗ ੧੨-੧੩)

# ਸੁਖਮਨੀ ਸਾਹਿਬ

ਗਉੜੀ ਸੁਖਮਨੀ ਮਃ ੫ ॥ ਸਲੋਕੁ ॥ ੴ ਸਤਿਗੁਰ ਪ੍ਰਸਾਦਿ ॥

ਆਦਿ ਗੁਰ ਏ ਨਮਹ ॥ ਜੁਗਾਦਿ ਗੁਰ ਏ ਨਮਹ ॥ ਸਤਿਗੁਰ ਏ ਨਮਹ ॥ ਸ੍ਰੀ ਗੁਰਦੇਵ ਏ ਨਮਹ ॥੧॥ ਅਸਟਪਦੀ ॥ ਸਿਮਰਉ ਸਿਮਰਿ ਸਿਮਰਿ ਸੁਖੁ ਪਾਵਉ ॥ ਕਲਿ ਕਲੇਸ ਤਨ ਮਾਹਿ ਮਿਟਾਵਉ ॥ ਸਿਮਰਉ ਜਾਸੁ ਬਿਸੁੰਭਰ ਏਕੈ ॥ ਨਾਮੁ ਜਪਤ ਅਗਨਤ ਅਨੇਕੈ ॥ ਬੇਦ ਪੁਰਾਨ ਸਿੰਮ੍ਰਿਤਿ ਸੁਧਾਖ੍ਯ੍ਰ ॥ ਕੀਨੇ ਰਾਮ ਨਾਮ ਇਕ ਆਖ੍ਯ੍ਰ ॥ ਕਿਨਕਾ ਏਕ ਜਿਸੁ ਜੀਅ ਬਸਾਵੈ ॥ ਤਾ ਕੀ ਮਹਿਮਾ ਗਨੀ ਨ ਆਵੈ ॥ ਕਾਂਖੀ ਏਕੈ ਦਰਸ ਤੁਹਾਰੋ ॥ ਨਾਨਕ ਉਨ ਸੰਗਿ ਮੋਹਿ ਉਧਾਰੋ ॥੧॥ ਸੁਖਮਨੀ ਸੁਖ ਅੰਮ੍ਰਿਤ ਪ੍ਰਭ ਨਾਮੁ ॥ ਭਗਤ ਜਨਾ ਕੈ ਮਨਿ ਬਿਸ੍ਰਾਮ ॥ ਰਹਾਉ ॥ ਪ੍ਰਭ ਕੈ ਸਿਮਰਨਿ ਗਰਭਿ ਨ ਬਸੈ ॥ ਪ੍ਰਭ ਕੈ ਸਿਮਰਨਿ ਦੂਖੁ ਜਮੁ ਨਸੈ ॥ ਪ੍ਰਭ ਕੈ ਸਿਮਰਨਿ ਕਾਲੁ ਪਰਹਰੈ ॥ ਪ੍ਰਭ ਕੈ ਸਿਮਰਨਿ ਦੁਸਮਨੁ ਟਰੈ ॥ ਪ੍ਰਭ ਸਿਮਰਤ ਕਛੁ ਬਿਘਨੁ ਨ ਲਾਗੈ ॥ ਪ੍ਰਭ ਕੈ ਸਿਮਰਨਿ ਅਨਦਿਨੁ ਜਾਗੈ ॥ ਪ੍ਰਭ ਕੈ ਸਿਮਰਨਿ ਭਉ ਨ ਬਿਆਪੈ ॥ ਪ੍ਰਭ ਕੈ ਸਿਮਰਨਿ ਦੁਖੁ ਨ ਸੰਤਾਪੈ ॥ ਪ੍ਰਭ ਕਾ ਸਿਮਰਨੁ ਸਾਧ ਕੈ ਸੰਗਿ ॥ ਸਰਬ ਨਿਧਾਨ ਨਾਨਕ ਹਰਿ ਰੰਗਿ ॥੨॥ ਪ੍ਰਭ ਕੈ ਸਿਮਰਨਿ ਰਿਧਿ ਸਿਧਿ ਨਉ ਨਿਧਿ ॥ ਪ੍ਰਭ ਕੈ ਸਿਮਰਨਿ ਗਿਆਨੁ ਧਿਆਨੁ ਤਤੁ ਬੁਧਿ ॥ ਪ੍ਰਭ ਕੈ ਸਿਮਰਨਿ ਜਪ ਤਪ ਪੂਜਾ ॥ ਪ੍ਰਭ ਕੈ ਸਿਮਰਨਿ ਬਿਨਸੈ ਦੂਜਾ ॥ ਪ੍ਰਭ ਕੈ ਸਿਮਰਨਿ ਤੀਰਥ ਇਸਨਾਨੀ ॥ ਪ੍ਰਭ ਕੈ ਸਿਮਰਨਿ ਦਰਗਹ ਮਾਨੀ ॥ ਪ੍ਰਭ ਕੈ ਸਿਮਰਨਿ ਹੋਇ ਸੁ ਭਲਾ ॥ ਪ੍ਰਭ ਕੈ ਸਿਮਰਨਿ ਸੁਫਲ ਫਲਾ ॥ ਸੇ ਸਿਮਰਹਿ ਜਿਨ ਆਪਿ ਸਿਮਰਾਏ ॥ ਨਾਨਕ ਤਾ ਕੈ ਲਾਗਉ ਪਾਏ ॥੩॥ ਪ੍ਰਭ ਕਾ ਸਿਮਰਨੁ ਸਭ ਤੇ ਊਚਾ ॥ ਪ੍ਰਭ ਕੈ ਸਿਮਰਨਿ ਉਧਰੇ ਮੂਚਾ ॥ ਪ੍ਰਭ ਕੈ ਸਿਮਰਨਿ ਤ੍ਰਿਸਨਾ ਬੁਝੈ ॥ ਪ੍ਰਭ ਕੈ ਸਿਮਰਨਿ ਸਭੁ ਕਿਛੁ ਸੁਝੈ ॥ ਪ੍ਰਭ ਕੈ ਸਿਮਰਨਿ ਨਾਹੀ ਜਮ ਤ੍ਰਾਸਾ ॥ ਪ੍ਰਭ ਕੈ ਸਿਮਰਨਿ ਪੂਰਨ ਆਸਾ ॥ ਪ੍ਰਭ ਕੈ ਸਿਮਰਨਿ ਮਨ ਕੀ ਮਲੁ ਜਾਇ ॥ ਅੰਮ੍ਰਿਤ ਨਾਮੁ ਰਿਦ ਮਾਹਿ ਸਮਾਇ ॥ ਪ੍ਰਭ ਜੀ ਬਸਹਿ ਸਾਧ ਕੀ ਰਸਨਾ ॥ ਨਾਨਕ ਜਨ ਕਾ ਦਾਸਨਿ ਦਸਨਾ ॥੪॥ ਪ੍ਰਭ ਕਉ ਸਿਮਰਹਿ ਸੇ ਧਨਵੰਤੇ ॥ ਪ੍ਰਭ ਕਉ ਸਿਮਰਹਿ ਸੇ ਪਤਿਵੰਤੇ ॥ ਪ੍ਰਭ ਕਉ ਸਿਮਰਹਿ ਸੇ ਜਨ ਪਰਵਾਨ ॥ ਪ੍ਰਭ ਕਉ ਸਿਮਰਹਿ ਸੇ ਪੁਰਖ ਪ੍ਰਧਾਨ ॥ ਪ੍ਰਭ ਕਉ ਸਿਮਰਹਿ ਸਿ ਬੇਮੁਹਤਾਜੇ ॥ ਪ੍ਰਭ ਕਉ ਸਿਮਰਹਿ ਸਿ ਸਰਬ ਕੇ ਰਾਜੇ ॥ ਪ੍ਰਭ ਕਉ ਸਿਮਰਹਿ ਸੇ ਸੁਖਵਾਸੀ ॥ ਪ੍ਰਭ ਕਉ ਸਿਮਰਹਿ ਸਦਾ ਅਬਿਨਾਸੀ ॥ ਸਿਮਰਨ ਤੇ ਲਾਗੇ ਜਿਨ ਆਪਿ ਦਇਆਲਾ ॥ ਨਾਨਕ ਜਨ ਕੀ ਮੰਗੈ ਰਵਾਲਾ ॥੫॥ ਪ੍ਰਭ ਕਉ ਸਿਮਰਹਿ ਸੇ ਪਰਉਪਕਾਰੀ ॥ ਪ੍ਰਭ ਕਉ ਸਿਮਰਹਿ ਤਿਨ ਸਦ ਬਲਿਹਾਰੀ ॥ ਪ੍ਰਭ ਕਉ ਸਿਮਰਹਿ ਸੇ ਮੁਖ ਸੁਹਾਵੇ

॥ ਪ੍ਰਭ ਕਉ ਸਿਮਰਹਿ ਤਿਨ ਸੂਖਿ ਬਿਹਾਵੈ ॥ ਪ੍ਰਭ ਕਉ ਸਿਮਰਹਿ ਤਿਨ ਆਤਮੁ ਜੀਤਾ ॥ ਪ੍ਰਭ ਕਉ ਸਿਮਰਹਿ ਤਿਨ ਨਿਰਮਲ ਰੀਤਾ ॥ ਪ੍ਰਭ ਕਉ ਸਿਮਰਹਿ ਤਿਨ ਅਨਦ ਘਨੇਰੇ ॥ ਪ੍ਰਭ ਕਉ ਸਿਮਰਹਿ ਬਸਹਿ ਹਰਿ ਨੇਰੇ ॥ ਸੰਤ ਕ੍ਰਿਪਾ ਤੇ ਅਨਦਿਨੁ ਜਾਗਿ ॥ ਨਾਨਕ ਸਿਮਰਨੁ ਪੂਰੈ ਭਾਗਿ ॥੬॥ ਪ੍ਰਭ ਕੈ ਸਿਮਰਨਿ ਕਾਰਜ ਪੂਰੇ ॥ ਪ੍ਰਭ ਕੈ ਸਿਮਰਨਿ ਕਬਹੁ ਨ ਝੂਰੇ ॥ ਪ੍ਰਭ ਕੈ ਸਿਮਰਨਿ ਹਰਿ ਗੁਨ ਬਾਨੀ ॥ ਪ੍ਰਭ ਕੈ ਸਿਮਰਨਿ ਸਹਜਿ ਸਮਾਨੀ ॥ ਪ੍ਰਭ ਕੈ ਸਿਮਰਨਿ ਨਿਹਚਲ ਆਸਨੁ ॥ ਪ੍ਰਭ ਕੈ ਸਿਮਰਨਿ ਕਮਲ ਬਿਗਾਸਨੁ ॥ ਪ੍ਰਭ ਕੈ ਸਿਮਰਨਿ ਅਨਹਦ ਝੁਨਕਾਰ ॥ ਸੁਖੁ ਪ੍ਰਭ ਸਿਮਰਨ ਕਾ ਅੰਤੁ ਨ ਪਾਰ ॥ ਸਿਮਰਹਿ ਸੇ ਜਨ ਜਿਨ ਕਉ ਪ੍ਰਭ ਮਇਆ ॥ ਨਾਨਕ ਤਿਨ ਜਨ ਸਰਨੀ ਪਇਆ ॥੭॥ ਹਰਿ ਸਿਮਰਨੁ ਕਰਿ ਭਗਤ ਪ੍ਰਗਟਾਏ ॥ ਹਰਿ ਸਿਮਰਨਿ ਲਗਿ ਬੇਦ ਉਪਾਏ ॥ ਹਰਿ ਸਿਮਰਨਿ ਭਏ ਸਿਧ ਜਤੀ ਦਾਤੇ ॥ ਹਰਿ ਸਿਮਰਨਿ ਨੀਚ ਚਹੁ ਕੁੰਟ ਜਾਤੇ ॥ ਹਰਿ ਸਿਮਰਨਿ ਧਾਰੀ ਸਭ ਧਰਨਾ ॥ ਸਿਮਰਿ ਸਿਮਰਿ ਹਰਿ ਕਾਰਨ ਕਰਨਾ ॥ ਹਰਿ ਸਿਮਰਨਿ ਕੀਓ ਸਗਲ ਅਕਾਰਾ ॥ ਹਰਿ ਸਿਮਰਨ ਮਹਿ ਆਪਿ ਨਿਰੰਕਾਰਾ ॥ ਕਰਿ ਕਿਰਪਾ ਜਿਸੁ ਆਪਿ ਬੁਝਾਇਆ ॥ ਨਾਨਕ ਗੁਰਮੁਖਿ ਹਰਿ ਸਿਮਰਨੁ ਤਿਨਿ ਪਾਇਆ ॥੮॥੧॥ ਸਲੋਕੁ ॥ ਦੀਨ ਦਰਦ ਦੁਖ ਭੰਜਨਾ ਘਟਿ ਘਟਿ ਨਾਥ ਅਨਾਥ ॥ ਸਰਣਿ ਤੁਮ੍ਾਰੀ ਆਇਓ ਨਾਨਕ ਕੇ ਪ੍ਰਭ ਸਾਥ ॥੧॥ ਅਸਟਪਦੀ ॥ ਜਹ ਮਾਤ ਪਿਤਾ ਸੁਤ ਮੀਤ ਨ ਭਾਈ ॥ ਮਨ ਊਹਾ ਨਾਮੁ ਤੇਰੈ ਸੰਗਿ ਸਹਾਈ ॥ ਜਹ ਮਹਾ ਭਇਆਨ ਦੂਤਜਮ ਦਲੈ ॥ ਤਹ ਕੇਵਲ ਨਾਮੁ ਸੰਗਿ ਤੇਰੈ ਚਲੈ ॥ ਜਹ ਮੁਸਕਲ ਹੋਵੈ ਅਤਿ ਭਾਰੀ ॥ ਹਰਿ ਕੋ ਨਾਮੁ ਖਿਨ ਮਾਹਿ ਉਧਾਰੀ ॥ ਅਨਿਕ ਪੁਨਹਚਰਨ ਕਰਤ ਨਹੀ ਤਰੈ ॥ ਹਰਿ ਕੋ ਨਾਮੁ ਕੋਟਿ ਪਾਪ ਪਰਹਰੈ ॥ ਗੁਰਮੁਖਿ ਨਾਮੁ ਜਪਹੁ ਮਨ ਮੇਰੇ ॥ ਨਾਨਕ ਪਾਵਹੁ ਸੂਖ ਘਨੇਰੇ ॥੧॥ ਸਗਲ ਸ੍ਰਿਸਟਿ ਕੋ ਰਾਜਾ ਦੁਖੀਆ ॥ ਹਰਿ ਕਾ ਨਾਮੁ ਜਪਤ ਹੋਇ ਸੁਖੀਆ ॥ ਲਾਖ ਕਰੋਰੀ ਬੰਧੁਨ ਪਰੈ ॥ ਹਰਿ ਕਾ ਨਾਮੁ ਜਪਤ ਨਿਸਤਰੈ ॥ ਅਨਿਕ ਮਾਇਆ ਰੰਗ ਤਿਖ ਨ ਬੁਝਾਵੈ ॥ ਹਰਿ ਕਾ ਨਾਮੁ ਜਪਤ ਆਘਾਵੈ ॥ ਜਿਹ ਮਾਰਗਿ ਇਹੁ ਜਾਤ ਇਕੇਲਾ ॥ ਤਹ ਹਰਿ ਨਾਮੁ ਸੰਗਿ ਹੋਤ ਸੁਹੇਲਾ ॥ ਐਸਾ ਨਾਮੁ ਮਨ ਸਦਾ ਧਿਆਈਐ ॥ ਨਾਨਕ ਗੁਰਮੁਖਿ ਪਰਮ ਗਤਿ ਪਾਈਐ ॥੨॥ ਛੂਟਤ ਨਹੀ ਕੋਟਿ ਲਖ ਬਾਹੀ ॥ ਨਾਮੁ ਜਪਤ ਤਹ ਪਾਰਿ ਪਰਾਹੀ ॥ ਅਨਿਕ ਬਿਘਨ ਜਹ ਆਇ ਸੰਘਾਰੈ ॥ ਹਰਿ ਕਾ ਨਾਮੁ ਤਤਕਾਲ ਉਧਾਰੈ ॥ ਅਨਿਕ ਜੋਨਿ ਜਨਮੈ ਮਰਿ ਜਾਮ ॥ ਨਾਮੁ ਜਪਤ ਪਾਵੈ ਬਿਸ੍ਰਾਮ ॥ ਹਉ ਮੈਲਾ ਮਲੁ ਕਬਹੁ ਨ ਧੋਵੈ ॥ ਹਰਿ ਕਾ ਨਾਮੁ ਕੋਟਿ ਪਾਪ ਖੋਵੈ ॥ ਐਸਾ ਨਾਮੁ ਜਪਹੁ ਮਨ ਰੰਗਿ ॥ ਨਾਨਕ ਪਾਈਐ ਸਾਧ ਕੈ ਸੰਗਿ ॥੩॥ ਜਿਹ ਮਾਰਗ ਕੇ ਗਨੇ ਜਾਹਿ ਨ ਕੋਸਾ ॥ ਹਰਿ ਕਾ ਨਾਮੁ ਊਹਾ ਸੰਗਿ ਤੋਸਾ ॥ ਜਿਹ ਪੈਡੈ ਮਹਾ ਅੰਧ ਗੁਬਾਰਾ ॥ ਹਰਿ ਕਾ ਨਾਮੁ ਸੰਗਿ ਉਜੀਆਰਾ ॥ ਜਹਾ ਪੰਥਿ ਤੇਰਾ ਕੋ ਨ ਸਿਞਾਨੂ ॥ ਹਰਿ ਕਾ ਨਾਮੁ ਤਹ ਨਾਲਿ ਪਛਾਨੂ ॥ ਜਹ ਮਹਾ ਭਇਆਨ ਤਪਤਿ ਬਹੁ ਘਾਮ ॥ ਤਹ ਹਰਿ ਕੇ ਨਾਮ ਕੀ ਤੁਮ ਊਪਰਿ ਛਾਮ ॥ ਜਹਾ ਤ੍ਰਿਖਾ ਮਨ ਤੁਝੁ ਆਕਰਖੈ ॥ ਤਹ ਨਾਨਕ

ਹਰਿ ਹਰਿ ਅੰਮ੍ਰਿਤੁ ਬਰਖੈ ॥੪॥ ਭਗਤ ਜਨਾ ਕੀ ਬਰਤਨਿ ਨਾਮੁ ॥ ਸੰਤ ਜਨਾ ਕੈ ਮਨਿ ਬਿਸ੍ਰਾਮੁ ॥ ਹਰਿ ਕਾ ਨਾਮੁ ਦਾਸ ਕੀ ਓਟ ॥ ਹਰਿ ਕੈ ਨਾਮਿ ਉਧਰੇ ਜਨ ਕੋਟਿ ॥ ਹਰਿ ਜਸੁ ਕਰਤ ਸੰਤ ਦਿਨੁ ਰਾਤਿ ॥ ਹਰਿ ਹਰਿ ਅਉਖਧੁ ਸਾਧ ਕਮਾਤਿ ॥ ਹਰਿ ਜਨ ਕੈ ਹਰਿ ਨਾਮੁ ਨਿਧਾਨੁ ॥ ਪਾਰਬ੍ਰਹਮਿ ਜਨ ਕੀਨੋ ਦਾਨ ॥ ਮਨ ਤਨ ਰੰਗਿ ਰਤੇ ਰੰਗ ਏਕੈ ॥ ਨਾਨਕ ਜਨ ਕੈ ਬਿਰਤਿ ਬਿਬੇਕੈ ॥੫॥ ਹਰਿ ਕਾ ਨਾਮੁ ਜਨ ਕਉ ਮੁਕਤਿ ਜੁਗਤਿ ॥ ਹਰਿ ਕੈ ਨਾਮਿ ਜਨ ਕਉ ਤ੍ਰਿਪਤਿ ਭੁਗਤਿ ॥ ਹਰਿ ਕਾ ਨਾਮੁ ਜਨ ਕਾ ਰੂਪ ਰੰਗੁ ॥ ਹਰਿ ਨਾਮੁ ਜਪਤ ਕਬ ਪਰੈ ਨ ਭੰਗੁ ॥ ਹਰਿ ਕਾ ਨਾਮੁ ਜਨ ਕੀ ਵਡਿਆਈ ॥ ਹਰਿ ਕੈ ਨਾਮਿ ਜਨ ਸੋਭਾ ਪਾਈ ॥ ਹਰਿ ਕਾ ਨਾਮੁ ਜਨ ਕਉ ਭੋਗ ਜੋਗ ॥ ਹਰਿ ਨਾਮੁ ਜਪਤ ਕਛੁ ਨਾਹਿ ਬਿਓਗੁ ॥ ਜਨੁ ਰਾਤਾ ਹਰਿ ਨਾਮ ਕੀ ਸੇਵਾ ॥ ਨਾਨਕ ਪੂਜੈ ਹਰਿ ਹਰਿ ਦੇਵਾ ॥੬॥ ਹਰਿ ਹਰਿ ਜਨ ਕੈ ਮਾਲੁ ਖਜੀਨਾ ॥ ਹਰਿ ਧਨੁ ਜਨ ਕਉ ਆਪਿ ਪ੍ਰਭਿ ਦੀਨਾ ॥ ਹਰਿ ਹਰਿ ਜਨ ਕੈ ਓਟ ਸਤਾਣੀ ॥ ਹਰਿ ਪ੍ਰਤਾਪਿ ਜਨ ਅਵਰ ਨ ਜਾਣੀ ॥ ਓਤਿ ਪੋਤਿ ਜਨ ਹਰਿ ਰਸਿ ਰਾਤੇ ॥ ਸੁੰਨ ਸਮਾਧਿ ਨਾਮ ਰਸ ਮਾਤੇ ॥ ਆਠ ਪਹਰ ਜਨੁ ਹਰਿ ਹਰਿ ਜਪੈ ॥ ਹਰਿ ਕਾ ਭਗਤੁ ਪ੍ਰਗਟ ਨਹੀ ਛਪੈ ॥ ਹਰਿ ਕੀ ਭਗਤਿ ਮੁਕਤਿ ਬਹੁ ਕਰੇ ॥ ਨਾਨਕ ਜਨ ਸੰਗਿ ਕੇਤੇ ਤਰੇ ॥੭॥ ਪਾਰਜਾਤੁ ਇਹੁ ਹਰਿ ਕੋ ਨਾਮ ॥ ਕਾਮਧੇਨ ਹਰਿ ਹਰਿ ਗੁਣ ਗਾਮ ॥ ਸਭ ਤੇ ਊਤਮ ਹਰਿ ਕੀ ਕਥਾ ॥ ਨਾਮੁ ਸੁਨਤ ਦਰਦ ਦੁਖ ਲਥਾ ॥ ਨਾਮ ਕੀ ਮਹਿਮਾ ਸੰਤ ਰਿਦ ਵਸੈ ॥ ਸੰਤ ਪ੍ਰਤਾਪਿ ਦੁਰਤੁ ਸਭੁ ਨਸੈ ॥ ਸੰਤ ਕਾ ਸੰਗੁ ਵਡਭਾਗੀ ਪਾਈਐ ॥ ਸੰਤ ਕੀ ਸੇਵਾ ਨਾਮੁ ਧਿਆਈਐ ॥ ਨਾਮ ਤੁਲਿ ਕਛੁ ਅਵਰੁ ਨ ਹੋਇ ॥ ਨਾਨਕ ਗੁਰਮੁਖਿ ਨਾਮੁ ਪਾਵੈ ਜਨੁ ਕੋਇ ॥੮॥੨॥ ਸਲੋਕੁ ॥ ਬਹੁ ਸਾਸਤ੍ਰ ਬਹੁ ਸਿਮ੍ਰਿਤੀ ਪੇਖੇ ਸਰਬ ਢਢੋਲਿ ॥ ਪੂਜਸਿ ਨਾਹੀ ਹਰਿ ਹਰੇ ਨਾਨਕ ਨਾਮ ਅਮੋਲ ॥੧॥ ਅਸਟਪਦੀ ॥ ਜਾਪ ਤਾਪ ਗਿਆਨ ਸਭਿ ਧਿਆਨ ॥ ਖਟ ਸਾਸਤ੍ਰ ਸਿਮ੍ਰਿਤਿ ਵਖਿਆਨ ॥ ਜੋਗ ਅਭਿਆਸ ਕਰਮ ਧ੍ਰਮ ਕਿਰਿਆ ॥ ਸਗਲ ਤਿਆਗਿ ਬਨ ਮਧੇ ਫਿਰਿਆ ॥ ਅਨਿਕ ਪ੍ਰਕਾਰ ਕੀਏ ਬਹੁ ਜਤਨਾ ॥ ਪੁੰਨ ਦਾਨ ਹੋਮੇ ਬਹੁ ਰਤਨਾ ॥ ਸਰੀਰੁ ਕਟਾਇ ਹੋਮੈ ਕਰਿ ਰਾਤੀ ॥ ਵਰਤ ਨੇਮ ਕਰੈ ਬਹੁ ਭਾਤੀ ॥ ਨਹੀ ਤੁਲਿ ਰਾਮ ਨਾਮ ਬੀਚਾਰ ॥ ਨਾਨਕ ਗੁਰਮੁਖਿ ਨਾਮੁ ਜਪੀਐ ਇਕ ਬਾਰ ॥੧॥ ਨਉ ਖੰਡ ਪ੍ਰਿਥਮੀ ਫਿਰੈ ਚਿਰੁ ਜੀਵੈ ॥ ਮਹਾ ਉਦਾਸੁ ਤਪੀਸਰੁ ਥੀਵੈ ॥ ਅਗਨਿ ਮਾਹਿ ਹੋਮਤ ਪਰਾਨ ॥ ਕਨਿਕ ਅਸ੍ਵ ਹੈਵਰ ਭੂਮਿ ਦਾਨ ॥ ਨਿਉਲੀ ਕਰਮ ਕਰੈ ਬਹੁ ਆਸਨ ॥ ਜੈਨ ਮਾਰਗ ਸੰਜਮ ਅਤਿ ਸਾਧਨ ॥ ਨਿਮਖ ਨਿਮਖ ਕਰਿ ਸਰੀਰੁ ਕਟਾਵੈ ॥ ਤਉ ਭੀ ਹਉਮੈ ਮੈਲੁ ਨ ਜਾਵੈ ॥ ਹਰਿ ਕੇ ਨਾਮ ਸਮਸਰਿ ਕਛੁ ਨਾਹਿ ॥ ਨਾਨਕ ਗੁਰਮੁਖਿ ਨਾਮੁ ਜਪਤ ਗਤਿ ਪਾਹਿ ॥੨॥ ਮਨ ਕਾਮਨਾ ਤੀਰਥ ਦੇਹ ਛੁਟੈ ॥ ਗਰਬੁ ਗੁਮਾਨੁ ਨ ਮਨ ਤੇ ਹੁਟੈ ॥ ਸੋਚ ਕਰੈ ਦਿਨਸੁ ਅਰੁ ਰਾਤਿ ॥ ਮਨ ਕੀ ਮੈਲੁ ਨ ਤਨ ਤੇ ਜਾਤਿ ॥ ਇਸੁ ਦੇਹੀ ਕਉ ਬਹੁ ਸਾਧਨਾ ਕਰੈ ॥ ਮਨ ਤੇ ਕਬਹੂ ਨ ਬਿਖਿਆ ਟਰੈ ॥ ਜਲਿ ਧੋਵੈ ਬਹੁ ਦੇਹ ਅਨੀਤਿ ॥ ਸੁਧ ਕਹਾ ਹੋਇ ਕਾਚੀ ਭੀਤਿ ॥ ਮਨ ਹਰਿ ਕੇ ਨਾਮ ਕੀ ਮਹਿਮਾ ਊਚ ॥ ਨਾਨਕ

ਨਾਮਿ ਉਧਰੇ ਪਤਿਤ ਬਹੁ ਮੂਚ ॥੩॥ ਬਹੁਤੁ ਸਿਆਣਪ ਜਮ ਕਾ ਭਉ ਬਿਆਪੈ ॥ ਅਨਿਕ ਜਤਨ ਕਰਿ ਤ੍ਰਿਸਨ ਨਾ ਧ੍ਰਾਪੈ ॥ ਭੇਖ ਅਨੇਕ ਅਗਨਿ ਨਹੀ ਬੁਝੈ ॥ ਕੋਟਿ ਉਪਾਵ ਦਰਗਹ ਨਹੀ ਸਿਝੈ ॥ ਛੂਟਸਿ ਨਾਹੀ ਊਭ ਪਇਆਲਿ ॥ ਮੋਹਿ ਬਿਆਪਹਿ ਮਾਇਆ ਜਾਲਿ ॥ ਅਵਰ ਕਰਤੂਤਿ ਸਗਲੀ ਜਮੁ ਡਾਨੈ ॥ ਗੋਵਿੰਦ ਭਜਨ ਬਿਨੁ ਤਿਲੁ ਨਹੀ ਮਾਨੈ ॥ ਹਰਿ ਕਾ ਨਾਮੁ ਜਪਤ ਦੁਖੁ ਜਾਇ ॥ ਨਾਨਕ ਬੋਲੈ ਸਹਜਿ ਸੁਭਾਇ ॥੪॥ ਚਾਰਿ ਪਦਾਰਥ ਜੇ ਕੋ ਮਾਗੈ ॥ ਸਾਧ ਜਨਾ ਕੀ ਸੇਵਾ ਲਾਗੈ ॥ ਜੇ ਕੋ ਆਪੁਨਾ ਦੂਖੁ ਮਿਟਾਵੈ ॥ ਹਰਿ ਹਰਿ ਨਾਮੁ ਰਿਦੈ ਸਦ ਗਾਵੈ ॥ ਜੇ ਕੋ ਅਪੁਨੀ ਸੋਭਾ ਲੋਰੈ ॥ ਸਾਧਸੰਗਿ ਇਹ ਹਉਮੈ ਛੋਰੈ ॥ ਜੇ ਕੋ ਜਨਮ ਮਰਣ ਤੇ ਡਰੈ ॥ ਸਾਧ ਜਨਾ ਕੀ ਸਰਨੀ ਪਰੈ ॥ ਜਿਸੁ ਜਨ ਕਉ ਪ੍ਰਭ ਦਰਸ ਪਿਆਸਾ ॥ ਨਾਨਕ ਤਾ ਕੈ ਬਲਿ ਬਲਿ ਜਾਸਾ ॥੫॥ ਸਗਲ ਪੁਰਖ ਮਹਿ ਪੁਰਖੁ ਪ੍ਰਧਾਨੁ ॥ ਸਾਧਸੰਗਿ ਜਾ ਕਾ ਮਿਟੈ ਅਭਿਮਾਨੁ ॥ ਆਪਸ ਕਉ ਜੋ ਜਾਣੈ ਨੀਚਾ ॥ ਸੋਊ ਗਨੀਐ ਸਭ ਤੇ ਊਚਾ ॥ ਜਾ ਕਾ ਮਨੁ ਹੋਇ ਸਗਲ ਕੀ ਰੀਨਾ ॥ ਹਰਿ ਹਰਿ ਨਾਮੁ ਤਿਨਿ ਘਟਿ ਘਟਿ ਚੀਨਾ ॥ ਮਨ ਅਪੁਨੇ ਤੇ ਬੁਰਾ ਮਿਟਾਨਾ ॥ ਪੇਖੈ ਸਗਲ ਸ੍ਰਿਸਟਿ ਸਾਜਨਾ ॥ ਸੂਖ ਦੂਖ ਜਨ ਸਮ ਦ੍ਰਿਸਟੇਤਾ ॥ ਨਾਨਕ ਪਾਪ ਪੁੰਨ ਨਹੀ ਲੇਪਾ ॥੬॥ ਨਿਰਧਨ ਕਉ ਧਨੁ ਤੇਰੋ ਨਾਉ ॥ ਨਿਥਾਵੇ ਕਉ ਨਾਉ ਤੇਰਾ ਥਾਉ ॥ ਨਿਮਾਨੇ ਕਉ ਪ੍ਰਭ ਤੇਰੋ ਮਾਨੁ ॥ ਸਗਲ ਘਟਾ ਕਉ ਦੇਵਹੁ ਦਾਨੁ ॥ ਕਰਨ ਕਰਾਵਨਹਾਰ ਸੁਆਮੀ ॥ ਸਗਲ ਘਟਾ ਕੇ ਅੰਤਰਜਾਮੀ ॥ ਅਪਨੀ ਗਤਿ ਮਿਤਿ ਜਾਨਹੁ ਆਪੇ ॥ ਆਪਨ ਸੰਗਿ ਆਪਿ ਪ੍ਰਭ ਰਾਤੇ ॥ ਤੁਮ੍ਹ੍ਹਰੀ ਉਸਤਤਿ ਤੁਮ ਤੇ ਹੋਇ ॥ ਨਾਨਕ ਅਵਰੁ ਨ ਜਾਨਸਿ ਕੋਇ ॥੭॥ ਸਰਬ ਧਰਮ ਮਹਿ ਸ੍ਰੇਸਟ ਧਰਮੁ ॥ ਹਰਿ ਕੋ ਨਾਮੁ ਜਪਿ ਨਿਰਮਲ ਕਰਮੁ ॥ ਸਗਲ ਕ੍ਰਿਆ ਮਹਿ ਊਤਮ ਕਿਰਿਆ ॥ ਸਾਧਸੰਗਿ ਦੁਰਮਤਿ ਮਲੁ ਹਿਰਿਆ ॥ ਸਗਲ ਉਦਮ ਮਹਿ ਉਦਮੁ ਭਲਾ ॥ ਹਰਿ ਕਾ ਨਾਮੁ ਜਪਹੁ ਜੀਅ ਸਦਾ ॥ ਸਗਲ ਬਾਨੀ ਮਹਿ ਅੰਮ੍ਰਿਤ ਬਾਨੀ ॥ ਹਰਿ ਕੋ ਜਸੁ ਸੁਨਿ ਰਸਨ ਬਖਾਨੀ ॥ ਸਗਲ ਥਾਨ ਤੇ ਓਹੁ ਊਤਮ ਥਾਨੁ ॥ ਨਾਨਕ ਜਿਹ ਘਟਿ ਵਸੈ ਹਰਿ ਨਾਮੁ ॥੮॥੩॥ ਸਲੋਕੁ ॥ ਨਿਰਗੁਨੀਆਰ ਇਆਨਿਆ ਸੋ ਪ੍ਰਭੁ ਸਦਾ ਸਮਾਲਿ ॥ ਜਿਨਿ ਕੀਆ ਤਿਸੁ ਚੀਤਿ ਰਖੁ ਨਾਨਕ ਨਿਬਹੀ ਨਾਲਿ ॥੧॥ ਅਸਟਪਦੀ ॥ ਰਮਈਆ ਕੇ ਗੁਨ ਚੇਤਿ ਪਰਾਨੀ ॥ ਕਵਨ ਮੂਲ ਤੇ ਕਵਨ ਦ੍ਰਿਸਟਾਨੀ ॥ ਜਿਨਿ ਤੂੰ ਸਾਜਿ ਸਵਾਰਿ ਸੀਗਾਰਿਆ ॥ ਗਰਭ ਅਗਨਿ ਮਹਿ ਜਿਨਹਿ ਉਬਾਰਿਆ ॥ ਬਾਰ ਬਿਵਸਥਾ ਤੁਝਹਿ ਪਿਆਰੈ ਦੂਧ ॥ ਭਰਿ ਜੋਬਨ ਭੋਜਨ ਸੁਖ ਸੂਧ ॥ ਬਿਰਧਿ ਭਇਆ ਊਪਰਿ ਸਾਕ ਸੈਨ ॥ ਮੁਖਿ ਅਪਿਆਉ ਬੈਠ ਕਉ ਦੈਨ ॥ ਇਹੁ ਨਿਰਗੁਨੁ ਗੁਨੁ ਕਛੂ ਨ ਬੂਝੈ ॥ ਬਖਸਿ ਲੇਹੁ ਤਉ ਨਾਨਕ ਸੀਝੈ ॥੧॥ ਜਿਹ ਪ੍ਰਸਾਦਿ ਧਰ ਊਪਰਿ ਸੁਖਿ ਬਸਹਿ ॥ ਸੁਤ ਭ੍ਰਾਤ ਮੀਤ ਬਨਿਤਾ ਸੰਗਿ ਹਸਹਿ ॥ ਜਿਹ ਪ੍ਰਸਾਦਿ ਪੀਵਹਿ ਸੀਤਲ ਜਲਾ ॥ ਸੁਖਦਾਈ ਪਵਨੁ ਪਾਵਕੁ ਅਮੁਲਾ ॥ ਜਿਹ ਪ੍ਰਸਾਦਿ ਭੋਗਹਿ ਸਭਿ ਰਸਾ ॥ ਸਗਲ ਸਮਗ੍ਰੀ ਸੰਗਿ ਸਾਥਿ ਬਸਾ ॥ ਦੀਨੇ ਹਸਤ ਪਾਵ ਕਰਨ ਨੇਤ੍ਰ ਰਸਨਾ ॥ ਤਿਸਹਿ ਤਿਆਗਿ ਅਵਰ ਸੰਗਿ ਰਚਨਾ ॥ ਐਸੇ ਦੋਖ ਮੂੜ

ਅੰਧ ਬਿਆਪੇ ॥ ਨਾਨਕ ਕਾਢਿ ਲੇਹੁ ਪ੍ਰਭ ਆਪੇ ॥੨॥ ਆਦਿ ਅੰਤਿ ਜੋ ਰਾਖਨਹਾਰੁ ॥ ਤਿਸ ਸਿਉ ਪ੍ਰੀਤਿ ਨ ਕਰੈ ਗਵਾਰੁ ॥ ਜਾ ਕੀ ਸੇਵਾ ਨਵ ਨਿਧਿ ਪਾਵੈ ॥ ਤਾ ਸਿਉ ਮੂੜਾ ਮਨੁ ਨਹੀ ਲਾਵੈ ॥ ਜੋ ਠਾਕੁਰੁ ਸਦ ਸਦਾ ਹਜੂਰੇ ॥ ਤਾ ਕਉ ਅੰਧਾ ਜਾਨਤ ਦੂਰੇ ॥ ਜਾ ਕੀ ਟਹਲ ਪਾਵੈ ਦਰਗਹ ਮਾਨੁ ॥ ਤਿਸਹਿ ਬਿਸਾਰੈ ਮੁਗਧੁ ਅਜਾਨੁ ॥ ਸਦਾ ਸਦਾ ਇਹੁ ਭੂਲਨਹਾਰੁ ॥ ਨਾਨਕ ਰਾਖਨਹਾਰੁ ਅਪਾਰੁ ॥੩॥ ਰਤਨੁ ਤਿਆਗਿ ਕਉਡੀ ਸੰਗਿ ਰਚੈ ॥ ਸਾਚੁ ਛੋਡਿ ਝੂਠ ਸੰਗਿ ਮਚੈ ॥ ਜੋ ਛਡਨਾ ਸੁ ਅਸਥਿਰੁ ਕਰਿ ਮਾਨੈ ॥ ਜੋ ਹੋਵਨੁ ਸੋ ਦੂਰਿ ਪਰਾਨੈ ॥ ਛੋਡਿ ਜਾਇ ਤਿਸ ਕਾ ਸ੍ਰਮੁ ਕਰੈ ॥ ਸੰਗਿ ਸਹਾਈ ਤਿਸੁ ਪਰਹਰੈ ॥ ਚੰਦਨ ਲੇਪੁ ਉਤਾਰੈ ਧੋਇ ॥ ਗਰਧਬ ਪ੍ਰੀਤਿ ਭਸਮ ਸੰਗਿ ਹੋਇ ॥ ਅੰਧ ਕੂਪ ਮਹਿ ਪਤਿਤ ਬਿਕਰਾਲ ॥ ਨਾਨਕ ਕਾਢਿ ਲੇਹੁ ਪ੍ਰਭ ਦਇਆਲ ॥੪॥ ਕਰਤੂਤਿ ਪਸੂ ਕੀ ਮਾਨਸ ਜਾਤਿ ॥ ਲੋਕ ਪਚਾਰਾ ਕਰੈ ਦਿਨੁ ਰਾਤਿ ॥ ਬਾਹਰਿ ਭੇਖ ਅੰਤਰਿ ਮਲੁ ਮਾਇਆ ॥ ਛਪਸਿ ਨਾਹਿ ਕਛੁ ਕਰੈ ਛਪਾਇਆ ॥ ਬਾਹਰਿ ਗਿਆਨ ਧਿਆਨ ਇਸਨਾਨ ॥ ਅੰਤਰਿ ਬਿਆਪੈ ਲੋਭੁ ਸੁਆਨੁ ॥ ਅੰਤਰਿ ਅਗਨਿ ਬਾਹਰਿ ਤਨੁ ਸੁਆਹ ॥ ਗਲਿ ਪਾਥਰ ਕੈਸੇ ਤਰੈ ਅਥਾਹ ॥ ਜਾ ਕੈ ਅੰਤਰਿ ਬਸੈ ਪ੍ਰਭੁ ਆਪਿ ॥ ਨਾਨਕ ਤੇ ਜਨ ਸਹਜਿ ਸਮਾਤਿ ॥੫॥ ਸੁਨਿ ਅੰਧਾ ਕੈਸੇ ਮਾਰਗੁ ਪਾਵੈ ॥ ਕਰੁ ਗਹਿ ਲੇਹੁ ਓੜਿ ਨਿਬਹਾਵੈ ॥ ਕਹਾ ਬੁਝਾਰਤਿ ਬੂਝੈ ਡੋਰਾ ॥ ਨਿਸਿ ਕਹੀਐ ਤਉ ਸਮਝੈ ਭੋਰਾ ॥ ਕਹਾ ਬਿਸਨਪਦ ਗਾਵੈ ਗੁੰਗ ॥ ਜਤਨ ਕਰੈ ਤਉ ਭੀ ਸੁਰ ਭੰਗ ॥ ਕਹ ਪਿੰਗੁਲ ਪਰਬਤ ਪਰ ਭਵਨ ॥ ਨਹੀ ਹੋਤ ਊਹਾ ਉਸੁ ਗਵਨ ॥ ਕਰਤਾਰ ਕਰੁਣਾ ਮੈ ਦੀਨੁ ਬੇਨਤੀ ਕਰੈ ॥ ਨਾਨਕ ਤੁਮਰੀ ਕਿਰਪਾ ਤਰੈ ॥੬॥ ਸੰਗਿ ਸਹਾਈ ਸੁ ਆਵੈ ਨ ਚੀਤਿ ॥ ਜੋ ਬੈਰਾਈ ਤਾ ਸਿਉ ਪ੍ਰੀਤਿ ॥ ਬਲੂਆ ਕੇ ਗ੍ਰਿਹ ਭੀਤਰਿ ਬਸੈ ॥ ਅਨਦ ਕੇਲ ਮਾਇਆ ਰੰਗਿ ਰਸੈ ॥ ਦ੍ਰਿੜੁ ਕਰਿ ਮਾਨੈ ਮਨਹਿ ਪ੍ਰਤੀਤਿ ॥ ਕਾਲੁ ਨ ਆਵੈ ਮੂੜੇ ਚੀਤਿ ॥ ਬੈਰ ਬਿਰੋਧ ਕਾਮ ਕ੍ਰੋਧ ਮੋਹ ॥ ਝੂਠ ਬਿਕਾਰ ਮਹਾ ਲੋਭ ਧ੍ਰੋਹ ॥ ਇਆਹੂ ਜੁਗਤਿ ਬਿਹਾਨੇ ਕਈ ਜਨਮ ॥ ਨਾਨਕ ਰਾਖਿ ਲੇਹੁ ਆਪਨ ਕਰਿ ਕਰਮ ॥੭॥ ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥ ਸਲੋਕੁ ॥ ਦੇਨਹਾਰੁ ਪ੍ਰਭ ਛੋਡਿ ਕੈ ਲਾਗਹਿ ਆਨ ਸੁਆਇ ॥ ਨਾਨਕ ਕਹੂ ਨ ਸੀਝਈ ਬਿਨੁ ਨਾਵੈ ਪਤਿ ਜਾਇ ॥੧॥ ਅਸਟਪਦੀ ॥ ਦਸ ਬਸਤੂ ਲੇ ਪਾਛੈ ਪਾਵੈ ॥ ਏਕ ਬਸਤੁ ਕਾਰਨਿ ਬਿਖੋਟਿ ਗਵਾਵੈ ॥ ਏਕ ਭੀ ਨ ਦੇਇ ਦਸ ਭੀ ਹਿਰਿ ਲੇਇ ॥ ਤਉ ਮੂੜਾ ਕਹੁ ਕਹਾ ਕਰੇਇ ॥ ਜਿਸੁ ਠਾਕੁਰ ਸਿਉ ਨਾਹੀ ਚਾਰਾ ॥ ਤਾ ਕਉ ਕੀਜੈ ਸਦ ਨਮਸਕਾਰਾ ॥ ਜਾ ਕੈ ਮਨਿ ਲਾਗਾ ਪ੍ਰਭੁ ਮੀਠਾ ॥ ਸਰਬ ਸੂਖ ਤਾਹੂ ਮਨਿ ਵੂਠਾ ॥ ਜਿਸੁ ਜਨ ਅਪਨਾ ਹੁਕਮੁ ਮਨਾਇਆ ॥ ਸਰਬ ਥੋਕ ਨਾਨਕ ਤਿਨਿ ਪਾਇਆ ॥੧॥ ਅਗਨਤ ਸਾਹੁ ਅਪਨੀ ਦੇ ਰਾਸਿ ॥ ਖਾਤ ਪੀਤ

ਬਰਤੈ ਅਨਦ ਉਲਾਸਿ ॥ ਅਪੁਨੀ ਅਮਾਨ ਕਛੁ ਬਹੁਰਿ ਸਾਹੁ ਲੇਇ ॥ ਅਗਿਆਨੀ ਮਨਿ ਰੋਸੁ ਕਰੇਇ ॥ ਅਪਨੀ ਪਰਤੀਤਿ ਆਪ ਹੀ ਖੋਵੈ ॥ ਬਹੁਰਿ ਉਸ ਕਾ ਬਿਸ੍ਵਾਸੁ ਨ ਹੋਵੈ ॥ ਜਿਸ ਕੀ ਬਸਤੁ ਤਿਸੁ ਆਗੈ ਰਾਖੈ ॥ ਪ੍ਰਭ ਕੀ ਆਗਿਆ ਮਾਨੈ ਮਾਥੈ ॥ ਉਸ ਤੇ ਚਉਗੁਨ ਕਰੈ ਨਿਹਾਲੁ ॥ ਨਾਨਕ ਸਾਹਿਬੁ ਸਦਾ ਦਇਆਲੁ ॥੨॥ ਅਨਿਕ ਭਾਤਿ ਮਾਇਆ ਕੇ ਹੇਤ ॥ ਸਰਪਰ ਹੋਵਤ ਜਾਨੁ ਅਨੇਤ ॥ ਬਿਰਖ ਕੀ ਛਾਇਆ ਸਿਉ ਰੰਗੁ ਲਾਵੈ ॥ ਓਹ ਬਿਨਸੈ ਉਹੁ ਮਨਿ ਪਛੁਤਾਵੈ ॥ ਜੋ ਦੀਸੈ ਸੋ ਚਾਲਨਹਾਰੁ ॥ ਲਪਟਿ ਰਹਿਓ ਤਹ ਅੰਧ ਅੰਧਾਰੁ ॥ ਬਟਾਊ ਸਿਉ ਜੋ ਲਾਵੈ ਨੇਹ ॥ ਤਾ ਕਉ ਹਾਥਿ ਨ ਆਵੈ ਕੇਹ ॥ ਮਨ ਹਰਿ ਕੇ ਨਾਮ ਕੀ ਪ੍ਰੀਤਿ ਸੁਖਦਾਈ ॥ ਕਰਿ ਕਿਰਪਾ ਨਾਨਕ ਆਪਿ ਲਏ ਲਾਈ ॥੩॥ ਮਿਥਿਆ ਤਨੁ ਧਨੁ ਕੁਟੰਬੁ ਸਬਾਇਆ ॥ ਮਿਥਿਆ ਹਉਮੈ ਮਮਤਾ ਮਾਇਆ ॥ ਮਿਥਿਆ ਰਾਜ ਜੋਬਨ ਧਨ ਮਾਲ ॥ ਮਿਥਿਆ ਕਾਮ ਕ੍ਰੋਧ ਬਿਕਰਾਲ ॥ ਮਿਥਿਆ ਰਥ ਹਸਤੀ ਅਸ੍ਵ ਬਸਤ੍ਰਾ ॥ ਮਿਥਿਆ ਰੰਗ ਸੰਗਿ ਮਾਇਆ ਪੇਖਿ ਹਸਤਾ ॥ ਮਿਥਿਆ ਧ੍ਰੋਹ ਮੋਹ ਅਭਿਮਾਨੁ ॥ ਮਿਥਿਆ ਆਪਸ ਊਪਰਿ ਕਰਤ ਗੁਮਾਨੁ ॥ ਅਸਥਿਰੁ ਭਗਤਿ ਸਾਧ ਕੀ ਸਰਨ ॥ ਨਾਨਕ ਜਪਿ ਜਪਿ ਜੀਵੈ ਹਰਿ ਕੇ ਚਰਨ ॥੪॥ ਮਿਥਿਆ ਸ੍ਰਵਨ ਪਰ ਨਿੰਦਾ ਸੁਨਹਿ ॥ ਮਿਥਿਆ ਹਸਤ ਪਰ ਦਰਬ ਕਉ ਹਿਰਹਿ ॥ ਮਿਥਿਆ ਨੇਤ੍ਰ ਪੇਖਤ ਪਰ ਤ੍ਰਿਅ ਰੂਪਾਦ ॥ ਮਿਥਿਆ ਰਸਨਾ ਭੋਜਨ ਅਨ ਸ੍ਵਾਦ ॥ ਮਿਥਿਆ ਚਰਨ ਪਰ ਬਿਕਾਰ ਕਉ ਧਾਵਹਿ ॥ ਮਿਥਿਆ ਮਨ ਪਰ ਲੋਭ ਲੁਭਾਵਹਿ ॥ ਮਿਥਿਆ ਤਨ ਨਹੀ ਪਰਉਪਕਾਰਾ ॥ ਮਿਥਿਆ ਬਾਸੁ ਲੇਤ ਬਿਕਾਰਾ ॥ ਬਿਨੁ ਬੂਝੇ ਮਿਥਿਆ ਸਭ ਭਏ ॥ ਸਫਲ ਦੇਹ ਨਾਨਕ ਹਰਿ ਹਰਿ ਨਾਮ ਲਏ ॥੫॥ ਬਿਰਥੀ ਸਾਕਤ ਕੀ ਆਰਜਾ ॥ ਸਾਚ ਬਿਨਾ ਕਹ ਹੋਵਤ ਸੂਚਾ ॥ ਬਿਰਥਾ ਨਾਮ ਬਿਨਾ ਤਨੁ ਅੰਧ ॥ ਮੁਖਿ ਆਵਤ ਤਾ ਕੈ ਦੁਰਗੰਧ ॥ ਬਿਨੁ ਸਿਮਰਨ ਦਿਨੁ ਰੈਨਿ ਬ੍ਰਿਥਾ ਬਿਹਾਇ ॥ ਮੇਘ ਬਿਨਾ ਜਿਉ ਖੇਤੀ ਜਾਇ ॥ ਗੋਬਿਦ ਭਜਨ ਬਿਨੁ ਬ੍ਰਿਥੇ ਸਭ ਕਾਮ ॥ ਜਿਉ ਕਿਰਪਨ ਕੇ ਨਿਰਾਰਥ ਦਾਮ ॥ ਧੰਨਿ ਧੰਨਿ ਤੇ ਜਨ ਜਿਹ ਘਟਿ ਬਸਿਓ ਹਰਿ ਨਾਉ ॥ ਨਾਨਕ ਤਾ ਕੈ ਬਲਿ ਬਲਿ ਜਾਉ ॥੬॥ ਰਹਤ ਅਵਰ ਕਛੁ ਅਵਰ ਕਮਾਵਤ ॥ ਮਨਿ ਨਹੀ ਪ੍ਰੀਤਿ ਮੁਖਹੁ ਗੰਢ ਲਾਵਤ ॥ ਜਾਨਨਹਾਰ ਪ੍ਰਭੂ ਪਰਬੀਨ ॥ ਬਾਹਰਿ ਭੇਖ ਨ ਕਾਹੂ ਭੀਨ ॥ ਅਵਰ ਉਪਦੇਸੈ ਆਪਿ ਨ ਕਰੈ ॥ ਆਵਤ ਜਾਵਤ ਜਨਮੈ ਮਰੈ ॥ ਜਿਸ ਕੈ ਅੰਤਰਿ ਬਸੈ ਨਿਰੰਕਾਰੁ ॥ ਤਿਸ ਕੀ ਸੀਖ ਤਰੈ ਸੰਸਾਰੁ ॥ ਜੋ ਤੁਮ ਭਾਨੇ ਤਿਨ ਪ੍ਰਭੁ ਜਾਤਾ ॥ ਨਾਨਕ ਉਨ ਜਨ ਚਰਨ ਪਰਾਤਾ ॥੭॥ ਕਰਉ ਬੇਨਤੀ ਪਾਰਬ੍ਰਹਮੁ ਸਭੁ ਜਾਨੈ ॥ ਅਪਨਾ ਕੀਆ ਆਪਹਿ ਮਾਨੈ ॥ ਆਪਹਿ ਆਪ ਆਪਿ ਕਰਤ ਨਿਬੇਰਾ ॥ ਕਿਸੈ ਦੂਰਿ ਜਨਾਵਤ ਕਿਸੈ ਬੁਝਾਵਤ ਨੇਰਾ ॥ ਉਪਾਵ ਸਿਆਨਪ ਸਗਲ ਤੇ ਰਹਤ ॥ ਸਭੁ ਕਛੁ ਜਾਨੈ ਆਤਮ ਕੀ ਰਹਤ ॥ ਜਿਸੁ ਭਾਵੈ ਤਿਸੁ ਲਏ ਲੜਿ ਲਾਇ ॥ ਥਾਨ ਥਨੰਤਰਿ ਰਹਿਆ ਸਮਾਇ ॥ ਸੋ ਸੇਵਕੁ ਜਿਸੁ ਕਿਰਪਾ ਕਰੀ ॥ ਨਿਮਖ ਨਿਮਖ ਜਪਿ ਨਾਨਕ ਹਰੀ ॥੮॥੫॥ ਸਲੋਕੁ ॥ ਕਾਮ ਕ੍ਰੋਧ ਅਰੁ ਲੋਭ ਮੋਹ ਬਿਨਸਿ ਜਾਇ ਅਹੰਮੇਵ ॥ ਨਾਨਕ ਪ੍ਰਭ ਸਰਣਾਗਤੀ ਕਰਿ ਪ੍ਰਸਾਦੁ ਗੁਰਦੇਵ

॥੧॥ ਅਸਟਪਦੀ ॥ ਜਿਹ ਪ੍ਰਸਾਦਿ ਛਤੀਹ ਅੰਮ੍ਰਿਤ ਖਾਹਿ ॥ ਤਿਸੁ ਠਾਕੁਰ ਕਉ ਰਖੁ ਮਨ ਮਾਹਿ ॥ ਜਿਹ ਪ੍ਰਸਾਦਿ ਸੁਗੰਧਤ ਤਨਿ ਲਾਵਹਿ ॥ ਤਿਸ ਕਉ ਸਿਮਰਤ ਪਰਮ ਗਤਿ ਪਾਵਹਿ ॥ ਜਿਹ ਪ੍ਰਸਾਦਿ ਬਸਹਿ ਸੁਖ ਮੰਦਰਿ ॥ ਤਿਸਹਿ ਧਿਆਇ ਸਦਾ ਮਨ ਅੰਦਰਿ ॥ ਜਿਹ ਪ੍ਰਸਾਦਿ ਗ੍ਰਿਹ ਸੰਗਿ ਸੁਖ ਬਸਨਾ ॥ ਆਠ ਪਹਰ ਸਿਮਰਹੁ ਤਿਸੁ ਰਸਨਾ ॥ ਜਿਹ ਪ੍ਰਸਾਦਿ ਰੰਗ ਰਸ ਭੋਗ ॥ ਨਾਨਕ ਸਦਾ ਧਿਆਈਐ ਧਿਆਵਨ ਜੋਗ ॥੧॥ ਜਿਹ ਪ੍ਰਸਾਦਿ ਪਾਟ ਪਟੰਬਰ ਹਢਾਵਹਿ ॥ ਤਿਸਹਿ ਤਿਆਗਿ ਕਤ ਅਵਰ ਲੁਭਾਵਹਿ ॥ ਜਿਹ ਪ੍ਰਸਾਦਿ ਸੁਖਿ ਸੇਜ ਸੋਈਜੈ ॥ ਮਨ ਆਠ ਪਹਰ ਤਾ ਕਾ ਜਸੁ ਗਾਵੀਜੈ ॥ ਜਿਹ ਪ੍ਰਸਾਦਿ ਤੁਝੁ ਸਭੁ ਕੋਊ ਮਾਨੈ ॥ ਮੁਖਿ ਤਾ ਕੋ ਜਸੁ ਰਸਨ ਬਖਾਨੈ ॥ ਜਿਹ ਪ੍ਰਸਾਦਿ ਤੇਰੋ ਰਹਤਾ ਧਰਮੁ ॥ ਮਨ ਸਦਾ ਧਿਆਇ ਕੇਵਲ ਪਾਰਬ੍ਰਹਮੁ ॥ ਪ੍ਰਭ ਜੀ ਜਪਤ ਦਰਗਹ ਮਾਨੁ ਪਾਵਹਿ ॥ ਨਾਨਕ ਪਤਿ ਸੇਤੀ ਘਰਿ ਜਾਵਹਿ ॥੨॥ ਜਿਹ ਪ੍ਰਸਾਦਿ ਆਰੋਗ ਕੰਚਨ ਦੇਹੀ ॥ ਲਿਵ ਲਾਵਹੁ ਤਿਸੁ ਰਾਮ ਸਨੇਹੀ ॥ ਜਿਹ ਪ੍ਰਸਾਦਿ ਤੇਰਾ ਓਲਾ ਰਹਤ ॥ ਮਨ ਸੁਖੁ ਪਾਵਹਿ ਹਰਿ ਹਰਿ ਜਸੁ ਕਹਤ ॥ ਜਿਹ ਪ੍ਰਸਾਦਿ ਤੇਰੇ ਸਗਲ ਛਿਦ੍ਰ ਢਾਕੇ ॥ ਮਨ ਸਰਨੀ ਪਰੁ ਠਾਕੁਰ ਪ੍ਰਭ ਤਾ ਕੈ ॥ ਜਿਹ ਪ੍ਰਸਾਦਿ ਤੁਝੁ ਕੋ ਨ ਪਹੂਚੈ ॥ ਮਨ ਸਾਸਿ ਸਾਸਿ ਸਿਮਰਹੁ ਪ੍ਰਭ ਊਚੇ ॥ ਜਿਹ ਪ੍ਰਸਾਦਿ ਪਾਈ ਦ੍ਰੁਲਭ ਦੇਹ ॥ ਨਾਨਕ ਤਾ ਕੀ ਭਗਤਿ ਕਰੇਹ ॥੩॥ ਜਿਹ ਪ੍ਰਸਾਦਿ ਆਭੂਖਨ ਪਹਿਰੀਜੈ ॥ ਮਨ ਤਿਸੁ ਸਿਮਰਤ ਕਿਉ ਆਲਸੁ ਕੀਜੈ ॥ ਜਿਹ ਪ੍ਰਸਾਦਿ ਅਸ੍ਵ ਹਸਤਿ ਅਸਵਾਰੀ ॥ ਮਨ ਤਿਸੁ ਪ੍ਰਭ ਕਉ ਕਬਹੂ ਨ ਬਿਸਾਰੀ ॥ ਜਿਹ ਪ੍ਰਸਾਦਿ ਬਾਗ ਮਿਲਖ ਧਨਾ ॥ ਰਾਖੁ ਪਰੋਇ ਪ੍ਰਭੁ ਅਪੁਨੇ ਮਨਾ ॥ ਜਿਨਿ ਤੇਰੀ ਮਨ ਬਨਤ ਬਨਾਈ ॥ ਊਠਤ ਬੈਠਤ ਸਦ ਤਿਸਹਿ ਧਿਆਈ ॥ ਤਿਸਹਿ ਧਿਆਇ ਜੋ ਏਕ ਅਲਖੈ ॥ ਈਹਾ ਊਹਾ ਨਾਨਕ ਤੇਰੀ ਰਖੈ ॥੪॥ ਜਿਹ ਪ੍ਰਸਾਦਿ ਕਰਹਿ ਪੁੰਨ ਬਹੁ ਦਾਨ ॥ ਮਨ ਆਠ ਪਹਰ ਕਰਿ ਤਿਸ ਕਾ ਧਿਆਨ ॥ ਜਿਹ ਪ੍ਰਸਾਦਿ ਤੂ ਆਚਾਰ ਬਿਉਹਾਰੀ ॥ ਤਿਸੁ ਪ੍ਰਭ ਕਉ ਸਾਸਿ ਸਾਸਿ ਚਿਤਾਰੀ ॥ ਜਿਹ ਪ੍ਰਸਾਦਿ ਤੇਰਾ ਸੁੰਦਰ ਰੂਪੁ ॥ ਸੋ ਪ੍ਰਭੁ ਸਿਮਰਹੁ ਸਦਾ ਅਨੂਪੁ ॥ ਜਿਹ ਪ੍ਰਸਾਦਿ ਤੇਰੀ ਨੀਕੀ ਜਾਤਿ ॥ ਸੋ ਪ੍ਰਭੁ ਸਿਮਰਿ ਸਦਾ ਦਿਨ ਰਾਤਿ ॥ ਜਿਹ ਪ੍ਰਸਾਦਿ ਤੇਰੀ ਪਤਿ ਰਹੈ ॥ ਗੁਰ ਪ੍ਰਸਾਦਿ ਨਾਨਕ ਜਸੁ ਕਹੈ ॥੫॥ ਜਿਹ ਪ੍ਰਸਾਦਿ ਸੁਨਹਿ ਕਰਨ ਨਾਦ ॥ ਜਿਹ ਪ੍ਰਸਾਦਿ ਪੇਖਹਿ ਬਿਸਮਾਦ ॥ ਜਿਹ ਪ੍ਰਸਾਦਿ ਬੋਲਹਿ ਅੰਮ੍ਰਿਤ ਰਸਨਾ ॥ ਜਿਹ ਪ੍ਰਸਾਦਿ ਸੁਖਿ ਸਹਜੇ ਬਸਨਾ ॥ ਜਿਹ ਪ੍ਰਸਾਦਿ ਹਸਤ ਕਰ ਚਲਹਿ ॥ ਜਿਹ ਪ੍ਰਸਾਦਿ ਸੰਪੂਰਨ ਫਲਹਿ ॥ ਜਿਹ ਪ੍ਰਸਾਦਿ ਪਰਮ ਗਤਿ ਪਾਵਹਿ ॥ ਜਿਹ ਪ੍ਰਸਾਦਿ ਸੁਖਿ ਸਹਜਿ ਸਮਾਵਹਿ ॥ ਐਸਾ ਪ੍ਰਭੁ ਤਿਆਗਿ ਅਵਰ ਕਤ ਲਾਗਹੁ ॥ ਗੁਰ ਪ੍ਰਸਾਦਿ ਨਾਨਕ ਮਨਿ ਜਾਗਹੁ ॥੬॥ ਜਿਹ ਪ੍ਰਸਾਦਿ ਤੂੰ ਪ੍ਰਗਟੁ ਸੰਸਾਰਿ ॥ ਤਿਸੁ ਪ੍ਰਭ ਕਉ ਮੂਲਿ ਨ ਮਨਹੁ ਬਿਸਾਰਿ ॥ ਜਿਹ ਪ੍ਰਸਾਦਿ ਤੇਰਾ ਪਰਤਾਪੁ ॥ ਰੇ ਮਨ ਮੂੜ ਤੂ ਤਾ ਕਉ ਜਾਪੁ ॥ ਜਿਹ ਪ੍ਰਸਾਦਿ ਤੇਰੇ ਕਾਰਜ ਪੂਰੇ ॥ ਤਿਸਹਿ ਜਾਨੁ ਮਨ ਸਦਾ ਹਜੂਰੇ ॥ ਜਿਹ ਪ੍ਰਸਾਦਿ ਤੂੰ ਪਾਵਹਿ ਸਾਚੁ ॥ ਰੇ ਮਨ ਮੇਰੇ ਤੂੰ ਤਾ ਸਿਉ ਰਾਚੁ ॥ ਜਿਹ ਪ੍ਰਸਾਦਿ ਸਭ ਕੀ ਗਤਿ ਹੋਇ ॥ ਨਾਨਕ

ਜਾਪੁ ਜਪੈ ਜਪੁ ਸੋਇ ॥੭॥ ਆਪਿ ਜਪਾਏ ਜਪੈ ਸੋ ਨਾਉ ॥ ਆਪਿ ਗਾਵਾਏ ਸੁ ਹਰਿ ਗੁਨ ਗਾਉ ॥ ਪ੍ਰਭ ਕਿਰਪਾ ਤੇ ਹੋਇ ਪ੍ਰਗਾਸੁ ॥ ਪ੍ਰਭੂ ਦਇਆ ਤੇ ਕਮਲ ਬਿਗਾਸੁ ॥ ਪ੍ਰਭ ਸੁਪ੍ਰਸੰਨ ਬਸੈ ਮਨਿ ਸੋਇ ॥ ਪ੍ਰਭ ਦਇਆ ਤੇ ਮਤਿ ਊਤਮ ਹੋਇ ॥ ਸਰਬ ਨਿਧਾਨ ਪ੍ਰਭ ਤੇਰੀ ਮਇਆ ॥ ਆਪਹੁ ਕਛੂ ਨ ਕਿਨਹੂ ਲਇਆ ॥ ਜਿਤੁ ਜਿਤੁ ਲਾਵਹੁ ਤਿਤੁ ਲਗਹਿ ਹਰਿ ਨਾਥ ॥ ਨਾਨਕ ਇਨ ਕੈ ਕਛੂ ਨ ਹਾਥ ॥੮॥੬॥ ਸਲੋਕੁ ॥ ਅਗਮ ਅਗਾਧਿ ਪਾਰਬ੍ਰਹਮੁ ਸੋਇ ॥ ਜੋ ਜੋ ਕਹੈ ਸੁ ਮੁਕਤਾ ਹੋਇ ॥ ਸੁਨਿ ਮੀਤਾ ਨਾਨਕੁ ਬਿਨਵੰਤਾ ॥ ਸਾਧ ਜਨਾ ਕੀ ਅਚਰਜ ਕਥਾ ॥੧॥ ਅਸਟਪਦੀ ॥ ਸਾਧ ਕੈ ਸੰਗਿ ਮੁਖ ਊਜਲ ਹੋਤ ॥ ਸਾਧਸੰਗਿ ਮਲੁ ਸਗਲੀ ਖੋਤ ॥ ਸਾਧ ਕੈ ਸੰਗਿ ਮਿਟੈ ਅਭਿਮਾਨੁ ॥ ਸਾਧ ਕੈ ਸੰਗਿ ਪ੍ਰਗਟੈ ਸੁਗਿਆਨੁ ॥ ਸਾਧ ਕੈ ਸੰਗਿ ਬੁਝੈ ਪ੍ਰਭੁ ਨੇਰਾ ॥ ਸਾਧਸੰਗਿ ਸਭੁ ਹੋਤ ਨਿਬੇਰਾ ॥ ਸਾਧ ਕੈ ਸੰਗਿ ਪਾਏ ਨਾਮ ਰਤਨੁ ॥ ਸਾਧ ਕੈ ਸੰਗਿ ਏਕ ਊਪਰਿ ਜਤਨੁ ॥ ਸਾਧ ਕੀ ਮਹਿਮਾ ਬਰਨੈ ਕਉਨੁ ਪ੍ਰਾਨੀ ॥ ਨਾਨਕ ਸਾਧ ਕੀ ਸੋਭਾ ਪ੍ਰਭ ਮਾਹਿ ਸਮਾਨੀ ॥੧॥ ਸਾਧ ਕੈ ਸੰਗਿ ਅਗੋਚਰੁ ਮਿਲੈ ॥ ਸਾਧ ਕੈ ਸੰਗਿ ਸਦਾ ਪਰਫੁਲੈ ॥ ਸਾਧ ਕੈ ਸੰਗਿ ਆਵਹਿ ਬਸਿ ਪੰਚਾ ॥ ਸਾਧਸੰਗਿ ਅੰਮ੍ਰਿਤ ਰਸੁ ਭੁੰਚਾ ॥ ਸਾਧਸੰਗਿ ਹੋਇ ਸਭ ਕੀ ਰੇਨ ॥ ਸਾਧ ਕੈ ਸੰਗਿ ਮਨੋਹਰ ਬੈਨ ॥ ਸਾਧ ਕੈ ਸੰਗਿ ਨ ਕਤਹੂੰ ਧਾਵੈ ॥ ਸਾਧਸੰਗਿ ਅਸਥਿਤਿ ਮਨੁ ਪਾਵੈ ॥ ਸਾਧ ਕੈ ਸੰਗਿ ਮਾਇਆ ਤੇ ਭਿੰਨ ॥ ਸਾਧਸੰਗਿ ਨਾਨਕ ਪ੍ਰਭ ਸੁਪ੍ਰਸੰਨ ॥੨॥ ਸਾਧਸੰਗਿ ਦੁਸਮਨ ਸਭਿ ਮੀਤ ॥ ਸਾਧੂ ਕੈ ਸੰਗਿ ਮਹਾ ਪੁਨੀਤ ॥ ਸਾਧਸੰਗਿ ਕਿਸ ਸਿਉ ਨਹੀ ਬੈਰੁ ॥ ਸਾਧ ਕੈ ਸੰਗਿ ਨ ਬੀਗਾ ਪੈਰੁ ॥ ਸਾਧ ਕੈ ਸੰਗਿ ਨਾਹੀ ਕੋ ਮੰਦਾ ॥ ਸਾਧਸੰਗਿ ਜਾਨੇ ਪਰਮਾਨੰਦਾ ॥ ਸਾਧ ਕੈ ਸੰਗਿ ਨਾਹੀ ਹਉ ਤਾਪੁ ॥ ਸਾਧ ਕੈ ਸੰਗਿ ਤਜੈ ਸਭੁ ਆਪੁ ॥ ਆਪੇ ਜਾਨੈ ਸਾਧ ਬਡਾਈ ॥ ਨਾਨਕ ਸਾਧ ਪ੍ਰਭੂ ਬਨਿ ਆਈ ॥੩॥ ਸਾਧ ਕੈ ਸੰਗਿ ਨ ਕਬਹੂ ਧਾਵੈ ॥ ਸਾਧ ਕੈ ਸੰਗਿ ਸਦਾ ਸੁਖੁ ਪਾਵੈ ॥ ਸਾਧਸੰਗਿ ਬਸਤੁ ਅਗੋਚਰ ਲਹੈ ॥ ਸਾਧੂ ਕੈ ਸੰਗਿ ਅਜਰੁ ਸਹੈ ॥ ਸਾਧ ਕੈ ਸੰਗਿ ਬਸੈ ਥਾਨਿ ਊਚੈ ॥ ਸਾਧੂ ਕੈ ਸੰਗਿ ਮਹਲਿ ਪਹੂਚੈ ॥ ਸਾਧ ਕੈ ਸੰਗਿ ਦ੍ਰਿੜੈ ਸਭਿ ਧਰਮ ॥ ਸਾਧ ਕੈ ਸੰਗਿ ਕੇਵਲ ਪਾਰਬ੍ਰਹਮ ॥ ਸਾਧ ਕੈ ਸੰਗਿ ਪਾਏ ਨਾਮ ਨਿਧਾਨ ॥ ਨਾਨਕ ਸਾਧੂ ਕੈ ਕੁਰਬਾਨ ॥੪॥ ਸਾਧ ਕੈ ਸੰਗਿ ਸਭ ਕੁਲ ਉਧਾਰੈ ॥ ਸਾਧਸੰਗਿ ਸਾਜਨ ਮੀਤ ਕੁਟੰਬ ਨਿਸਤਾਰੈ ॥ ਸਾਧੂ ਕੈ ਸੰਗਿ ਸੋ ਧਨੁ ਪਾਵੈ ॥ ਜਿਸੁ ਧਨ ਤੇ ਸਭੁ ਕੋ ਵਰਸਾਵੈ ॥ ਸਾਧਸੰਗਿ ਧਰਮ ਰਾਇ ਕਰੇ ਸੇਵਾ ॥ ਸਾਧ ਕੈ ਸੰਗਿ ਸੋਭਾ ਸੁਰ ਦੇਵਾ ॥ ਸਾਧੂ ਕੈ ਸੰਗਿ ਪਾਪ ਪਲਾਇਨ ॥ ਸਾਧਸੰਗਿ ਅੰਮ੍ਰਿਤ ਗੁਨ ਗਾਇਨ ॥ ਸਾਧ ਕੈ ਸੰਗਿ ਸ੍ਰਬ ਥਾਨ ਗੰਮਿ ॥ ਨਾਨਕ ਸਾਧ ਕੈ ਸੰਗਿ ਸਫਲ ਜਨੰਮ ॥੫॥ ਸਾਧ ਕੈ ਸੰਗਿ ਨਹੀ ਕਛੁ ਘਾਲ ॥ ਦਰਸਨੁ ਭੇਟਤ ਹੋਤ ਨਿਹਾਲ ॥ ਸਾਧ ਕੈ ਸੰਗਿ ਕਲੂਖਤ ਹਰੈ ॥ ਸਾਧ ਕੈ ਸੰਗਿ ਨਰਕ ਪਰਹਰੈ ॥ ਸਾਧ ਕੈ ਸੰਗਿ ਈਹਾ ਊਹਾ ਸੁਹੇਲਾ ॥ ਸਾਧਸੰਗਿ ਬਿਛੁਰਤ ਹਰਿ ਮੇਲਾ ॥ ਜੋ ਇਛੈ ਸੋਈ ਫਲੁ ਪਾਵੈ ॥ ਸਾਧ ਕੈ ਸੰਗਿ ਨ ਬਿਰਥਾ ਜਾਵੈ ॥ ਪਾਰਬ੍ਰਹਮੁ ਸਾਧ ਰਿਦ ਬਸੈ ॥ ਨਾਨਕ ਉਧਰੈ ਸਾਧ ਸੁਨਿ ਰਸੈ ॥੬॥ ਸਾਧ ਕੈ ਸੰਗਿ ਸੁਨਉ ਹਰਿ ਨਾਉ ॥

ਸਾਧਸੰਗਿ ਹਰਿ ਕੇ ਗੁਨ ਗਾਉ ॥ ਸਾਧ ਕੈ ਸੰਗਿ ਨ ਮਨ ਤੇ ਬਿਸਰੈ ॥ ਸਾਧਸੰਗਿ ਸਰਪਰ ਨਿਸਤਰੈ ॥ ਸਾਧ ਕੈ ਸੰਗਿ ਲਗੈ ਪ੍ਰਭੁ ਮੀਠਾ ॥ ਸਾਧੂ ਕੈ ਸੰਗਿ ਘਟਿ ਘਟਿ ਡੀਠਾ ॥ ਸਾਧਸੰਗਿ ਭਏ ਆਗਿਆਕਾਰੀ ॥ ਸਾਧਸੰਗਿ ਗਤਿ ਭਈ ਹਮਾਰੀ ॥ ਸਾਧ ਕੈ ਸੰਗਿ ਮਿਟੇ ਸਭਿ ਰੋਗ ॥ ਨਾਨਕ ਸਾਧ ਭੇਟੇ ਸੰਜੋਗ ॥੭॥ ਸਾਧ ਕੀ ਮਹਿਮਾ ਬੇਦ ਨ ਜਾਨਹਿ ॥ ਜੇਤਾ ਸੁਨਹਿ ਤੇਤਾ ਬਖਿਆਨਹਿ ॥ ਸਾਧ ਕੀ ਉਪਮਾ ਤਿਹੁ ਗੁਣ ਤੇ ਦੂਰਿ ॥ ਸਾਧ ਕੀ ਉਪਮਾ ਰਹੀ ਭਰਪੂਰਿ ॥ ਸਾਧ ਕੀ ਸੋਭਾ ਕਾ ਨਾਹੀ ਅੰਤ ॥ ਸਾਧ ਕੀ ਸੋਭਾ ਸਦਾ ਬੇਅੰਤ ॥ ਸਾਧ ਕੀ ਸੋਭਾ ਊਚ ਤੇ ਊਚੀ ॥ ਸਾਧ ਕੀ ਸੋਭਾ ਮੂਚ ਤੇ ਮੂਚੀ ॥ ਸਾਧ ਕੀ ਸੋਭਾ ਸਾਧ ਬਨਿ ਆਈ ॥ ਨਾਨਕ ਸਾਧ ਪ੍ਰਭ ਭੇਦੁ ਨ ਭਾਈ ॥੮॥੭॥ ਸਲੋਕੁ ॥ ਮਨਿ ਸਾਚਾ ਮੁਖਿ ਸਾਚਾ ਸੋਇ ॥ਅਵਰੁ ਨ ਪੇਖੈ ਏਕਸੁ ਬਿਨੁ ਕੋਇ ॥ ਨਾਨਕ ਇਹ ਲਛਣ ਬ੍ਰਹਮ ਗਿਆਨੀ ਹੋਇ ॥੧॥ ਅਸਟਪਦੀ ॥ ਬ੍ਰਹਮ ਗਿਆਨੀ ਸਦਾ ਨਿਰਲੇਪ ॥ ਜੈਸੇ ਜਲ ਮਹਿ ਕਮਲ ਅਲੇਪ ॥ ਬ੍ਰਹਮ ਗਿਆਨੀ ਸਦਾ ਨਿਰਦੋਖ ॥ ਜੈਸੇ ਸੂਰੁ ਸਰਬ ਕਉ ਸੋਖ ॥ ਬ੍ਰਹਮ ਗਿਆਨੀ ਕੈ ਦ੍ਰਿਸਟਿ ਸਮਾਨਿ ॥ ਜੈਸੇ ਰਾਜ ਰੰਕ ਕਉ ਲਾਗੈ ਤੁਲਿ ਪਵਾਨ ॥ ਬ੍ਰਹਮ ਗਿਆਨੀ ਕੈ ਧੀਰਜੁ ਏਕ ॥ ਜਿਉ ਬਸੁਧਾ ਕੋਊ ਖੋਦੈ ਕੋਊ ਚੰਦਨ ਲੇਪ ॥ ਬ੍ਰਹਮ ਗਿਆਨੀ ਕਾ ਇਹੈ ਗੁਨਾਉ ॥ ਨਾਨਕ ਜਿਉ ਪਾਵਕ ਕਾ ਸਹਜ ਸੁਭਾਉ ॥੧॥ ਬ੍ਰਹਮ ਗਿਆਨੀ ਨਿਰਮਲ ਤੇ ਨਿਰਮਲਾ ॥ ਜੈਸੇ ਮੈਲੁ ਨ ਲਾਗੈ ਜਲਾ ॥ ਬ੍ਰਹਮ ਗਿਆਨੀ ਕੈ ਮਨਿ ਹੋਇ ਪ੍ਰਗਾਸੁ ॥ ਜੈਸੇ ਧਰ ਊਪਰਿ ਆਕਾਸੁ ॥ ਬ੍ਰਹਮ ਗਿਆਨੀ ਕੈ ਮਿਤ੍ਰ ਸਤ੍ਰੁ ਸਮਾਨਿ ॥ ਬ੍ਰਹਮ ਗਿਆਨੀ ਕੈ ਨਾਹੀ ਅਭਿਮਾਨ ॥ ਬ੍ਰਹਮ ਗਿਆਨੀ ਊਚ ਤੇ ਊਚਾ ॥ ਮਨਿ ਅਪਨੈ ਹੈ ਸਭ ਤੇ ਨੀਚਾ ॥ ਬ੍ਰਹਮ ਗਿਆਨੀ ਸੇ ਜਨ ਭਏ ॥ ਨਾਨਕ ਜਿਨ ਪ੍ਰਭੁ ਆਪਿ ਕਰੇਇ ॥੨॥ ਬ੍ਰਹਮ ਗਿਆਨੀ ਸਗਲ ਕੀ ਰੀਨਾ ॥ ਆਤਮ ਰਸੁ ਬ੍ਰਹਮ ਗਿਆਨੀ ਚੀਨਾ ॥ ਬ੍ਰਹਮ ਗਿਆਨੀ ਕੀ ਸਭ ਊਪਰਿ ਮਇਆ ॥ ਬ੍ਰਹਮ ਗਿਆਨੀ ਤੇ ਕਛੁ ਬੁਰਾ ਨ ਭਇਆ ॥ ਬ੍ਰਹਮ ਗਿਆਨੀ ਸਦਾ ਸਮਦਰਸੀ ॥ ਬ੍ਰਹਮ ਗਿਆਨੀ ਕੀ ਦ੍ਰਿਸਟਿ ਅੰਮ੍ਰਿਤੁ ਬਰਸੀ ॥ ਬ੍ਰਹਮ ਗਿਆਨੀ ਬੰਧਨ ਤੇ ਮੁਕਤਾ ॥ ਬ੍ਰਹਮ ਗਿਆਨੀ ਕੀ ਨਿਰਮਲ ਜੁਗਤਾ ॥ ਬ੍ਰਹਮ ਗਿਆਨੀ ਕਾ ਭੋਜਨੁ ਗਿਆਨ ॥ ਨਾਨਕ ਬ੍ਰਹਮ ਗਿਆਨੀ ਕਾ ਬ੍ਰਹਮ ਧਿਆਨੁ ॥੩॥ ਬ੍ਰਹਮ ਗਿਆਨੀ ਏਕ ਊਪਰਿ ਆਸ ॥ ਬ੍ਰਹਮ ਗਿਆਨੀ ਕਾ ਨਹੀ ਬਿਨਾਸ ॥ ਬ੍ਰਹਮ ਗਿਆਨੀ ਕੈ ਗਰੀਬੀ ਸਮਾਹਾ ॥ ਬ੍ਰਹਮ ਗਿਆਨੀ ਪਰਉਪਕਾਰ ਉਮਾਹਾ ॥ ਬ੍ਰਹਮ ਗਿਆਨੀ ਕੈ ਨਾਹੀ ਧੰਧਾ ॥ ਬ੍ਰਹਮ ਗਿਆਨੀ ਲੇ ਧਾਵਤੁ ਬੰਧਾ ॥ ਬ੍ਰਹਮ ਗਿਆਨੀ ਕੈ ਹੋਇ ਸੁ ਭਲਾ ॥ ਬ੍ਰਹਮ ਗਿਆਨੀ ਸੁਫਲ ਫਲਾ ॥ ਬ੍ਰਹਮ ਗਿਆਨੀ ਸੰਗਿ ਸਗਲ ਉਧਾਰੁ ॥ ਨਾਨਕ ਬ੍ਰਹਮ ਗਿਆਨੀ ਜਪੈ ਸਗਲ ਸੰਸਾਰੁ ॥੪॥ ਬ੍ਰਹਮ ਗਿਆਨੀ ਕੈ ਏਕੈ ਰੰਗ ॥ ਬ੍ਰਹਮ ਗਿਆਨੀ ਕੈ ਬਸੈ ਪ੍ਰਭੁ ਸੰਗ ॥ ਬ੍ਰਹਮ ਗਿਆਨੀ ਕੈ ਨਾਮੁ ਆਧਾਰੁ ॥ ਬ੍ਰਹਮ ਗਿਆਨੀ ਕੈ ਨਾਮੁ ਪਰਵਾਰੁ ॥ ਬ੍ਰਹਮ ਗਿਆਨੀ ਸਦਾ ਸਦ ਜਾਗਤ ॥ ਬ੍ਰਹਮ ਗਿਆਨੀ ਅਹੰਬੁਧਿ ਤਿਆਗਤ ॥ ਬ੍ਰਹਮ ਗਿਆਨੀ ਕੈ ਮਨਿ ਪਰਮਾਨੰਦ ॥ ਬ੍ਰਹਮ ਗਿਆਨੀ ਕੈ ਘਰਿ ਸਦਾ ਅਨੰਦ ॥ ਬ੍ਰਹਮ ਗਿਆਨੀ ਸੁਖ

ਸਹਜ ਨਿਵਾਸ ॥ ਨਾਨਕ ਬ੍ਰਹਮ ਗਿਆਨੀ ਕਾ ਨਹੀ ਬਿਨਾਸ ॥੫॥ ਬ੍ਰਹਮ ਗਿਆਨੀ ਬ੍ਰਹਮ ਕਾ ਬੇਤਾ ॥ ਬ੍ਰਹਮ ਗਿਆਨੀ ਏਕ ਸੰਗਿ ਹੇਤਾ ॥ ਬ੍ਰਹਮ ਗਿਆਨੀ ਕੈ ਹੋਇ ਅਚਿੰਤ ॥ ਬ੍ਰਹਮ ਗਿਆਨੀ ਕਾ ਨਿਰਮਲ ਮੰਤ ॥ ਬ੍ਰਹਮ ਗਿਆਨੀ ਜਿਸੁ ਕਰੈ ਪ੍ਰਭੁ ਆਪਿ ॥ ਬ੍ਰਹਮ ਗਿਆਨੀ ਕਾ ਬਡ ਪਰਤਾਪ ॥ ਬ੍ਰਹਮ ਗਿਆਨੀ ਕਾ ਦਰਸੁ ਬਡਭਾਗੀ ਪਾਈਐ ॥ ਬ੍ਰਹਮ ਗਿਆਨੀ ਕਉ ਬਲਿ ਬਲਿ ਜਾਈਐ ॥ ਬ੍ਰਹਮ ਗਿਆਨੀ ਕਉ ਖੋਜਹਿ ਮਹੇਸੁਰ ॥ ਨਾਨਕ ਬ੍ਰਹਮ ਗਿਆਨੀ ਆਪਿ ਪਰਮੇਸੁਰ ॥੬॥ ਬ੍ਰਹਮ ਗਿਆਨੀ ਕੀ ਕੀਮਤਿ ਨਾਹਿ ॥ ਬ੍ਰਹਮ ਗਿਆਨੀ ਕੈ ਸਗਲ ਮਨ ਮਾਹਿ ॥ ਬ੍ਰਹਮ ਗਿਆਨੀ ਕਾ ਕਉਨ ਜਾਨੈ ਭੇਦੁ ॥ ਬ੍ਰਹਮ ਗਿਆਨੀ ਕਉ ਸਦਾ ਅਦੇਸੁ ॥ ਬ੍ਰਹਮ ਗਿਆਨੀ ਕਾ ਕਥਿਆ ਨ ਜਾਇ ਅਧਾਖੵਰੁ ॥ ਬ੍ਰਹਮ ਗਿਆਨੀ ਸਰਬ ਕਾ ਠਾਕੁਰੁ ॥ ਬ੍ਰਹਮ ਗਿਆਨੀ ਕੀ ਮਿਤਿ ਕਉਨੁ ਬਖਾਨੈ ॥ ਬ੍ਰਹਮ ਗਿਆਨੀ ਕੀ ਗਤਿ ਬ੍ਰਹਮ ਗਿਆਨੀ ਜਾਨੈ ॥ ਬ੍ਰਹਮ ਗਿਆਨੀ ਕਾ ਅੰਤੁ ਨ ਪਾਰੁ ॥ ਨਾਨਕ ਬ੍ਰਹਮ ਗਿਆਨੀ ਕਉ ਸਦਾ ਨਮਸਕਾਰੁ ॥੭॥ ਬ੍ਰਹਮ ਗਿਆਨੀ ਸਭ ਸ੍ਰਿਸਟਿ ਕਾ ਕਰਤਾ ॥ ਬ੍ਰਹਮ ਗਿਆਨੀ ਸਦ ਜੀਵੈ ਨਹੀ ਮਰਤਾ ॥ ਬ੍ਰਹਮ ਗਿਆਨੀ ਮੁਕਤਿ ਜੁਗਤਿ ਜੀਅ ਕਾ ਦਾਤਾ ॥ ਬ੍ਰਹਮ ਗਿਆਨੀ ਪੂਰਨ ਪੁਰਖੁ ਬਿਧਾਤਾ ॥ ਬ੍ਰਹਮ ਗਿਆਨੀ ਅਨਾਥ ਕਾ ਨਾਥੁ ॥ ਬ੍ਰਹਮ ਗਿਆਨੀ ਕਾ ਸਭ ਊਪਰਿ ਹਾਥੁ ॥ ਬ੍ਰਹਮ ਗਿਆਨੀ ਕਾ ਸਗਲ ਅਕਾਰੁ ॥ ਬ੍ਰਹਮ ਗਿਆਨੀ ਆਪਿ ਨਿਰੰਕਾਰੁ ॥ ਬ੍ਰਹਮ ਗਿਆਨੀ ਕੀ ਸੋਭਾ ਬ੍ਰਹਮ ਗਿਆਨੀ ਬਨੀ ॥ ਨਾਨਕ ਬ੍ਰਹਮ ਗਿਆਨੀ ਸਰਬ ਕਾ ਧਨੀ ॥੮॥੮॥ ਸਲੋਕੁ ॥ ਉਰਿ ਧਾਰੈ ਜੋ ਅੰਤਰਿ ਨਾਮੁ ॥ ਸਰਬ ਮੈ ਪੇਖੈ ਭਗਵਾਨੁ ॥ ਨਿਮਖ ਨਿਮਖ ਠਾਕੁਰ ਨਮਸਕਾਰੈ ॥ ਨਾਨਕ ਓਹੁ ਅਪਰਸੁ ਸਗਲ ਨਿਸਤਾਰੈ ॥੧॥ ਅਸਟਪਦੀ ॥ ਮਿਥਿਆ ਨਾਹੀ ਰਸਨਾ ਪਰਸ ॥ ਮਨ ਮਹਿ ਪ੍ਰੀਤਿ ਨਿਰੰਜਨ ਦਰਸ ॥ ਪਰ ਤ੍ਰਿਅ ਰੂਪੁ ਨ ਪੇਖੈ ਨੇਤ੍ਰ ॥ ਸਾਧ ਕੀ ਟਹਲ ਸੰਤਸੰਗਿ ਹੇਤ ॥ ਕਰਨ ਨ ਸੁਨੈ ਕਾਹੂ ਕੀ ਨਿੰਦਾ ॥ ਸਭ ਤੇ ਜਾਨੈ ਆਪਸ ਕਉ ਮੰਦਾ ॥ ਗੁਰ ਪ੍ਰਸਾਦਿ ਬਿਖਿਆ ਪਰਹਰੈ ॥ ਮਨ ਕੀ ਬਾਸਨਾ ਮਨ ਤੇ ਟਰੈ ॥ ਇੰਦ੍ਰੀ ਜਿਤ ਪੰਚ ਦੋਖ ਤੇ ਰਹਤ ॥ ਨਾਨਕ ਕੋਟਿ ਮਧੇ ਕੋ ਐਸਾ ਅਪਰਸ ॥੧॥ ਬੈਸਨੋ ਸੋ ਜਿਸੁ ਊਪਰਿ ਸੁਪ੍ਰਸੰਨ ॥ ਬਿਸਨ ਕੀ ਮਾਇਆ ਤੇ ਹੋਇ ਭਿੰਨ ॥ ਕਰਮ ਕਰਤ ਹੋਵੈ ਨਿਹਕਰਮ ॥ ਤਿਸੁ ਬੈਸਨੋ ਕਾ ਨਿਰਮਲ ਧਰਮ ॥ ਕਾਹੂ ਫਲ ਕੀ ਇਛਾ ਨਹੀ ਬਾਛੈ ॥ ਕੇਵਲ ਭਗਤਿ ਕੀਰਤਨ ਸੰਗਿ ਰਾਚੈ ॥ ਮਨ ਤਨ ਅੰਤਰਿ ਸਿਮਰਨ ਗੋਪਾਲ ॥ ਸਭ ਊਪਰਿ ਹੋਵਤ ਕਿਰਪਾਲ ॥ ਆਪਿ ਦ੍ਰਿੜੈ ਅਵਰਹ ਨਾਮੁ ਜਪਾਵੈ ॥ ਨਾਨਕ ਓਹੁ ਬੈਸਨੋ ਪਰਮ ਗਤਿ ਪਾਵੈ ॥੨॥ ਭਗਉਤੀ ਭਗਵੰਤ ਭਗਤਿ ਕਾ ਰੰਗੁ ॥ ਸਗਲ ਤਿਆਗੈ ਦੁਸਟ ਕਾ ਸੰਗੁ ॥ ਮਨ ਤੇ ਬਿਨਸੈ ਸਗਲਾ ਭਰਮੁ ॥ ਕਰਿ ਪੂਜੈ ਸਗਲ ਪਾਰਬ੍ਰਹਮੁ ॥ ਸਾਧਸੰਗਿ ਪਾਪਾ ਮਲੁ ਖੋਵੈ ॥ ਤਿਸੁ ਭਗਉਤੀ ਕੀ ਮਤਿ ਊਤਮ ਹੋਵੈ ॥ ਭਗਵੰਤ ਕੀ ਟਹਲ ਕਰੈ ਨਿਤ ਨੀਤਿ ॥ ਮਨੁ ਤਨੁ ਅਰਪੈ ਬਿਸਨ ਪਰੀਤਿ ॥ ਹਰਿ ਕੇ ਚਰਨ ਹਿਰਦੈ ਬਸਾਵੈ ॥ ਨਾਨਕ ਐਸਾ ਭਗਉਤੀ ਭਗਵੰਤ ਕਉ ਪਾਵੈ ॥੩॥ ਸੋ ਪੰਡਿਤੁ ਜੋ ਮਨੁ ਪਰਬੋਧੈ ॥ ਰਾਮ ਨਾਮੁ ਆਤਮ ਮਹਿ ਸੋਧੈ ॥

ਰਾਮ ਨਾਮ ਸਾਰੁ ਰਸੁ ਪੀਵੈ ॥ ਉਸੁ ਪੰਡਿਤ ਕੈ ਉਪਦੇਸਿ ਜਗੁ ਜੀਵੈ ॥ ਹਰਿ ਕੀ ਕਥਾ ਹਿਰਦੈ ਬਸਾਵੈ ॥ ਸੋ ਪੰਡਿਤੁ ਫਿਰਿ ਜੋਨਿ ਨ ਆਵੈ ॥ ਬੇਦ ਪੁਰਾਨ ਸਿਮ੍ਰਿਤਿ ਬੂਝੈ ਮੂਲ ॥ ਸੂਖਮ ਮਹਿ ਜਾਨੈ ਅਸਥੂਲੁ ॥ ਚਹੁ ਵਰਨਾ ਕਉ ਦੇ ਉਪਦੇਸੁ ॥ ਨਾਨਕ ਉਸੁ ਪੰਡਿਤ ਕਉ ਸਦਾ ਅਦੇਸੁ ॥੪॥ ਬੀਜ ਮੰਤ੍ਰੁ ਸਰਬ ਕੋ ਗਿਆਨੁ ॥ ਚਹੁ ਵਰਨਾ ਮਹਿ ਜਪੈ ਕੋਊ ਨਾਮੁ ॥ ਜੋ ਜੋ ਜਪੈ ਤਿਸ ਕੀ ਗਤਿ ਹੋਇ ॥ ਸਾਧਸੰਗਿ ਪਾਵੈ ਜਨੁ ਕੋਇ ॥ ਕਰਿ ਕਿਰਪਾ ਅੰਤਰਿ ਉਰ ਧਾਰੈ ॥ ਪਸੁ ਪ੍ਰੇਤ ਮੁਘਦ ਪਾਥਰ ਕਉ ਤਾਰੈ ॥ ਸਰਬ ਰੋਗ ਕਾ ਅਉਖਦੁ ਨਾਮੁ ॥ ਕਲਿਆਣ ਰੂਪ ਮੰਗਲ ਗੁਣ ਗਾਮ ॥ ਕਾਹੂ ਜੁਗਤਿ ਕਿਤੈ ਨ ਪਾਈਐ ਧਰਮਿ ॥ ਨਾਨਕ ਤਿਸੁ ਮਿਲੈ ਜਿਸੁ ਲਿਖਿਆ ਧੁਰਿ ਕਰਮਿ ॥੫॥ ਜਿਸ ਕੈ ਮਨਿ ਪਾਰਬ੍ਰਹਮ ਕਾ ਨਿਵਾਸੁ ॥ ਤਿਸ ਕਾ ਨਾਮੁ ਸਤਿ ਰਾਮ ਦਾਸੁ ॥ ਆਤਮ ਰਾਮੁ ਤਿਸੁ ਨਦਰੀ ਆਇਆ ॥ ਦਾਸ ਦਸੰਤਣ ਭਾਇ ਤਿਨਿ ਪਾਇਆ ॥ ਸਦਾ ਨਿਕਟਿ ਨਿਕਟਿ ਹਰਿ ਜਾਨੁ ॥ ਸੋ ਦਾਸੁ ਦਰਗਹ ਪਰਵਾਨੁ ॥ ਅਪੁਨੇ ਦਾਸ ਕਉ ਆਪਿ ਕਿਰਪਾ ਕਰੈ ॥ ਤਿਸੁ ਦਾਸ ਕਉ ਸਭ ਸੋਝੀ ਪਰੈ ॥ ਸਗਲ ਸੰਗਿ ਆਤਮ ਉਦਾਸੁ ॥ ਐਸੀ ਜੁਗਤਿ ਨਾਨਕ ਰਾਮਦਾਸੁ ॥੬॥ ਪ੍ਰਭ ਕੀ ਆਗਿਆ ਆਤਮ ਹਿਤਾਵੈ ॥ ਜੀਵਨ ਮੁਕਤਿ ਸੋਊ ਕਹਾਵੈ ॥ ਤੈਸਾ ਹਰਖੁ ਤੈਸਾ ਉਸੁ ਸੋਗੁ ॥ ਸਦਾ ਅਨੰਦੁ ਤਹ ਨਹੀ ਬਿਓਗੁ ॥ ਤੈਸਾ ਸੁਵਰਨੁ ਤੈਸੀ ਉਸੁ ਮਾਟੀ ॥ ਤੈਸਾ ਅੰਮ੍ਰਿਤੁ ਤੈਸੀ ਬਿਖੁ ਖਾਟੀ ॥ ਤੈਸਾ ਮਾਨੁ ਤੈਸਾ ਅਭਿਮਾਨੁ ॥ ਤੈਸਾ ਰੰਕੁ ਤੈਸਾ ਰਾਜਾਨੁ ॥ ਜੋ ਵਰਤਾਏ ਸਾਈ ਜੁਗਤਿ ॥ ਨਾਨਕ ਓਹੁ ਪੁਰਖੁ ਕਹੀਐ ਜੀਵਨ ਮੁਕਤਿ ॥੭॥ ਪਾਰਬ੍ਰਹਮ ਕੇ ਸਗਲੇ ਠਾਉ ॥ ਜਿਤੁ ਜਿਤੁ ਘਰਿ ਰਾਖੈ ਤੈਸਾ ਤਿਨ ਨਾਉ ॥ ਆਪੇ ਕਰਨ ਕਰਾਵਨ ਜੋਗੁ ॥ ਪ੍ਰਭ ਭਾਵੈ ਸੋਈ ਫੁਨਿ ਹੋਗੁ ॥ ਪਸਰਿਓ ਆਪਿ ਹੋਇ ਅਨਤ ਤਰੰਗ ॥ ਲਖੇ ਨ ਜਾਹਿ ਪਾਰਬ੍ਰਹਮ ਕੇ ਰੰਗ ॥ ਜੈਸੀ ਮਤਿ ਦੇਇ ਤੈਸਾ ਪਰਗਾਸ ॥ ਪਾਰਬ੍ਰਹਮੁ ਕਰਤਾ ਅਬਿਨਾਸ ॥ ਸਦਾ ਸਦਾ ਸਦਾ ਦਇਆਲ ॥ ਸਿਮਰਿ ਸਿਮਰਿ ਨਾਨਕ ਭਏ ਨਿਹਾਲ ॥੮॥੯॥ ਸਲੋਕੁ ॥ ਉਸਤਤਿ ਕਰਹਿ ਅਨੇਕ ਜਨ ਅੰਤੁ ਨ ਪਾਰਾਵਾਰ ॥ ਨਾਨਕ ਰਚਨਾ ਪ੍ਰਭਿ ਰਚੀ ਬਹੁ ਬਿਧਿ ਅਨਿਕ ਪ੍ਰਕਾਰ ॥੧॥ ਅਸਟਪਦੀ ॥ ਕਈ ਕੋਟਿ ਹੋਏ ਪੂਜਾਰੀ ॥ ਕਈ ਕੋਟਿ ਆਚਾਰ ਬਿਉਹਾਰੀ ॥ ਕਈ ਕੋਟਿ ਭਏ ਤੀਰਥ ਵਾਸੀ ॥ ਕਈ ਕੋਟਿ ਬਨ ਭ੍ਰਮਹਿ ਉਦਾਸੀ ॥ ਕਈ ਕੋਟਿ ਬੇਦ ਕੇ ਸ੍ਰੋਤੇ ॥ ਕਈ ਕੋਟਿ ਤਪੀਸੁਰ ਹੋਤੇ ॥ ਕਈ ਕੋਟਿ ਆਤਮ ਧਿਆਨੁ ਧਾਰਹਿ ॥ ਕਈ ਕੋਟਿ ਕਬਿ ਕਾਬਿ ਬੀਚਾਰਹਿ ॥ ਕਈ ਕੋਟਿ ਨਵਤਨ ਨਾਮ ਧਿਆਵਹਿ ॥ ਨਾਨਕ ਕਰਤੇ ਕਾ ਅੰਤੁ ਨ ਪਾਵਹਿ ॥੧॥ ਕਈ ਕੋਟਿ ਭਏ ਅਭਿਮਾਨੀ ॥ ਕਈ ਕੋਟਿ ਅੰਧ ਅਗਿਆਨੀ ॥ ਕਈ ਕੋਟਿ ਕਿਰਪਨ ਕਠੋਰ ॥ ਕਈ ਕੋਟਿ ਅਭਿਗ ਆਤਮ ਨਿਕੋਰ ॥ ਕਈ ਕੋਟਿ ਪਰ ਦਰਬ ਕਉ ਹਿਰਹਿ ॥ ਕਈ ਕੋਟਿ ਪਰ ਦੂਖਨਾ ਕਰਹਿ ॥ ਕਈ ਕੋਟਿ ਮਾਇਆ ਸ੍ਰਮ ਮਾਹਿ ॥ ਕਈ ਕੋਟਿ ਪਰਦੇਸ ਭ੍ਰਮਾਹਿ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ ॥ ਨਾਨਕ ਕਰਤੇ ਕੀ ਜਾਨੈ ਕਰਤਾ ਰਚਨਾ ॥੨॥ ਕਈ ਕੋਟਿ ਸਿਧ ਜਤੀ ਜੋਗੀ ॥ ਕਈ ਕੋਟਿ ਰਾਜੇ ਰਸ ਭੋਗੀ ॥ ਕਈ ਕੋਟਿ ਪੰਖੀ ਸਰਪ

ਉਪਾਏ ॥ ਕਈ ਕੋਟਿ ਪਾਥਰ ਬਿਰਖ ਨਿਪਜਾਏ ॥ ਕਈ ਕੋਟਿ ਪਵਣ ਪਾਣੀ ਬੈਸੰਤਰ ॥ ਕਈ ਕੋਟਿ ਦੇਸ ਭੂ ਮੰਡਲ ॥ ਕਈ ਕੋਟਿ ਸਸੀਅਰ ਸੂਰ ਨਖ੍ਯ੍ਯਤ੍ਰ ॥ ਕਈ ਕੋਟਿ ਦੇਵ ਦਾਨਵ ਇੰਦ੍ਰ ਸਿਰਿ ਛਤ੍ਰ ॥ ਸਗਲ ਸਮਗ੍ਰੀ ਅਪਨੈ ਸੂਤਿ ਧਾਰੈ ॥ ਨਾਨਕ ਜਿਸੁ ਜਿਸੁ ਭਾਵੈ ਤਿਸੁ ਤਿਸੁ ਨਿਸਤਾਰੈ ॥੩॥ ਕਈ ਕੋਟਿ ਰਾਜਸ ਤਾਮਸ ਸਾਤਕ ॥ ਕਈ ਕੋਟਿ ਬੇਦ ਪੁਰਾਨ ਸਿਮ੍ਰਿਤਿ ਅਰੁ ਸਾਸਤ ॥ ਕਈ ਕੋਟਿ ਕੀਏ ਰਤਨ ਸਮੁਦ ॥ ਕਈ ਕੋਟਿ ਨਾਨਾ ਪ੍ਰਕਾਰ ਜੰਤ ॥ ਕਈ ਕੋਟਿ ਕੀਏ ਚਿਰ ਜੀਵੇ ॥ ਕਈ ਕੋਟਿ ਗਿਰੀ ਮੇਰ ਸੁਵਰਨ ਥੀਵੇ ॥ ਕਈ ਕੋਟਿ ਜਖ੍ਯ੍ਯ ਕਿੰਨਰ ਪਿਸਾਚ ॥ ਕਈ ਕੋਟਿ ਭੂਤ ਪ੍ਰੇਤ ਸੂਕਰ ਮ੍ਰਿਗਾਚ ॥ ਸਭ ਤੇ ਨੇਰੈ ਸਭਹੂ ਤੇ ਦੂਰਿ ॥ ਨਾਨਕ ਆਪਿ ਅਲਿਪਤੁ ਰਹਿਆ ਭਰਪੂਰਿ ॥੪॥ ਕਈ ਕੋਟਿ ਪਾਤਾਲ ਕੇ ਵਾਸੀ ॥ ਕਈ ਕੋਟਿ ਨਰਕ ਸੁਰਗ ਨਿਵਾਸੀ ॥ ਕਈ ਕੋਟਿ ਜਨਮਹਿ ਜੀਵਹਿ ਮਰਹਿ ॥ ਕਈ ਕੋਟਿ ਬਹੁ ਜੋਨੀ ਫਿਰਹਿ ॥ ਕਈ ਕੋਟਿ ਬੈਠਤ ਹੀ ਖਾਹਿ ॥ ਕਈ ਕੋਟਿ ਘਾਲਹਿ ਥਕਿ ਪਾਹਿ ॥ ਕਈ ਕੋਟਿ ਕੀਏ ਧਨਵੰਤ ॥ ਕਈ ਕੋਟਿ ਮਾਇਆ ਮਹਿ ਚਿੰਤ ॥ ਜਹ ਜਹ ਭਾਣਾ ਤਹ ਤਹ ਰਾਖੇ ॥ ਨਾਨਕ ਸਭੁ ਕਿਛੁ ਪ੍ਰਭ ਕੈ ਹਾਥੇ ॥੫॥ ਕਈ ਕੋਟਿ ਭਏ ਬੈਰਾਗੀ ॥ ਰਾਮ ਨਾਮ ਸੰਗਿ ਤਿਨਿ ਲਿਵ ਲਾਗੀ ॥ ਕਈ ਕੋਟਿ ਪ੍ਰਭ ਕਉ ਖੋਜੰਤੇ ॥ ਆਤਮ ਮਹਿ ਪਾਰਬ੍ਰਹਮੁ ਲਹੰਤੇ ॥ ਕਈ ਕੋਟਿ ਦਰਸਨ ਪ੍ਰਭ ਪਿਆਸ ॥ ਤਿਨ ਕਉ ਮਿਲਿਓ ਪ੍ਰਭੁ ਅਬਿਨਾਸ ॥ ਕਈ ਕੋਟਿ ਮਾਗਹਿ ਸਤਸੰਗੁ ॥ ਪਾਰਬ੍ਰਹਮ ਤਿਨ ਲਾਗਾ ਰੰਗੁ ॥ ਜਿਨ ਕਉ ਹੋਏ ਆਪਿ ਸੁਪ੍ਰਸੰਨ ॥ ਨਾਨਕ ਤੇ ਜਨ ਸਦਾ ਧਨਿ ਧੰਨਿ ॥੬॥ ਕਈ ਕੋਟਿ ਖਾਣੀ ਅਰੁ ਖੰਡ ॥ ਕਈ ਕੋਟਿ ਅਕਾਸ ਬ੍ਰਹਮੰਡ ॥ ਕਈ ਕੋਟਿ ਹੋਏ ਅਵਤਾਰ ॥ ਕਈ ਜੁਗਤਿ ਕੀਨੋ ਬਿਸਥਾਰ ॥ ਕਈ ਬਾਰ ਪਸਰਿਓ ਪਾਸਾਰ ॥ ਸਦਾ ਸਦਾ ਇਕੁ ਏਕੰਕਾਰ ॥ ਕਈ ਕੋਟਿ ਕੀਨੇ ਬਹੁ ਭਾਤਿ ॥ ਪ੍ਰਭ ਤੇ ਹੋਏ ਪ੍ਰਭ ਮਾਹਿ ਸਮਾਤਿ ॥ ਤਾ ਕਾ ਅੰਤੁ ਨ ਜਾਨੈ ਕੋਇ ॥ ਆਪੇ ਆਪਿ ਨਾਨਕ ਪ੍ਰਭੁ ਸੋਇ ॥੭॥ ਕਈ ਕੋਟਿ ਪਾਰਬ੍ਰਹਮ ਕੇ ਦਾਸ ॥ ਤਿਨ ਹੋਵਤ ਆਤਮ ਪਰਗਾਸ ॥ ਕਈ ਕੋਟਿ ਤਤ ਕੇ ਬੇਤੇ ॥ ਸਦਾ ਨਿਹਾਰਹਿ ਏਕੋ ਨੇਤ੍ਰੇ ॥ ਕਈ ਕੋਟਿ ਨਾਮ ਰਸੁ ਪੀਵਹਿ ॥ ਅਮਰ ਭਏ ਸਦ ਸਦ ਹੀ ਜੀਵਹਿ ॥ ਕਈ ਕੋਟਿ ਨਾਮ ਗੁਨ ਗਾਵਹਿ ॥ ਆਤਮ ਰਸਿ ਸੁਖਿ ਸਹਜਿ ਸਮਾਵਹਿ ॥ ਅਪੁਨੇ ਜਨ ਕਉ ਸਾਸਿ ਸਾਸਿ ਸਮਾਰੇ ॥ ਨਾਨਕ ਓਇ ਪਰਮੇਸੁਰ ਕੇ ਪਿਆਰੇ ॥੮॥੧੦॥ ਸਲੋਕੁ ॥ ਕਰਣ ਕਾਰਣ ਪ੍ਰਭੁ ਏਕੁ ਹੈ ਦੂਸਰ ਨਾਹੀ ਕੋਇ ॥ ਨਾਨਕ ਤਿਸੁ ਬਲਿਹਾਰਣੈ ਜਲਿ ਥਲਿ ਮਹੀਅਲਿ ਸੋਇ ॥੧॥ ਅਸਟਪਦੀ ॥ ਕਰਨ ਕਰਾਵਨ ਕਰਨੈ ਜੋਗੁ ॥ ਜੋ ਤਿਸੁ ਭਾਵੈ ਸੋਈ ਹੋਗੁ ॥ ਖਿਨ ਮਹਿ ਥਾਪਿ ਉਥਾਪਨਹਾਰਾ ॥ ਅੰਤੁ ਨਹੀ ਕਿਛੁ ਪਾਰਾਵਾਰਾ ॥ ਹੁਕਮੇ ਧਾਰਿ ਅਧਰ ਰਹਾਵੈ ॥ ਹੁਕਮੇ ਉਪਜੈ ਹੁਕਮਿ ਸਮਾਵੈ ॥ ਹੁਕਮੇ ਊਚ ਨੀਚ ਬਿਉਹਾਰ ॥ ਹੁਕਮੇ ਅਨਿਕ ਰੰਗ ਪਰਕਾਰ ॥ ਕਰਿ ਕਰਿ ਦੇਖੈ ਅਪਨੀ ਵਡਿਆਈ ॥ ਨਾਨਕ ਸਭ ਮਹਿ ਰਹਿਆ ਸਮਾਈ ॥੧॥ ਪ੍ਰਭ ਭਾਵੈ ਮਾਨੁਖ ਗਤਿ ਪਾਵੈ ॥ ਪ੍ਰਭ ਭਾਵੈ ਤਾ ਪਾਥਰ ਤਰਾਵੈ ॥ ਪ੍ਰਭ ਭਾਵੈ ਬਿਨੁ ਸਾਸ ਤੇ ਰਾਖੈ ॥ ਪ੍ਰਭ ਭਾਵੈ ਤਾ ਹਰਿ ਗੁਣ ਭਾਖੈ ॥ ਪ੍ਰਭ ਭਾਵੈ ਤਾ

ਪਤਿਤ ਉਧਾਰੈ ॥ ਆਪਿ ਕਰੈ ਆਪਨ ਬੀਚਾਰੈ ॥ ਦੂਹਾ ਸਿਰਿਆ ਕਾ ਆਪਿ ਸੁਆਮੀ ॥ ਖੇਲੈ ਬਿਗਸੈ ਅੰਤਰਜਾਮੀ ॥ ਜੋ ਭਾਵੈ ਸੋ ਕਾਰ ਕਰਾਵੈ ॥ ਨਾਨਕ ਦ੍ਰਿਸਟੀ ਅਵਰੁ ਨ ਆਵੈ ॥੨॥ ਕਹੁ ਮਾਨੁਖ ਤੇ ਕਿਆ ਹੋਇ ਆਵੈ ॥ ਜੋ ਤਿਸੁ ਭਾਵੈ ਸੋਈ ਕਰਾਵੈ ॥ ਇਸ ਕੈ ਹਾਥਿ ਹੋਇ ਤਾ ਸਭੁ ਕਿਛੁ ਲੇਇ ॥ ਜੋ ਤਿਸੁ ਭਾਵੈ ਸੋਈ ਕਰੇਇ ॥ ਅਨਜਾਨਤ ਬਿਖਿਆ ਮਹਿ ਰਚੈ ॥ ਜੇ ਜਾਨਤ ਆਪਨ ਆਪ ਬਚੈ ॥ ਭਰਮੇ ਭੂਲਾ ਦਹ ਦਿਸਿ ਧਾਵੈ ॥ ਨਿਮਖ ਮਾਹਿ ਚਾਰਿ ਕੁੰਟ ਫਿਰਿ ਆਵੈ ॥ ਕਰਿ ਕਿਰਪਾ ਜਿਸੁ ਅਪਨੀ ਭਗਤਿ ਦੇਇ ॥ ਨਾਨਕ ਤੇ ਜਨ ਨਾਮਿ ਮਿਲੇਇ ॥੩॥ ਖਿਨ ਮਹਿ ਨੀਚ ਕੀਟ ਕਉ ਰਾਜ ॥ ਪਾਰਬ੍ਰਹਮ ਗਰੀਬ ਨਿਵਾਜ ॥ ਜਾ ਕਾ ਦ੍ਰਿਸਟਿ ਕਛੂ ਨ ਆਵੈ ॥ ਤਿਸੁ ਤਤਕਾਲ ਦਹ ਦਿਸ ਪ੍ਰਗਟਾਵੈ ॥ ਜਾ ਕਉ ਅਪੁਨੀ ਕਰੈ ਬਖਸੀਸ ॥ ਤਾ ਕਾ ਲੇਖਾ ਨ ਗਨੈ ਜਗਦੀਸ ॥ ਜੀਉ ਪਿੰਡੁ ਸਭ ਤਿਸ ਕੀ ਰਾਸਿ ॥ ਘਟਿ ਘਟਿ ਪੂਰਨ ਬ੍ਰਹਮ ਪ੍ਰਗਾਸ ॥ ਅਪਨੀ ਬਣਤ ਆਪਿ ਬਨਾਈ ॥ ਨਾਨਕ ਜੀਵੈ ਦੇਖਿ ਬਡਾਈ ॥੪॥ ਇਸ ਕਾ ਬਲੁ ਨਾਹੀ ਇਸੁ ਹਾਥ ॥ ਕਰਨ ਕਰਾਵਨ ਸਰਬ ਕੋ ਨਾਥ ॥ ਆਗਿਆਕਾਰੀ ਬਪੁਰਾ ਜੀਉ ॥ ਜੋ ਤਿਸੁ ਭਾਵੈ ਸੋਈ ਫੁਨਿ ਥੀਉ ॥ ਕਬਹੂ ਊਚ ਨੀਚ ਮਹਿ ਬਸੈ ॥ ਕਬਹੂ ਸੋਗ ਹਰਖ ਰੰਗਿ ਹਸੈ ॥ ਕਬਹੂ ਨਿੰਦ ਚਿੰਦ ਬਿਉਹਾਰ ॥ ਕਬਹੂ ਊਭ ਅਕਾਸ ਪਇਆਲ ॥ ਕਬਹੂ ਬੇਤਾ ਬ੍ਰਹਮ ਬੀਚਾਰ ॥ ਨਾਨਕ ਆਪਿ ਮਿਲਾਵਣਹਾਰ ॥੫॥ ਕਬਹੂ ਨਿਰਤਿ ਕਰੈ ਬਹੁ ਭਾਤਿ ॥ ਕਬਹੂ ਸੋਇ ਰਹੈ ਦਿਨੁ ਰਾਤਿ ॥ ਕਬਹੂ ਮਹਾ ਕ੍ਰੋਧ ਬਿਕਰਾਲ ॥ ਕਬਹੂੰ ਸਰਬ ਕੀ ਹੋਤ ਰਵਾਲ ॥ ਕਬਹੂ ਹੋਇ ਬਹੈ ਬਡ ਰਾਜਾ ॥ ਕਬਹੁ ਭੇਖਾਰੀ ਨੀਚ ਕਾ ਸਾਜਾ ॥ ਕਬਹੂ ਅਪਕੀਰਤਿ ਮਹਿ ਆਵੈ ॥ ਕਬਹੂ ਭਲਾ ਭਲਾ ਕਹਾਵੈ ॥ ਜਿਉ ਪ੍ਰਭੁ ਰਾਖੈ ਤਿਵ ਹੀ ਰਹੈ ॥ ਗੁਰ ਪ੍ਰਸਾਦਿ ਨਾਨਕ ਸਚੁ ਕਹੈ ॥੬॥ ਕਬਹੂ ਹੋਇ ਪੰਡਿਤੁ ਕਰੇ ਬਖ੍ਯ਼ਾਨੁ ॥ ਕਬਹੂ ਮੋਨਿਧਾਰੀ ਲਾਵੈ ਧਿਆਨੁ ॥ ਕਬਹੂ ਤਟ ਤੀਰਥ ਇਸਨਾਨ ॥ ਕਬਹੂ ਸਿਧ ਸਾਧਿਕ ਮੁਖਿ ਗਿਆਨ ॥ ਕਬਹੂ ਕੀਟ ਹਸਤਿ ਪਤੰਗ ਹੋਇ ਜੀਆ ॥ ਅਨਿਕ ਜੋਨਿ ਭਰਮੈ ਭਰਮੀਆ ॥ ਨਾਨਾ ਰੂਪ ਜਿਉ ਸ੍ਵਾਗੀ ਦਿਖਾਵੈ ॥ ਜਿਉ ਪ੍ਰਭ ਭਾਵੈ ਤਿਵੈ ਨਚਾਵੈ ॥ ਜੋ ਤਿਸੁ ਭਾਵੈ ਸੋਈ ਹੋਇ ॥ ਨਾਨਕ ਦੂਜਾ ਅਵਰੁ ਨ ਕੋਇ ॥੭॥ ਕਬਹੂ ਸਾਧਸੰਗਤਿ ਇਹੁ ਪਾਵੈ ॥ ਉਸੁ ਅਸਥਾਨ ਤੇ ਬਹੁਰਿ ਨ ਆਵੈ ॥ ਅੰਤਰਿ ਹੋਇ ਗਿਆਨ ਪਰਗਾਸੁ ॥ ਉਸੁ ਅਸਥਾਨ ਕਾ ਨਹੀ ਬਿਨਾਸੁ ॥ ਮਨ ਤਨ ਨਾਮਿ ਰਤੇ ਇਕ ਰੰਗਿ ॥ ਸਦਾ ਬਸਹਿ ਪਾਰਬ੍ਰਹਮ ਕੈ ਸੰਗਿ ॥ ਜਿਉ ਜਲ ਮਹਿ ਜਲੁ ਆਇ ਖਟਾਨਾ ॥ ਤਿਉ ਜੋਤੀ ਸੰਗਿ ਜੋਤਿ ਸਮਾਨਾ ॥ ਮਿਟਿ ਗਏ ਗਵਨ ਪਾਏ ਬਿਸ੍ਰਾਮ ॥ ਨਾਨਕ ਪ੍ਰਭ ਕੈ ਸਦ ਕੁਰਬਾਨ ॥੮॥੧੧॥ ਸਲੋਕੁ ॥ ਸੁਖੀ ਬਸੈ ਮਸਕੀਨੀਆ ਆਪੁ ਨਿਵਾਰਿ ਤਲੇ ॥ ਬਡੇ ਬਡੇ ਅਹੰਕਾਰੀਆ ਨਾਨਕ ਗਰਬਿ ਗਲੇ ॥੧॥ ਅਸਟਪਦੀ ॥ ਜਿਸ ਕੈ ਅੰਤਰਿ ਰਾਜ ਅਭਿਮਾਨੁ ॥ ਸੋ ਨਰਕਪਾਤੀ ਹੋਵਤ ਸੁਆਨੁ ॥ ਜੋ ਜਾਨੈ ਮੈ ਜੋਬਨਵੰਤੁ ॥ ਸੋ ਹੋਵਤ ਬਿਸਟਾ ਕਾ ਜੰਤੁ ॥ ਆਪਸ ਕਉ ਕਰਮਵੰਤੁ ਕਹਾਵੈ ॥ ਜਨਮਿ ਮਰੈ ਬਹੁ ਜੋਨਿ ਭ੍ਰਮਾਵੈ ॥ ਧਨ ਭੂਮਿ ਕਾ ਜੋ ਕਰੈ ਗੁਮਾਨੁ ॥ ਸੋ ਮੂਰਖੁ ਅੰਧਾ ਅਗਿਆਨੁ ॥ ਕਰਿ ਕਿਰਪਾ ਜਿਸ

ਕੈ ਹਿਰਦੈ ਗਰੀਬੀ ਬਸਾਵੈ ॥ ਨਾਨਕ ਈਹਾ ਮੁਕਤੁ ਆਗੈ ਸੁਖੁ ਪਾਵੈ ॥ ੧॥ ਧਨਵੰਤਾ ਹੋਇ ਕਰਿ ਗਰਬਾਵੈ ॥ ਤ੍ਰਿਣ ਸਮਾਨਿ ਕਛੁ ਸੰਗਿ ਨ ਜਾਵੈ ॥ ਬਹੁ ਲਸਕਰ ਮਾਨੁਖ ਊਪਰਿ ਕਰੇ ਆਸ ॥ ਪਲ ਭੀਤਰਿ ਤਾ ਕਾ ਹੋਇ ਬਿਨਾਸ ॥ ਸਭ ਤੇ ਆਪ ਜਾਨੈ ਬਲਵੰਤੁ ॥ ਖਿਨ ਮਹਿ ਹੋਇ ਜਾਇ ਭਸਮੰਤੁ ॥ ਕਿਸੈ ਨ ਬਦੈ ਆਪਿ ਅਹੰਕਾਰੀ ॥ ਧਰਮ ਰਾਇ ਤਿਸੁ ਕਰੇ ਖੁਆਰੀ ॥ ਗੁਰ ਪ੍ਰਸਾਦਿ ਜਾ ਕਾ ਮਿਟੈ ਅਭਿਮਾਨੁ ॥ ਸੋ ਜਨੁ ਨਾਨਕ ਦਰਗਹ ਪਰਵਾਨੁ ॥੨॥ ਕੋਟਿ ਕਰਮ ਕਰੈ ਹਉ ਧਾਰੇ ॥ ਸ੍ਰਮੁ ਪਾਵੈ ਸਗਲੇ ਬਿਰਥਾਰੇ ॥ ਅਨਿਕ ਤਪਸਿਆ ਕਰੇ ਅਹੰਕਾਰ ॥ ਨਰਕ ਸੁਰਗ ਫਿਰਿ ਫਿਰਿ ਅਵਤਾਰ ॥ ਅਨਿਕ ਜਤਨ ਕਰਿ ਆਤਮ ਨਹੀ ਦ੍ਰਵੈ ॥ ਹਰਿ ਦਰਗਹ ਕਹੁ ਕੈਸੇ ਗਵੈ ॥ ਆਪਸ ਕਉ ਜੋ ਭਲਾ ਕਹਾਵੈ ॥ ਤਿਸਹਿ ਭਲਾਈ ਨਿਕਟਿ ਨ ਆਵੈ ॥ ਸਰਬ ਕੀ ਰੇਨ ਜਾ ਕਾ ਮਨੁ ਹੋਇ ॥ ਕਹੁ ਨਾਨਕ ਤਾ ਕੀ ਨਿਰਮਲ ਸੋਇ ॥੩॥ ਜਬ ਲਗੁ ਜਾਨੈ ਮੁਝ ਤੇ ਕਛੁ ਹੋਇ ॥ ਤਬ ਇਸ ਕਉ ਸੁਖੁ ਨਾਹੀ ਕੋਇ ॥ ਜਬ ਇਹ ਜਾਨੈ ਮੈ ਕਿਛੁ ਕਰਤਾ ॥ ਤਬ ਲਗੁ ਗਰਭ ਜੋਨਿ ਮਹਿ ਫਿਰਤਾ ॥ ਜਬ ਧਾਰੈ ਕੋਊ ਬੈਰੀ ਮੀਤੁ ॥ ਤਬ ਲਗੁ ਨਿਹਚਲੁ ਨਾਹੀ ਚੀਤੁ ॥ ਜਬ ਲਗੁ ਮੋਹ ਮਗਨ ਸੰਗਿ ਮਾਇ ॥ ਤਬ ਲਗੁ ਧਰਮ ਰਾਇ ਦੇਇ ਸਜਾਇ ॥ ਪ੍ਰਭ ਕਿਰਪਾ ਤੇ ਬੰਧਨ ਤੂਟੈ ॥ ਗੁਰ ਪ੍ਰਸਾਦਿ ਨਾਨਕ ਹਉ ਛੂਟੈ ॥੪॥ ਸਹਸ ਖਟੇ ਲਖ ਕਉ ਉਠਿ ਧਾਵੈ ॥ ਤ੍ਰਿਪਤਿ ਨ ਆਵੈ ਮਾਇਆ ਪਾਛੈ ਪਾਵੈ ॥ ਅਨਿਕ ਭੋਗ ਬਿਖਿਆ ਕੇ ਕਰੈ ॥ ਨਹ ਤ੍ਰਿਪਤਾਵੈ ਖਪਿ ਖਪਿ ਮਰੈ ॥ ਬਿਨਾ ਸੰਤੋਖ ਨਹੀ ਕੋਊ ਰਾਜੈ ॥ ਸੁਪਨ ਮਨੋਰਥ ਬ੍ਰਿਥੇ ਸਭ ਕਾਜੈ ॥ ਨਾਮ ਰੰਗਿ ਸਰਬ ਸੁਖੁ ਹੋਇ ॥ ਬਡਭਾਗੀ ਕਿਸੈ ਪਰਾਪਤਿ ਹੋਇ ॥ ਕਰਨ ਕਰਾਵਨ ਆਪੇ ਆਪਿ ॥ ਸਦਾ ਸਦਾ ਨਾਨਕ ਹਰਿ ਜਾਪਿ ॥੫॥ ਕਰਨ ਕਰਾਵਨ ਕਰਨੈਹਾਰੁ ॥ ਇਸ ਕੈ ਹਾਥਿ ਕਹਾ ਬੀਚਾਰੁ ॥ ਜੈਸੀ ਦ੍ਰਿਸਟਿ ਕਰੇ ਤੈਸਾ ਹੋਇ ॥ ਆਪੇ ਆਪਿ ਆਪਿ ਪ੍ਰਭੁ ਸੋਇ ॥ ਜੋ ਕਿਛੁ ਕੀਨੋ ਸੁ ਅਪਨੈ ਰੰਗਿ ॥ ਸਭ ਤੇ ਦੂਰਿ ਸਭਹੂ ਕੈ ਸੰਗਿ ॥ ਬੂਝੈ ਦੇਖੈ ਕਰੈ ਬਿਬੇਕ ॥ ਆਪਹਿ ਏਕ ਆਪਹਿ ਅਨੇਕ ॥ ਮਰੈ ਨ ਬਿਨਸੈ ਆਵੈ ਨ ਜਾਇ ॥ ਨਾਨਕ ਸਦ ਹੀ ਰਹਿਆ ਸਮਾਇ ॥੬॥ ਆਪਿ ਉਪਦੇਸੈ ਸਮਝੈ ਆਪਿ ॥ ਆਪੇ ਰਚਿਆ ਸਭ ਕੈ ਸਾਥਿ ॥ ਆਪਿ ਕੀਨੋ ਆਪਨ ਬਿਸਥਾਰੁ ॥ ਸਭੁ ਕਛੁ ਉਸ ਕਾ ਓਹੁ ਕਰਨੈਹਾਰੁ ॥ ਉਸ ਤੇ ਭਿੰਨ ਕਹਹੁ ਕਿਛੁ ਹੋਇ ॥ ਥਾਨ ਥਨੰਤਰਿ ਏਕੈ ਸੋਇ ॥ ਅਪੁਨੇ ਚਲਿਤ ਆਪਿ ਕਰਣੈਹਾਰ ॥ ਕਉਤਕ ਕਰੈ ਰੰਗ ਆਪਾਰ ॥ ਮਨ ਮਹਿ ਆਪਿ ਮਨ ਅਪੁਨੇ ਮਾਹਿ ॥ ਨਾਨਕ ਕੀਮਤਿ ਕਹਨੁ ਨ ਜਾਇ ॥੭॥ ਸਤਿ ਸਤਿ ਸਤਿ ਪ੍ਰਭੁ ਸੁਆਮੀ ॥ ਗੁਰ ਪਰਸਾਦਿ ਕਿਨੈ ਵਖਿਆਨੀ ॥ ਸਚੁ ਸਚੁ ਸਚੁ ਸਭੁ ਕੀਨਾ ॥ ਕੋਟਿ ਮਧੇ ਕਿਨੈ ਬਿਰਲੈ ਚੀਨਾ ॥ ਭਲਾ ਭਲਾ ਭਲਾ ਤੇਰਾ ਰੂਪ ॥ ਅਤਿ ਸੁੰਦਰ ਅਪਾਰ ਅਨੂਪ ॥ ਨਿਰਮਲ ਨਿਰਮਲ ਨਿਰਮਲ ਤੇਰੀ ਬਾਣੀ ॥ ਘਟਿ ਘਟਿ ਸੁਨੀ ਸ੍ਰਵਨ ਬਖ੍ਹਾਣੀ ॥ ਪਵਿਤ੍ਰ ਪਵਿਤ੍ਰ ਪਵਿਤ੍ਰ ਪੁਨੀਤ ॥ ਨਾਮੁ ਜਪੈ ਨਾਨਕ ਮਨਿ ਪ੍ਰੀਤਿ ॥੮॥੧੨॥ ਸਲੋਕੁ ॥ ਸੰਤ ਸਰਨਿ ਜੋ ਜਨੁ ਪਰੈ ਸੋ ਜਨੁ ਉਧਰਨਹਾਰ ॥ ਸੰਤ ਕੀ ਨਿੰਦਾ ਨਾਨਕਾ ਬਹੁਰਿ ਬਹੁਰਿ ਅਵਤਾਰ ॥੧॥ ਅਸਟਪਦੀ ॥ ਸੰਤ

ਕੈ ਦੂਖਨਿ ਆਰਜਾ ਘਟੈ ॥ ਸੰਤ ਕੈ ਦੂਖਨਿ ਜਮ ਤੇ ਨਹੀ ਛੁਟੈ ॥ ਸੰਤ ਕੈ ਦੂਖਨਿ ਸੁਖੁ ਸਭੁ ਜਾਇ ॥ ਸੰਤ ਕੈ ਦੂਖਨਿ ਨਰਕ ਮਹਿ ਪਾਇ ॥ ਸੰਤ ਕੈ ਦੂਖਨਿ ਮਤਿ ਹੋਇ ਮਲੀਨ ॥ ਸੰਤ ਕੈ ਦੂਖਨਿ ਸੋਭਾ ਤੇ ਹੀਨ ॥ ਸੰਤ ਕੇ ਹਤੇ ਕਉ ਰਖੈ ਨ ਕੋਇ ॥ ਸੰਤ ਕੈ ਦੂਖਨਿ ਥਾਨ ਭ੍ਰਸਟੁ ਹੋਇ ॥ ਸੰਤ ਕ੍ਰਿਪਾਲ ਕ੍ਰਿਪਾ ਜੇ ਕਰੈ ॥ ਨਾਨਕ ਸੰਤਸੰਗਿ ਨਿੰਦਕੁ ਭੀ ਤਰੈ ॥੧॥ ਸੰਤ ਕੇ ਦੂਖਨ ਤੇ ਮੁਖੁ ਭਵੈ ॥ ਸੰਤਨ ਕੈ ਦੂਖਨਿ ਕਾਗ ਜਿਉ ਲਵੈ ॥ ਸੰਤਨ ਕੈ ਦੂਖਨਿ ਸਰਪ ਜੋਨਿ ਪਾਇ ॥ ਸੰਤ ਕੈ ਦੂਖਨਿ ਤ੍ਰਿਗਦ ਜੋਨਿ ਕਿਰਮਾਇ ॥ ਸੰਤਨ ਕੈ ਦੂਖਨਿ ਤ੍ਰਿਸਨਾ ਮਹਿ ਜਲੈ ॥ ਸੰਤ ਕੈ ਦੂਖਨਿ ਸਭੁ ਕੋ ਛਲੈ ॥ ਸੰਤ ਕੈ ਦੂਖਨਿ ਤੇਜੁ ਸਭੁ ਜਾਇ ॥ ਸੰਤ ਕੈ ਦੂਖਨਿ ਨੀਚੁ ਨੀਚਾਇ ॥ ਸੰਤ ਦੋਖੀ ਕਾ ਥਾਉ ਕੋ ਨਾਹਿ ॥ ਨਾਨਕ ਸੰਤ ਭਾਵੈ ਤਾ ਓਇ ਭੀ ਗਤਿ ਪਾਹਿ ॥੨॥ ਸੰਤ ਕਾ ਨਿੰਦਕੁ ਮਹਾ ਅਤਤਾਈ ॥ ਸੰਤ ਕਾ ਨਿੰਦਕੁ ਖਿਨੁ ਟਿਕਨੁ ਨ ਪਾਈ ॥ ਸੰਤ ਕਾ ਨਿੰਦਕੁ ਮਹਾ ਹਤਿਆਰਾ ॥ ਸੰਤ ਕਾ ਨਿੰਦਕੁ ਪਰਮੇਸੁਰਿ ਮਾਰਾ ॥ ਸੰਤ ਕਾ ਨਿੰਦਕੁ ਰਾਜ ਤੇ ਹੀਨੁ ॥ ਸੰਤ ਕਾ ਨਿੰਦਕੁ ਦੁਖੀਆ ਅਰੁ ਦੀਨੁ ॥ ਸੰਤ ਕੇ ਨਿੰਦਕ ਕਉ ਸਰਬ ਰੋਗ ॥ ਸੰਤ ਕੇ ਨਿੰਦਕ ਕਉ ਸਦਾ ਬਿਜੋਗ ॥ ਸੰਤ ਕੀ ਨਿੰਦਾ ਦੋਖ ਮਹਿ ਦੋਖੁ ॥ ਨਾਨਕ ਸੰਤ ਭਾਵੈ ਤਾ ਉਸ ਕਾ ਭੀ ਹੋਇ ਮੋਖੁ ॥੩॥ ਸੰਤ ਕਾ ਦੋਖੀ ਸਦਾ ਅਪਵਿਤੁ ॥ ਸੰਤ ਕਾ ਦੋਖੀ ਕਿਸੈ ਕਾ ਨਹੀ ਮਿਤੁ ॥ ਸੰਤ ਕੇ ਦੋਖੀ ਕਉ ਡਾਨੁ ਲਾਗੈ ॥ ਸੰਤ ਕੇ ਦੋਖੀ ਕਉ ਸਭ ਤਿਆਗੈ ॥ ਸੰਤ ਕਾ ਦੋਖੀ ਮਹਾ ਅਹੰਕਾਰੀ ॥ ਸੰਤ ਕਾ ਦੋਖੀ ਸਦਾ ਬਿਕਾਰੀ ॥ ਸੰਤ ਕਾ ਦੋਖੀ ਜਨਮੈ ਮਰੈ ॥ ਸੰਤ ਕੀ ਦੂਖਨਾ ਸੁਖ ਤੇ ਟਰੈ ॥ ਸੰਤ ਕੇ ਦੋਖੀ ਕਉ ਨਾਹੀ ਠਾਉ ॥ ਨਾਨਕ ਸੰਤ ਭਾਵੈ ਤਾ ਲਏ ਮਿਲਾਇ ॥੪॥ ਸੰਤ ਕਾ ਦੋਖੀ ਅਧ ਬੀਚ ਤੇ ਟੂਟੈ ॥ ਸੰਤ ਕਾ ਦੋਖੀ ਕਿਤੈ ਕਾਜਿ ਨ ਪਹੂਚੈ ॥ ਸੰਤ ਕੇ ਦੋਖੀ ਕਉ ਉਦਿਆਨ ਭ੍ਰਮਾਈਐ ॥ ਸੰਤ ਕਾ ਦੋਖੀ ਉਝੜਿ ਪਾਈਐ ॥ ਸੰਤ ਕਾ ਦੋਖੀ ਅੰਤਰ ਤੇ ਥੋਥਾ ॥ ਜਿਉ ਸਾਸ ਬਿਨਾ ਮਿਰਤਕ ਕੀ ਲੋਥਾ ॥ ਸੰਤ ਕੇ ਦੋਖੀ ਕੀ ਜੜ ਕਿਛੁ ਨਾਹਿ ॥ ਆਪਨ ਬੀਜਿ ਆਪੇ ਹੀ ਖਾਹਿ ॥ ਸੰਤ ਕੇ ਦੋਖੀ ਕਉ ਅਵਰੁ ਨ ਰਾਖਨਹਾਰੁ ॥ ਨਾਨਕ ਸੰਤ ਭਾਵੈ ਤਾ ਲਏ ਉਬਾਰਿ ॥੫॥ ਸੰਤ ਕਾ ਦੋਖੀ ਇਉ ਬਿਲਲਾਇ ॥ ਜਿਉ ਜਲ ਬਿਹੂਨ ਮਛੁਲੀ ਤੜਫੜਾਇ ॥ ਸੰਤ ਕਾ ਦੋਖੀ ਭੂਖਾ ਨਹੀ ਰਾਜੈ ॥ ਜਿਉ ਪਾਵਕੁ ਈਧਨਿ ਨਹੀ ਧ੍ਰਾਪੈ ॥ ਸੰਤ ਕਾ ਦੋਖੀ ਛੁਟੈ ਇਕੇਲਾ ॥ ਜਿਉ ਬੂਆੜੁ ਤਿਲੁ ਖੇਤ ਮਾਹਿ ਦੁਹੇਲਾ ॥ ਸੰਤ ਕਾ ਦੋਖੀ ਧਰਮ ਤੇ ਰਹਤ ॥ ਸੰਤ ਕਾ ਦੋਖੀ ਸਦ ਮਿਥਿਆ ਕਹਤ ॥ ਕਿਰਤੁ ਨਿੰਦਕ ਕਾ ਧੁਰਿ ਹੀ ਪਇਆ ॥ ਨਾਨਕ ਜੋ ਤਿਸੁ ਭਾਵੈ ਸੋਈ ਥਿਆ ॥੬॥ ਸੰਤ ਕਾ ਦੋਖੀ ਬਿਗੜ ਰੂਪੁ ਹੋਇ ਜਾਇ ॥ ਸੰਤ ਕੇ ਦੋਖੀ ਕਉ ਦਰਗਹ ਮਿਲੈ ਸਜਾਇ ॥ ਸੰਤ ਕਾ ਦੋਖੀ ਸਦਾ ਸਹਕਾਈਐ ॥ ਸੰਤ ਕਾ ਦੋਖੀ ਨ ਮਰੈ ਨ ਜੀਵਾਈਐ ॥ ਸੰਤ ਕੇ ਦੋਖੀ ਕੀ ਪੁਜੈ ਨ ਆਸਾ ॥ ਸੰਤ ਕਾ ਦੋਖੀ ਉਠਿ ਚਲੈ ਨਿਰਾਸਾ ॥ ਸੰਤ ਕੈ ਦੋਖਿ ਨ ਤ੍ਰਿਸਟੈ ਕੋਇ ॥ ਜੈਸਾ ਭਾਵੈ ਤੈਸਾ ਕੋਈ ਹੋਇ ॥ ਪਇਆ ਕਿਰਤੁ ਨ ਮੇਟੈ ਕੋਇ ॥ ਨਾਨਕ ਜਾਨੈ ਸਚਾ ਸੋਇ ॥੭॥ ਸਭ ਘਟ ਤਿਸ ਕੇ ਓਹੁ ਕਰਨੈਹਾਰੁ ॥ ਸਦਾ ਸਦਾ ਤਿਸ ਕਉ ਨਮਸਕਾਰੁ ॥ ਪ੍ਰਭ ਕੀ ਉਸਤਤਿ

ਕਰਹੁ ਦਿਨੁ ਰਾਤਿ ॥ ਤਿਸਹਿ ਧਿਆਵਹੁ ਸਾਸਿ ਗਿਰਾਸਿ ॥ ਸਭੁ ਕਛੁ ਵਰਤੈ ਤਿਸ ਕਾ ਕੀਆ ॥ ਜੈਸਾ ਕਰੇ ਤੈਸਾ ਕੋ ਥੀਆ ॥ ਅਪਨਾ ਖੇਲੁ ਆਪਿ ਕਰਨੈਹਾਰੁ ॥ ਦੂਸਰ ਕਉਨੁ ਕਹੈ ਬੀਚਾਰੁ ॥ ਜਿਸ ਨੋ ਕ੍ਰਿਪਾ ਕਰੈ ਤਿਸੁ ਆਪਨ ਨਾਮੁ ਦੇਇ ॥ ਬਡਭਾਗੀ ਨਾਨਕ ਜਨ ਸੇਇ ॥੮॥੧੩॥ ਸਲੋਕੁ ॥ ਤਜਹੁ ਸਿਆਨਪ ਸੁਰਿ ਜਨਹੁ ਸਿਮਰਹੁ ਹਰਿ ਹਰਿ ਰਾਇ ॥ ਏਕ ਆਸ ਹਰਿ ਮਨਿ ਰਖਹੁ ਨਾਨਕ ਦੂਖੁ ਭਰਮੁ ਭਉ ਜਾਇ ॥੧॥ ਅਸਟਪਦੀ ॥ ਮਾਨੁਖ ਕੀ ਟੇਕ ਬ੍ਰਿਥੀ ਸਭ ਜਾਨੁ ॥ ਦੇਵਨ ਕਉ ਏਕੈ ਭਗਵਾਨੁ ॥ ਜਿਸ ਕੈ ਦੀਐ ਰਹੈ ਅਘਾਇ ॥ ਬਹੁਰਿ ਨ ਤ੍ਰਿਸਨਾ ਲਾਗੈ ਆਇ ॥ ਮਾਰੈ ਰਾਖੈ ਏਕੋ ਆਪਿ ॥ ਮਾਨੁਖ ਕੈ ਕਿਛੁ ਨਾਹੀ ਹਾਥਿ ॥ ਤਿਸ ਕਾ ਹੁਕਮੁ ਬੂਝਿ ਸੁਖੁ ਹੋਇ ॥ ਤਿਸ ਕਾ ਨਾਮੁ ਰਖੁ ਕੰਠਿ ਪਰੋਇ ॥ ਸਿਮਰਿ ਸਿਮਰਿ ਸਿਮਰਿ ਪ੍ਰਭੁ ਸੋਇ ॥ ਨਾਨਕ ਬਿਘਨੁ ਨ ਲਾਗੈ ਕੋਇ ॥੧॥ ਉਸਤਤਿ ਮਨ ਮਹਿ ਕਰਿ ਨਿਰੰਕਾਰ ॥ ਕਰਿ ਮਨ ਮੇਰੇ ਸਤਿ ਬਿਉਹਾਰ ॥ ਨਿਰਮਲ ਰਸਨਾ ਅੰਮ੍ਰਿਤੁ ਪੀਉ ॥ ਸਦਾ ਸੁਹੇਲਾ ਕਰਿ ਲੇਹਿ ਜੀਉ ॥ ਨੈਨਹੁ ਪੇਖੁ ਠਾਕੁਰ ਕਾ ਰੰਗੁ ॥ ਸਾਧਸੰਗਿ ਬਿਨਸੈ ਸਭ ਸੰਗੁ ॥ ਚਰਨ ਚਲਉ ਮਾਰਗਿ ਗੋਬਿੰਦ ॥ ਮਿਟਹਿ ਪਾਪ ਜਪੀਐ ਹਰਿ ਬਿੰਦ ॥ ਕਰ ਹਰਿ ਕਰਮ ਸ੍ਰਵਨਿ ਹਰਿ ਕਥਾ ॥ ਹਰਿ ਦਰਗਹ ਨਾਨਕ ਊਜਲ ਮਥਾ ॥੨॥ ਬਡਭਾਗੀ ਤੇ ਜਨ ਜਗ ਮਾਹਿ ॥ ਸਦਾ ਸਦਾ ਹਰਿ ਕੇ ਗੁਨ ਗਾਹਿ ॥ ਰਾਮ ਨਾਮ ਜੋ ਕਰਹਿ ਬੀਚਾਰ ॥ ਸੇ ਧਨਵੰਤ ਗਨੀ ਸੰਸਾਰ ॥ ਮਨਿ ਤਨਿ ਮੁਖਿ ਬੋਲਹਿ ਹਰਿ ਮੁਖੀ ॥ ਸਦਾ ਸਦਾ ਜਾਨਹੁ ਤੇ ਸੁਖੀ ॥ ਏਕੋ ਏਕੁ ਏਕੁ ਪਛਾਨੈ ॥ ਇਤ ਉਤ ਕੀ ਓਹੁ ਸੋਝੀ ਜਾਨੈ ॥ ਨਾਮ ਸੰਗਿ ਜਿਸ ਕਾ ਮਨੁ ਮਾਨਿਆ ॥ ਨਾਨਕ ਤਿਨਹਿ ਨਿਰੰਜਨੁ ਜਾਨਿਆ ॥੩॥ ਗੁਰ ਪ੍ਰਸਾਦਿ ਆਪਨ ਆਪੁ ਸੁਝੈ ॥ ਤਿਸ ਕੀ ਜਾਨਹੁ ਤ੍ਰਿਸਨਾ ਬੁਝੈ ॥ ਸਾਧਸੰਗਿ ਹਰਿ ਹਰਿ ਜਸੁ ਕਹਤ ॥ ਸਰਬ ਰੋਗ ਤੇ ਓਹੁ ਹਰਿ ਜਨੁ ਰਹਤ ॥ ਅਨਦਿਨੁ ਕੀਰਤਨੁ ਕੇਵਲ ਬਖ੍ਯ਼ਾਨੁ ॥ ਗ੍ਰਿਹਸਤ ਮਹਿ ਸੋਈ ਨਿਰਬਾਨੁ ॥ ਏਕ ਊਪਰਿ ਜਿਸੁ ਜਨ ਕੀ ਆਸਾ ॥ ਤਿਸ ਕੀ ਕਟੀਐ ਜਮ ਕੀ ਫਾਸਾ ॥ ਪਾਰਬ੍ਰਹਮ ਕੀ ਜਿਸੁ ਮਨਿ ਭੂਖ ॥ ਨਾਨਕ ਤਿਸਹਿ ਨ ਲਾਗਹਿ ਦੂਖ ॥੪॥ ਜਿਸ ਕਉ ਹਰਿ ਪ੍ਰਭੁ ਮਨਿ ਚਿਤਿ ਆਵੈ ॥ ਸੋ ਸੰਤੁ ਸੁਹੇਲਾ ਨਹੀ ਡੁਲਾਵੈ ॥ ਜਿਸੁ ਪ੍ਰਭੁ ਅਪੁਨਾ ਕਿਰਪਾ ਕਰੈ ॥ ਸੋ ਸੇਵਕੁ ਕਹੁ ਕਿਸ ਤੇ ਡਰੈ ॥ ਜੈਸਾ ਸਾ ਤੈਸਾ ਦ੍ਰਿਸਟਾਇਆ ॥ ਅਪੁਨੇ ਕਾਰਜ ਮਹਿ ਆਪਿ ਸਮਾਇਆ ॥ ਸੋਧਤ ਸੋਧਤ ਸੋਧਤ ਸੀਝਿਆ ॥ ਗੁਰ ਪ੍ਰਸਾਦਿ ਤਤੁ ਸਭੁ ਬੂਝਿਆ ॥ ਜਬ ਦੇਖਉ ਤਬ ਸਭੁ ਕਿਛੁ ਮੂਲੁ ॥ ਨਾਨਕ ਸੋ ਸੂਖਮੁ ਸੋਈ ਅਸਥੂਲੁ ॥੫॥ ਨਹ ਕਿਛੁ ਜਨਮੈ ਨਹ ਕਿਛੁ ਮਰੈ ॥ ਆਪਨ ਚਲਿਤੁ ਆਪ ਹੀ ਕਰੈ ॥ ਆਵਨੁ ਜਾਵਨੁ ਦ੍ਰਿਸਟਿ ਅਨਦ੍ਰਿਸਟਿ ॥ ਆਗਿਆਕਾਰੀ ਧਾਰੀ ਸਭ ਸ੍ਰਿਸਟਿ ॥ ਆਪੇ ਆਪਿ ਸਗਲ ਮਹਿ ਆਪਿ ॥ ਅਨਿਕ ਜੁਗਤਿ ਰਚਿ ਥਾਪਿ ਉਥਾਪਿ ॥ ਅਬਿਨਾਸੀ ਨਾਹੀ ਕਿਛੁ ਖੰਡ ॥ ਧਾਰਣ ਧਾਰਿ ਰਹਿਓ ਬ੍ਰਹਮੰਡ ॥ ਅਲਖ ਅਭੇਵ ਪੁਰਖ ਪਰਤਾਪ ॥ ਆਪਿ ਜਪਾਏ ਤ ਨਾਨਕ ਜਾਪ ॥੬॥ ਜਿਨ ਪ੍ਰਭੁ ਜਾਤਾ ਸੁ ਸੋਭਾਵੰਤ ॥ ਸਗਲ ਸੰਸਾਰੁ ਉਧਰੈ ਤਿਨ ਮੰਤ ॥ ਪ੍ਰਭ ਕੇ ਸੇਵਕ ਸਗਲ ਉਧਾਰਨ ॥ ਪ੍ਰਭ ਕੇ ਸੇਵਕ ਦੂਖ ਬਿਸਾਰਨ ॥ ਆਪੇ

ਮੇਲਿ ਲਏ ਕਿਰਪਾਲ ॥ ਗੁਰ ਕਾ ਸਬਦੁ ਜਪਿ ਭਏ ਨਿਹਾਲ ॥ ਉਨ ਕੀ ਸੇਵਾ ਸੋਈ ਲਾਗੈ ॥ ਜਿਸ ਨੋ ਕ੍ਰਿਪਾ ਕਰਹਿ ਬਡਭਾਗੈ ॥ ਨਾਮੁ ਜਪਤ ਪਾਵਹਿ ਬਿਸ੍ਰਾਮੁ ॥ ਨਾਨਕ ਤਿਨ ਪੁਰਖ ਕਉ ਊਤਮ ਕਰਿ ਮਾਨੁ ॥੭॥ ਜੋ ਕਿਛੁ ਕਰੈ ਸੁ ਪ੍ਰਭ ਕੈ ਰੰਗਿ ॥ ਸਦਾ ਸਦਾ ਬਸੈ ਹਰਿ ਸੰਗਿ ॥ ਸਹਜ ਸੁਭਾਇ ਹੋਵੈ ਸੋ ਹੋਇ ॥ ਕਰਣੈਹਾਰੁ ਪਛਾਣੈ ਸੋਇ ॥ ਪ੍ਰਭ ਕਾ ਕੀਆ ਜਨ ਮੀਠ ਲਗਾਨਾ ॥ ਜੈਸਾ ਸਾ ਤੈਸਾ ਦ੍ਰਿਸਟਾਨਾ ॥ ਜਿਸ ਤੇ ਉਪਜੇ ਤਿਸੁ ਮਾਹਿ ਸਮਾਏ ॥ ਓਇ ਸੁਖ ਨਿਧਾਨ ਉਨਹੂ ਬਨਿ ਆਏ ॥ ਆਪਸ ਕਉ ਆਪਿ ਦੀਨੋ ਮਾਨੁ ॥ ਨਾਨਕ ਪ੍ਰਭ ਜਨੁ ਏਕੋ ਜਾਨੁ ॥੮॥੧੪॥ ਸਲੋਕੁ ॥ ਸਰਬ ਕਲਾ ਭਰਪੂਰ ਪ੍ਰਭ ਬਿਰਥਾ ਜਾਨਨਹਾਰ ॥ ਜਾ ਕੈ ਸਿਮਰਨਿ ਉਧਰੀਐ ਨਾਨਕ ਤਿਸੁ ਬਲਿਹਾਰ ॥੧॥ ਅਸਟਪਦੀ ॥ ਟੂਟੀ ਗਾਢਨਹਾਰ ਗੁੋਪਾਲ ॥ ਸਰਬ ਜੀਆ ਆਪੇ ਪ੍ਰਤਿਪਾਲ ॥ ਸਗਲ ਕੀ ਚਿੰਤਾ ਜਿਸੁ ਮਨ ਮਾਹਿ ॥ ਤਿਸ ਤੇ ਬਿਰਥਾ ਕੋਈ ਨਾਹਿ ॥ ਰੇ ਮਨ ਮੇਰੇ ਸਦਾ ਹਰਿ ਜਾਪਿ ॥ ਅਬਿਨਾਸੀ ਪ੍ਰਭੁ ਆਪੇ ਆਪਿ ॥ ਆਪਨ ਕੀਆ ਕਛੂ ਨ ਹੋਇ ॥ ਜੇ ਸਉ ਪ੍ਰਾਨੀ ਲੋਚੈ ਕੋਇ ॥ ਤਿਸੁ ਬਿਨੁ ਨਾਹੀ ਤੇਰੈ ਕਿਛੁ ਕਾਮ ॥ ਗਤਿ ਨਾਨਕ ਜਪਿ ਏਕ ਹਰਿ ਨਾਮ ॥੧॥ ਰੂਪਵੰਤੁ ਹੋਇ ਨਾਹੀ ਮੋਹੈ ॥ ਪ੍ਰਭ ਕੀ ਜੋਤਿ ਸਗਲ ਘਟ ਸੋਹੈ ॥ ਧਨਵੰਤਾ ਹੋਇ ਕਿਆ ਕੋ ਗਰਬੈ ॥ ਜਾ ਸਭੁ ਕਿਛੁ ਤਿਸ ਕਾ ਦੀਆ ਦਰਬੈ ॥ ਅਤਿ ਸੂਰਾ ਜੇ ਕੋਊ ਕਹਾਵੈ ॥ ਪ੍ਰਭ ਕੀ ਕਲਾ ਬਿਨਾ ਕਹ ਧਾਵੈ ॥ ਜੇ ਕੋ ਹੋਇ ਬਹੈ ਦਾਤਾਰੁ ॥ ਤਿਸੁ ਦੇਨਹਾਰੁ ਜਾਨੈ ਗਾਵਾਰੁ ॥ ਜਿਸੁ ਗੁਰ ਪ੍ਰਸਾਦਿ ਤੂਟੈ ਹਉ ਰੋਗੁ ॥ ਨਾਨਕ ਸੋ ਜਨੁ ਸਦਾ ਅਰੋਗੁ ॥੨॥ ਜਿਉ ਮੰਦਰ ਕਉ ਥਾਮੈ ਥੰਮਨੁ ॥ ਤਿਉ ਗੁਰ ਕਾ ਸਬਦੁ ਮਨਹਿ ਅਸਥੰਮਨੁ ॥ ਜਿਉ ਪਾਖਾਣੁ ਨਾਵ ਚੜਿ ਤਰੈ ॥ ਪ੍ਰਾਣੀ ਗੁਰ ਚਰਣ ਲਗਤੁ ਨਿਸਤਰੈ ॥ ਜਿਉ ਅੰਧਕਾਰ ਦੀਪਕ ਪਰਗਾਸੁ ॥ ਗੁਰ ਦਰਸਨੁ ਦੇਖਿ ਮਨਿ ਹੋਇ ਬਿਗਾਸੁ ॥ ਜਿਉ ਮਹਾ ਉਦਿਆਨ ਮਹਿ ਮਾਰਗੁ ਪਾਵੈ ॥ ਤਿਉ ਸਾਧੂ ਸੰਗਿ ਮਿਲਿ ਜੋਤਿ ਪ੍ਰਗਟਾਵੈ ॥ ਤਿਨ ਸੰਤਨ ਕੀ ਬਾਛਉ ਧੂਰਿ ॥ ਨਾਨਕ ਕੀ ਹਰਿ ਲੋਚਾ ਪੂਰਿ ॥੩॥ ਮਨ ਮੂਰਖ ਕਾਹੇ ਬਿਲਲਾਈਐ ॥ ਪੁਰਬ ਲਿਖੇ ਕਾ ਲਿਖਿਆ ਪਾਈਐ ॥ ਦੂਖ ਸੂਖ ਪ੍ਰਭ ਦੇਵਨਹਾਰੁ ॥ ਅਵਰ ਤਿਆਗਿ ਤੂ ਤਿਸਹਿ ਚਿਤਾਰੁ ॥ ਜੋ ਕਛੁ ਕਰੈ ਸੋਈ ਸੁਖੁ ਮਾਨੁ ॥ ਭੂਲਾ ਕਾਹੇ ਫਿਰਹਿ ਅਜਾਨ ॥ ਕਉਨ ਬਸਤੁ ਆਈ ਤੇਰੈ ਸੰਗ ॥ ਲਪਟਿ ਰਹਿਓ ਰਸਿ ਲੋਭੀ ਪਤੰਗ ॥ ਰਾਮ ਨਾਮ ਜਪਿ ਹਿਰਦੇ ਮਾਹਿ ॥ ਨਾਨਕ ਪਤਿ ਸੇਤੀ ਘਰਿ ਜਾਹਿ ॥੪॥ ਜਿਸੁ ਵਖਰ ਕਉ ਲੈਨਿ ਤੂ ਆਇਆ ॥ ਰਾਮ ਨਾਮੁ ਸੰਤਨ ਘਰਿ ਪਾਇਆ ॥ ਤਜਿ ਅਭਿਮਾਨੁ ਲੇਹੁ ਮਨ ਮੋਲਿ ॥ ਰਾਮ ਨਾਮੁ ਹਿਰਦੇ ਮਹਿ ਤੋਲਿ ॥ ਲਾਦਿ ਖੇਪ ਸੰਤਹ ਸੰਗਿ ਚਾਲੁ ॥ ਅਵਰ ਤਿਆਗਿ ਬਿਖਿਆ ਜੰਜਾਲ ॥ ਧੰਨਿ ਧੰਨਿ ਕਹੈ ਸਭੁ ਕੋਇ ॥ ਮੁਖ ਊਜਲ ਹਰਿ ਦਰਗਹ ਸੋਇ ॥ ਇਹੁ ਵਾਪਾਰੁ ਵਿਰਲਾ ਵਾਪਾਰੈ ॥ ਨਾਨਕ ਤਾ ਕੈ ਸਦ ਬਲਿਹਾਰੈ ॥ ੫॥ ਚਰਨ ਸਾਧ ਕੇ ਧੋਇ ਧੋਇ ਪੀਉ ॥ ਅਰਪਿ ਸਾਧ ਕਉ ਅਪਨਾ ਜੀਉ ॥ ਸਾਧ ਕੀ ਧੂਰਿ ਕਰਹੁ ਇਸਨਾਨੁ ॥ ਸਾਧ ਊਪਰਿ ਜਾਈਐ ਕੁਰਬਾਨੁ ॥ ਸਾਧ ਸੇਵਾ ਵਡਭਾਗੀ ਪਾਈਐ ॥ ਸਾਧਸੰਗਿ ਹਰਿ ਕੀਰਤਨੁ ਗਾਈਐ ॥ ਅਨਿਕ ਬਿਘਨ ਤੇ

ਸਾਧੂ ਰਾਖੈ ॥ ਹਰਿ ਗੁਨ ਗਾਇ ਅੰਮ੍ਰਿਤ ਰਸੁ ਚਾਖੈ ॥ ਓਟ ਗਹੀ ਸੰਤਹ ਦਰਿ ਆਇਆ ॥ ਸਰਬ ਸੂਖ ਨਾਨਕ ਤਿਹ ਪਾਇਆ ॥੬॥ ਮਿਰਤਕ ਕਉ ਜੀਵਾਲਨਹਾਰ ॥ ਭੂਖੇ ਕਉ ਦੇਵਤ ਅਧਾਰ ॥ ਸਰਬ ਨਿਧਾਨ ਜਾ ਕੀ ਦ੍ਰਿਸਟੀ ਮਾਹਿ ॥ ਪੁਰਬ ਲਿਖੇ ਕਾ ਲਹਣਾ ਪਾਹਿ ॥ ਸਭੁ ਕਿਛੁ ਤਿਸ ਕਾ ਓਹੁ ਕਰਨੈ ਜੋਗੁ ॥ ਤਿਸੁ ਬਿਨੁ ਦੂਸਰ ਹੋਆ ਨ ਹੋਗੁ ॥ ਜਪਿ ਜਨ ਸਦਾ ਸਦਾ ਦਿਨੁ ਰੈਣੀ ॥ ਸਭ ਤੇ ਊਚ ਨਿਰਮਲ ਇਹ ਕਰਣੀ ॥ ਕਰਿ ਕਿਰਪਾ ਜਿਸ ਕਉ ਨਾਮੁ ਦੀਆ ॥ ਨਾਨਕ ਸੋ ਜਨੁ ਨਿਰਮਲੁ ਥੀਆ ॥੭॥ ਜਾ ਕੈ ਮਨਿ ਗੁਰ ਕੀ ਪਰਤੀਤਿ ॥ ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ ॥ ਭਗਤੁ ਭਗਤੁ ਸੁਨੀਐ ਤਿਹੁ ਲੋਇ ॥ ਜਾ ਕੈ ਹਿਰਦੈ ਏਕੋ ਹੋਇ ॥ ਸਚੁ ਕਰਣੀ ਸਚੁ ਤਾ ਕੀ ਰਹਤ ॥ ਸਚੁ ਹਿਰਦੈ ਸਤਿ ਮੁਖਿ ਕਹਤ ॥ ਸਾਚੀ ਦ੍ਰਿਸਟਿ ਸਾਚਾ ਆਕਾਰੁ ॥ ਸਚੁ ਵਰਤੈ ਸਾਚਾ ਪਾਸਾਰੁ ॥ ਪਾਰਬ੍ਰਹਮੁ ਜਿਨਿ ਸਚੁ ਕਰਿ ਜਾਤਾ ॥ ਨਾਨਕ ਸੋ ਜਨੁ ਸਚਿ ਸਮਾਤਾ ॥੮॥੧੫॥ ਸਲੋਕੁ ॥ ਰੂਪੁ ਨ ਰੇਖ ਨ ਰੰਗੁ ਕਿਛੁ ਤ੍ਰਿਹੁ ਗੁਣ ਤੇ ਪ੍ਰਭ ਭਿੰਨ ॥ ਤਿਸਹਿ ਬੁਝਾਏ ਨਾਨਕਾ ਜਿਸੁ ਹੋਵੈ ਸੁਪ੍ਰਸੰਨ ॥੧॥ ਅਸਟਪਦੀ ॥ ਅਬਿਨਾਸੀ ਪ੍ਰਭੁ ਮਨ ਮਹਿ ਰਾਖੁ ॥ ਮਾਨੁਖ ਕੀ ਤੂ ਪ੍ਰੀਤਿ ਤਿਆਗੁ ॥ ਤਿਸ ਤੇ ਪਰੈ ਨਾਹੀ ਕਿਛੁ ਕੋਇ ॥ ਸਰਬ ਨਿਰੰਤਰਿ ਏਕੋ ਸੋਇ ॥ ਆਪੇ ਬੀਨਾ ਆਪੇ ਦਾਨਾ ॥ ਗਹਿਰ ਗੰਭੀਰੁ ਗਹੀਰੁ ਸੁਜਾਨਾ ॥ ਪਾਰਬ੍ਰਹਮ ਪਰਮੇਸੁਰ ਗੋਬਿੰਦ ॥ ਕ੍ਰਿਪਾ ਨਿਧਾਨ ਦਇਆਲ ਬਖਸੰਦ ॥ ਸਾਧ ਤੇਰੇ ਕੀ ਚਰਨੀ ਪਾਉ ॥ ਨਾਨਕ ਕੈ ਮਨਿ ਇਹੁ ਅਨਰਾਉ ॥੧॥ ਮਨਸਾ ਪੂਰਨ ਸਰਨਾ ਜੋਗ ॥ ਜੋ ਕਰਿ ਪਾਇਆ ਸੋਈ ਹੋਗੁ ॥ ਹਰਨ ਭਰਨ ਜਾ ਕਾ ਨੇਤ੍ਰ ਫੋਰੁ ॥ ਤਿਸ ਕਾ ਮੰਤ੍ਰੁ ਨ ਜਾਨੈ ਹੋਰੁ ॥ ਅਨਦ ਰੂਪ ਮੰਗਲ ਸਦ ਜਾ ਕੈ ॥ ਸਰਬ ਥੋਕ ਸੁਨੀਅਹਿ ਘਰਿ ਤਾ ਕੈ ॥ ਰਾਜ ਮਹਿ ਰਾਜੁ ਜੋਗ ਮਹਿ ਜੋਗੀ ॥ ਤਪ ਮਹਿ ਤਪੀਸਰੁ ਗ੍ਰਿਹਸਤ ਮਹਿ ਭੋਗੀ ॥ ਧਿਆਇ ਧਿਆਇ ਭਗਤਹ ਸੁਖੁ ਪਾਇਆ ॥ ਨਾਨਕ ਤਿਸੁ ਪੁਰਖ ਕਾ ਕਿਨੈ ਅੰਤੁ ਨ ਪਾਇਆ ॥ ੨॥ ਜਾ ਕੀ ਲੀਲਾ ਕੀ ਮਿਤਿ ਨਾਹਿ ॥ ਸਗਲ ਦੇਵ ਹਾਰੇ ਅਵਗਾਹਿ ॥ ਪਿਤਾ ਕਾ ਜਨਮੁ ਕਿ ਜਾਨੈ ਪੂਤੁ ॥ ਸਗਲ ਪਰੋਈ ਅਪੁਨੈ ਸੂਤਿ ॥ ਸੁਮਤਿ ਗਿਆਨੁ ਧਿਆਨੁ ਜਿਨ ਦੇਇ ॥ ਜਨ ਦਾਸ ਨਾਮੁ ਧਿਆਵਹਿ ਸੇਇ ॥ ਤਿਹੁ ਗੁਣ ਮਹਿ ਜਾ ਕਉ ਭਰਮਾਏ ॥ ਜਨਮਿ ਮਰੈ ਫਿਰਿ ਆਵੈ ਜਾਏ ॥ ਊਚ ਨੀਚ ਤਿਸ ਕੇ ਅਸਥਾਨ ॥ ਜੈਸਾ ਜਨਾਵੈ ਤੈਸਾ ਨਾਨਕ ਜਾਨ ॥੩॥ ਨਾਨਾ ਰੂਪ ਨਾਨਾ ਜਾ ਕੇ ਰੰਗ ॥ ਨਾਨਾ ਭੇਖ ਕਰਹਿ ਇਕ ਰੰਗ ॥ ਨਾਨਾ ਬਿਧਿ ਕੀਨੋ ਬਿਸਥਾਰੁ ॥ ਪ੍ਰਭੁ ਅਬਿਨਾਸੀ ਏਕੰਕਾਰੁ ॥ ਨਾਨਾ ਚਲਿਤ ਕਰੇ ਖਿਨ ਮਾਹਿ ॥ ਪੂਰਿ ਰਹਿਓ ਪੂਰਨੁ ਸਭ ਠਾਇ ॥ ਨਾਨਾ ਬਿਧਿ ਕਰਿ ਬਨਤ ਬਨਾਈ ॥ ਅਪਨੀ ਕੀਮਤਿ ਆਪੇ ਪਾਈ ॥ ਸਭ ਘਟ ਤਿਸ ਕੇ ਸਭ ਤਿਸ ਕੇ ਠਾਉ ॥ ਜਪਿ ਜਪਿ ਜੀਵੈ ਨਾਨਕ ਹਰਿ ਨਾਉ ॥੪॥ ਨਾਮ ਕੇ ਧਾਰੇ ਸਗਲੇ ਜੰਤ ॥ ਨਾਮ ਕੇ ਧਾਰੇ ਖੰਡ ਬ੍ਰਹਮੰਡ ॥ ਨਾਮ ਕੇ ਧਾਰੇ ਸਿਮ੍ਰਿਤਿ ਬੇਦ ਪੁਰਾਨ ॥ ਨਾਮ ਕੇ ਧਾਰੇ ਸੁਨਨ ਗਿਆਨ ਧਿਆਨ ॥ ਨਾਮ ਕੇ ਧਾਰੇ ਆਗਾਸ ਪਾਤਾਲ ॥ ਨਾਮ ਕੇ ਧਾਰੇ ਸਗਲ ਆਕਾਰ ॥ ਨਾਮ ਕੇ ਧਾਰੇ ਪੁਰੀਆ ਸਭ ਭਵਨ ॥ ਨਾਮ ਕੈ ਸੰਗਿ ਉਧਰੇ ਸੁਨਿ ਸ੍ਰਵਨ ॥ ਕਰਿ ਕਿਰਪਾ

ਜਿਸੁ ਆਪਨੈ ਨਾਮਿ ਲਾਏ ॥ ਨਾਨਕ ਚਉਥੇ ਪਦ ਮਹਿ ਸੋ ਜਨੁ ਗਤਿ ਪਾਏ ॥੫॥ ਰੂਪੁ ਸਤਿ ਜਾ ਕਾ ਸਤਿ ਅਸਥਾਨੁ ॥ ਪੁਰਖੁ ਸਤਿ ਕੇਵਲ ਪਰਧਾਨੁ ॥ ਕਰਤੂਤਿ ਸਤਿ ਸਤਿ ਜਾ ਕੀ ਬਾਣੀ ॥ ਸਤਿ ਪੁਰਖ ਸਭ ਮਾਹਿ ਸਮਾਣੀ ॥ ਸਤਿ ਕਰਮੁ ਜਾ ਕੀ ਰਚਨਾ ਸਤਿ ॥ ਮੂਲੁ ਸਤਿ ਸਤਿ ਉਤਪਤਿ ॥ ਸਤਿ ਕਰਣੀ ਨਿਰਮਲ ਨਿਰਮਲੀ ॥ ਜਿਸਹਿ ਬੁਝਾਏ ਤਿਸਹਿ ਸਭ ਭਲੀ ॥ ਸਤਿ ਨਾਮੁ ਪ੍ਰਭ ਕਾ ਸੁਖਦਾਈ ॥ ਬਿਸ੍ਵਾਸੁ ਸਤਿ ਨਾਨਕ ਗੁਰ ਤੇ ਪਾਈ ॥੬॥ ਸਤਿ ਬਚਨ ਸਾਧੂ ਉਪਦੇਸ ॥ ਸਤਿ ਤੇ ਜਨ ਜਾ ਕੈ ਰਿਦੈ ਪ੍ਰਵੇਸ ॥ ਸਤਿ ਨਿਰਤਿ ਬੂਝੈ ਜੇ ਕੋਇ ॥ ਨਾਮੁ ਜਪਤ ਤਾ ਕੀ ਗਤਿ ਹੋਇ ॥ ਆਪਿ ਸਤਿ ਕੀਆ ਸਭੁ ਸਤਿ ॥ ਆਪੇ ਜਾਨੈ ਅਪਨੀ ਮਿਤਿ ਗਤਿ ॥ ਜਿਸ ਕੀ ਸ੍ਰਿਸਟਿ ਸੁ ਕਰਣੈਹਾਰੁ ॥ ਅਵਰ ਨ ਬੂਝਿ ਕਰਤ ਬੀਚਾਰੁ ॥ ਕਰਤੇ ਕੀ ਮਿਤਿ ਨ ਜਾਨੈ ਕੀਆ ॥ ਨਾਨਕ ਜੋ ਤਿਸੁ ਭਾਵੈ ਸੋ ਵਰਤੀਆ ॥੭॥ ਬਿਸਮਨ ਬਿਸਮ ਭਏ ਬਿਸਮਾਦ ॥ ਜਿਨਿ ਬੂਝਿਆ ਤਿਸੁ ਆਇਆ ਸ੍ਵਾਦ ॥ ਪ੍ਰਭ ਕੈ ਰੰਗਿ ਰਾਚਿ ਜਨ ਰਹੇ ॥ ਗੁਰ ਕੈ ਬਚਨਿ ਪਦਾਰਥ ਲਹੇ ॥ ਓਇ ਦਾਤੇ ਦੁਖ ਕਾਟਨਹਾਰ ॥ ਜਾ ਕੈ ਸੰਗਿ ਤਰੈ ਸੰਸਾਰ ॥ ਜਨ ਕਾ ਸੇਵਕੁ ਸੋ ਵਡਭਾਗੀ ॥ ਜਨ ਕੈ ਸੰਗਿ ਏਕ ਲਿਵ ਲਾਗੀ ॥ ਗੁਨ ਗੋਬਿਦ ਕੀਰਤਨੁ ਜਨੁ ਗਾਵੈ ॥ ਗੁਰ ਪ੍ਰਸਾਦਿ ਨਾਨਕ ਫਲੁ ਪਾਵੈ ॥੮॥੧੬॥ ਸਲੋਕੁ ॥ ਆਦਿ ਸਚੁ ਜੁਗਾਦਿ ਸਚੁ ॥ ਹੈ ਭਿ ਸਚੁ ਨਾਨਕ ਹੋਸੀ ਭਿ ਸਚੁ ॥੧॥ ਅਸਟਪਦੀ ॥ ਚਰਨ ਸਤਿ ਸਤਿ ਪਰਸਨਹਾਰ ॥ ਪੂਜਾ ਸਤਿ ਸਤਿ ਸੇਵਦਾਰ ॥ ਦਰਸਨੁ ਸਤਿ ਸਤਿ ਪੇਖਨਹਾਰ ॥ ਨਾਮੁ ਸਤਿ ਸਤਿ ਧਿਆਵਨਹਾਰ ॥ ਆਪਿ ਸਤਿ ਸਤਿ ਸਭ ਧਾਰੀ ॥ ਆਪੇ ਗੁਣ ਆਪੇ ਗੁਣਕਾਰੀ ॥ ਸਬਦੁ ਸਤਿ ਸਤਿ ਪ੍ਰਭੁ ਬਕਤਾ ॥ ਸੁਰਤਿ ਸਤਿ ਸਤਿ ਜਸੁ ਸੁਨਤਾ ॥ ਬੁਝਨਹਾਰ ਕਉ ਸਤਿ ਸਭ ਹੋਇ ॥ ਨਾਨਕ ਸਤਿ ਸਤਿ ਪ੍ਰਭੁ ਸੋਇ ॥੧॥ ਸਤਿ ਸਰੂਪੁ ਰਿਦੈ ਜਿਨਿ ਮਾਨਿਆ ॥ ਕਰਨ ਕਰਾਵਨ ਤਿਨਿ ਮੂਲੁ ਪਛਾਨਿਆ ॥ ਜਾ ਕੈ ਰਿਦੈ ਬਿਸ੍ਵਾਸੁ ਪ੍ਰਭ ਆਇਆ ॥ ਤਤੁ ਗਿਆਨੁ ਤਿਸੁ ਮਨਿ ਪ੍ਰਗਟਾਇਆ ॥ ਭੈ ਤੇ ਨਿਰਭਉ ਹੋਇ ਬਸਾਨਾ ॥ ਜਿਸ ਤੇ ਉਪਜਿਆ ਤਿਸੁ ਮਾਹਿ ਸਮਾਨਾ ॥ ਬਸਤੁ ਮਾਹਿ ਲੇ ਬਸਤੁ ਗਡਾਈ ॥ ਤਾ ਕਉ ਭਿੰਨ ਨ ਕਹਨਾ ਜਾਈ ॥ ਬੂਝੈ ਬੂਝਨਹਾਰੁ ਬਿਬੇਕ ॥ ਨਾਰਾਇਨ ਮਿਲੇ ਨਾਨਕ ਏਕ ॥੨॥ ਠਾਕੁਰ ਕਾ ਸੇਵਕੁ ਆਗਿਆਕਾਰੀ ॥ ਠਾਕੁਰ ਕਾ ਸੇਵਕੁ ਸਦਾ ਪੂਜਾਰੀ ॥ ਠਾਕੁਰ ਕੇ ਸੇਵਕ ਕੈ ਮਨਿ ਪਰਤੀਤਿ ॥ ਠਾਕੁਰ ਕੀ ਸੇਵਕ ਕੇ ਨਿਰਮਲ ਰੀਤਿ ॥ ਠਾਕੁਰ ਕਉ ਸੇਵਕੁ ਜਾਨੈ ਸੰਗਿ ॥ ਪ੍ਰਭ ਕਾ ਸੇਵਕੁ ਨਾਮ ਕੈ ਰੰਗਿ ॥ ਸੇਵਕ ਕਉ ਪ੍ਰਭ ਪਾਲਨਹਾਰਾ ॥ ਸੇਵਕ ਕੀ ਰਾਖੈ ਨਿਰੰਕਾਰਾ ॥ ਸੋ ਸੇਵਕੁ ਜਿਸੁ ਦਇਆ ਪ੍ਰਭੁ ਧਾਰੈ ॥ ਨਾਨਕ ਸੋ ਸੇਵਕੁ ਸਾਸਿ ਸਾਸਿ ਸਮਾਰੈ ॥੩॥ ਅਪੁਨੇ ਜਨ ਕਾ ਪਰਦਾ ਢਾਕੈ ॥ ਅਪਨੇ ਸੇਵਕ ਕੀ ਸਰਪਰ ਰਾਖੈ ॥ ਅਪਨੇ ਦਾਸ ਕਉ ਦੇਇ ਵਡਾਈ ॥ ਅਪਨੇ ਸੇਵਕ ਕਉ ਨਾਮੁ ਜਪਾਈ ॥ ਅਪਨੇ ਸੇਵਕ ਕੀ ਆਪਿ ਪਤਿ ਰਾਖੈ ॥ ਤਾ ਕੀ ਗਤਿ ਮਿਤਿ ਕੋਇ ਨ ਲਾਖੈ ॥ ਪ੍ਰਭ ਕੇ ਸੇਵਕ ਕਉ ਕੋ ਨ ਪਹੂਚੈ ॥ ਪ੍ਰਭ ਕੇ ਸੇਵਕ ਊਚ ਤੇ ਊਚੇ ॥ ਜੋ ਪ੍ਰਭਿ ਅਪਨੀ ਸੇਵਾ ਲਾਇਆ ॥ ਨਾਨਕ ਸੋ ਸੇਵਕੁ ਦਹ ਦਿਸਿ ਪ੍ਰਗਟਾਇਆ ॥੪॥

ਨੀਕੀ ਕੀਰੀ ਮਹਿ ਕਲ ਰਾਖੈ ॥ ਭਸਮ ਕਰੈ ਲਸਕਰ ਕੋਟਿ ਲਾਖੈ ॥ ਜਿਸ ਕਾ ਸਾਸੁ ਨ ਕਾਢਤ ਆਪਿ ॥ ਤਾ ਕਉ ਰਾਖਤ ਦੇ ਕਰਿ ਹਾਥ ॥ ਮਾਨਸ ਜਤਨ ਕਰਤ ਬਹੁ ਭਾਤਿ ॥ ਤਿਸ ਕੇ ਕਰਤਬ ਬਿਰਥੇ ਜਾਤਿ ॥ ਮਾਰੈ ਨ ਰਾਖੈ ਅਵਰੁ ਨ ਕੋਇ ॥ ਸਰਬ ਜੀਆ ਕਾ ਰਾਖਾ ਸੋਇ ॥ ਕਾਹੇ ਸੋਚ ਕਰਹਿ ਰੇ ਪ੍ਰਾਣੀ ॥ ਜਪਿ ਨਾਨਕ ਪ੍ਰਭ ਅਲਖ ਵਿਡਾਣੀ ॥੫॥ ਬਾਰੰ ਬਾਰ ਬਾਰ ਪ੍ਰਭੁ ਜਪੀਐ ॥ ਪੀ ਅੰਮ੍ਰਿਤੁ ਇਹੁ ਮਨੁ ਤਨੁ ਧ੍ਰਪੀਐ ॥ ਨਾਮ ਰਤਨੁ ਜਿਨਿ ਗੁਰਮੁਖਿ ਪਾਇਆ ॥ ਤਿਸੁ ਕਿਛੁ ਅਵਰੁ ਨਾਹੀ ਦ੍ਰਿਸਟਾਇਆ ॥ ਨਾਮੁ ਧਨੁ ਨਾਮੋ ਰੂਪੁ ਰੰਗੁ ॥ ਨਾਮੋ ਸੁਖੁ ਹਰਿ ਨਾਮ ਕਾ ਸੰਗੁ ॥ ਨਾਮ ਰਸਿ ਜੋ ਜਨ ਤ੍ਰਿਪਤਾਨੇ ॥ ਮਨ ਤਨ ਨਾਮਹਿ ਨਾਮਿ ਸਮਾਨੇ ॥ ਊਠਤ ਬੈਠਤ ਸੋਵਤ ਨਾਮ ॥ ਕਹੁ ਨਾਨਕ ਜਨ ਕੈ ਸਦ ਕਾਮ ॥੬॥ ਬੋਲਹੁ ਜਸੁ ਜਿਹਬਾ ਦਿਨੁ ਰਾਤਿ ॥ ਪ੍ਰਭਿ ਅਪਨੈ ਜਨ ਕੀਨੀ ਦਾਤਿ ॥ ਕਰਹਿ ਭਗਤਿ ਆਤਮ ਕੈ ਚਾਇ ॥ ਪ੍ਰਭ ਅਪਨੇ ਸਿਉ ਰਹਹਿ ਸਮਾਇ ॥ ਜੋ ਹੋਆ ਹੋਵਤ ਸੋ ਜਾਨੈ ॥ ਪ੍ਰਭ ਅਪਨੇ ਕਾ ਹੁਕਮੁ ਪਛਾਨੈ ॥ ਤਿਸ ਕੀ ਮਹਿਮਾ ਕਉਨ ਬਖਾਨਉ ॥ ਤਿਸ ਕਾ ਗੁਨੁ ਕਹਿ ਏਕ ਨ ਜਾਨਉ ॥ ਆਠ ਪਹਰ ਪ੍ਰਭ ਬਸਹਿ ਹਜੂਰੇ ॥ ਕਹੁ ਨਾਨਕ ਸੇਈ ਜਨ ਪੂਰੇ ॥੭॥ ਮਨ ਮੇਰੇ ਤਿਨ ਕੀ ਓਟ ਲੇਹਿ ॥ ਮਨੁ ਤਨੁ ਅਪਨਾ ਤਿਨ ਜਨ ਦੇਹਿ ॥ ਜਿਨਿ ਜਨਿ ਅਪਨਾ ਪ੍ਰਭੂ ਪਛਾਤਾ ॥ ਸੋ ਜਨੁ ਸਰਬ ਥੋਕ ਕਾ ਦਾਤਾ ॥ ਤਿਸ ਕੀ ਸਰਨਿ ਸਰਬ ਸੁਖ ਪਾਵਹਿ ॥ ਤਿਸ ਕੈ ਦਰਸਿ ਸਭ ਪਾਪ ਮਿਟਾਵਹਿ ॥ ਅਵਰ ਸਿਆਨਪ ਸਗਲੀ ਛਾਡੁ ॥ ਤਿਸੁ ਜਨ ਕੀ ਤੂ ਸੇਵਾ ਲਾਗੁ ॥ ਆਵਨੁ ਜਾਨੁ ਨ ਹੋਵੀ ਤੇਰਾ ॥ ਨਾਨਕ ਤਿਸੁ ਜਨ ਕੇ ਪੂਜਹੁ ਸਦ ਪੈਰਾ ॥੮॥੧੭॥ ਸਲੋਕੁ ॥ ਸਤਿ ਪੁਰਖੁ ਜਿਨਿ ਜਾਨਿਆ ਸਤਿਗੁਰੁ ਤਿਸ ਕਾ ਨਾਉ ॥ ਤਿਸ ਕੈ ਸੰਗਿ ਸਿਖੁ ਉਧਰੈ ਨਾਨਕ ਹਰਿ ਗੁਨ ਗਾਉ ॥੧॥ ਅਸਟਪਦੀ ॥ ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ ॥ ਸੇਵਕ ਕਉ ਗੁਰੁ ਸਦਾ ਦਇਆਲ ॥ ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ ॥ ਗੁਰ ਬਚਨੀ ਹਰਿ ਨਾਮੁ ਉਚਰੈ ॥ ਸਤਿਗੁਰੁ ਸਿਖ ਕੇ ਬੰਧਨ ਕਾਟੈ ॥ ਗੁਰ ਕਾ ਸਿਖੁ ਬਿਕਾਰ ਤੇ ਹਾਟੈ ॥ ਸਤਿਗੁਰੁ ਸਿਖ ਕਉ ਨਾਮ ਧਨੁ ਦੇਇ ॥ ਗੁਰ ਕਾ ਸਿਖੁ ਵਡਭਾਗੀ ਹੇ ॥ ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ ॥ ਨਾਨਕ ਸਤਿਗੁਰੁ ਸਿਖ ਕਉ ਜੀਅ ਨਾਲਿ ਸਮਾਰੈ ॥੧॥ ਗੁਰ ਕੈ ਗ੍ਰਿਹਿ ਸੇਵਕੁ ਜੋ ਰਹੈ ॥ ਗੁਰ ਕੀ ਆਗਿਆ ਮਨ ਮਹਿ ਸਹੈ ॥ ਆਪਸ ਕਉ ਕਰਿ ਕਛੁ ਨ ਜਨਾਵੈ ॥ ਹਰਿ ਹਰਿ ਨਾਮੁ ਰਿਦੈ ਸਦ ਧਿਆਵੈ ॥ ਮਨੁ ਬੇਚੈ ਸਤਿਗੁਰ ਕੈ ਪਾਸਿ ॥ ਤਿਸੁ ਸੇਵਕ ਕੇ ਕਾਰਜ ਰਾਸਿ ॥ ਸੇਵਾ ਕਰਤ ਹੋਇ ਨਿਹਕਾਮੀ ॥ ਤਿਸ ਕਉ ਹੋਤ ਪਰਾਪਤਿ ਸੁਆਮੀ ॥ ਅਪਨੀ ਕ੍ਰਿਪਾ ਜਿਸੁ ਆਪਿ ਕਰੇਇ ॥ ਨਾਨਕ ਸੋ ਸੇਵਕੁ ਗੁਰ ਕੀ ਮਤਿ ਲੇਇ ॥੨॥ ਬੀਸ ਬਿਸਵੇ ਗੁਰ ਕਾ ਮਨੁ ਮਾਨੈ ॥ ਸੋ ਸੇਵਕੁ ਪਰਮੇਸੁਰ ਕੀ ਗਤਿ ਜਾਨੈ ॥ ਸੋ ਸਤਿਗੁਰੁ ਜਿਸੁ ਰਿਦੈ ਹਰਿ ਨਾਉ ॥ ਅਨਿਕ ਬਾਰ ਗੁਰ ਕਉ ਬਲਿ ਜਾਉ ॥ ਸਰਬ ਨਿਧਾਨ ਜੀਅ ਕਾ ਦਾਤਾ ॥ ਆਠ ਪਹਰ ਪਾਰਬ੍ਰਹਮ ਰੰਗਿ ਰਾਤਾ ॥ ਬ੍ਰਹਮ ਮਹਿ ਜਨੁ ਜਨ ਮਹਿ ਪਾਰਬ੍ਰਹਮੁ ॥ ਏਕਹਿ ਆਪਿ ਨਹੀ ਕਛੁ ਭਰਮੁ ॥ ਸਹਸ ਸਿਆਨਪ ਲਇਆ ਨ ਜਾਈਐ ॥ ਨਾਨਕ ਐਸਾ

ਗੁਰੁ ਬਡਭਾਗੀ ਪਾਈਐ ॥੩॥ ਸਫਲ ਦਰਸਨੁ ਪੇਖਤ ਪੁਨੀਤ ॥ ਪਰਸਤ ਚਰਨ ਗਤਿ ਨਿਰਮਲ ਰੀਤਿ ॥ ਭੇਟਤ ਸੰਗਿ ਰਾਮ ਗੁਨ ਰਵੇ ॥ ਪਾਰਬ੍ਰਹਮ ਕੀ ਦਰਗਹ ਗਵੇ ॥ ਸੁਨਿ ਕਰਿ ਬਚਨ ਕਰਨ ਆਘਾਨੇ ॥ ਮਨਿ ਸੰਤੋਖੁ ਆਤਮ ਪਤੀਆਨੇ ॥ ਪੂਰਾ ਗੁਰੁ ਅਖ੍ਯ੍ਓ ਜਾ ਕਾ ਮੰਤ੍ਰ ॥ ਅੰਮ੍ਰਿਤ ਦ੍ਰਿਸਟਿ ਪੇਖੈ ਹੋਇ ਸੰਤ ॥ ਗੁਣ ਬਿਅੰਤ ਕੀਮਤਿ ਨਹੀ ਪਾਇ ॥ ਨਾਨਕ ਜਿਸੁ ਭਾਵੈ ਤਿਸੁ ਲਏ ਮਿਲਾਇ ॥੪॥ ਜਿਹਬਾ ਏਕ ਉਸਤਤਿ ਅਨੇਕ ॥ ਸਤਿ ਪੁਰਖ ਪੂਰਨ ਬਿਬੇਕ ॥ ਕਾਹੂ ਬੋਲ ਨ ਪਹੁਚਤ ਪ੍ਰਾਨੀ ॥ ਅਗਮ ਅਗੋਚਰ ਪ੍ਰਭ ਨਿਰਬਾਨੀ ॥ ਨਿਰਾਹਾਰ ਨਿਰਵੈਰ ਸੁਖਦਾਈ ॥ ਤਾ ਕੀ ਕੀਮਤਿ ਕਿਨੈ ਨ ਪਾਈ ॥ ਅਨਿਕ ਭਗਤ ਬੰਦਨ ਨਿਤ ਕਰਹਿ ॥ ਚਰਨ ਕਮਲ ਹਿਰਦੈ ਸਿਮਰਹਿ ॥ ਸਦ ਬਲਿਹਾਰੀ ਸਤਿਗੁਰ ਅਪਨੇ ॥ ਨਾਨਕ ਜਿਸੁ ਪ੍ਰਸਾਦਿ ਐਸਾ ਪ੍ਰਭੁ ਜਪਨੇ ॥੫॥ ਇਹੁ ਹਰਿ ਰਸੁ ਪਾਵੈ ਜਨੁ ਕੋਇ ॥ ਅੰਮ੍ਰਿਤੁ ਪੀਵੈ ਅਮਰੁ ਸੋ ਹੋਇ ॥ ਉਸੁ ਪੁਰਖ ਕਾ ਨਾਹੀ ਕਦੇ ਬਿਨਾਸ ॥ ਜਾ ਕੈ ਮਨਿ ਪ੍ਰਗਟੇ ਗੁਨਤਾਸ ॥ ਆਠ ਪਹਰ ਹਰਿ ਕਾ ਨਾਮੁ ਲੇਇ ॥ ਸਚੁ ਉਪਦੇਸੁ ਸੇਵਕ ਕਉ ਦੇਇ ॥ ਮੋਹ ਮਾਇਆ ਕੈ ਸੰਗਿ ਨ ਲੇਪੁ ॥ ਮਨ ਮਹਿ ਰਾਖੈ ਹਰਿ ਹਰਿ ਏਕੁ ॥ ਅੰਧਕਾਰ ਦੀਪਕ ਪਰਗਾਸੇ ॥ ਨਾਨਕ ਭਰਮ ਮੋਹ ਦੁਖ ਤਹ ਤੇ ਨਾਸੇ ॥੬॥ ਤਪਤਿ ਮਾਹਿ ਠਾਢਿ ਵਰਤਾਈ ॥ ਅਨਦੁ ਭਇਆ ਦੁਖ ਨਾਠੇ ਭਾਈ ॥ ਜਨਮ ਮਰਨ ਕੇ ਮਿਟੇ ਅੰਦੇਸੇ ॥ ਸਾਧੂ ਕੇ ਪੂਰਨ ਉਪਦੇਸੇ ॥ ਭਉ ਚੂਕਾ ਨਿਰਭਉ ਹੋਇ ਬਸੇ ॥ ਸਗਲ ਬਿਆਧਿ ਮਨ ਤੇ ਖੈ ਨਸੇ ॥ ਜਿਸ ਕਾ ਸਾ ਤਿਨਿ ਕਿਰਪਾ ਧਾਰੀ ॥ ਸਾਧਸੰਗਿ ਜਪਿ ਨਾਮੁ ਮੁਰਾਰੀ ॥ ਥਿਤਿ ਪਾਈ ਚੂਕੇ ਭ੍ਰਮ ਗਵਨ ॥ ਸੁਨਿ ਨਾਨਕ ਹਰਿ ਹਰਿ ਜਸੁ ਸ੍ਰਵਨ ॥੭॥ ਨਿਰਗੁਨੁ ਆਪਿ ਸਰਗੁਨੁ ਭੀ ਓਹੀ ॥ ਕਲਾ ਧਾਰਿ ਜਿਨਿ ਸਗਲੀ ਮੋਹੀ ॥ ਅਪਨੇ ਚਰਿਤ ਪ੍ਰਭਿ ਆਪਿ ਬਨਾਏ ॥ ਅਪੁਨੀ ਕੀਮਤਿ ਆਪੇ ਪਾਏ ॥ ਹਰਿ ਬਿਨੁ ਦੂਜਾ ਨਾਹੀ ਕੋਇ ॥ ਸਰਬ ਨਿਰੰਤਰਿ ਏਕੋ ਸੋਇ ॥ ਓਤਿ ਪੋਤਿ ਰਵਿਆ ਰੂਪ ਰੰਗ ॥ ਭਏ ਪ੍ਰਗਾਸ ਸਾਧ ਕੈ ਸੰਗ ॥ ਰਚਿ ਰਚਨਾ ਅਪਨੀ ਕਲ ਧਾਰੀ ॥ ਅਨਿਕ ਬਾਰ ਨਾਨਕ ਬਲਿਹਾਰੀ ॥੮॥੧੮॥ ਸਲੋਕੁ ॥ ਸਾਥਿ ਨ ਚਾਲੈ ਬਿਨੁ ਭਜਨ ਬਿਖਿਆ ਸਗਲੀ ਛਾਰੁ ॥ ਹਰਿ ਹਰਿ ਨਾਮੁ ਕਮਾਵਨਾ ਨਾਨਕ ਇਹੁ ਧਨੁ ਸਾਰੁ ॥੧॥ ਅਸਟਪਦੀ ॥ ਸੰਤ ਜਨਾ ਮਿਲਿ ਕਰਹੁ ਬੀਚਾਰੁ ॥ ਏਕੁ ਸਿਮਰਿ ਨਾਮ ਆਧਾਰੁ ॥ ਅਵਰਿ ਉਪਾਵ ਸਭਿ ਮੀਤ ਬਿਸਾਰਹੁ ॥ ਚਰਨ ਕਮਲ ਰਿਦ ਮਹਿ ਉਰਿ ਧਾਰਹੁ ॥ ਕਰਨ ਕਾਰਨ ਸੋ ਪ੍ਰਭੁ ਸਮਰਥੁ ॥ ਦ੍ਰਿੜੁ ਕਰਿ ਗਹਹੁ ਨਾਮੁ ਹਰਿ ਵਥੁ ॥ ਇਹੁ ਧਨੁ ਸੰਚਹੁ ਹੋਵਹੁ ਭਗਵੰਤ ॥ ਸੰਤ ਜਨਾ ਕਾ ਨਿਰਮਲ ਮੰਤ ॥ ਏਕ ਆਸ ਰਾਖਹੁ ਮਨ ਮਾਹਿ ॥ ਸਰਬ ਰੋਗ ਨਾਨਕ ਮਿਟਿ ਜਾਹਿ ॥੧॥ ਜਿਸੁ ਧਨ ਕਉ ਚਾਰਿ ਕੁੰਟ ਉਠਿ ਧਾਵਹਿ ॥ ਸੋ ਧਨੁ ਹਰਿ ਸੇਵਾ ਤੇ ਪਾਵਹਿ ॥ ਜਿਸੁ ਸੁਖ ਕਉ ਨਿਤ ਬਾਛਹਿ ਮੀਤ ॥ ਸੋ ਸੁਖੁ ਸਾਧੂ ਸੰਗਿ ਪਰੀਤਿ ॥ ਜਿਸੁ ਸੋਭਾ ਕਉ ਕਰਹਿ ਭਲੀ ਕਰਨੀ ॥ ਸਾ ਸੋਭਾ ਭਜੁ ਹਰਿ ਕੀ ਸਰਨੀ ॥ ਅਨਿਕ ਉਪਾਵੀ ਰੋਗੁ ਨ ਜਾਇ ॥ ਰੋਗੁ ਮਿਟੈ ਹਰਿ ਅਵਖਧੁ ਲਾਇ ॥ ਸਰਬ ਨਿਧਾਨ ਮਹਿ ਹਰਿ ਨਾਮੁ ਨਿਧਾਨੁ ॥ ਜਪਿ ਨਾਨਕ ਦਰਗਹਿ ਪਰਵਾਨੁ

॥੭॥ ਮਨੁ ਪਰਬੋਧਹੁ ਹਰਿ ਕੈ ਨਾਇ ॥ ਦਹ ਦਿਸਿ ਧਾਵਤ ਆਵੈ ਠਾਇ ॥ ਤਾ ਕਉ ਬਿਘਨੁ ਨ ਲਾਗੈ ਕੋਇ ॥ ਜਾ ਕੈ ਰਿਦੈ ਬਸੈ ਹਰਿ ਸੋਇ ॥ ਕਲਿ ਤਾਤੀ ਠਾਂਢਾ ਹਰਿ ਨਾਉ ॥ ਸਿਮਰਿ ਸਿਮਰਿ ਸਦਾ ਸੁਖ ਪਾਉ ॥ ਭਉ ਬਿਨਸੈ ਪੂਰਨ ਹੋਇ ਆਸ ॥ ਭਗਤਿ ਭਾਇ ਆਤਮ ਪਰਗਾਸ ॥ ਤਿਤੁ ਘਰਿ ਜਾਇ ਬਸੈ ਅਬਿਨਾਸੀ ॥ ਕਹੁ ਨਾਨਕ ਕਾਟੀ ਜਮ ਫਾਸੀ ॥੩॥ ਤਤੁ ਬੀਚਾਰੁ ਕਹੈ ਜਨੁ ਸਾਚਾ ॥ ਜਨਮਿ ਮਰੈ ਸੋ ਕਾਚੋ ਕਾਚਾ ॥ ਆਵਾ ਗਵਨੁ ਮਿਟੈ ਪ੍ਰਭ ਸੇਵ ॥ ਆਪੁ ਤਿਆਗਿ ਸਰਨਿ ਗੁਰਦੇਵ ॥ ਇਉ ਰਤਨ ਜਨਮ ਕਾ ਹੋਇ ਉਧਾਰੁ ॥ ਹਰਿ ਹਰਿ ਸਿਮਰਿ ਪ੍ਰਾਨ ਆਧਾਰੁ ॥ ਅਨਿਕ ਉਪਾਵ ਨ ਛੂਟਨਹਾਰੇ ॥ ਸਿੰਮ੍ਰਿਤਿ ਸਾਸਤ ਬੇਦ ਬੀਚਾਰੇ ॥ ਹਰਿ ਕੀ ਭਗਤਿ ਕਰਹੁ ਮਨੁ ਲਾਇ ॥ ਮਨਿ ਬੰਛਤ ਨਾਨਕ ਫਲ ਪਾਇ ॥੪॥ ਸੰਗਿ ਨ ਚਾਲਸਿ ਤੇਰੈ ਧਨਾ ॥ ਤੂੰ ਕਿਆ ਲਪਟਾਵਹਿ ਮੂਰਖ ਮਨਾ ॥ ਸੁਤ ਮੀਤ ਕੁਟੰਬ ਅਰੁ ਬਨਿਤਾ ॥ ਇਨ ਤੇ ਕਹਹੁ ਤੁਮ ਕਵਨ ਸਨਾਥਾ ॥ ਰਾਜ ਰੰਗ ਮਾਇਆ ਬਿਸਥਾਰ ॥ ਇਨ ਤੇ ਕਹਹੁ ਕਵਨ ਛੁਟਕਾਰ ॥ ਅਸੁ ਹਸਤੀ ਰਥ ਅਸਵਾਰੀ ॥ ਝੂਠਾ ਡੰਫੁ ਝੂਠੁ ਪਾਸਾਰੀ ॥ ਜਿਨਿ ਦੀਏ ਤਿਸੁ ਬੁਝੈ ਨ ਬਿਗਾਨਾ ॥ ਨਾਮੁ ਬਿਸਾਰਿ ਨਾਨਕ ਪਛੁਤਾਨਾ ॥੫॥ ਗੁਰ ਕੀ ਮਤਿ ਤੂੰ ਲੇਹਿ ਇਆਨੇ ॥ ਭਗਤਿ ਬਿਨਾ ਬਹੁ ਡੂਬੇ ਸਿਆਨੇ ॥ ਹਰਿ ਕੀ ਭਗਤਿ ਕਰਹੁ ਮਨ ਮੀਤ ॥ ਨਿਰਮਲ ਹੋਇ ਤੁਮ੍ਾਰੋ ਚੀਤ ॥ ਚਰਨ ਕਮਲ ਰਾਖਹੁ ਮਨ ਮਾਹਿ ॥ ਜਨਮ ਜਨਮ ਕੇ ਕਿਲਬਿਖ ਜਾਹਿ ॥ ਆਪਿ ਜਪਹੁ ਅਵਰਾ ਨਾਮੁ ਜਪਾਵਹੁ ॥ ਸੁਨਤ ਕਹਤ ਰਹਤ ਗਤਿ ਪਾਵਹੁ ॥ ਸਾਰ ਭੂਤ ਸਤਿ ਹਰਿ ਕੋ ਨਾਉ ॥ ਸਹਜਿ ਸੁਭਾਇ ਨਾਨਕ ਗੁਨ ਗਾਉ ॥੬॥ ਗੁਨ ਗਾਵਤ ਤੇਰੀ ਉਤਰਸਿ ਮੈਲੁ ॥ ਬਿਨਸਿ ਜਾਇ ਹਉਮੈ ਬਿਖੁ ਫੈਲੁ ॥ ਹੋਹਿ ਅਚਿੰਤੁ ਬਸੈ ਸੁਖ ਨਾਲਿ ॥ ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ ॥ ਛਾਡਿ ਸਿਆਨਪ ਸਗਲੀ ਮਨਾ ॥ ਸਾਧਸੰਗਿ ਪਾਵਹਿ ਸਚੁ ਧਨਾ ॥ ਹਰਿ ਪੂੰਜੀ ਸੰਚਿ ਕਰਹੁ ਬਿਉਹਾਰੁ ॥ ਈਹਾ ਸੁਖੁ ਦਰਗਹ ਜੈਕਾਰੁ ॥ ਸਰਬ ਨਿਰੰਤਰਿ ਏਕੋ ਦੇਖੁ ॥ ਕਹੁ ਨਾਨਕ ਜਾ ਕੈ ਮਸਤਕਿ ਲੇਖੁ ॥੭॥ ਏਕੋ ਜਪਿ ਏਕੋ ਸਾਲਾਹਿ ॥ ਏਕੁ ਸਿਮਰਿ ਏਕੋ ਮਨ ਆਹਿ ॥ ਏਕਸ ਕੇ ਗੁਨ ਗਾਉ ਅਨੰਤ ॥ ਮਨਿ ਤਨਿ ਜਾਪਿ ਏਕ ਭਗਵੰਤ ॥ ਏਕੋ ਏਕੁ ਏਕੁ ਹਰਿ ਆਪਿ ॥ ਪੂਰਨ ਪੂਰਿ ਰਹਿਓ ਪ੍ਰਭੁ ਬਿਆਪਿ ॥ ਅਨਿਕ ਬਿਸਥਾਰ ਏਕ ਤੇ ਭਏ ॥ ਏਕੁ ਅਰਾਧਿ ਪਰਾਛਤ ਗਏ ॥ ਮਨ ਤਨ ਅੰਤਰਿ ਏਕੁ ਪ੍ਰਭੁ ਰਾਤਾ ॥ ਗੁਰ ਪ੍ਰਸਾਦਿ ਨਾਨਕ ਇਕੁ ਜਾਤਾ ॥੮॥੧੯॥ ਸਲੋਕੁ ॥ ਫਿਰਤ ਫਿਰਤ ਪ੍ਰਭ ਆਇਆ ਪਰਿਆ ਤਉ ਸਰਨਾਇ ॥ ਨਾਨਕ ਕੀ ਪ੍ਰਭ ਬੇਨਤੀ ਅਪਨੀ ਭਗਤੀ ਲਾਇ ॥੧॥ ਅਸਟਪਦੀ ॥ ਜਾਚਕ ਜਨੁ ਜਾਚੈ ਪ੍ਰਭ ਦਾਨੁ ॥ ਕਰਿ ਕਿਰਪਾ ਦੇਵਹੁ ਹਰਿ ਨਾਮੁ ॥ ਸਾਧ ਜਨਾ ਕੀ ਮਾਗਉ ਧੂਰਿ ॥ ਪਾਰਬ੍ਰਹਮ ਮੇਰੀ ਸਰਧਾ ਪੂਰਿ ॥ ਸਦਾ ਸਦਾ ਪ੍ਰਭ ਕੇ ਗੁਨ ਗਾਵਉ ॥ ਸਾਸਿ ਸਾਸਿ ਪ੍ਰਭ ਤੁਮਹਿ ਧਿਆਵਉ ॥ ਚਰਨ ਕਮਲ ਸਿਉ ਲਾਗੈ ਪ੍ਰੀਤਿ ॥ ਭਗਤਿ ਕਰਉ ਪ੍ਰਭ ਕੀ ਨਿਤ ਨੀਤਿ ॥ ਏਕ ਓਟ ਏਕੋ ਆਧਾਰੁ ॥ ਨਾਨਕੁ ਮਾਗੈ ਨਾਮੁ ਪ੍ਰਭ ਸਾਰੁ ॥੧॥ ਪ੍ਰਭ ਕੀ ਦ੍ਰਿਸਟਿ ਮਹਾ ਸੁਖੁ ਹੋਇ ॥ ਹਰਿ ਰਸੁ ਪਾਵੈ ਬਿਰਲਾ ਕੋਇ ॥

ਜਿਨ ਚਾਖਿਆ ਸੇ ਜਨ ਤ੍ਰਿਪਤਾਨੇ ॥ ਪੂਰਨ ਪੁਰਖ ਨਹੀ ਡੋਲਾਨੇ ॥ ਸੁਭਰ ਭਰੇ ਪ੍ਰੇਮ ਰਸ ਰੰਗਿ ॥ ਉਪਜੈ ਚਾਉ ਸਾਧ ਕੈ ਸੰਗਿ ॥ ਪਰੇ ਸਰਨਿ ਆਨ ਸਭ ਤਿਆਗਿ ॥ ਅੰਤਰਿ ਪ੍ਰਗਾਸ ਅਨਦਿਨੁ ਲਿਵ ਲਾਗਿ ॥ ਬਡਭਾਗੀ ਜਪਿਆ ਪ੍ਰਭੁ ਸੋਇ ॥ ਨਾਨਕ ਨਾਮਿ ਰਤੇ ਸੁਖੁ ਹੋਇ ॥੨॥ ਸੇਵਕ ਕੀ ਮਨਸਾ ਪੂਰੀ ਭਈ ॥ ਸਤਿਗੁਰ ਤੇ ਨਿਰਮਲ ਮਤਿ ਲਈ ॥ ਜਨ ਕਉ ਪ੍ਰਭੁ ਹੋਇਓ ਦਇਆਲੁ ॥ ਸੇਵਕੁ ਕੀਨੋ ਸਦਾ ਨਿਹਾਲੁ ॥ ਬੰਧਨ ਕਾਟਿ ਮੁਕਤਿ ਜਨੁ ਭਇਆ ॥ ਜਨਮ ਮਰਨ ਦੂਖੁ ਭ੍ਰਮੁ ਗਇਆ ॥ ਇਛ ਪੁਨੀ ਸਰਧਾ ਸਭ ਪੂਰੀ ॥ ਰਵਿ ਰਹਿਆ ਸਦ ਸੰਗਿ ਹਜੂਰੀ ॥ ਜਿਸ ਕਾ ਸਾ ਤਿਨਿ ਲੀਆ ਮਿਲਾਇ ॥ ਨਾਨਕ ਭਗਤੀ ਨਾਮਿ ਸਮਾਇ ॥੩॥ ਸੋ ਕਿਉ ਬਿਸਰੈ ਜਿ ਘਾਲ ਨ ਭਾਨੈ ॥ ਸੋ ਕਿਉ ਬਿਸਰੈ ਜਿ ਕੀਆ ਜਾਨੈ ॥ ਸੋ ਕਿਉ ਬਿਸਰੈ ਜਿਨਿ ਸਭੁ ਕਿਛੁ ਦੀਆ ॥ ਸੋ ਕਿਉ ਬਿਸਰੈ ਜਿ ਜੀਵਨ ਜੀਆ ॥ ਸੋ ਕਿਉ ਬਿਸਰੈ ਜਿ ਅਗਨਿ ਮਹਿ ਰਾਖੈ ॥ ਗੁਰ ਪ੍ਰਸਾਦਿ ਕੋ ਬਿਰਲਾ ਲਾਖੈ ॥ ਸੋ ਕਿਉ ਬਿਸਰੈ ਜਿ ਬਿਖੁ ਤੇ ਕਾਢੈ ॥ ਜਨਮ ਜਨਮ ਕਾ ਟੂਟਾ ਗਾਢੈ ॥ ਗੁਰਿ ਪੂਰੈ ਤਤੁ ਇਹੈ ਬੁਝਾਇਆ ॥ ਪ੍ਰਭੁ ਅਪਨਾ ਨਾਨਕ ਜਨ ਧਿਆਇਆ ॥੪॥ ਸਾਜਨ ਸੰਤ ਕਰਹੁ ਇਹੁ ਕਾਮੁ ॥ ਆਨ ਤਿਆਗਿ ਜਪਹੁ ਹਰਿ ਨਾਮੁ ॥ ਸਿਮਰਿ ਸਿਮਰਿ ਸਿਮਰਿ ਸੁਖ ਪਾਵਹੁ ॥ ਆਪਿ ਜਪਹੁ ਅਵਰਹ ਨਾਮੁ ਜਪਾਵਹੁ ॥ ਭਗਤਿ ਭਾਇ ਤਰੀਐ ਸੰਸਾਰੁ ॥ ਬਿਨੁ ਭਗਤੀ ਤਨੁ ਹੋਸੀ ਛਾਰੁ ॥ ਸਰਬ ਕਲਿਆਣ ਸੂਖ ਨਿਧਿ ਨਾਮੁ ॥ ਬੂਡਤ ਜਾਤ ਪਾਏ ਬਿਸ੍ਰਾਮੁ ॥ ਸਗਲ ਦੂਖ ਕਾ ਹੋਵਤ ਨਾਸੁ ॥ ਨਾਨਕ ਨਾਮੁ ਜਪਹੁ ਗੁਨਤਾਸੁ ॥੫॥ ਉਪਜੀ ਪ੍ਰੀਤਿ ਪ੍ਰੇਮ ਰਸੁ ਚਾਉ ॥ ਮਨ ਤਨ ਅੰਤਰਿ ਇਹੀ ਸੁਆਉ ॥ ਨੇਤ੍ਰਹੁ ਪੇਖਿ ਦਰਸੁ ਸੁਖੁ ਹੋਇ ॥ ਮਨੁ ਬਿਗਸੈ ਸਾਧ ਚਰਨ ਧੋਇ ॥ ਭਗਤ ਜਨਾ ਕੈ ਮਨਿ ਤਨਿ ਰੰਗੁ ॥ ਬਿਰਲਾ ਕੋਊ ਪਾਵੈ ਸੰਗੁ ॥ ਏਕ ਬਸਤੁ ਦੀਜੈ ਕਰਿ ਮਇਆ ॥ ਗੁਰ ਪ੍ਰਸਾਦਿ ਨਾਮੁ ਜਪਿ ਲਇਆ ॥ ਤਾ ਕੀ ਉਪਮਾ ਕਹੀ ਨ ਜਾਇ ॥ ਨਾਨਕ ਰਹਿਆ ਸਰਬ ਸਮਾਇ ॥੬॥ ਪ੍ਰਭ ਬਖਸੰਦ ਦੀਨ ਦਇਆਲ ॥ ਭਗਤਿ ਵਛਲ ਸਦਾ ਕਿਰਪਾਲ ॥ ਅਨਾਥ ਨਾਥ ਗੋਬਿੰਦ ਗੁਪਾਲ ॥ ਸਰਬ ਘਟਾ ਕਰਤ ਪ੍ਰਤਿਪਾਲ ॥ ਆਦਿ ਪੁਰਖ ਕਾਰਣ ਕਰਤਾਰ ॥ ਭਗਤ ਜਨਾ ਕੇ ਪ੍ਰਾਨ ਅਧਾਰ ॥ ਜੋ ਜੋ ਜਪੈ ਸੁ ਹੋਇ ਪੁਨੀਤ ॥ ਭਗਤਿ ਭਾਇ ਲਾਵੈ ਮਨ ਹੀਤ ॥ ਹਮ ਨਿਰਗੁਨੀਆਰ ਨੀਚ ਅਜਾਨ ॥ ਨਾਨਕ ਤੁਮਰੀ ਸਰਨਿ ਪੁਰਖ ਭਗਵਾਨ ॥੭॥ ਸਰਬ ਬੈਕੁੰਠ ਮੁਕਤਿ ਮੋਖ ਪਾਏ ॥ ਏਕ ਨਿਮਖ ਹਰਿ ਕੇ ਗੁਨ ਗਾਏ ॥ ਅਨਿਕ ਰਾਜ ਭੋਗ ਬਡਿਆਈ ॥ ਹਰਿ ਕੇ ਨਾਮ ਕੀ ਕਥਾ ਮਨਿ ਭਾਈ ॥ ਬਹੁ ਭੋਜਨ ਕਾਪਰ ਸੰਗੀਤ ॥ ਰਸਨਾ ਜਪਤੀ ਹਰਿ ਹਰਿ ਨੀਤ ॥ ਭਲੀ ਸੁ ਕਰਨੀ ਸੋਭਾ ਧਨਵੰਤ ॥ ਹਿਰਦੈ ਬਸੇ ਪੂਰਨ ਗੁਰ ਮੰਤ ॥ ਸਾਧਸੰਗਿ ਪ੍ਰਭ ਦੇਹੁ ਨਿਵਾਸ ॥ ਸਰਬ ਸੂਖ ਨਾਨਕ ਪਰਗਾਸ ॥੮॥੨੦॥ ਸਲੋਕੁ ॥ ਸਰਗੁਨ ਨਿਰਗੁਨ ਨਿਰੰਕਾਰ ਸੁੰਨ ਸਮਾਧੀ ਆਪਿ ॥ ਆਪਨ ਕੀਆ ਨਾਨਕਾ ਆਪੇ ਹੀ ਫਿਰਿ ਜਾਪਿ ॥੧॥ ਅਸਟਪਦੀ ॥ ਜਬ ਅਕਾਰੁ ਇਹੁ ਕਛੁ ਨ ਦ੍ਰਿਸਟੇਤਾ ॥ ਪਾਪ ਪੁੰਨ ਤਬ ਕਹ ਤੇ ਹੋਤਾ ॥ ਜਬ ਧਾਰੀ ਆਪਨ ਸੁੰਨ ਸਮਾਧਿ ॥ ਤਬ ਬੈਰ ਬਿਰੋਧ ਕਿਸੁ ਸੰਗਿ ਕਮਾਤਿ

॥ ਜਬ ਇਸ ਕਾ ਬਰਨੁ ਚਿਹਨੁ ਨ ਜਾਪਤ ॥ ਤਬ ਹਰਖ ਸੋਗ ਕਹੁ ਕਿਸਹਿ ਬਿਆਪਤ ॥ ਜਬ ਆਪਨ ਆਪ ਆਪਿ ਪਾਰਬ੍ਰਹਮ ॥ ਤਬ ਮੋਹ ਕਹਾ ਕਿਸੁ ਹੋਵਤ ਭਰਮ ॥ ਆਪਨ ਖੇਲੁ ਆਪਿ ਵਰਤੀਜਾ ॥ ਨਾਨਕ ਕਰਨੈਹਾਰੁ ਨ ਦੂਜਾ ॥੧॥ ਜਬ ਹੋਵਤ ਪ੍ਰਭ ਕੇਵਲ ਧਨੀ ॥ ਤਬ ਬੰਧ ਮੁਕਤਿ ਕਹੁ ਕਿਸ ਕਉ ਗਨੀ ॥ ਜਬ ਏਕਹਿ ਹਰਿ ਅਗਮ ਅਪਾਰ ॥ ਤਬ ਨਰਕ ਸੁਰਗ ਕਹੁ ਕਉਨ ਅਉਤਾਰ ॥ ਜਬ ਨਿਰਗੁਨ ਪ੍ਰਭ ਸਹਜ ਸੁਭਾਇ ॥ ਤਬ ਸਿਵ ਸਕਤਿ ਕਹਹੁ ਕਿਤੁ ਠਾਇ ॥ ਜਬ ਆਪਹਿ ਆਪਿ ਅਪਨੀ ਜੋਤਿ ਧਰੈ ॥ ਤਬ ਕਵਨ ਨਿਡਰੁ ਕਵਨ ਕਤ ਡਰੈ ॥ ਆਪਨ ਚਲਿਤ ਆਪਿ ਕਰਨੈਹਾਰ ॥ ਨਾਨਕ ਠਾਕੁਰ ਅਗਮ ਅਪਾਰ ॥੨॥ ਅਬਿਨਾਸੀ ਸੁਖ ਆਪਨ ਆਸਨ ॥ ਤਹ ਜਨਮ ਮਰਨ ਕਹੁ ਕਹਾ ਬਿਨਾਸਨ ॥ ਜਬ ਪੂਰਨ ਕਰਤਾ ਪ੍ਰਭੁ ਸੋਇ ॥ ਤਬ ਜਮ ਕੀ ਤ੍ਰਾਸ ਕਹਹੁ ਕਿਸੁ ਹੋਇ ॥ ਜਬ ਅਬਿਗਤ ਅਗੋਚਰ ਪ੍ਰਭ ਏਕਾ ॥ ਤਬ ਚਿਤ੍ਰ ਗੁਪਤ ਕਿਸੁ ਪੂਛਤ ਲੇਖਾ ॥ ਜਬ ਨਾਥ ਨਿਰੰਜਨ ਅਗੋਚਰ ਅਗਾਧੇ ॥ ਤਬ ਕਉਨ ਛੁਟੇ ਕਉਨ ਬੰਧਨ ਬਾਧੇ ॥ ਆਪਨ ਆਪ ਆਪ ਹੀ ਅਚਰਜਾ ॥ ਨਾਨਕ ਆਪਨ ਰੂਪ ਆਪ ਹੀ ਉਪਰਜਾ ॥੩॥ ਜਹ ਨਿਰਮਲ ਪੁਰਖੁ ਪੁਰਖ ਪਤਿ ਹੋਤਾ ॥ ਤਹ ਬਿਨੁ ਮੈਲੁ ਕਹਹੁ ਕਿਆ ਧੋਤਾ ॥ ਜਹ ਨਿਰੰਜਨ ਨਿਰੰਕਾਰ ਨਿਰਬਾਨ ॥ ਤਹ ਕਉਨ ਕਉ ਮਾਨ ਕਉਨ ਅਭਿਮਾਨ ॥ ਜਹ ਸਰੂਪ ਕੇਵਲ ਜਗਦੀਸ ॥ ਤਹ ਛਲ ਛਿਦ੍ਰ ਲਗਤ ਕਹੁ ਕੀਸ ॥ ਜਹ ਜੋਤਿ ਸਰੂਪੀ ਜੋਤਿ ਸੰਗਿ ਸਮਾਵੈ ॥ ਤਹ ਕਿਸਹਿ ਭੂਖ ਕਵਨੁ ਤ੍ਰਿਪਤਾਵੈ ॥ ਕਰਨ ਕਰਾਵਨ ਕਰਨੈਹਾਰੁ ॥ ਨਾਨਕ ਕਰਤੇ ਕਾ ਨਾਹਿ ਸੁਮਾਰੁ ॥੪॥ ਜਬ ਅਪਨੀ ਸੋਭਾ ਆਪਨ ਸੰਗਿ ਬਨਾਈ ॥ ਤਬ ਕਵਨ ਮਾਇ ਬਾਪ ਮਿਤ੍ਰ ਸੁਤ ਭਾਈ ॥ ਜਹ ਸਰਬ ਕਲਾ ਆਪਹਿ ਪਰਬੀਨ ॥ ਤਹ ਬੇਦ ਕਤੇਬ ਕਹਾ ਕੋਊ ਚੀਨ ॥ ਜਬ ਆਪਨ ਆਪੁ ਆਪਿ ਉਰਿ ਧਾਰੈ ॥ ਤਉ ਸਗਨ ਅਪਸਗਨ ਕਹਾ ਬੀਚਾਰੈ ॥ ਜਹ ਆਪਨ ਊਚ ਆਪਨ ਆਪਿ ਨੇਰਾ ॥ ਤਹ ਕਉਨ ਠਾਕੁਰੁ ਕਉਨੁ ਕਹੀਐ ਚੇਰਾ ॥ ਬਿਸਮਨ ਬਿਸਮ ਰਹੇ ਬਿਸਮਾਦ ॥ ਨਾਨਕ ਅਪਨੀ ਗਤਿ ਜਾਨਹੁ ਆਪਿ ॥੫॥ ਜਹ ਅਛਲ ਅਛੇਦ ਅਭੇਦ ਸਮਾਇਆ ॥ ਊਹਾ ਕਿਸਹਿ ਬਿਆਪਤ ਮਾਇਆ ॥ ਆਪਸ ਕਉ ਆਪਹਿ ਆਦੇਸੁ ॥ ਤਿਹੁ ਗੁਣ ਕਾ ਨਾਹੀ ਪਰਵੇਸੁ ॥ ਜਹ ਏਕਹਿ ਏਕ ਏਕ ਭਗਵੰਤਾ ॥ ਤਹ ਕਉਨੁ ਅਚਿੰਤੁ ਕਿਸੁ ਲਾਗੈ ਚਿੰਤਾ ॥ ਜਹ ਆਪਨ ਆਪੁ ਆਪਿ ਪਤੀਆਰਾ ॥ ਤਹ ਕਉਨੁ ਕਥੈ ਕਉਨੁ ਸੁਨਨੈਹਾਰਾ ॥ ਬਹੁ ਬੇਅੰਤ ਊਚ ਤੇ ਊਚਾ ॥ ਨਾਨਕ ਆਪਸ ਕਉ ਆਪਹਿ ਪਹੂਚਾ ॥੬॥ ਜਹ ਆਪਿ ਰਚਿਓ ਪਰਪੰਚੁ ਅਕਾਰੁ ॥ ਤਿਹੁ ਗੁਣ ਮਹਿ ਕੀਨੋ ਬਿਸਥਾਰੁ ॥ ਪਾਪੁ ਪੁੰਨੁ ਤਹ ਭਈ ਕਹਾਵਤ ॥ ਕੋਊ ਨਰਕ ਕੋਊ ਸੁਰਗ ਬੰਛਾਵਤ ॥ ਆਲ ਜਾਲ ਮਾਇਆ ਜੰਜਾਲ ॥ ਹਉਮੈ ਮੋਹ ਭਰਮ ਭੈ ਭਾਰ ॥ ਦੂਖ ਸੂਖ ਮਾਨ ਅਪਮਾਨ ॥ ਅਨਿਕ ਪ੍ਰਕਾਰ ਕੀਓ ਬਖ੍ਯ਼ਾਨ ॥ ਆਪਨ ਖੇਲੁ ਆਪਿ ਕਰਿ ਦੇਖੈ ॥ ਖੇਲੁ ਸੰਕੋਚੈ ਤਉ ਨਾਨਕ ਏਕੈ ॥੭॥ ਜਹ ਅਬਿਗਤੁ ਭਗਤੁ ਤਹ ਆਪਿ ॥ ਜਹ ਪਸਰੈ ਪਾਸਾਰੁ ਸੰਤ ਪਰਤਾਪਿ ॥ ਦੁਹੂ ਪਾਖ ਕਾ ਆਪਹਿ ਧਨੀ ॥ ਉਨ ਕੀ ਸੋਭਾ ਉਨਹੂ ਬਨੀ ॥ ਆਪਹਿ ਕਉਤਕ ਕਰੈ

ਅਨਦ ਚੋਜ ॥ ਆਪਹਿ ਰਸ ਭੋਗਨ ਨਿਰਜੋਗ ॥ ਜਿਸੁ ਭਾਵੈ ਤਿਸੁ ਆਪਨ ਨਾਇ ਲਾਵੈ ॥ ਜਿਸੁ ਭਾਵੈ ਤਿਸੁ ਖੇਲ ਖਿਲਾਵੈ ॥ ਬੇਸੁਮਾਰ ਅਥਾਹ ਅਗਨਤ ਅਤੋਲੈ ॥ ਜਿਉ ਬੁਲਾਵਹੁ ਤਿਉ ਨਾਨਕ ਦਾਸ ਬੋਲੈ ॥੮॥੨੧॥ ਸਲੋਕੁ ॥ ਜੀਅ ਜੰਤ ਕੇ ਠਾਕੁਰਾ ਆਪੇ ਵਰਤਣਹਾਰ ॥ ਨਾਨਕ ਏਕੋ ਪਸਰਿਆ ਦੂਜਾ ਕਹ ਦ੍ਰਿਸਟਾਰ ॥੧॥ ਅਸਟਪਦੀ ॥ ਆਪਿ ਕਥੈ ਆਪਿ ਸੁਨਨੈਹਾਰੁ ॥ ਆਪਹਿ ਏਕੁ ਆਪਿ ਬਿਸਥਾਰੁ ॥ ਜਾ ਤਿਸੁ ਭਾਵੈ ਤਾ ਸ੍ਰਿਸਟਿ ਉਪਾਏ ॥ ਆਪਨੈ ਭਾਣੈ ਲਏ ਸਮਾਏ ॥ ਤੁਮ ਤੇ ਭਿੰਨ ਨਹੀ ਕਿਛੁ ਹੋਇ ॥ ਆਪਨ ਸੂਤਿ ਸਭੁ ਜਗਤੁ ਪਰੋਇ ॥ ਜਾ ਕਉ ਪ੍ਰਭ ਜੀਉ ਆਪਿ ਬੁਝਾਏ ॥ ਸਚੁ ਨਾਮੁ ਸੋਈ ਜਨੁ ਪਾਏ ॥ ਸੋ ਸਮਦਰਸੀ ਤਤ ਕਾ ਬੇਤਾ ॥ ਨਾਨਕ ਸਗਲ ਸ੍ਰਿਸਟਿ ਕਾ ਜੇਤਾ ॥੧॥ ਜੀਅ ਜੰਤ੍ਰ ਸਭ ਤਾ ਕੈ ਹਾਥ ॥ ਦੀਨ ਦਇਆਲ ਅਨਾਥ ਕੋ ਨਾਥੁ ॥ ਜਿਸੁ ਰਾਖੈ ਤਿਸੁ ਕੋਇ ਨ ਮਾਰੈ ॥ ਸੋ ਮੂਆ ਜਿਸੁ ਮਨਹੁ ਬਿਸਾਰੈ ॥ ਤਿਸੁ ਤਜਿ ਅਵਰ ਕਹਾ ਕੋ ਜਾਇ ॥ ਸਭ ਸਿਰਿ ਏਕੁ ਨਿਰੰਜਨ ਰਾਇ ॥ ਜੀਅ ਕੀ ਜੁਗਤਿ ਜਾ ਕੈ ਸਭ ਹਾਥਿ ॥ ਅੰਤਰਿ ਬਾਹਰਿ ਜਾਨਹੁ ਸਾਥਿ ॥ ਗੁਨ ਨਿਧਾਨ ਬੇਅੰਤ ਅਪਾਰ ॥ ਨਾਨਕ ਦਾਸ ਸਦਾ ਬਲਿਹਾਰ ॥ ੨॥ ਪੂਰਨ ਪੂਰਿ ਰਹੇ ਦਇਆਲ ॥ ਸਭ ਊਪਰਿ ਹੋਵਤ ਕਿਰਪਾਲ ॥ ਅਪਨੇ ਕਰਤਬ ਜਾਨੈ ਆਪਿ ॥ ਅੰਤਰਜਾਮੀ ਰਹਿਓ ਬਿਆਪਿ ॥ ਪ੍ਰਤਿਪਾਲੈ ਜੀਅਨ ਬਹੁ ਭਾਤਿ ॥ ਜੋ ਜੋ ਰਚਿਓ ਸੁ ਤਿਸਹਿ ਧਿਆਤਿ ॥ ਜਿਸੁ ਭਾਵੈ ਤਿਸੁ ਲਏ ਮਿਲਾਇ ॥ ਭਗਤਿ ਕਰਹਿ ਹਰਿ ਕੇ ਗੁਣ ਗਾਇ ॥ ਮਨ ਅੰਤਰਿ ਬਿਸ੍ਵਾਸੁ ਕਰਿ ਮਾਨਿਆ ॥ ਕਰਨਹਾਰੁ ਨਾਨਕ ਇਕੁ ਜਾਨਿਆ ॥੩॥ ਜਨੁ ਲਾਗਾ ਹਰਿ ਏਕੈ ਨਾਇ ॥ ਤਿਸ ਕੀ ਆਸ ਨ ਬਿਰਥੀ ਜਾਇ ॥ ਸੇਵਕ ਕਉ ਸੇਵਾ ਬਨਿ ਆਈ ॥ ਹੁਕਮੁ ਬੂਝਿ ਪਰਮ ਪਦੁ ਪਾਈ ॥ ਇਸ ਤੇ ਊਪਰਿ ਨਹੀ ਬੀਚਾਰੁ ॥ ਜਾ ਕੈ ਮਨਿ ਬਸਿਆ ਨਿਰੰਕਾਰੁ ॥ ਬੰਧਨ ਤੋਰਿ ਭਏ ਨਿਰਵੈਰ ॥ ਅਨਦਿਨੁ ਪੂਜਹਿ ਗੁਰ ਕੇ ਪੈਰ ॥ ਇਹ ਲੋਕ ਸੁਖੀਏ ਪਰਲੋਕ ਸੁਹੇਲੇ ॥ ਨਾਨਕ ਹਰਿ ਪ੍ਰਭਿ ਆਪਹਿ ਮੇਲੇ ॥੪॥ ਸਾਧਸੰਗਿ ਮਿਲਿ ਕਰਹੁ ਅਨੰਦ ॥ ਗੁਨ ਗਾਵਹੁ ਪ੍ਰਭ ਪਰਮਾਨੰਦ ॥ ਰਾਮ ਨਾਮ ਤਤੁ ਕਰਹੁ ਬੀਚਾਰੁ ॥ ਦ੍ਰੁਲਭ ਦੇਹ ਕਾ ਕਰਹੁ ਉਧਾਰੁ ॥ ਅੰਮ੍ਰਿਤ ਬਚਨ ਹਰਿ ਕੇ ਗੁਨ ਗਾਉ ॥ ਪ੍ਰਾਨ ਤਰਨ ਕਾ ਇਹੈ ਸੁਆਉ ॥ ਆਠ ਪਹਰ ਪ੍ਰਭ ਪੇਖਹੁ ਨੇਰਾ ॥ ਮਿਟੈ ਅਗਿਆਨੁ ਬਿਨਸੈ ਅੰਧੇਰਾ ॥ ਸੁਨਿ ਉਪਦੇਸੁ ਹਿਰਦੈ ਬਸਾਵਹੁ ॥ ਮਨ ਇਛੇ ਨਾਨਕ ਫਲ ਪਾਵਹੁ ॥੫॥ ਹਲਤੁ ਪਲਤੁ ਦੁਇ ਲੇਹੁ ਸਵਾਰਿ ॥ ਰਾਮ ਨਾਮੁ ਅੰਤਰਿ ਉਰਿ ਧਾਰਿ ॥ ਪੂਰੇ ਗੁਰ ਕੀ ਪੂਰੀ ਦੀਖਿਆ ॥ ਜਿਸੁ ਮਨਿ ਬਸੈ ਤਿਸੁ ਸਾਚੁ ਪਰੀਖਿਆ ॥ ਮਨਿ ਤਨਿ ਨਾਮੁ ਜਪਹੁ ਲਿਵ ਲਾਇ ॥ ਦੂਖੁ ਦਰਦੁ ਮਨ ਤੇ ਭਉ ਜਾਇ ॥ ਸਚੁ ਵਾਪਾਰੁ ਕਰਹੁ ਵਾਪਾਰੀ ॥ ਦਰਗਹ ਨਿਬਹੈ ਖੇਪ ਤੁਮਾਰੀ ॥ ਏਕਾ ਟੇਕ ਰਖਹੁ ਮਨ ਮਾਹਿ ॥ ਨਾਨਕ ਬਹੁਰਿ ਨ ਆਵਹਿ ਜਾਹਿ ॥੬॥ ਤਿਸ ਤੇ ਦੂਰਿ ਕਹਾ ਕੋ ਜਾਇ ॥ ਉਬਰੈ ਰਾਖਨਹਾਰੁ ਧਿਆਇ ॥ ਨਿਰਭਉ ਜਪੈ ਸਗਲ ਭਉ ਮਿਟੈ ॥ ਪ੍ਰਭ ਕਿਰਪਾ ਤੇ ਪ੍ਰਾਣੀ ਛੁਟੈ ॥ ਜਿਸੁ ਪ੍ਰਭੁ ਰਾਖੈ ਤਿਸੁ ਨਾਹੀ ਦੂਖ ॥ ਨਾਮੁ ਜਪਤ ਮਨਿ ਹੋਵਤ ਸੂਖ ॥ ਚਿੰਤਾ ਜਾਇ ਮਿਟੈ ਅਹੰਕਾਰੁ ॥ ਤਿਸੁ ਜਨ

ਕਉ ਕੋਇ ਨ ਪਹੁਚਨਹਾਰੁ ॥ ਸਿਰ ਊਪਰਿ ਠਾਢਾ ਗੁਰੁ ਸੂਰਾ ॥ ਨਾਨਕ ਤਾ ਕੇ ਕਾਰਜ ਪੂਰਾ ॥੭॥ ਮਤਿ ਪੂਰੀ ਅੰਮ੍ਰਿਤੁ ਜਾ ਕੀ ਦ੍ਰਿਸਟਿ ॥ ਦਰਸਨੁ ਪੇਖਤ ਉਧਰਤ ਸ੍ਰਿਸਟਿ ॥ ਚਰਨ ਕਮਲ ਜਾ ਕੇ ਅਨੂਪ ॥ ਸਫਲ ਦਰਸਨੁ ਸੁੰਦਰ ਹਰਿ ਰੂਪ ॥ ਧੰਨੁ ਸੇਵਾ ਸੇਵਕੁ ਪਰਵਾਨੁ ॥ ਅੰਤਰਜਾਮੀ ਪੁਰਖੁ ਪ੍ਰਧਾਨੁ ॥ ਜਿਸੁ ਮਨਿ ਬਸੈ ਸੁ ਹੋਤ ਨਿਹਾਲੁ ॥ ਤਾ ਕੈ ਨਿਕਟਿ ਨ ਆਵਤ ਕਾਲੁ ॥ ਅਮਰ ਭਏ ਅਮਰਾ ਪਦੁ ਪਾਇਆ ॥ ਸਾਧਸੰਗਿ ਨਾਨਕ ਹਰਿ ਧਿਆਇਆ ॥੮॥੨੨॥ ਸਲੋਕੁ ॥ ਗਿਆਨ ਅੰਜਨੁ ਗੁਰਿ ਦੀਆ ਅਗਿਆਨ ਅੰਧੇਰ ਬਿਨਾਸੁ ॥ ਹਰਿ ਕਿਰਪਾ ਤੇ ਸੰਤ ਭੇਟਿਆ ਨਾਨਕ ਮਨਿ ਪਰਗਾਸੁ ॥੧॥ ਅਸਟਪਦੀ ॥ ਸੰਤਸੰਗਿ ਅੰਤਰਿ ਪ੍ਰਭੁ ਡੀਠਾ ॥ ਨਾਮੁ ਪ੍ਰਭੂ ਕਾ ਲਾਗਾ ਮੀਠਾ ॥ ਸਗਲ ਸਮਿਗ੍ਰੀ ਏਕਸੁ ਘਟ ਮਾਹਿ ॥ ਅਨਿਕ ਰੰਗ ਨਾਨਾ ਦ੍ਰਿਸਟਾਹਿ ॥ ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ ॥ ਦੇਹੀ ਮਹਿ ਇਸ ਕਾ ਬਿਸ੍ਰਾਮੁ ॥ ਸੁੰਨ ਸਮਾਧਿ ਅਨਹਤ ਤਹ ਨਾਦ ॥ ਕਹਨੁ ਨ ਜਾਈ ਅਚਰਜ ਬਿਸਮਾਦ ॥ ਤਿਨਿ ਦੇਖਿਆ ਜਿਸੁ ਆਪਿ ਦਿਖਾਏ ॥ ਨਾਨਕ ਤਿਸੁ ਜਨ ਸੋਝੀ ਪਾਏ ॥੧॥ ਸੋ ਅੰਤਰਿ ਸੋ ਬਾਹਰਿ ਅਨੰਤ ॥ ਘਟਿ ਘਟਿ ਬਿਆਪਿ ਰਹਿਆ ਭਗਵੰਤ ॥ ਧਰਨਿ ਮਾਹਿ ਆਕਾਸ ਪਇਆਲ ॥ ਸਰਬ ਲੋਕ ਪੂਰਨ ਪ੍ਰਤਿਪਾਲ ॥ ਬਨਿ ਤਿਨਿ ਪਰਬਤਿ ਹੈ ਪਾਰਬ੍ਰਹਮੁ ॥ ਜੈਸੀ ਆਗਿਆ ਤੈਸਾ ਕਰਮੁ ॥ ਪਉਣ ਪਾਣੀ ਬੈਸੰਤਰ ਮਾਹਿ ॥ ਚਾਰਿ ਕੁੰਟ ਦਹ ਦਿਸੇ ਸਮਾਹਿ ॥ ਤਿਸ ਤੇ ਭਿੰਨ ਨਹੀ ਕੋ ਠਾਉ ॥ ਗੁਰ ਪ੍ਰਸਾਦਿ ਨਾਨਕ ਸੁਖੁ ਪਾਉ ॥੨॥ ਬੇਦ ਪੁਰਾਨ ਸਿੰਮ੍ਰਿਤਿ ਮਹਿ ਦੇਖੁ ॥ ਸਸੀਅਰ ਸੂਰ ਨਖ੍ਯ੍ਯਤ੍ਰ ਮਹਿ ਏਕੁ ॥ ਬਾਣੀ ਪ੍ਰਭ ਕੀ ਸਭੁ ਕੋ ਬੋਲੈ ॥ ਆਪਿ ਅਡੋਲੁ ਨ ਕਬਹੂ ਡੋਲੈ ॥ ਸਰਬ ਕਲਾ ਕਰਿ ਖੇਲੈ ਖੇਲ ॥ ਮੋਲਿ ਨ ਪਾਈਐ ਗੁਣਹ ਅਮੋਲ ॥ ਸਰਬ ਜੋਤਿ ਮਹਿ ਜਾ ਕੀ ਜੋਤਿ ॥ ਧਾਰਿ ਰਹਿਓ ਸੁਆਮੀ ਓਤਿ ਪੋਤਿ ॥ ਗੁਰ ਪਰਸਾਦਿ ਭਰਮ ਕਾ ਨਾਸੁ ॥ ਨਾਨਕ ਤਿਨ ਮਹਿ ਏਹੁ ਬਿਸਾਸੁ ॥੩॥ ਸੰਤ ਜਨਾ ਕਾ ਪੇਖਨੁ ਸਭੁ ਬ੍ਰਹਮ ॥ ਸੰਤ ਜਨਾ ਕੈ ਹਿਰਦੈ ਸਭਿ ਧਰਮ ॥ ਸੰਤ ਜਨਾ ਸੁਨਹਿ ਸੁਭ ਬਚਨ ॥ ਸਰਬ ਬਿਆਪੀ ਰਾਮ ਸੰਗਿ ਰਚਨ ॥ ਜਿਨਿ ਜਾਤਾ ਤਿਸ ਕੀ ਇਹ ਰਹਤ ॥ ਸਤਿ ਬਚਨ ਸਾਧੂ ਸਭਿ ਕਹਤ ॥ ਜੋ ਜੋ ਹੋਇ ਸੋਈ ਸੁਖੁ ਮਾਨੈ ॥ ਕਰਨ ਕਰਾਵਨਹਾਰੁ ਪ੍ਰਭੁ ਜਾਨੈ ॥ ਅੰਤਰਿ ਬਸੇ ਬਾਹਰਿ ਭੀ ਓਹੀ ॥ ਨਾਨਕ ਦਰਸਨੁ ਦੇਖਿ ਸਭ ਮੋਹੀ ॥੪॥ ਆਪਿ ਸਤਿ ਕੀਆ ਸਭੁ ਸਤਿ ॥ ਤਿਸੁ ਪ੍ਰਭ ਤੇ ਸਗਲੀ ਉਤਪਤਿ ॥ ਤਿਸੁ ਭਾਵੈ ਤਾ ਕਰੇ ਬਿਸਥਾਰੁ ॥ ਤਿਸੁ ਭਾਵੈ ਤਾ ਏਕੰਕਾਰੁ ॥ ਅਨਿਕ ਕਲਾ ਲਖੀ ਨਹ ਜਾਇ ॥ ਜਿਸੁ ਭਾਵੈ ਤਿਸੁ ਲਏ ਮਿਲਾਇ ॥ ਕਵਨ ਨਿਕਟਿ ਕਵਨ ਕਹੀਐ ਦੂਰਿ ॥ ਆਪੇ ਆਪਿ ਆਪ ਭਰਪੂਰਿ ॥ ਅੰਤਰਗਤਿ ਜਿਸੁ ਆਪਿ ਜਨਾਏ ॥ ਨਾਨਕ ਤਿਸੁ ਜਨ ਆਪਿ ਬੁਝਾਏ ॥੫॥ ਸਰਬ ਭੂਤ ਆਪਿ ਵਰਤਾਰਾ ॥ ਸਰਬ ਨੈਨ ਆਪਿ ਪੇਖਨਹਾਰਾ ॥ ਸਗਲ ਸਮਗ੍ਰੀ ਜਾ ਕਾ ਤਨਾ ॥ ਆਪਨ ਜਸੁ ਆਪ ਹੀ ਸੁਨਾ ॥ ਆਵਨ ਜਾਨੁ ਇਕੁ ਖੇਲੁ ਬਨਾਇਆ ॥ ਆਗਿਆਕਾਰੀ ਕੀਨੀ ਮਾਇਆ ॥ ਸਭ ਕੈ ਮਧਿ ਅਲਿਪਤੋ ਰਹੈ ॥ ਜੋ ਕਿਛੁ ਕਹਣਾ ਸੁ ਆਪੇ ਕਹੈ ॥ ਆਗਿਆ ਆਵੈ ਆਗਿਆ ਜਾਇ ॥ ਨਾਨਕ ਜਾ ਭਾਵੈ ਤਾ

ਲਏ ਸਮਾਇ ॥੬॥ ਇਸ ਤੇ ਹੋਇ ਸੁ ਨਾਹੀ ਬੁਰਾ ॥ ਓਰੈ ਕਹਹੁ ਕਿਨੈ ਕਛੁ ਕਰਾ ॥ ਆਪਿ ਭਲਾ ਕਰਤੂਤਿ ਅਤਿ ਨੀਕੀ ॥ ਆਪੇ ਜਾਨੈ ਅਪਨੇ ਜੀ ਕੀ ॥ ਆਪਿ ਸਾਚੁ ਧਾਰੀ ਸਭ ਸਾਚੁ ॥ ਓਤਿ ਪੋਤਿ ਆਪਨ ਸੰਗਿ ਰਾਚੁ ॥ ਤਾ ਕੀ ਗਤਿ ਮਿਤਿ ਕਹੀ ਨ ਜਾਇ ॥ ਦੂਸਰ ਹੋਇ ਤ ਸੋਝੀ ਪਾਇ ॥ ਤਿਸ ਕਾ ਕੀਆ ਸਭੁ ਪਰਵਾਨੁ ॥ ਗੁਰ ਪ੍ਰਸਾਦਿ ਨਾਨਕ ਇਹੁ ਜਾਨੁ ॥੭॥ ਜੋ ਜਾਨੈ ਤਿਸੁ ਸਦਾ ਸੁਖੁ ਹੋਇ ॥ ਆਪਿ ਮਿਲਾਇ ਲਏ ਪ੍ਰਭੁ ਸੋਇ ॥ ਓਹੁ ਧਨਵੰਤੁ ਕੁਲਵੰਤੁ ਪਤਿਵੰਤੁ ॥ ਜੀਵਨ ਮੁਕਤਿ ਜਿਸੁ ਰਿਦੈ ਭਗਵੰਤੁ ॥ ਧੰਨੁ ਧੰਨੁ ਧੰਨੁ ਜਨੁ ਆਇਆ ॥ ਜਿਸੁ ਪ੍ਰਸਾਦਿ ਸਭੁ ਜਗਤੁ ਤਰਾਇਆ ॥ ਜਨ ਆਵਨ ਕਾ ਇਹੈ ਸੁਆਉ ॥ ਜਨ ਕੈ ਸੰਗਿ ਚਿਤਿ ਆਵੈ ਨਾਉ ॥ ਆਪਿ ਮੁਕਤੁ ਮੁਕਤੁ ਕਰੈ ਸੰਸਾਰੁ ॥ ਨਾਨਕ ਤਿਸੁ ਜਨ ਕਉ ਸਦਾ ਨਮਸਕਾਰੁ ॥੮॥੨੩॥ ਸਲੋਕੁ ॥ ਪੂਰਾ ਪ੍ਰਭੁ ਆਰਾਧਿਆ ਪੂਰਾ ਜਾ ਕਾ ਨਾਉ ॥ ਨਾਨਕ ਪੂਰਾ ਪਾਇਆ ਪੂਰੇ ਕੇ ਗੁਨ ਗਾਉ ॥੧॥ ਅਸਟਪਦੀ ॥ ਪੂਰੇ ਗੁਰ ਕਾ ਸੁਨਿ ਉਪਦੇਸੁ ॥ ਪਾਰਬ੍ਰਹਮੁ ਨਿਕਟਿ ਕਰਿ ਪੇਖੁ ॥ ਸਾਸਿ ਸਾਸਿ ਸਿਮਰਹੁ ਗੋਬਿੰਦ ॥ ਮਨ ਅੰਤਰ ਕੀ ਉਤਰੈ ਚਿੰਦ ॥ ਆਸ ਅਨਿਤ ਤਿਆਗਹੁ ਤਰੰਗ ॥ ਸੰਤ ਜਨਾ ਕੀ ਧੂਰਿ ਮਨ ਮੰਗ ॥ ਆਪੁ ਛੋਡਿ ਬੇਨਤੀ ਕਰਹੁ ॥ ਸਾਧਸੰਗਿ ਅਗਨਿ ਸਾਗਰੁ ਤਰਹੁ ॥ ਹਰਿ ਧਨ ਕੇ ਭਰਿ ਲੇਹੁ ਭੰਡਾਰ ॥ ਨਾਨਕ ਗੁਰ ਪੂਰੇ ਨਮਸਕਾਰ ॥੧॥ ਖੇਮ ਕੁਸਲ ਸਹਜ ਆਨੰਦ ॥ ਸਾਧਸੰਗਿ ਭਜੁ ਪਰਮਾਨੰਦ ॥ ਨਰਕ ਨਿਵਾਰਿ ਉਧਾਰਹੁ ਜੀਉ ॥ ਗੁਨ ਗੋਬਿੰਦ ਅੰਮ੍ਰਿਤ ਰਸੁ ਪੀਉ ॥ ਚਿਤਿ ਚਿਤਵਹੁ ਨਾਰਾਇਣ ਏਕ ॥ ਏਕ ਰੂਪ ਜਾ ਕੇ ਰੰਗ ਅਨੇਕ ॥ ਗੋਪਾਲ ਦਾਮੋਦਰ ਦੀਨ ਦਇਆਲ ॥ ਦੁਖ ਭੰਜਨ ਪੂਰਨ ਕਿਰਪਾਲ ॥ ਸਿਮਰਿ ਸਿਮਰਿ ਨਾਮੁ ਬਾਰੰ ਬਾਰ ॥ ਨਾਨਕ ਜੀਅ ਕਾ ਇਹੈ ਅਧਾਰ ॥੨॥ ਉਤਮ ਸਲੋਕ ਸਾਧ ਕੇ ਬਚਨ ॥ ਅਮੁਲੀਕ ਲਾਲ ਏਹਿ ਰਤਨ ॥ ਸੁਨਤ ਕਮਾਵਤ ਹੋਤ ਉਧਾਰ ॥ ਆਪਿ ਤਰੈ ਲੋਕਹ ਨਿਸਤਾਰ ॥ ਸਫਲ ਜੀਵਨੁ ਸਫਲੁ ਤਾ ਕਾ ਸੰਗੁ ॥ ਜਾ ਕੈ ਮਨਿ ਲਾਗਾ ਹਰਿ ਰੰਗੁ ॥ ਜੈ ਜੈ ਸਬਦੁ ਅਨਾਹਦੁ ਵਾਜੈ ॥ ਸੁਨਿ ਸੁਨਿ ਅਨਦ ਕਰੇ ਪ੍ਰਭੁ ਗਾਜੈ ॥ ਪ੍ਰਗਟੇ ਗੁਪਾਲ ਮਹਾਂਤ ਕੈ ਮਾਥੇ ॥ ਨਾਨਕ ਉਧਰੇ ਤਿਨ ਕੈ ਸਾਥੇ ॥੩॥ ਸਰਨਿ ਜੋਗੁ ਸੁਨਿ ਸਰਨੀ ਆਏ ॥ ਕਰਿ ਕਿਰਪਾ ਪ੍ਰਭ ਆਪ ਮਿਲਾਏ ॥ ਮਿਟਿ ਗਏ ਬੈਰ ਭਏ ਸਭ ਰੇਨ ॥ ਅੰਮ੍ਰਿਤ ਨਾਮੁ ਸਾਧਸੰਗਿ ਲੈਨ ॥ ਸੁਪ੍ਰਸੰਨ ਭਏ ਗੁਰਦੇਵ ॥ ਪੂਰਨ ਹੋਈ ਸੇਵਕ ਕੀ ਸੇਵ ॥ ਆਲ ਜੰਜਾਲ ਬਿਕਾਰ ਤੇ ਰਹਤੇ ॥ ਰਾਮ ਨਾਮ ਸੁਨਿ ਰਸਨਾ ਕਹਤੇ ॥ ਕਰਿ ਪ੍ਰਸਾਦੁ ਦਇਆ ਪ੍ਰਭਿ ਧਾਰੀ ॥ ਨਾਨਕ ਨਿਬਹੀ ਖੇਪ ਹਮਾਰੀ ॥੪॥ ਪ੍ਰਭ ਕੀ ਉਸਤਤਿ ਕਰਹੁ ਸੰਤ ਮੀਤ ॥ ਸਾਵਧਾਨ ਏਕਾਗਰ ਚੀਤ ॥ ਸੁਖਮਨੀ ਸਹਜ ਗੋਬਿੰਦ ਗੁਨ ਨਾਮ ॥ ਜਿਸੁ ਮਨਿ ਬਸੈ ਸੁ ਹੋਤ ਨਿਧਾਨ ॥ ਸਰਬ ਇਛਾ ਤਾ ਕੀ ਪੂਰਨ ਹੋਇ ॥ ਪ੍ਰਧਾਨ ਪੁਰਖੁ ਪ੍ਰਗਟੁ ਸਭ ਲੋਇ ॥ ਸਭ ਤੇ ਊਚ ਪਾਏ ਅਸਥਾਨੁ ॥ ਬਹੁਰਿ ਨ ਹੋਵੈ ਆਵਨ ਜਾਨੁ ॥ ਹਰਿ ਧਨੁ ਖਾਟਿ ਚਲੈ ਜਨੁ ਸੋਇ ॥ ਨਾਨਕ ਜਿਸਹਿ ਪਰਾਪਤਿ ਹੋਇ ॥੫॥ ਖੇਮ ਸਾਂਤਿ ਰਿਧਿ ਨਵ ਨਿਧਿ ॥ ਬੁਧਿ ਗਿਆਨੁ ਸਰਬ ਤਹ ਸਿਧਿ ॥ ਬਿਦਿਆ ਤਪੁ ਜੋਗੁ ਪ੍ਰਭ ਧਿਆਨੁ ॥ ਗਿਆਨੁ ਸ੍ਰੇਸਟ ਊਤਮ

ਇਸਨਾਨੁ ॥ ਚਾਰਿ ਪਦਾਰਥ ਕਮਲ ਪ੍ਰਗਾਸ ॥ ਸਭ ਕੈ ਮਧਿ ਸਗਲ ਤੇ ਉਦਾਸ ॥ ਸੁੰਦਰੁ ਚਤੁਰੁ ਤਤ ਕਾ ਬੇਤਾ ॥ ਸਮਦਰਸੀ ਏਕ ਦ੍ਰਿਸਟੇਤਾ ॥ ਇਹ ਫਲ ਤਿਸੁ ਜਨ ਕੈ ਮੁਖਿ ਭਨੇ ॥ ਗੁਰ ਨਾਨਕ ਨਾਮ ਬਚਨ ਮਨਿ ਸੁਨੇ ॥੬॥ ਇਹੁ ਨਿਧਾਨੁ ਜਪੈ ਮਨਿ ਕੋਇ ॥ ਸਭ ਜੁਗ ਮਹਿ ਤਾ ਕੀ ਗਤਿ ਹੋਇ ॥ ਗੁਣ ਗੋਬਿੰਦ ਨਾਮ ਧੁਨਿ ਬਾਣੀ ॥ ਸਿਮ੍ਰਿਤਿ ਸਾਸਤ੍ਰ ਬੇਦ ਬਖਾਣੀ ॥ ਸਗਲ ਮਤਾਂਤ ਕੇਵਲ ਹਰਿ ਨਾਮ ॥ ਗੋਬਿੰਦ ਭਗਤ ਕੈ ਮਨਿ ਬਿਸ੍ਰਾਮ ॥ ਕੋਟਿ ਅਪ੍ਰਾਧ ਸਾਧਸੰਗਿ ਮਿਟੈ ॥ ਸੰਤ ਕ੍ਰਿਪਾ ਤੇ ਜਮ ਤੇ ਛੁਟੈ ॥ ਜਾ ਕੈ ਮਸਤਕਿ ਕਰਮ ਪ੍ਰਭਿ ਪਾਏ ॥ ਸਾਧ ਸਰਣਿ ਨਾਨਕ ਤੇ ਆਏ ॥੭॥ ਜਿਸੁ ਮਨਿ ਬਸੈ ਸੁਨੈ ਲਾਇ ਪ੍ਰੀਤਿ ॥ ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ ॥ ਜਨਮ ਮਰਨ ਤਾ ਕਾ ਦੂਖੁ ਨਿਵਾਰੈ ॥ ਦੁਲਭ ਦੇਹ ਤਤਕਾਲ ਉਧਾਰੈ ॥ ਨਿਰਮਲ ਸੋਭਾ ਅੰਮ੍ਰਿਤ ਤਾ ਕੀ ਬਾਨੀ ॥ ਏਕੁ ਨਾਮੁ ਮਨ ਮਾਹਿ ਸਮਾਨੀ ॥ ਦੂਖ ਰੋਗ ਬਿਨਸੇ ਭੈ ਭਰਮ ॥ ਸਾਧ ਨਾਮ ਨਿਰਮਲ ਤਾ ਕੇ ਕਰਮ ॥ ਸਭ ਤੇ ਊਚ ਤਾ ਕੀ ਸੋਭਾ ਬਨੀ ॥ ਨਾਨਕ ਇਹ ਗੁਣਿ ਨਾਮੁ ਸੁਖਮਨੀ ॥੮॥੨੪॥

(੨੬੨-੨੯੬)

# ਆਸਾ ਦੀ ਵਾਰ

ੴ ਸਤਿਗੁਰ ਪ੍ਰਸਾਦਿ ॥ ਆਸਾ ਮਹਲਾ ੪ ਛੰਤ ਘਰੁ ੪ ॥ ਹਰਿ ਅੰਮ੍ਰਿਤ ਭਿੰਨੇ ਲੋਇਣਾ ਮਨੁ ਪ੍ਰੇਮਿ ਰਤੰਨਾ ਰਾਮ ਰਾਜੇ ॥ ਮਨੁ ਰਾਮਿ ਕਸਵਟੀ ਲਾਇਆ ਕੰਚਨੁ ਸੋਵਿੰਨਾ ॥ ਗੁਰਮੁਖਿ ਰੰਗਿ ਚਲੂਲਿਆ ਮੇਰਾ ਮਨੁ ਤਨੋ ਭਿੰਨਾ ॥ ਜਨੁ ਨਾਨਕੁ ਮੁਸਕਿ ਝਕੋਲਿਆ ਸਭੁ ਜਨਮੁ ਧਨੁ ਧੰਨਾ ॥੧॥

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ॥ ਸਲੋਕੁ ਮਃ ੧ ॥ ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦ ਵਾਰ ॥ ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ ॥੧॥ ਮਹਲਾ ੨ ॥ ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ ॥ ਏਤੇ ਚਾਨਣ ਹੋਦਿਆਂ ਗੁਰ ਬਿਨੁ ਘੋਰ ਅੰਧਾਰ ॥੨॥ ਮਃ ੧ ॥ ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ ॥ ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ ॥ ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ ॥ ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ ॥੩॥ ਪਉੜੀ ॥ ਆਪੀਨ੍ਹੈ ਆਪੁ ਸਾਜਿਓ ਆਪੀਨ੍ਹੈ ਰਚਿਓ ਨਾਉ ॥ ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥ ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥ ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ ॥ ਕਰਿ ਆਸਣੁ ਡਿਠੋ ਚਾਉ ॥੧॥

ਹਰਿ ਪ੍ਰੇਮ ਬਾਣੀ ਮਨੁ ਮਾਰਿਆ ਅਣੀਆਲੇ ਅਣੀਆ ਰਾਮ ਰਾਜੇ ॥ ਜਿਸੁ ਲਾਗੀ ਪੀਰ ਪਿਰੰਮ ਕੀ ਸੋ ਜਾਣੈ ਜਰੀਆ ॥ ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ ॥ ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ ॥੨॥

ਸਲੋਕੁ ਮਃ ੧ ॥ ਸਚੇ ਤੇਰੇ ਖੰਡ ਸਚੇ ਬ੍ਰਹਮੰਡ ॥ ਸਚੇ ਤੇਰੇ ਲੋਅ ਸਚੇ ਆਕਾਰ ॥ ਸਚੇ ਤੇਰੇ ਕਰਣੇ ਸਰਬ ਬੀਚਾਰ ॥ ਸਚਾ ਤੇਰਾ ਅਮਰੁ ਸਚਾ ਦੀਬਾਣੁ ॥ ਸਚਾ ਤੇਰਾ ਹੁਕਮੁ ਸਚਾ ਫੁਰਮਾਣੁ ॥ ਸਚਾ ਤੇਰਾ ਕਰਮੁ ਸਚਾ ਨੀਸਾਣੁ ॥ ਸਚੇ ਤੁਧੁ ਆਖਹਿ ਲਖ ਕਰੋੜਿ ॥ ਸਚੈ ਸਭਿ ਤਾਣਿ ਸਚੈ ਸਭਿ ਜੋਰਿ ॥ ਸਚੀ ਤੇਰੀ ਸਿਫਤਿ ਸਚੀ ਸਾਲਾਹ ॥ ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ ॥ ਨਾਨਕ ਸਚੁ ਧਿਆਇਨਿ ਸਚੁ ॥ ਜੋ ਮਰਿ ਜੰਮੇ ਸੁ ਕਚੁਨਿ ਕਚੁ ॥੧॥ ਮਃ ੧ ॥ ਵਡੀ ਵਡਿਆਈ ਜਾ ਵਡਾ ਨਾਉ ॥ ਵਡੀ ਵਡਿਆਈ ਜਾ ਸਚੁ ਨਿਆਉ ॥ ਵਡੀ ਵਡਿਆਈ ਜਾ ਨਿਹਚਲ ਥਾਉ ॥ ਵਡੀ ਵਡਿਆਈ ਜਾਣੈ ਆਲਾਉ ॥ ਵਡੀ ਵਡਿਆਈ ਬੁਝੈ ਸਭਿ ਭਾਉ ॥ ਵਡੀ ਵਡਿਆਈ ਜਾ ਪੁਛਿ ਨ ਦਾਤਿ ॥ ਵਡੀ ਵਡਿਆਈ ਜਾ ਆਪੇ ਆਪਿ ॥ ਨਾਨਕ ਕਾਰ ਨ ਕਥਨੀ ਜਾਇ ॥ ਕੀਤਾ ਕਰਣਾ ਸਰਬ ਰਜਾਇ ॥੨॥ ਮਹਲਾ ੨

॥ ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ ॥ ਇਕਨ੍ਾ ਹੁਕਮਿ ਸਮਾਇ ਲਏ ਇਕਨ੍ਾ ਹੁਕਮੇ ਕਰੇ ਵਿਣਾਸੁ ॥ ਇਕਨ੍ਾ ਭਾਣੈ ਕਢਿ ਲਏ ਇਕਨ੍ਾ ਮਾਇਆ ਵਿਚਿ ਨਿਵਾਸੁ ॥ ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੇ ਰਾਸਿ ॥ ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ ॥੩॥ ਪਉੜੀ ॥ ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ ॥ ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ ॥ ਥਾਉ ਨ ਪਾਇਨਿ ਕੂੜਿਆਰ ਮੁਹ ਕਾਲ੍ਹੈ ਦੋਜਕਿ ਚਾਲਿਆ ॥ ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ ॥ ਲਿਖਿ ਨਾਵੈ ਧਰਮੁ ਬਹਾਲਿਆ ॥੨॥

ਹਮ ਮੂਰਖ ਮੁਗਧ ਸਰਣਾਗਤੀ ਮਿਲੁ ਗੋਵਿੰਦ ਰੰਗਾ ਰਾਮ ਰਾਜੇ ॥ ਗੁਰਿ ਪੂਰੈ ਹਰਿ ਪਾਇਆ ਹਰਿ ਭਗਤਿ ਇਕ ਮੰਗਾ ॥ ਮੇਰਾ ਮਨੁ ਤਨੁ ਸਬਦਿ ਵਿਗਾਸਿਆ ਜਪਿ ਅਨਤ ਤਰੰਗਾ ॥ ਮਿਲਿ ਸੰਤ ਜਨਾ ਹਰਿ ਪਾਇਆ ਨਾਨਕ ਸਤਸੰਗਾ ॥੩॥

ਸਲੋਕ ਮਃ ੧ ॥ ਵਿਸਮਾਦੁ ਨਾਦ ਵਿਸਮਾਦੁ ਵੇਦ ॥ ਵਿਸਮਾਦੁ ਜੀਅ ਵਿਸਮਾਦੁ ਭੇਦ ॥ ਵਿਸਮਾਦੁ ਰੂਪ ਵਿਸਮਾਦੁ ਰੰਗ ॥ ਵਿਸਮਾਦੁ ਨਾਗੇ ਫਿਰਹਿ ਜੰਤ ॥ ਵਿਸਮਾਦੁ ਪਉਣੁ ਵਿਸਮਾਦੁ ਪਾਣੀ ॥ ਵਿਸਮਾਦੁ ਅਗਨੀ ਖੇਡਹਿ ਵਿਡਾਣੀ ॥ ਵਿਸਮਾਦੁ ਧਰਤੀ ਵਿਸਮਾਦੁ ਖਾਣੀ ॥ ਵਿਸਮਾਦੁ ਸਾਦਿ ਲਗਹਿ ਪਰਾਣੀ ॥ ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ ॥ ਵਿਸਮਾਦੁ ਭੁਖ ਵਿਸਮਾਦੁ ਭੋਗੁ ॥ ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ ॥ ਵਿਸਮਾਦੁ ਉਝੜ ਵਿਸਮਾਦੁ ਰਾਹ ॥ ਵਿਸਮਾਦੁ ਨੇੜੈ ਵਿਸਮਾਦੁ ਦੂਰਿ ॥ ਵਿਸਮਾਦੁ ਦੇਖੈ ਹਾਜਰਾ ਹਜੂਰਿ ॥ ਵੇਖਿ ਵਿਡਾਣੁ ਰਹਿਆ ਵਿਸਮਾਦੁ ॥ ਨਾਨਕ ਬੁਝਣੁ ਪੂਰੈ ਭਾਗਿ ॥੧॥ ਮਃ ੧ ॥ ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ ॥ ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ ॥ ਕੁਦਰਤਿ ਵੇਦ ਪੁਰਾਣ ਕਤੇਬਾ ਕੁਦਰਤਿ ਸਰਬ ਵੀਚਾਰੁ ॥ ਕੁਦਰਤਿ ਖਾਣਾ ਪੀਣਾ ਪੈਨ੍ਣੁ ਕੁਦਰਤਿ ਸਰਬ ਪਿਆਰੁ ॥ ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ ॥ ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ ॥ ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ ॥ ਸਭ ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ ॥ ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ ॥੨॥ ਪਉੜੀ ॥ ਆਪੀਨ੍ਹੈ ਭੋਗ ਭੋਗਿ ਕੈ ਹੋਇ ਭਸਮੜਿ ਭਉਰੁ ਸਿਧਾਇਆ ॥ ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ ॥ ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ ॥ ਥਾਉ ਨ ਹੋਵੀ ਪਉਦੀਈ ਹੁਣਿ ਸੁਣੀਐ ਕਿਆ ਰੂਆਇਆ ॥ ਮਨਿ ਅੰਧੈ ਜਨਮੁ ਗਵਾਇਆ ॥੩॥

ਦੀਨ ਦਇਆਲ ਸੁਣਿ ਬੇਨਤੀ ਹਰਿ ਪ੍ਰਭ ਹਰਿ ਰਾਇਆ ਰਾਮ ਰਾਜੇ ॥ ਹਉ ਮਾਗਉ ਸਰਣਿ ਹਰਿ ਨਾਮ ਕੀ ਹਰਿ ਹਰਿ ਮੁਖਿ ਪਾਇਆ ॥ ਭਗਤਿ ਵਛਲੁ ਹਰਿ ਬਿਰਦੁ ਹੈ ਹਰਿ ਲਾਜ ਰਖਾਇਆ ॥ ਜਨੁ ਨਾਨਕੁ ਸਰਣਾਗਤੀ ਹਰਿ ਨਾਮਿ ਤਰਾਇਆ ॥੪॥੮॥੧੫॥ ਸਲੋਕ ਮਃ ੧ ॥ ਭੈ ਵਿਚਿ ਪਵਣੁ ਵਹੈ ਸਦ ਵਾਉ ॥ ਭੈ

ਵਿਚਿ ਚਲਹਿ ਲਖ ਦਰੀਆਉ ॥ ਭੈ ਵਿਚਿ ਅਗਨਿ ਕਢੈ ਵੇਗਾਰਿ ॥ ਭੈ ਵਿਚਿ ਧਰਤੀ ਦਬੀ ਭਾਰਿ ॥ ਭੈ ਵਿਚਿ ਇੰਦੁ ਫਿਰੈ ਸਿਰ ਭਾਰਿ ॥ ਭੈ ਵਿਚਿ ਰਾਜਾ ਧਰਮੁ ਦੁਆਰੁ ॥ ਭੈ ਵਿਚਿ ਸੂਰਜੁ ਭੈ ਵਿਚਿ ਚੰਦੁ ॥ ਕੋਹ ਕਰੋੜੀ ਚਲਤ ਨ ਅੰਤੁ ॥ ਭੈ ਵਿਚਿ ਸਿਧ ਬੁਧ ਸੁਰ ਨਾਥ ॥ ਭੈ ਵਿਚਿ ਆਡਾਣੇ ਆਕਾਸ ॥ ਭੈ ਵਿਚਿ ਜੋਧ ਮਹਾਬਲ ਸੂਰ ॥ ਭੈ ਵਿਚਿ ਆਵਹਿ ਜਾਵਹਿ ਪੂਰ ॥ ਸਗਲਿਆ ਭਉ ਲਿਖਿਆ ਸਿਰਿ ਲੇਖੁ ॥ ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ ॥੧॥ ਮਃ ੧ ॥ ਨਾਨਕ ਨਿਰਭਉ ਨਿਰੰਕਾਰੁ ਹੋਰਿ ਕੇਤੇ ਰਾਮ ਰਵਾਲ ॥ ਕੇਤੀਆ ਕੰਨ੍ ਕਹਾਣੀਆ ਕੇਤੇ ਬੇਦ ਬੀਚਾਰ ॥ ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ ॥ ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ ॥ ਗਾਵਹਿ ਰਾਜੇ ਰਾਣੀਆ ਬੋਲਹਿ ਆਲ ਪਤਾਲ ॥ ਲਖ ਟਕਿਆ ਕੇ ਮੁੰਦੜੇ ਲਖ ਟਕਿਆ ਕੇ ਹਾਰ ॥ ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ ॥ ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ ॥ ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ ॥੨॥ ਪਉੜੀ ॥ ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ ॥ ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ ॥ ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ੀ ਵਿਚਹੁ ਆਪੁ ਗਵਾਇਆ ॥ ਜਿਨਿ ਸਚੋ ਸਚੁ ਬੁਝਾਇਆ ॥੪॥

ਆਸਾ ਮਹਲਾ ੪ ॥ ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ ॥ ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ ॥ ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ ॥ ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ ॥੧॥

ਸਲੋਕ ਮਃ ੧ ॥ ਘੜੀਆ ਸਭੇ ਗੋਪੀਆ ਪਹਰ ਕੰਨ੍ ਗੋਪਾਲ ॥ ਗਹਣੇ ਪਉਣੁ ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ ॥ ਸਗਲੀ ਧਰਤੀ ਮਾਲੁ ਧਨੁ ਵਰਤਣਿ ਸਰਬ ਜੰਜਾਲ ॥ ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ ॥੧॥ ਮਃ ੧ ॥ ਵਾਇਨਿ ਚੇਲੇ ਨਚਨਿ ਗੁਰ ॥ ਪੈਰ ਹਲਾਇਨਿ ਫੇਰਨਿ੍ ਸਿਰ ॥ ਉਡਿ ਉਡਿ ਰਾਵਾ ਝਾਟੈ ਪਾਇ ॥ ਵੇਖੈ ਲੋਕੁ ਹਸੈ ਘਰਿ ਜਾਇ ॥ ਰੋਟੀਆ ਕਾਰਣਿ ਪੂਰਹਿ ਤਾਲ ॥ ਆਪੁ ਪਛਾੜਹਿ ਧਰਤੀ ਨਾਲਿ ॥ ਗਾਵਨਿ ਗੋਪੀਆ ਗਾਵਨਿ ਕਾਨ੍ ॥ ਗਾਵਨਿ ਸੀਤਾ ਰਾਜੇ ਰਾਮ ॥ ਨਿਰਭਉ ਨਿਰੰਕਾਰੁ ਸਚੁ ਨਾਮੁ ॥ ਜਾ ਕਾ ਕੀਆ ਸਗਲ ਜਹਾਨੁ ॥ ਸੇਵਕ ਸੇਵਹਿ ਕਰਮਿ ਚੜਾਉ ॥ ਭਿੰਨੀ ਰੈਣਿ ਜਿਨ੍ਾ ਮਨਿ ਚਾਉ ॥ ਸਿਖੀ ਸਿਖਿਆ ਗੁਰ ਵੀਚਾਰਿ ॥ ਨਦਰੀ ਕਰਮਿ ਲਘਾਏ ਪਾਰਿ ॥ ਕੋਲੂ ਚਰਖਾ ਚਕੀ ਚਕੁ ॥ ਥਲ ਵਾਰੋਲੇ ਬਹੁਤੁ ਅਨੰਤੁ ॥ ਲਾਟੂ ਮਾਧਾਣੀਆ ਅਨਗਾਹ ॥ ਪੰਖੀ ਭਉਦੀਆ ਲੈਨਿ ਨ ਸਾਹ ॥ ਸੂਐ ਚਾੜਿ ਭਵਾਈਅਹਿ ਜੰਤ ॥ ਨਾਨਕ ਭਉਦਿਆ ਗਣਤ ਨ ਅੰਤ ॥ ਬੰਧਨ ਬੰਧਿ ਭਵਾਏ ਸੋਇ ॥ ਪਇਐ ਕਿਰਤਿ ਨਚੈ ਸਭੁ ਕੋਇ ॥ ਨਚਿ ਨਚਿ ਹਸਹਿ ਚਲਹਿ ਸੇ ਰੋਇ ॥ ਉਡਿ ਨ ਜਾਹੀ ਸਿਧ ਨ ਹੋਹਿ ॥ ਨਚਣੁ ਕੁਦਣੁ ਮਨ ਕਾ ਚਾਉ ॥ ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ

॥੨॥ ਪਉੜੀ ॥ ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ ॥ ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ ॥ ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ ॥ ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ ॥ ਕੋ ਰਹੈ ਨ ਭਰੀਐ ਪਾਈਐ ॥੫॥

ਪੰਥੁ ਦਸਾਵਾ ਨਿਤ ਖੜੀ ਮੁੰਧ ਜੋਬਨਿ ਬਾਲੀ ਰਾਮ ਰਾਜੇ ॥ ਹਰਿ ਹਰਿ ਨਾਮੁ ਚੇਤਾਇ ਗੁਰ ਹਰਿ ਮਾਰਗਿ ਚਾਲੀ ॥ ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ ॥ ਜਨ ਨਾਨਕ ਸਤਿਗੁਰੁ ਮੇਲਿ ਹਰਿ ਹਰਿ ਮਿਲਿਆ ਬਨਵਾਲੀ ॥੨॥

ਸਲੋਕ ਮਃ ੧ ॥ ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ ॥ ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ ॥ ਹਿੰਦੂ ਸਾਲਾਹੀ ਸਾਲਾਹਨਿ ਦਰਸਨਿ ਰੂਪਿ ਅਪਾਰੁ ॥ ਤੀਰਥਿ ਨਾਵਹਿ ਅਰਚਾ ਪੂਜਾ ਅਗਰ ਵਾਸੁ ਬਹਕਾਰੁ ॥ ਜੋਗੀ ਸੁੰਨਿ ਧਿਆਵਨਿ੍ ਜੇਤੇ ਅਲਖ ਨਾਮੁ ਕਰਤਾਰੁ ॥ ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ ॥ ਸਤੀਆ ਮਨਿ ਸੰਤੋਖੁ ਉਪਜੈ ਦੇਣੈ ਕੈ ਵੀਚਾਰਿ ॥ ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ ॥ ਚੋਰਾ ਜਾਰਾ ਤੈ ਕੂੜਿਆਰਾ ਖਾਰਾਬਾ ਵੇਕਾਰ ॥ ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ ਭੀ ਕਾਈ ਕਾਰ ॥ ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ ॥ ਓਇ ਜਿ ਆਖਹਿ ਸੁ ਤੂੰਹੈ ਜਾਣਹਿ ਤਿਨਾ ਭਿ ਤੇਰੀ ਸਾਰ ॥ ਨਾਨਕ ਭਗਤਾ ਭੁਖ ਸਾਲਾਹਣੁ ਸਚੁ ਨਾਮੁ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ ॥੧॥ ਮਃ ੧ ॥ ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਿਆਰ ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ ॥ ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ ॥ ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ ॥੨॥ ਪਉੜੀ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ ॥ ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ ॥ ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ ॥ ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ ਜਗਜੀਵਨੁ ਦਾਤਾ ਪਾਇਆ ॥੬॥

ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ ਰਾਮ ਰਾਜੇ ॥ ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਹਰਿ ਨੈਣ ਰਸਿ ਭਿੰਨੇ ॥ ਮੈ ਹਰਿ ਪ੍ਰਭੁ ਪਿਆਰਾ ਦਸਿ ਗੁਰੁ ਮਿਲਿ ਹਰਿ ਮਨੁ ਮੰਨੇ ॥ ਹਉ ਮੂਰਖੁ ਕਾਰੈ ਲਾਈਆ ਨਾਨਕ ਹਰਿ ਕੰਮੇ ॥੩॥

ਸਲੋਕ ਮਃ ੧ ॥ ਹਉ ਵਿਚਿ ਆਇਆ ਹਉ ਵਿਚਿ ਗਇਆ ॥ ਹਉ ਵਿਚਿ ਜੰਮਿਆ ਹਉ ਵਿਚਿ ਮੁਆ ॥ ਹਉ ਵਿਚਿ ਦਿਤਾ ਹਉ ਵਿਚਿ ਲਇਆ ॥ ਹਉ ਵਿਚਿ ਖਟਿਆ ਹਉ ਵਿਚਿ ਗਇਆ ॥ ਹਉ ਵਿਚਿ ਸਚਿਆਰੁ ਕੂੜਿਆਰੁ ॥ ਹਉ ਵਿਚਿ ਪਾਪ ਪੁੰਨ ਵੀਚਾਰੁ ॥ ਹਉ ਵਿਚਿ ਨਰਕਿ ਸੁਰਗਿ ਅਵਤਾਰੁ ॥ ਹਉ ਵਿਚਿ ਹਸੈ ਹਉ ਵਿਚਿ ਰੋਵੈ ॥ ਹਉ ਵਿਚਿ ਭਰੀਐ ਹਉ ਵਿਚਿ ਧੋਵੈ ॥ ਹਉ ਵਿਚਿ ਜਾਤੀ ਜਿਨਸੀ ਖੋਵੈ ॥ ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ ॥ ਮੋਖ ਮੁਕਤਿ ਕੀ ਸਾਰ

ਨ ਜਾਣਾ ॥ ਹਉ ਵਿਚਿ ਮਾਇਆ ਹਉ ਵਿਚਿ ਛਾਇਆ ॥ ਹਉਮੈ ਕਰਿ ਕਰਿ ਜੰਤ ਉਪਾਇਆ ॥ ਹਉਮੈ ਬੂਝੈ ਤਾ ਦਰੁ ਸੂਝੈ ॥ ਗਿਆਨ ਵਿਹੂਣਾ ਕਥਿ ਕਥਿ ਲੂਝੈ ॥ ਨਾਨਕ ਹੁਕਮੀ ਲਿਖੀਐ ਲੇਖੁ ॥ ਜੇਹਾ ਵੇਖਹਿ ਤੇਹਾ ਵੇਖੁ ॥੧॥ ਮਹਲਾ ੨ ॥ ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ ॥ ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ ॥ ਹਉਮੈ ਕਿਥਹੁ ਊਪਜੈ ਕਿਤੁ ਸੰਜਮਿ ਇਹ ਜਾਇ ॥ ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ ॥ ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ ॥ ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ ॥ ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ ॥੨॥ ਪਉੜੀ ॥ ਸੇਵ ਕੀਤੀ ਸੰਤੋਖੀਈਂ ਜਿਨ੍ਹੀ ਸਚੋ ਸਚੁ ਧਿਆਇਆ ॥ ਓਨ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ ॥ ਓਨ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ ॥ ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ ॥ ਵਡਿਆਈ ਵਡਾ ਪਾਇਆ ॥੭॥

ਗੁਰ ਅੰਮ੍ਰਿਤ ਭਿੰਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ ॥ ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ ॥ ਗੁਰ ਤੁਠੈ ਹਰਿ ਪਾਇਆ ਚੂਕੇ ਧਕ ਧਕੇ ॥ ਹਰਿ ਜਨੁ ਹਰਿ ਹਰਿ ਹੋਇਆ ਨਾਨਕੁ ਹਰਿ ਇਕੇ ॥੪॥੯॥੧੬॥

ਸਲੋਕ ਮਃ ੧ ॥ ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ ॥ ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ ॥ ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ ॥ ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ ॥ ਨਾਨਕ ਜੰਤ ਉਪਾਇ ਕੈ ਸੰਮਾਲੇ ਸਭਨਾਹ ॥ ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ ॥ ਸੋ ਕਰਤਾ ਚਿੰਤਾ ਕਰੇ ਜਿਨਿ ਉਪਾਇਆ ਜਗੁ ॥ ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ ॥ ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ ॥੧॥ ਮਃ ੧ ॥ ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ ॥ ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ ॥ ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ ॥ ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ ॥ ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ ॥ ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ ॥੨॥ ਪਉੜੀ ॥ ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ ॥ ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨ੍ਹੀ ਸਚੁ ਕਮਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ ਕੈ ਹਿਰਦੈ ਸਚੁ ਵਸਾਇਆ ॥ ਮੂਰਖ ਸਚੁ ਨ ਜਾਣਨ੍ਹੀ ਮਨਮੁਖੀ ਜਨਮੁ ਗਵਾਇਆ ॥ ਵਿਚਿ ਦੁਨੀਆ ਕਾਹੇ ਆਇਆ ॥੮॥

ਆਸਾ ਮਹਲਾ ੪ ॥ ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ ॥ ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ ॥ ਧਨੁ ਧੰਨੁ ਵਣਜਾਰਾ ਵਣਜੁ ਹੈ ਗੁਰੁ ਸਾਹੁ ਸਾਬਾਸੇ ॥ ਜਨੁ ਨਾਨਕੁ ਗੁਰੁ ਤਿਨ੍ਹੀ ਪਾਇਆ ਜਿਨ ਧੁਰਿ ਲਿਖਤੁ ਲਿਲਾਟਿ ਲਿਖਾਸੇ ॥੧॥

ਸਲੋਕੁ ਮਃ ੧ ॥ ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥ ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥ ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ ॥ ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ ॥ ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥੧॥ ਮਃ ੧ ॥ ਲਿਖਿ ਲਿਖਿ ਪੜਿਆ ॥ ਤੇਤਾ ਕੜਿਆ ॥ ਬਹੁ ਤੀਰਥ ਭਵਿਆ ॥ ਤੇਤੋ ਲਵਿਆ ॥ ਬਹੁ ਭੇਖ ਕੀਆ ਦੇਹੀ ਦੁਖੁ ਦੀਆ ॥ ਸਹੁ ਵੇ ਜੀਆ ਅਪਣਾ ਕੀਆ ॥ ਅੰਨੁ ਨ ਖਾਇਆ ਸਾਦੁ ਗਵਾਇਆ ॥ ਬਹੁ ਦੁਖੁ ਪਾਇਆ ਦੂਜਾ ਭਾਇਆ ॥ ਬਸਤ੍ਰ ਨ ਪਹਿਰੈ ॥ ਅਹਿਨਿਸਿ ਕਹਰੈ ॥ ਮੋਨਿ ਵਿਗੂਤਾ ॥ ਕਿਉ ਜਾਗੈ ਗੁਰ ਬਿਨੁ ਸੂਤਾ ॥ ਪਗ ਉਪੇਤਾਣਾ ॥ ਅਪਣਾ ਕੀਆ ਕਮਾਣਾ ॥ ਅਲੁ ਮਲੁ ਖਾਈ ਸਿਰਿ ਛਾਈ ਪਾਈ ॥ ਮੂਰਖਿ ਅੰਧੈ ਪਤਿ ਗਵਾਈ ॥ ਵਿਣੁ ਨਾਵੈ ਕਿਛੁ ਥਾਇ ਨ ਪਾਈ ॥ ਰਹੈ ਬੇਬਾਣੀ ਮੜੀ ਮਸਾਣੀ ॥ ਅੰਧੁ ਨ ਜਾਣੈ ਫਿਰਿ ਪਛੁਤਾਣੀ ॥ ਸਤਿਗੁਰੁ ਭੇਟੇ ਸੋ ਸੁਖੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਨਾਨਕ ਨਦਰਿ ਕਰੇ ਸੋ ਪਾਏ ॥ ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ ॥੨॥ ਪਉੜੀ ॥ ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ ॥ ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨ੍ਹੀ ਧਾਵਦੇ ॥ ਇਕਿ ਮੂਲੁ ਨ ਬੁਝਨ੍ਹਿ ਆਪਣਾ ਅਣਹੋਦਾ ਆਪੁ ਗਣਾਇਦੇ ॥ ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ ॥ ਤਿਨ੍ਹ ਮੰਗਾ ਜਿ ਤੁਝੈ ਧਿਆਇਦੇ ॥੯॥

ਸਚੁ ਸਾਹੁ ਹਮਾਰਾ ਤੂੰ ਧਣੀ ਸਭੁ ਜਗਤੁ ਵਣਜਾਰਾ ਰਾਮ ਰਾਜੇ ॥ ਸਭ ਭਾਂਡੇ ਤੁਧੈ ਸਾਜਿਆ ਵਿਚਿ ਵਸਤੁ ਹਰਿ ਥਾਰਾ ॥ ਜੋ ਪਾਵਹਿ ਭਾਂਡੇ ਵਿਚਿ ਵਸਤੁ ਸਾ ਨਿਕਲੈ ਕਿਆ ਕੋਈ ਕਰੇ ਵੇਚਾਰਾ ॥ ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ ॥੨॥

ਸਲੋਕੁ ਮਃ ੧ ॥ ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ ॥ ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ ॥ ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ ॥ ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ ॥ ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ ॥ ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ ॥ ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ ॥ ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ ॥ ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ ॥੧॥ ਮਃ ੧ ॥ ਸਚੁ ਤਾ ਪਰੁ ਜਾਣੀਐ ਜਾ ਰਿਦੈ ਸਚਾ ਹੋਇ ॥ ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ ॥ ਸਚੁ ਤਾ ਪਰੁ ਜਾਣੀਐ ਜਾ ਸਚਿ ਧਰੇ ਪਿਆਰੁ ॥ ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ ॥ ਸਚੁ ਤਾ ਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ ॥ ਧਰਤਿ ਕਾਇਆ ਸਾਧ ਕੈ ਵਿਚਿ ਦੇਇ ਕਰਤਾ ਬੀਉ ॥ ਸਚੁ ਤਾ ਪਰੁ ਜਾਣੀਐ ਜਾ ਸਿਖ ਸਚੀ ਲੇਇ ॥ ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ ॥ ਸਚੁ ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ ॥ ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ ॥ ਸਚੁ

ਸਭਨਾ ਹੋਇ ਦਾਰੂ ਪਾਪ ਕਢੈ ਧੋਇ ॥ ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ ॥੨॥ ਪਉੜੀ ॥ ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ ॥ ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ ਧਿਆਈਐ ॥ ਫਲੁ ਤੇਵੇਹੋ ਪਾਈਐ ਜੇਵੇਹੀ ਕਾਰ ਕਮਾਈਐ ॥ ਜੇ ਹੋਵੈ ਪੂਰਬਿ ਲਿਖਿਆ ਤਾ ਧੂੜਿ ਤਿਨ੍ਾ ਦੀ ਪਾਈਐ ॥ ਮਤਿ ਥੋੜੀ ਸੇਵ ਗਵਾਈਐ ॥੧੦॥

ਹਮ ਕਿਆ ਗੁਣ ਤੇਰੇ ਵਿਥਰਹ ਸੁਆਮੀ ਤੂੰ ਅਪਰ ਅਪਾਰੋ ਰਾਮ ਰਾਜੇ ॥ ਹਰਿ ਨਾਮੁ ਸਾਲਾਹਹ ਦਿਨੁ ਰਾਤਿ ਏਹਾ ਆਸ ਆਧਾਰੋ ॥ ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ ॥੩॥

ਸਲੋਕੁ ਮਃ ੧ ॥ ਸਚਿ ਕਾਲੁ ਕੂੜੁ ਵਰਤਿਆ ਕਲਿ ਕਾਲਖ ਬੇਤਾਲ ॥ ਬੀਉ ਬੀਜਿ ਪਤਿ ਲੈ ਗਏ ਅਬ ਕਿਉ ਉਗਵੈ ਦਾਲਿ ॥ ਜੇ ਇਕੁ ਹੋਇ ਤ ਉਗਵੈ ਰੁਤੀ ਹੂ ਰੁਤਿ ਹੋਇ ॥ ਨਾਨਕ ਪਾਹੈ ਬਾਹਰਾ ਕੋਰੈ ਰੰਗੁ ਨ ਸੋਇ ॥ ਭੈ ਵਿਚਿ ਖੁੰਬਿ ਚੜਾਈਐ ਸਰਮੁ ਪਾਹੁ ਤਨਿ ਹੋਇ ॥ ਨਾਨਕ ਭਗਤੀ ਜੇ ਰਪੈ ਕੂੜੈ ਸੋਇ ਨ ਕੋਇ ॥੧॥ ਮਃ ੧ ॥ ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ ॥ ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰੇ ਬੀਚਾਰੁ ॥ ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ ॥ ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ ॥ ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥ ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ ਪਿਆਰੁ ॥ ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ ਮੋਖ ਦੁਆਰੁ ॥ ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ ॥ ਸਭੁ ਕੋ ਪੂਰਾ ਆਪੇ ਹੋਵੈ ਘਟਿ ਨ ਕੋਈ ਆਖੈ ॥ ਪਤਿ ਪਰਵਾਣਾ ਪਿਛੈ ਪਾਈਐ ਤਾ ਨਾਨਕ ਤੋਲਿਆ ਜਾਪੈ ॥੨॥ ਮਃ ੧ ॥ ਵਦੀ ਸੁਵਜਗਿ ਨਾਨਕਾ ਸਚਾ ਵੇਖੈ ਸੋਇ ॥ ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ ॥ ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ ॥ ਜਿਨ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ ॥੩॥ ਪਉੜੀ ॥ ਧੁਰਿ ਕਰਮੁ ਜਿਨਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ ॥ ਏਨਾ ਜੰਤਾ ਕੈ ਵਸਿ ਕਿਛੁ ਨਾਹੀ ਤੁਧੁ ਵੇਕੀ ਜਗਤੁ ਉਪਾਇਆ ॥ ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ ॥ ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ ॥ ਸਹਜੇ ਹੀ ਸਚਿ ਸਮਾਇਆ ॥੧੧॥

ਜਿਉ ਭਾਵੈ ਤਿਉ ਰਾਖਿ ਲੈ ਹਮ ਸਰਣਿ ਪ੍ਰਭ ਆਏ ਰਾਮ ਰਾਜੇ ॥ ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ ॥ ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ ॥ ਜਨੁ ਨਾਨਕੁ ਦਾਸੁ ਹਰਿ ਕਾਂਢਿਆ ਹਰਿ ਪੈਜ ਰਖਾਏ ॥੪॥੧੦॥੧੭॥

ਸਲੋਕੁ ਮਃ ੧ ॥ ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ

ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥ ਮਃ ੨ ॥ ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ ॥ ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾ ਕ੍ਰਿਤਹ ॥ ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੩॥ ਮਃ ੨ ॥ ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ ॥ ਆਤਮਾ ਬਾਸੁਦੇਵਸ੍ਿ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੪॥ ਮਃ ੧ ॥ ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ ॥ ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ ॥੫॥ ਪਉੜੀ ॥ ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ ॥ ਜੇਹਾ ਘਾਲੇ ਘਾਲਣਾ ਤੇਵੇਹੋ ਨਾਉ ਪਚਾਰੀਐ ॥ ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ ॥ ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ ॥ ਮੁਹਿ ਚਲੈ ਸੁ ਅਗੈ ਮਾਰੀਐ ॥੧੨॥

ਆਸਾ ਮਹਲਾ ੪ ॥ ਜਿਨ ਮਸਤਕਿ ਧੁਰਿ ਹਰਿ ਲਿਖਿਆ ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ ॥ ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ ॥ ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ ॥ ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ ॥੧॥

ਸਲੋਕੁ ਮਃ ੧ ॥ ਨਾਨਕ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ ॥ ਜੁਗੁ ਜੁਗੁ ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ ॥ ਸਤਜੁਗਿ ਰਥੁ ਸੰਤੋਖੁ ਕਾ ਧਰਮੁ ਅਗੈ ਰਥਵਾਹੁ ॥ ਤ੍ਰੇਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ ॥ ਦੁਆਪੁਰਿ ਰਥੁ ਤਪੈ ਕਾ ਸਤੁ ਅਗੈ ਰਥਵਾਹੁ ॥ ਕਲਜੁਗਿ ਰਥੁ ਅਗਨਿ ਕਾ ਕੂੜੁ ਅਗੈ ਰਥਵਾਹੁ ॥੧॥ ਮਃ ੧ ॥ ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ ॥ ਸਭੁ ਕੋ ਸਚਿ ਸਮਾਵੈ ॥ ਰਿਗੁ ਕਹੈ ਰਹਿਆ ਭਰਪੂਰਿ ॥ ਰਾਮ ਨਾਮੁ ਦੇਵਾ ਮਹਿ ਸੂਰੁ ॥ ਨਾਇ ਲਇਐ ਪਰਾਛਤ ਜਾਹਿ ॥ ਨਾਨਕ ਤਉ ਮੋਖੰਤਰੁ ਪਾਹਿ ॥ ਜੁਜ ਮਹਿ ਜੋਰਿ ਛਲੀ ਚੰਦ੍ਰਾਵਲਿ ਕਾਨ੍ ਕ੍ਰਿਸਨੁ ਜਾਦਮੁ ਭਇਆ ॥ ਪਾਰਜਾਤੁ ਗੋਪੀ ਲੈ ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ ॥ ਕਲਿ ਮਹਿ ਬੇਦੁ ਅਥਰਬਣੁ ਹੂਆ ਨਾਉ ਖੁਦਾਈ ਅਲਹੁ ਭਇਆ ॥ ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ ਅਮਲੁ ਕੀਆ ॥ ਚਾਰੇ ਵੇਦ ਹੋਏ ਸਚਿਆਰ ॥ ਪੜਹਿ ਗੁਣਹਿ ਤਿਨ੍ ਚਾਰ ਵੀਚਾਰ ॥ ਭਉ ਭਗਤਿ ਕਰਿ ਨੀਚੁ ਸਦਾਏ ॥ ਤਉ ਨਾਨਕ ਮੋਖੰਤਰੁ ਪਾਏ ॥੨॥ ਪਉੜੀ ॥ ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ ॥ ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨ੍ਹੀ ਨੇਤ੍ਰੀ ਜਗਤੁ ਨਿਹਾਲਿਆ ॥ ਖਸਮੁ ਛੋਡਿ ਦੂਜੈ ਲਗੇ ਡੁਬੇ ਸੇ ਵਣਜਾਰਿਆ ॥ ਸਤਿਗੁਰੂ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ ॥ ਕਰਿ ਕਿਰਪਾ ਪਾਰਿ ਉਤਾਰਿਆ ॥੧੩॥

ਜਿਨੀ ਐਸਾ ਹਰਿ ਨਾਮੁ ਨ ਚੇਤਿਓ ਸੇ ਕਾਹੇ ਜਗਿ ਆਏ ਰਾਮ ਰਾਜੇ ॥ ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ ॥ ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ ॥ ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ ॥੨॥

ਸਲੋਕੁ ਮਃ ੧ ॥ ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ ॥ ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ ॥ ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ ॥ ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ ॥ ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ ॥ ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ ॥ ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ ॥ ਸੀਸਿ ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ ॥੧॥ ਮਃ ੧ ॥ ਪੜਿ ਪੁਸਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠ ਬਿਭੂਖਣ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕੁ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੇ ਜਾਣਸਿ ਬ੍ਰਹਮੰ ਕਰਮੰ ॥ ਸਭਿ ਫੋਕਟ ਨਿਸਚਉ ਕਰਮੰ ॥ ਕਹੁ ਨਾਨਕ ਨਿਹਚਉ ਧਿਆਵੈ ॥ ਵਿਣੁ ਸਤਿਗੁਰ ਵਾਟ ਨ ਪਾਵੈ ॥੨॥ ਪਉੜੀ ॥ ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ ॥ ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ ॥ ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ ॥ ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ ॥ ਕਰਿ ਅਉਗਣ ਪਛੋਤਾਵਣਾ ॥੧੪॥

ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ ॥ ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ ॥ ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ ॥ ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ ॥੩॥

ਸਲੋਕੁ ਮਃ ੧ ॥ ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ ॥ ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ ॥ ਨਾ ਏਹੁ ਤੁਟੈ ਨ ਮਲੁ ਲਗੈ ਨਾ ਏਹੁ ਜਲੈ ਨ ਜਾਇ ॥ ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥ ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ ॥ ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ ॥ ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥੧॥ ਮਃ ੧ ॥ ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥ ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥ ਤਗੁ ਕਪਾਹਹੁ ਕਤੀਐ ਬਾਮ੍ਣੁ ਵਟੇ ਆਇ ॥ ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ ਆਖੈ ਪਾਇ ॥ ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ ॥ ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ ॥੨॥ ਮਃ ੧ ॥ ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ ॥ ਦਰਗਹ ਅੰਦਰਿ ਪਾਈਐ ਤਗੁ ਨ ਤੂਟਸਿ ਪੂਤ ॥੩॥ ਮਃ ੧ ॥ ਤਗੁ ਨ ਇੰਦ੍ਰੀ ਤਗੁ ਨ ਨਾਰੀ ॥ ਭਲਕੇ ਥੁਕ ਪਵੈ ਨਿਤ ਦਾੜੀ ॥ ਤਗੁ ਨ ਪੈਰੀ ਤਗੁ ਨ ਹਥੀ ॥ ਤਗੁ ਨ ਜਿਹਵਾ ਤਗੁ ਨ ਅਖੀ ॥ ਵੇਤਗਾ ਆਪੇ ਵਤੈ ॥ ਵਟਿ ਧਾਗੇ ਅਵਰਾ ਘਤੈ ॥ ਲੈ ਭਾੜਿ ਕਰੇ ਵੀਆਹੁ ॥ ਕਢਿ ਕਾਗਲੁ ਦਸੇ ਰਾਹੁ ॥ ਸੁਣਿ ਵੇਖਹੁ ਲੋਕਾ ਏਹੁ ਵਿਡਾਣੁ ॥ ਮਨਿ ਅੰਧਾ ਨਾਉ

ਸੁਜਾਣੁ ॥੪॥ ਪਉੜੀ ॥ ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ ॥ ਸੋ ਸੇਵਕੁ ਸੇਵਾ ਕਰੇ ਜਿਸ ਨੋ ਹੁਕਮੁ ਮਨਾਇਸੀ ॥ ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ ॥ ਤਾ ਦਰਗਹ ਪੈਧਾ ਜਾਇਸੀ ॥੧੫॥

ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਤਿ ਕਰਿ ਨਹੀ ਹਰਿ ਹਰਿ ਭੀਜੈ ਰਾਮ ਰਾਜੇ ॥ ਜਿਨਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ ॥ ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ ॥ ਜਿਨਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ ਹਰਿ ਭਗਤਿ ਹਰਿ ਲੀਜੈ ॥੪॥੧੧॥੧੮॥

ਸਲੋਕੁ ਮਃ ੧ ॥ ਗਊ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ ॥ ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ ॥ ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ ॥ ਛੋਡੀਲੇ ਪਾਖੰਡਾ ॥ ਨਾਮਿ ਲਇਐ ਜਾਹਿ ਤਰੰਦਾ ॥੧॥ ਮਃ ੧ ॥ ਮਾਣਸ ਖਾਣੇ ਕਰਹਿ ਨਿਵਾਜ ॥ ਛੁਰੀ ਵਗਾਇਨਿ ਤਿਨ ਗਲਿ ਤਾਗ ॥ ਤਿਨ ਘਰਿ ਬ੍ਰਹਮਣ ਪੂਰਹਿ ਨਾਦ ॥ ਉਨ੍ਹਾ ਭਿ ਆਵਹਿ ਓਈ ਸਾਦ ॥ ਕੂੜੀ ਰਾਸਿ ਕੂੜਾ ਵਾਪਾਰੁ ॥ ਕੂੜੁ ਬੋਲਿ ਕਰਹਿ ਆਹਾਰੁ ॥ ਸਰਮ ਧਰਮ ਕਾ ਡੇਰਾ ਦੂਰਿ ॥ ਨਾਨਕ ਕੂੜੁ ਰਹਿਆ ਭਰਪੂਰਿ ॥ ਮਥੈ ਟਿਕਾ ਤੇੜਿ ਧੋਤੀ ਕਖਾਈ ॥ ਹਥਿ ਛੁਰੀ ਜਗਤ ਕਾਸਾਈ ॥ ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ ॥ ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥ ਅਭਾਖਿਆ ਕਾ ਕੁਠਾ ਬਕਰਾ ਖਾਣਾ ॥ ਚਉਕੇ ਉਪਰਿ ਕਿਸੈ ਨ ਜਾਣਾ ॥ ਦੇ ਕੈ ਚਉਕਾ ਕਢੀ ਕਾਰ ॥ ਉਪਰਿ ਆਇ ਬੈਠੇ ਕੂੜਿਆਰ ॥ ਮਤੁ ਭਿਟੈ ਵੇ ਮਤੁ ਭਿਟੈ ॥ ਇਹੁ ਅੰਨੁ ਅਸਾਡਾ ਫਿਟੈ ॥ ਤਨਿ ਫਿਟੈ ਫੇੜ ਕਰੇਨਿ ॥ ਮਨਿ ਜੂਠੈ ਚੁਲੀ ਭਰੇਨਿ ॥ ਕਹੁ ਨਾਨਕ ਸਚੁ ਧਿਆਈਐ ॥ ਸੁਚਿ ਹੋਵੈ ਤਾ ਸਚੁ ਪਾਈਐ ॥੨॥ ਪਉੜੀ ॥ ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ ॥ ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ ॥ ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ ॥ ਨਦਰਿ ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ ॥ ਦਰਿ ਮੰਗਨਿ ਭਿਖ ਨ ਪਾਇਦਾ ॥੧੬॥

ਆਸਾ ਮਹਲਾ ੪ ॥ ਜਿਨ ਅੰਤਰਿ ਹਰਿ ਹਰਿ ਪ੍ਰੀਤਿ ਹੈ ਤੇ ਜਨ ਸੁਘੜ ਸਿਆਣੇ ਰਾਮ ਰਾਜੇ ॥ ਜੇ ਬਾਹਰਹੁ ਭੁਲਿ ਚੁਕਿ ਬੋਲਦੇ ਭੀ ਖਰੇ ਹਰਿ ਭਾਣੇ ॥ ਹਰਿ ਸੰਤਾ ਨੋ ਹੋਰੁ ਥਾਉ ਨਾਹੀ ਹਰਿ ਮਾਣੁ ਨਿਮਾਣੇ ॥ ਜਨ ਨਾਨਕ ਨਾਮੁ ਦੀਬਾਣੁ ਹੈ ਹਰਿ ਤਾਣੁ ਸਤਾਣੇ ॥੧॥

ਸਲੋਕੁ ਮਃ ੧ ॥ ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ ॥ ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ ॥ ਵਢੀਅਹਿ ਹਥ ਦਲਾਲ ਕੇ ਮੁਸਫੀ ਏਹ ਕਰੇਇ ॥ ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ ॥੧॥ ਮਃ ੧ ॥ ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ ॥ ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ ॥ ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ ॥ ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ ॥੨॥ ਪਉੜੀ ॥ ਤੁਰੇ ਪਲਾਣੇ ਪਉਣ ਵੇਗ ਹਰ

ਰੰਗੀ ਹਰਮ ਸਵਾਰਿਆ ॥ ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ ॥ ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ ॥ ਕਰਿ ਫੁਰਮਾਇਸਿ ਖਾਇਆ ਵੇਖਿ ਮਹਲਤਿ ਮਰਣੁ ਵਿਸਾਰਿਆ ॥ ਜਰੁ ਆਈ ਜੋਬਨਿ ਹਾਰਿਆ ॥੧੭॥

ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ ॥ ਗੁਰਸਿਖੀ ਸੋ ਥਾਨੁ ਭਾਲਿਆ ਲੈ ਧੂਰਿ ਮੁਖਿ ਲਾਵਾ ॥ ਗੁਰਸਿਖਾ ਕੀ ਘਾਲ ਥਾਇ ਪਈ ਜਿਨ ਹਰਿ ਨਾਮੁ ਧਿਆਵਾ ॥ ਜਿਨ੍ ਨਾਨਕੁ ਸਤਿਗੁਰੁ ਪੂਜਿਆ ਤਿਨ ਹਰਿ ਪੂਜ ਕਰਾਵਾ ॥੨॥

ਸਲੋਕੁ ਮਃ ੧ ॥ ਜੇ ਕਰਿ ਸੂਤਕੁ ਮੰਨੀਐ ਸਭ ਤੈ ਸੂਤਕੁ ਹੋਇ ॥ ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ ॥ ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ ॥ ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ ॥ ਸੂਤਕੁ ਕਿਉ ਕਰਿ ਰਖੀਐ ਸੂਤਕੁ ਪਵੈ ਰਸੋਇ ॥ ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ ॥੧॥ ਮਃ ੧ ॥ ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ ॥ ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ ॥ ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ ॥ ਨਾਨਕ ਹੰਸਾ ਆਦਮੀ ਬਧੇ ਜਮ ਪੁਰਿ ਜਾਹਿ ॥੨॥ ਮਃ ੧ ॥ ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ ॥ ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ ॥ ਖਾਣਾ ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ ॥ ਨਾਨਕ ਜਿਨ੍ੀ ਗੁਰਮੁਖਿ ਬੁਝਿਆ ਤਿਨ੍ਾ ਸੂਤਕੁ ਨਾਹਿ ॥੩॥ ਪਉੜੀ ॥ ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ ॥ ਸਹਿ ਮੇਲੇ ਤਾ ਨਦਰੀ ਆਈਆ ॥ ਜਾ ਤਿਸੁ ਭਾਣਾ ਤਾ ਮਨਿ ਵਸਾਈਆ ॥ ਕਰਿ ਹੁਕਮੁ ਮਸਤਕਿ ਹਥੁ ਧਰਿ ਵਿਚਹੁ ਮਾਰਿ ਕਢੀਆ ਬੁਰਿਆਈਆ ॥ ਸਹਿ ਤੁਠੈ ਨਉ ਨਿਧਿ ਪਾਈਆ ॥੧੮॥

ਗੁਰਸਿਖਾ ਮਨਿ ਹਰਿ ਪ੍ਰੀਤਿ ਹੈ ਹਰਿ ਨਾਮ ਹਰਿ ਤੇਰੀ ਰਾਮ ਰਾਜੇ ॥ ਕਰਿ ਸੇਵਹਿ ਪੂਰਾ ਸਤਿਗੁਰੂ ਭੁਖ ਜਾਇ ਲਹਿ ਮੇਰੀ ॥ ਗੁਰਸਿਖਾ ਕੀ ਭੁਖ ਸਭ ਗਈ ਤਿਨ ਪਿਛੈ ਹੋਰ ਖਾਇ ਘਨੇਰੀ ॥ ਜਨ ਨਾਨਕ ਹਰਿ ਪੁੰਨੁ ਬੀਜਿਆ ਫਿਰਿ ਤੋਟਿ ਨ ਆਵੈ ਹਰਿ ਪੁੰਨ ਕੇਰੀ ॥੩॥

ਸਲੋਕੁ ਮਃ ੧ ॥ ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ ॥ ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ ॥ ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ ॥ ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ ॥ ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ ॥ ਤਾ ਹੋਆ ਪਾਕੁ ਪਵਿਤੁ ॥ ਪਾਪੀ ਸਿਉ ਤਨੁ ਗਡਿਆ ਥੁਕਾ ਪਈਆ ਤਿਤੁ ॥ ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ ॥ ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ ॥੧॥ ਮਃ ੧ ॥ ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥ ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥ ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥ ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥ ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥ ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥ ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ

**ਚਾਰਿ ॥ ਨਾਨਕ ਤੇ ਮੁਖ ਉਜਲੇ ਤਿਤੁ ਸਚੈ ਦਰਬਾਰਿ ॥੨॥ ਪਉੜੀ ॥ ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ ॥ ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ ॥ ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ ॥ ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ ॥ ਮੂਰਖੈ ਨਾਲਿ ਨ ਲੁਝੀਐ ॥੧੯॥**

ਗੁਰਸਿਖਾ ਮਨਿ ਵਾਧਾਈਆ ਜਿਨ ਮੇਰਾ ਸਤਿਗੁਰੂ ਡਿਠਾ ਰਾਮ ਰਾਜੇ ॥ ਕੋਈ ਕਰਿ ਗਲ ਸੁਣਾਵੈ ਹਰਿ ਨਾਮ ਕੀ ਸੋ ਲਗੈ ਗੁਰਸਿਖਾ ਮਨਿ ਮਿਠਾ ॥ ਹਰਿ ਦਰਗਹ ਗੁਰਸਿਖ ਪੈਨਾਈਅਹਿ ਜਿਨ੍ਾ ਮੇਰਾ ਸਤਿਗੁਰੁ ਤੁਠਾ ॥ ਜਨ ਨਾਨਕੁ ਹਰਿ ਹਰਿ ਹੋਇਆ ਹਰਿ ਹਰਿ ਮਨਿ ਵੁਠਾ ॥੪॥੧੨॥੧੯॥

**ਸਲੋਕੁ ਮਃ ੧ ॥ ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ ॥ ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ ॥ ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ ॥ ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ ॥੧॥ ਮਃ ੧ ॥ ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ ॥ ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ ॥ ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ ॥ ਤਿਨ੍ ਨੇਹੁ ਲਗਾ ਰਬ ਸੇਤੀ ਦੇਖਨ੍ੇ ਵੀਚਾਰਿ ॥ ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ ॥ ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ ॥ ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਇ ਤ ਖਾਹਿ ॥ ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਾ ਮੇਲੁ ॥ ਦਰਿ ਲਏ ਲੇਖਾ ਪੀੜਿ ਛੁਟੈ ਨਾਨਕਾ ਜਿਉ ਤੇਲੁ ॥੨॥ ਪਉੜੀ ॥ ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥੨੦॥**

ਆਸਾ ਮਹਲਾ ੪ ॥ ਜਿਨ੍ਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ ॥ ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ ॥ ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ ਜਮੁ ਨੇੜਿ ਨ ਆਵੈ ॥ ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਨਿਤ ਜਪੈ ਹਰਿ ਨਾਮੁ ਹਰਿ ਨਾਮਿ ਤਰਾਵੈ ॥੧॥

**ਸਲੋਕੁ ਮਹਲਾ ੨ ॥ ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥ ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ ॥ ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ ॥ ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ ॥੧॥ ਮਹਲਾ ੨ ॥ ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ ॥ ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ ॥੨॥ ਪਉੜੀ ॥ ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਾਲੀਐ ॥ ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ ॥ ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ ॥ ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ ॥ ਕਿਛੁ ਲਾਹੇ ਉਪਰਿ ਘਾਲੀਐ ॥੨੧॥**

ਜਿਨੀ ਗੁਰਮੁਖਿ ਨਾਮੁ ਧਿਆਇਆ ਤਿਨਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ ॥ ਜਿਨੀ ਸਤਿਗੁਰੁ ਪੁਰਖੁ ਮਨਾਇਆ ਤਿਨ ਪੂਜੇ ਸਭੁ ਕੋਈ ॥ ਜਿਨ੍ਹੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਹਾ ਸੁਖੁ ਸਦ ਹੋਈ ॥ ਜਿਨ੍ਹਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਹਾ ਮਿਲਿਆ ਹਰਿ ਸੋਈ ॥੨॥

**ਸਲੋਕੁ ਮਹਲਾ ੨ ॥ ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ ॥ ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ ॥ ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ ॥ ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ ॥੧॥ ਮਹਲਾ ੨ ॥ ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ ॥ ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ ॥੨॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ ॥ ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੇ ਅਰਦਾਸਿ ॥ ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ ॥੩॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ ॥ ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ ॥੪॥ ਮਹਲਾ ੨ ॥ ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ ॥ ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ ॥੫॥ ਪਉੜੀ ॥ ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ ॥ ਹੁਰਮਤਿ ਤਿਸ ਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ ॥ ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ ॥ ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ ॥ ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ ॥੨੨॥**

ਜਿਨ੍ਹਾ ਅੰਤਰਿ ਗੁਰਮੁਖਿ ਪ੍ਰੀਤਿ ਹੈ ਤਿਨ੍ਹ ਹਰਿ ਰਖਣਹਾਰਾ ਰਾਮ ਰਾਜੇ ॥ ਤਿਨ੍ਹ ਕੀ ਨਿੰਦਾ ਕੋਈ ਕਿਆ ਕਰੇ ਜਿਨ੍ਹ ਹਰਿ ਨਾਮੁ ਪਿਆਰਾ ॥ ਜਿਨ ਹਰਿ ਸੇਤੀ ਮਨੁ ਮਾਨਿਆ ਸਭ ਦੁਸਟ ਝਖ ਮਾਰਾ ॥ ਜਨ ਨਾਨਕ ਨਾਮੁ ਧਿਆਇਆ ਹਰਿ ਰਖਣਹਾਰਾ ॥੩॥

**ਸਲੋਕੁ ਮਹਲਾ ੨ ॥ ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ ॥ ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ ॥੧॥ ਮਹਲਾ ੨ ॥ ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ ॥ ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ ॥੨॥ ਪਉੜੀ ॥ ਨਾਨਕ ਅੰਤ ਨ ਜਾਪਨ੍ਹੀ ਹਰਿ ਤਾ ਕੇ ਪਾਰਾਵਾਰ ॥ ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ ॥ ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ ॥੨੩॥**

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥ ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥ ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥ ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥੧੩॥੨੦॥

ਸਲੋਕੁ ਮਃ ੧ ॥ ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ ॥ ਇਕਨ੍ਹੀ ਦੁਧੁ ਸਮਾਈਐ ਇਕਿ ਚੁਲ੍ਹੈ ਰਹਨ੍ਹਿ ਚੜੇ ॥ ਇਕਿ ਨਿਹਾਲੀ ਪੈ ਸਵਨ੍ਹਿ ਇਕਿ ਉਪਰਿ ਰਹਨਿ ਖੜੇ ॥ ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ ॥੧॥ ਮਹਲਾ ੨ ॥ ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥ ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥ ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥੨॥ ਪਉੜੀ ॥ ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨਾ ਜਾਇ ॥ ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ ਸੋ ਕਰੇ ਜਿ ਤਿਸੈ ਰਜਾਇ ॥੨੪॥੧॥ ਸੁਧੁ ॥

(੪੬੨-੭੨)

# ਦਖਣੀ ਓਅੰਕਾਰ

ਰਾਮਕਲੀ ਮਹਲਾ ੧ ਦਖਣੀ ਓਅੰਕਾਰੁ ੴ ਸਤਿਗੁਰ ਪ੍ਰਸਾਦਿ ॥

ਓਅੰਕਾਰਿ ਬ੍ਰਹਮਾ ਉਤਪਤਿ ॥ ਓਅੰਕਾਰੁ ਕੀਆ ਜਿਨਿ ਚਿਤਿ ॥ ਓਅੰਕਾਰਿ ਸੈਲ ਜੁਗ ਭਏ ॥ ਓਅੰਕਾਰਿ ਬੇਦ ਨਿਰਮਏ ॥ ਓਅੰਕਾਰਿ ਸਬਦਿ ਉਧਰੇ ॥ ਓਅੰਕਾਰਿ ਗੁਰਮੁਖਿ ਤਰੇ ॥ ਓਨਮ ਅਖਰ ਸੁਣਹੁ ਬੀਚਾਰੁ ॥ ਓਨਮ ਅਖਰੁ ਤ੍ਰਿਭਵਣ ਸਾਰੁ ॥੧॥ ਸੁਣਿ ਪਾਡੇ ਕਿਆ ਲਿਖਹੁ ਜੰਜਾਲਾ ॥ ਲਿਖੁ ਰਾਮ ਨਾਮ ਗੁਰਮੁਖਿ ਗੋਪਾਲਾ ॥੧॥ ਰਹਾਉ ॥ ਸਸੈ ਸਭੁ ਜਗੁ ਸਹਜਿ ਉਪਾਇਆ ਤੀਨਿ ਭਵਨ ਇਕ ਜੋਤੀ ॥ ਗੁਰਮੁਖਿ ਵਸਤੁ ਪਰਾਪਤਿ ਹੋਵੈ ਚੁਣਿ ਲੈ ਮਾਣਕ ਮੋਤੀ ॥ ਸਮਝੈ ਸੂਝੈ ਪੜਿ ਪੜਿ ਬੂਝੈ ਅੰਤਿ ਨਿਰੰਤਰਿ ਸਾਚਾ ॥ ਗੁਰਮੁਖਿ ਦੇਖੈ ਸਾਚੁ ਸਮਾਲੇ ਬਿਨੁ ਸਾਚੇ ਜਗੁ ਕਾਚਾ ॥੨॥ ਧਧੈ ਧਰਮੁ ਧਰੇ ਧਰਮਾ ਪੁਰਿ ਗੁਣਕਾਰੀ ਮਨੁ ਧੀਰਾ ॥ ਧਧੈ ਧੂਲਿ ਪੜੈ ਮੁਖਿ ਮਸਤਕਿ ਕੰਚਨ ਭਏ ਮਨੂਰਾ ॥ ਧਨੁ ਧਰਣੀਧਰੁ ਆਪਿ ਅਜੋਨੀ ਤੋਲਿ ਬੋਲਿ ਸਚੁ ਪੂਰਾ ॥ ਕਰਤੇ ਕੀ ਮਿਤਿ ਕਰਤਾ ਜਾਣੈ ਕੈ ਜਾਣੈ ਗੁਰੁ ਸੂਰਾ ॥੩॥ ਙਿਆਨੁ ਗਵਾਇਆ ਦੂਜਾ ਭਾਇਆ ਗਰਬਿ ਗਲੇ ਬਿਖੁ ਖਾਇਆ ॥ ਗੁਰ ਰਸੁ ਗੀਤ ਬਾਦ ਨਹੀ ਭਾਵੈ ਸੁਣੀਐ ਗਹਿਰ ਗੰਭੀਰੁ ਗਵਾਇਆ ॥ ਗੁਰਿ ਸਚੁ ਕਹਿਆ ਅੰਮ੍ਰਿਤੁ ਲਹਿਆ ਮਨਿ ਤਨਿ ਸਾਚੁ ਸੁਖਾਇਆ ॥ ਆਪੇ ਗੁਰਮੁਖਿ ਆਪੇ ਦੇਵੈ ਆਪੇ ਅੰਮ੍ਰਿਤੁ ਪੀਆਇਆ ॥੪॥ ਏਕੋ ਏਕੁ ਕਹੈ ਸਭੁ ਕੋਈ ਹਉਮੈ ਗਰਬੁ ਵਿਆਪੈ ॥ ਅੰਤਰਿ ਬਾਹਰਿ ਏਕੁ ਪਛਾਣੈ ਇਉ ਘਰੁ ਮਹਲੁ ਸਿਞਾਪੈ ॥ ਪ੍ਰਭੁ ਨੇੜੈ ਹਰਿ ਦੂਰਿ ਨ ਜਾਣਹੁ ਏਕੋ ਸ੍ਰਿਸਟਿ ਸਬਾਈ ॥ ਏਕੰਕਾਰੁ ਅਵਰੁ ਨਹੀ ਦੂਜਾ ਨਾਨਕ ਏਕੁ ਸਮਾਈ ॥੫॥ ਇਸੁ ਕਰਤੇ ਕਉ ਕਿਉ ਗਹਿ ਰਾਖਉ ਅਫਰਿਓ ਤੁਲਿਓ ਨ ਜਾਈ ॥ ਮਾਇਆ ਕੇ ਦੇਵਾਨੇ ਪ੍ਰਾਣੀ ਝੂਠਿ ਠਗਉਰੀ ਪਾਈ ॥ ਲਬਿ ਲੋਭਿ ਮੁਹਤਾਜਿ ਵਿਗੂਤੇ ਇਬ ਤਬ ਫਿਰਿ ਪਛੁਤਾਈ ॥ ਏਕੁ ਸਰੇਵੈ ਤਾ ਗਤਿ ਮਿਤਿ ਪਾਵੈ ਆਵਣੁ ਜਾਣੁ ਰਹਾਈ ॥੬॥ ਏਕੁ ਅਚਾਰੁ ਰੰਗੁ ਇਕੁ ਰੂਪੁ ॥ ਪਉਣ ਪਾਣੀ ਅਗਨੀ ਅਸ ਰੂਪੁ ॥ ਏਕੋ ਭਵਰੁ ਭਵੈ ਤਿਹੁ ਲੋਇ ॥ ਏਕੋ ਬੂਝੈ ਸੂਝੈ ਪਤਿ ਹੋਇ ॥ ਗਿਆਨੁ ਧਿਆਨੁ ਲੇ ਸਮਸਰਿ ਰਹੈ ॥ ਗੁਰਮੁਖਿ ਏਕੁ ਵਿਰਲਾ ਕੋ ਲਹੈ ॥ ਜਿਸ ਨੋ ਦੇਇ ਕਿਰਪਾ ਤੇ ਸੁਖੁ ਪਾਏ ॥ ਗੁਰੂ ਦੁਆਰੈ ਆਖਿ ਸੁਣਾਏ ॥੭॥ ਊਰਮ ਧੂਰਮ ਜੋਤਿ ਉਜਾਲਾ ॥ ਤੀਨਿ ਭਵਣ ਮਹਿ ਗੁਰ ਗੋਪਾਲਾ ॥ ਊਗਵਿਆ ਅਸਰੂਪੁ ਦਿਖਾਵੈ ॥ ਕਰਿ ਕਿਰਪਾ ਅਪੁਨੈ ਘਰਿ ਆਵੈ ॥ ਊਨਵਿ ਬਰਸੈ ਨੀਝਰ ਧਾਰਾ ॥ ਊਤਮ ਸਬਦਿ ਸਵਾਰਣਹਾਰਾ ॥ ਇਸੁ ਏਕੇ ਕਾ ਜਾਣੈ ਭੇਉ ॥ ਆਪੇ ਕਰਤਾ ਆਪੇ ਦੇਉ ॥੮॥ ਉਗਵੈ ਸੂਰੁ ਅਸੁਰ ਸੰਘਾਰੈ ॥ ਊਚਉ ਦੇਖਿ ਸਬਦਿ ਬੀਚਾਰੈ ॥ ਊਪਰਿ ਆਦਿ ਅੰਤਿ ਤਿਹੁ ਲੋਇ ॥ ਆਪੇ ਕਰੈ ਕਥੈ ਸੁਣੈ ਸੋਇ ॥

ਓਹੁ ਬਿਧਾਤਾ ਮਨੁ ਤਨੁ ਦੇਇ ॥ ਓਹੁ ਬਿਧਾਤਾ ਮਨਿ ਮੁਖਿ ਸੋਇ ॥ ਪ੍ਰਭੁ ਜਗਜੀਵਨੁ ਅਵਰੁ ਨ ਕੋਇ ॥ ਨਾਨਕ ਨਾਮਿ ਰਤੇ ਪਤਿ ਹੋਇ ॥੯॥ ਰਾਜਨ ਰਾਮ ਰਵੈ ਹਿਤਕਾਰਿ ॥ ਰਣ ਮਹਿ ਲੂਝੈ ਮਨੂਆ ਮਾਰਿ ॥ ਰਾਤਿ ਦਿਨੰਤਿ ਰਹੈ ਰੰਗਿ ਰਾਤਾ ॥ ਤੀਨਿ ਭਵਨ ਜੁਗ ਚਾਰੇ ਜਾਤਾ ॥ ਜਿਨਿ ਜਾਤਾ ਸੋ ਤਿਸ ਹੀ ਜੇਹਾ ॥ ਅਤਿ ਨਿਰਮਾਇਲੁ ਸੀਝਸਿ ਦੇਹਾ ॥ ਰਹਸੀ ਰਾਮੁ ਰਿਦੈ ਇਕ ਭਾਇ ॥ ਅੰਤਰਿ ਸਬਦੁ ਸਾਚਿ ਲਿਵ ਲਾਇ ॥੧੦॥ ਰੋਸੁ ਨ ਕੀਜੈ ਅੰਮ੍ਰਿਤੁ ਪੀਜੈ ਰਹਣੁ ਨਹੀ ਸੰਸਾਰੇ ॥ ਰਾਜੇ ਰਾਇ ਰੰਕ ਨਹੀ ਰਹਣਾ ਆਇ ਜਾਇ ਜੁਗ ਚਾਰੇ ॥ ਰਹਣ ਕਹਣ ਤੇ ਰਹੈ ਨ ਕੋਈ ਕਿਸੁ ਪਹਿ ਕਰਉ ਬਿਨੰਤੀ ॥ ਏਕੁ ਸਬਦੁ ਰਾਮ ਨਾਮ ਨਿਰੋਧਰੁ ਗੁਰੁ ਦੇਵੈ ਪਤਿ ਮਤੀ ॥੧੧॥ ਲਾਜ ਮਰੰਤੀ ਮਰਿ ਗਈ ਘੂਘਟੁ ਖੋਲਿ ਚਲੀ ॥ ਸਾਸੁ ਦਿਵਾਨੀ ਬਾਵਰੀ ਸਿਰ ਤੇ ਸੰਕ ਟਲੀ ॥ ਪ੍ਰੇਮਿ ਬੁਲਾਈ ਰਲੀ ਸਿਉ ਮਨ ਮਹਿ ਸਬਦੁ ਅਨੰਦੁ ॥ ਲਾਲਿ ਰਤੀ ਲਾਲੀ ਭਈ ਗੁਰਮੁਖਿ ਭਈ ਨਿਚਿੰਦੁ ॥੧੨॥ ਲਾਹਾ ਨਾਮੁ ਰਤਨੁ ਜਪਿ ਸਾਰੁ ॥ ਲਬੁ ਲੋਭੁ ਬੁਰਾ ਅਹੰਕਾਰੁ ॥ ਲਾੜੀ ਚਾੜੀ ਲਾਇਤਬਾਰੁ ॥ ਮਨਮੁਖੁ ਅੰਧਾ ਮੁਗਧੁ ਗਵਾਰੁ ॥ ਲਾਹੇ ਕਾਰਣਿ ਆਇਆ ਜਗਿ ॥ ਹੋਇ ਮਜੂਰੁ ਗਇਆ ਠਗਾਇ ਠਗਿ ॥ ਲਾਹਾ ਨਾਮੁ ਪੂੰਜੀ ਵੇਸਾਹੁ ॥ ਨਾਨਕ ਸਚੀ ਪਤਿ ਸਚਾ ਪਾਤਿਸਾਹੁ ॥੧੩॥ ਆਇ ਵਿਗੂਤਾ ਜਗੁ ਜਮ ਪੰਥੁ ॥ ਆਈ ਨ ਮੇਟਣ ਕੋ ਸਮਰਥੁ ॥ ਆਥਿ ਸੈਲ ਨੀਚ ਘਰਿ ਹੋਇ ॥ ਆਥਿ ਦੇਖਿ ਨਿਵੈ ਜਿਸੁ ਦੋਇ ॥ ਆਥਿ ਹੋਇ ਤਾ ਮੁਗਧੁ ਸਿਆਨਾ ॥ ਭਗਤਿ ਬਿਹੂਨਾ ਜਗੁ ਬਉਰਾਨਾ ॥ ਸਭ ਮਹਿ ਵਰਤੈ ਏਕੋ ਸੋਇ ॥ ਜਿਸ ਨੋ ਕਿਰਪਾ ਕਰੇ ਤਿਸੁ ਪਰਗਟੁ ਹੋਇ ॥੧੪॥ ਜੁਗਿ ਜੁਗਿ ਥਾਪਿ ਸਦਾ ਨਿਰਵੈਰੁ ॥ ਜਨਮਿ ਮਰਣਿ ਨਹੀ ਧੰਧਾ ਧੈਰੁ ॥ ਜੋ ਦੀਸੈ ਸੋ ਆਪੇ ਆਪਿ ॥ ਆਪਿ ਉਪਾਇ ਆਪੇ ਘਟ ਥਾਪਿ ॥ ਆਪਿ ਅਗੋਚਰੁ ਧੰਧੈ ਲੋਈ ॥ ਜੋਗ ਜੁਗਤਿ ਜਗਜੀਵਨੁ ਸੋਈ ॥ ਕਰਿ ਆਚਾਰੁ ਸਚੁ ਸੁਖੁ ਹੋਈ ॥ ਨਾਮ ਵਿਹੂਣਾ ਮੁਕਤਿ ਕਿਵ ਹੋਈ ॥੧੫॥ ਵਿਣੁ ਨਾਵੈ ਵੇਰੋਧੁ ਸਰੀਰ ॥ ਕਿਉ ਨ ਮਿਲਹਿ ਕਾਟਹਿ ਮਨ ਪੀਰ ॥ ਵਾਟ ਵਟਾਊ ਆਵੈ ਜਾਇ ॥ ਕਿਆ ਲੇ ਆਇਆ ਕਿਆ ਪਲੈ ਪਾਇ ॥ ਵਿਣੁ ਨਾਵੈ ਤੋਟਾ ਸਭ ਥਾਇ ॥ ਲਾਹਾ ਮਿਲੈ ਜਾ ਦੇਇ ਬੁਝਾਇ ॥ ਵਣਜੁ ਵਾਪਾਰੁ ਵਣਜੈ ਵਾਪਾਰੀ ॥ ਵਿਣੁ ਨਾਵੈ ਕੈਸੀ ਪਤਿ ਸਾਰੀ ॥੧੬॥ ਗੁਣ ਵੀਚਾਰੇ ਗਿਆਨੀ ਸੋਇ ॥ ਗੁਣ ਮਹਿ ਗਿਆਨੁ ਪਰਾਪਤਿ ਹੋਇ ॥ ਗੁਣਦਾਤਾ ਵਿਰਲਾ ਸੰਸਾਰਿ ॥ ਸਾਚੀ ਕਰਣੀ ਗੁਰ ਵੀਚਾਰਿ ॥ ਅਗਮ ਅਗੋਚਰੁ ਕੀਮਤਿ ਨਹੀ ਪਾਇ ॥ ਤਾ ਮਿਲੀਐ ਜਾ ਲਏ ਮਿਲਾਇ ॥ ਗੁਣਵੰਤੀ ਗੁਣ ਸਾਰੇ ਨੀਤ ॥ ਨਾਨਕ ਗੁਰਮਤਿ ਮਿਲੀਐ ਮੀਤ ॥੧੭॥ ਕਾਮੁ ਕ੍ਰੋਧੁ ਕਾਇਆ ਕਉ ਗਾਲੈ ॥ ਜਿਉ ਕੰਚਨ ਸੋਹਾਗਾ ਢਾਲੈ ॥ ਕਸਿ ਕਸਵਟੀ ਸਹੈ ਸੁ ਤਾਉ ॥ ਨਦਰਿ ਸਰਾਫ ਵੰਨੀਸ ਚੜਾਉ ॥ ਜਗਤੁ ਪਸੂ ਅਹੰ ਕਾਲੁ ਕਸਾਈ ॥ ਕਰਿ ਕਰਤੈ ਕਰਣੀ ਕਰਿ ਪਾਈ ॥ ਜਿਨਿ ਕੀਤੀ ਤਿਨਿ ਕੀਮਤਿ ਪਾਈ ॥ ਹੋਰ ਕਿਆ ਕਹੀਐ ਕਿਛੁ ਕਹਣੁ ਨ ਜਾਈ ॥੧੮॥ ਖੋਜਤ ਖੋਜਤ ਅੰਮ੍ਰਿਤੁ ਪੀਆ ॥ ਖਿਮਾ ਗਹੀ ਮਨੁ ਸਤਗੁਰਿ ਦੀਆ ॥ ਖਰਾ ਖਰਾ ਆਖੈ ਸਭੁ ਕੋਇ ॥ ਖਰਾ ਰਤਨੁ ਜੁਗ ਚਾਰੇ ਹੋਇ ॥ ਖਾਤ ਪੀਅੰਤ ਮੂਏ

ਨਹੀ ਜਾਨਿਆ ॥ ਖਿਨ ਮਹਿ ਮੂਏ ਜਾ ਸਬਦੁ ਪਛਾਨਿਆ ॥ ਅਸਥਿਰੁ ਚੀਤੁ ਮਰਨਿ ਮਨੁ ਮਾਨਿਆ ॥ ਗੁਰ ਕਿਰਪਾ ਤੇ ਨਾਮੁ ਪਛਾਨਿਆ ॥੧੯॥ ਗਗਨ ਗੰਭੀਰੁ ਗਗਨੰਤਰਿ ਵਾਸੁ ॥ ਗੁਣ ਗਾਵੈ ਸੁਖ ਸਹਜਿ ਨਿਵਾਸੁ ॥ ਗਇਆ ਨ ਆਵੈ ਆਇ ਨ ਜਾਇ ॥ ਗੁਰ ਪਰਸਾਦਿ ਰਹੈ ਲਿਵ ਲਾਇ ॥ ਗਗਨੁ ਅਗੰਮੁ ਅਨਾਥੁ ਅਜੋਨੀ ॥ ਅਸਥਿਰੁ ਚੀਤੁ ਸਮਾਧਿ ਸਗੋਨੀ ॥ ਹਰਿ ਨਾਮੁ ਚੇਤਿ ਫਿਰਿ ਪਵਹਿ ਨ ਜੂਨੀ ॥ ਗੁਰਮਤਿ ਸਾਰੁ ਹੋਰ ਨਾਮ ਬਿਹੂਨੀ ॥੨੦॥ ਘਰ ਦਰ ਫਿਰਿ ਥਾਕੀ ਬਹੁਤੇਰੇ ॥ ਜਾਤਿ ਅਸੰਖ ਅੰਤ ਨਹੀ ਮੇਰੇ ॥ ਕੇਤੇ ਮਾਤ ਪਿਤਾ ਸੁਤ ਧੀਆ ॥ ਕੇਤੇ ਗੁਰ ਚੇਲੇ ਫੁਨਿ ਹੂਆ ॥ ਕਾਚੇ ਗੁਰ ਤੇ ਮੁਕਤਿ ਨ ਹੂਆ ॥ ਕੇਤੀ ਨਾਰਿ ਵਰੁ ਏਕੁ ਸਮਾਲਿ ॥ ਗੁਰਮੁਖਿ ਮਰਣੁ ਜੀਵਣੁ ਪ੍ਰਭ ਨਾਲਿ ॥ ਦਹ ਦਿਸ ਢੂਢਿ ਘਰੈ ਮਹਿ ਪਾਇਆ ॥ ਮੇਲੁ ਭਇਆ ਸਤਿਗੁਰੂ ਮਿਲਾਇਆ ॥੨੧॥ ਗੁਰਮੁਖਿ ਗਾਵੈ ਗੁਰਮੁਖਿ ਬੋਲੈ ॥ ਗੁਰਮੁਖਿ ਤੋਲਿ ਤੁੋਲਾਵੈ ਤੋਲੈ ॥ ਗੁਰਮੁਖਿ ਆਵੈ ਜਾਇ ਨਿਸੰਗੁ ॥ ਪਰਹਰਿ ਮੈਲੁ ਜਲਾਇ ਕਲੰਕੁ ॥ ਗੁਰਮੁਖਿ ਨਾਦ ਬੇਦ ਬੀਚਾਰੁ ॥ ਗੁਰਮੁਖਿ ਮਜਨੁ ਚਜੁ ਅਚਾਰੁ ॥ ਗੁਰਮੁਖਿ ਸਬਦੁ ਅੰਮ੍ਰਿਤੁ ਹੈ ਸਾਰੁ ॥ ਨਾਨਕ ਗੁਰਮੁਖਿ ਪਾਵੈ ਪਾਰੁ ॥੨੨॥ ਚੰਚਲੁ ਚੀਤੁ ਨ ਰਹਈ ਠਾਇ ॥ ਚੋਰੀ ਮਿਰਗੁ ਅੰਗੂਰੀ ਖਾਇ ॥ ਚਰਨ ਕਮਲ ਉਰ ਧਾਰੇ ਚੀਤ ॥ ਚਿਰੁ ਜੀਵਨੁ ਚੇਤਨੁ ਨਿਤ ਨੀਤ ॥ ਚਿੰਤਤ ਹੀ ਦੀਸੈ ਸਭੁ ਕੋਇ ॥ ਚੇਤਹਿ ਏਕੁ ਤਹੀ ਸੁਖੁ ਹੋਇ ॥ ਚਿਤਿ ਵਸੈ ਰਾਚੈ ਹਰਿ ਨਾਇ ॥ ਮੁਕਤਿ ਭਇਆ ਪਤਿ ਸਿਉ ਘਰਿ ਜਾਇ ॥੨੩॥ ਛੀਜੈ ਦੇਹ ਖੁਲੈ ਇਕ ਗੰਢਿ ॥ ਛੇ ਆਨਿਤ ਦੇਖਹੁ ਜਗਿ ਹੰਢਿ ॥ ਧੂਪ ਛਾਵ ਜੇ ਸਮ ਕਰਿ ਜਾਣੈ ॥ ਬੰਧਨ ਕਾਟਿ ਮੁਕਤਿ ਘਰਿ ਆਣੈ ॥ ਛਾਇਆ ਛੂਛੀ ਜਗਤੁ ਭੁਲਾਨਾ ॥ ਲਿਖਿਆ ਕਿਰਤੁ ਧੁਰੇ ਪਰਵਾਨਾ ॥ ਛੀਜੈ ਜੋਬਨੁ ਜਰੂਆ ਸਿਰਿ ਕਾਲੁ ॥ ਕਾਇਆ ਛੀਜੈ ਭਈ ਸਿਬਾਲੁ ॥੨੪॥ ਜਾਪੈ ਆਪਿ ਪ੍ਰਭੂ ਤਿਹੁ ਲੋਇ ॥ ਜੁਗਿ ਜੁਗਿ ਦਾਤਾ ਅਵਰੁ ਨ ਕੋਇ ॥ ਜਿਉ ਭਾਵੈ ਤਿਉ ਰਾਖਹਿ ਰਾਖੁ ॥ ਜਸੁ ਜਾਚਉ ਦੇਵੈ ਪਤਿ ਸਾਖੁ ॥ ਜਾਗਤੁ ਜਾਗਿ ਰਹਾ ਤੁਧੁ ਭਾਵਾ ॥ ਜਾ ਤੂ ਮੇਲਹਿ ਤਾ ਤੁਝੈ ਸਮਾਵਾ ॥ ਜੈ ਜੈ ਕਾਰੁ ਜਪਉ ਜਗਦੀਸ ॥ ਗੁਰਮਤਿ ਮਿਲੀਐ ਬੀਸ ਇਕੀਸ ॥੨੫॥ ਝਖਿ ਬੋਲਣੁ ਕਿਆ ਜਗ ਸਿਉ ਵਾਦੁ ॥ ਝੂਰਿ ਮਰੈ ਦੇਖੈ ਪਰਮਾਦੁ ॥ ਜਨਮਿ ਮੂਏ ਨਹੀ ਜੀਵਣ ਆਸਾ ॥ ਆਇ ਚਲੇ ਭਏ ਆਸ ਨਿਰਾਸਾ ॥ ਝੁਰਿ ਝੁਰਿ ਝਖਿ ਮਾਟੀ ਰਲਿ ਜਾਇ ॥ ਕਾਲੁ ਨ ਚਾਂਪੈ ਹਰਿ ਗੁਣ ਗਾਇ ॥ ਪਾਈ ਨਵ ਨਿਧਿ ਹਰਿ ਕੈ ਨਾਇ ॥ ਆਪੇ ਦੇਵੈ ਸਹਜਿ ਸੁਭਾਇ ॥੨੬॥ ਞਿਆਨੋ ਬੋਲੈ ਆਪੇ ਬੂਝੈ ॥ ਆਪੇ ਸਮਝੈ ਆਪੇ ਸੂਝੈ ॥ ਗੁਰ ਕਾ ਕਹਿਆ ਅੰਕਿ ਸਮਾਵੈ ॥ ਨਿਰਮਲ ਸੂਚੇ ਸਾਚੋ ਭਾਵੈ ॥ ਗੁਰੁ ਸਾਗਰੁ ਰਤਨੀ ਨਹੀ ਤੋਟ ॥ ਲਾਲ ਪਦਾਰਥ ਸਾਚੁ ਅਖੋਟ ॥ ਗੁਰਿ ਕਹਿਆ ਸਾ ਕਾਰ ਕਮਾਵਹੁ ॥ ਗੁਰ ਕੀ ਕਰਣੀ ਕਾਹੇ ਧਾਵਹੁ ॥ ਨਾਨਕ ਗੁਰਮਤਿ ਸਾਚਿ ਸਮਾਵਹੁ ॥੨੭॥ ਟੂਟੈ ਨੇਹੁ ਕਿ ਬੋਲਹਿ ਸਹੀ ॥ ਟੂਟੈ ਬਾਹ ਦੁਹੂ ਦਿਸ ਗਹੀ ॥ ਟੂਟਿ ਪਰੀਤਿ ਗਈ ਬੁਰ ਬੋਲਿ ॥ ਦੁਰਮਤਿ ਪਰਹਰਿ ਛਾਡੀ ਢੋਲਿ ॥ ਟੂਟੈ ਗੰਠਿ ਪੜੈ ਵੀਚਾਰਿ ॥ ਗੁਰ ਸਬਦੀ ਘਰਿ ਕਾਰਜੁ ਸਾਰਿ ॥ ਲਾਹਾ ਸਾਚੁ ਨ ਆਵੈ ਤੋਟਾ ॥ ਤ੍ਰਿਭਵਣ ਠਾਕੁਰੁ

ਪ੍ਰੀਤਮੁ ਮੋਟਾ ॥੨੮॥ ਠਾਕਹੁ ਮਨੂਆ ਰਾਖਹੁ ਠਾਇ ॥ ਠਹਕਿ ਮੁਈ ਅਵਗੁਣਿ ਪਛੁਤਾਇ ॥ ਠਾਕੁਰੁ ਏਕੁ ਸਬਾਈ ਨਾਰਿ ॥ ਬਹੁਤੇ ਵੇਸ ਕਰੇ ਕੂੜਿਆਰਿ ॥ ਪਰ ਘਰਿ ਜਾਤੀ ਠਾਕਿ ਰਹਾਈ ॥ ਮਹਲਿ ਬੁਲਾਈ ਠਾਕ ਨ ਪਾਈ ॥ ਸਬਦਿ ਸਵਾਰੀ ਸਾਚਿ ਪਿਆਰੀ ॥ ਸਾਈ ਸੋੁਹਾਗਣਿ ਠਾਕੁਰਿ ਧਾਰੀ ॥੨੯॥ ਡੋਲਤ ਡੋਲਤ ਹੇ ਸਖੀ ਫਾਟੇ ਚੀਰ ਸੀਗਾਰ ॥ ਡਾਹਪਣਿ ਤਨਿ ਸੁਖੁ ਨਹੀ ਬਿਨੁ ਡਰ ਬਿਣਠੀ ਡਾਰ ॥ ਡਰਪਿ ਮੁਈ ਘਰਿ ਆਪਣੈ ਡੀਠੀ ਕੰਤਿ ਸੁਜਾਣਿ ॥ ਡਰੁ ਰਾਖਿਆ ਗੁਰਿ ਆਪਣੈ ਨਿਰਭਉ ਨਾਮੁ ਵਖਾਣਿ ॥ ਡੂਗਰਿ ਵਾਸੁ ਤਿਖਾ ਘਣੀ ਜਬ ਦੇਖਾ ਨਹੀ ਦੂਰਿ ॥ ਤਿਖਾ ਨਿਵਾਰੀ ਸਬਦੁ ਮੰਨਿ ਅੰਮ੍ਰਿਤੁ ਪੀਆ ਭਰਪੂਰਿ ॥ ਦੇਹਿ ਦੇਹਿ ਆਖੈ ਸਭੁ ਕੋਈ ਜੈ ਭਾਵੈ ਤੈ ਦੇਇ ॥ ਗੁਰੂ ਦੁਆਰੈ ਦੇਵਸੀ ਤਿਖਾ ਨਿਵਾਰੈ ਸੋਇ ॥੩੦॥ ਢੰਢੋਲਤ ਢੂਢਤ ਹਉ ਫਿਰੀ ਢਹਿ ਢਹਿ ਪਵਨਿ ਕਰਾਰਿ ॥ ਭਾਰੇ ਢਹਤੇ ਢਹਿ ਪਏ ਹਉਲੇ ਨਿਕਸੇ ਪਾਰਿ ॥ ਅਮਰ ਅਜਾਚੀ ਹਰਿ ਮਿਲੇ ਤਿਨ ਕੈ ਹਉ ਬਲਿ ਜਾਉ ॥ ਤਿਨ ਕੀ ਧੂੜਿ ਅਘੁਲੀਐ ਸੰਗਤਿ ਮੇਲਿ ਮਿਲਾਉ ॥ ਮਨੁ ਦੀਆ ਗੁਰਿ ਆਪਣੈ ਪਾਇਆ ਨਿਰਮਲ ਨਾਉ ॥ ਜਿਨਿ ਨਾਮੁ ਦੀਆ ਤਿਸੁ ਸੇਵਸਾ ਤਿਸੁ ਬਲਿਹਾਰੈ ਜਾਉ ॥ ਜੋ ਉਸਾਰੇ ਸੋ ਢਾਹਸੀ ਤਿਸੁ ਬਿਨੁ ਅਵਰੁ ਨ ਕੋਇ ॥ ਗੁਰ ਪਰਸਾਦੀ ਤਿਸੁ ਸੰਮ੍ਲਾ ਤਾ ਤਨਿ ਦੂਖੁ ਨ ਹੋਇ ॥੩੧॥ ਣਾ ਕੋ ਮੇਰਾ ਕਿਸੁ ਗਹੀ ਣਾ ਕੋ ਹੋਆ ਨ ਹੋਗੁ ॥ ਆਵਣਿ ਜਾਣਿ ਵਿਗੁਚੀਐ ਦੁਬਿਧਾ ਵਿਆਪੈ ਰੋਗੁ ॥ ਣਾਮ ਵਿਹੂਣੇ ਆਦਮੀ ਕਲਰ ਕੰਧ ਗਿਰੰਤਿ ॥ ਵਿਣੁ ਨਾਵੈ ਕਿਉ ਛੂਟੀਐ ਜਾਇ ਰਸਾਤਲਿ ਅੰਤਿ ॥ ਗਣਤ ਗਣਾਵੈ ਅਖਰੀ ਅਗਣਤੁ ਸਾਚਾ ਸੋਇ ॥ ਅਗਿਆਨੀ ਮਤਿਹੀਣੁ ਹੈ ਗੁਰ ਬਿਨੁ ਗਿਆਨੁ ਨ ਹੋਇ ॥ ਤੂਟੀ ਤੰਤੁ ਰਬਾਬ ਕੀ ਵਾਜੈ ਨਹੀ ਵਿਜੋਗਿ ॥ ਵਿਛੁੜਿਆ ਮੇਲੈ ਪ੍ਰਭੂ ਨਾਨਕ ਕਰਿ ਸੰਜੋਗ ॥੩੨॥ ਤਰਵਰੁ ਕਾਇਆ ਪੰਖਿ ਮਨੁ ਤਰਵਰਿ ਪੰਖੀ ਪੰਚ ॥ ਤਤੁ ਚੁਗਹਿ ਮਿਲਿ ਏਕ ਸੇ ਤਿਨ ਕਉ ਫਾਸ ਨ ਰੰਚ ॥ ਉਡਹਿ ਤ ਬੇਗੁਲ ਬੇਗੁਲੇ ਤਾਕਹਿ ਚੋਗ ਘਣੀ ॥ ਪੰਖ ਤੁਟੇ ਫਾਹੀ ਪੜੀ ਅਵਗੁਣਿ ਭੀੜ ਬਣੀ ॥ ਬਿਨੁ ਸਾਚੇ ਕਿਉ ਛੂਟੀਐ ਹਰਿ ਗੁਣ ਕਰਮਿ ਮਣੀ ॥ ਆਪਿ ਛਡਾਏ ਛੂਟੀਐ ਵਡਾ ਆਪਿ ਧਣੀ ॥ ਗੁਰ ਪਰਸਾਦੀ ਛੂਟੀਐ ਕਿਰਪਾ ਆਪਿ ਕਰੇਇ ॥ ਅਪਣੈ ਹਾਥਿ ਵਡਾਈਆ ਜੈ ਭਾਵੈ ਤੈ ਦੇਇ ॥੩੩॥ ਥਰ ਥਰ ਕੰਪੈ ਜੀਅੜਾ ਥਾਨ ਵਿਹੂਣਾ ਹੋਇ ॥ ਥਾਨਿ ਮਾਨਿ ਸਚੁ ਏਕੁ ਹੈ ਕਾਜੁ ਨ ਫੀਟੈ ਕੋਇ ॥ ਥਿਰੁ ਨਾਰਾਇਣੁ ਥਿਰੁ ਗੁਰੂ ਥਿਰੁ ਸਾਚਾ ਬੀਚਾਰੁ ॥ ਸੁਰਿ ਨਰ ਨਾਥਹ ਨਾਥੁ ਤੂ ਨਿਧਾਰਾ ਆਧਾਰੁ ॥ ਸਰਬੇ ਥਾਨ ਥਨੰਤਰੀ ਤੂ ਦਾਤਾ ਦਾਤਾਰੁ ॥ ਜਹ ਦੇਖਾ ਤਹ ਏਕੁ ਤੂ ਅੰਤੁ ਨ ਪਾਰਾਵਾਰੁ ॥ ਥਾਨ ਥਨੰਤਰਿ ਰਵਿ ਰਹਿਆ ਗੁਰ ਸਬਦੀ ਵੀਚਾਰਿ ॥ ਅਣਮੰਗਿਆ ਦਾਨੁ ਦੇਵਸੀ ਵਡਾ ਅਗਮ ਅਪਾਰੁ ॥੩੪॥ ਦਇਆ ਦਾਨੁ ਦਇਆਲੁ ਤੂ ਕਰਿ ਕਰਿ ਦੇਖਣਹਾਰੁ ॥ ਦਇਆ ਕਰਹਿ ਪ੍ਰਭ ਮੇਲਿ ਲੈਹਿ ਖਿਨ ਮਹਿ ਢਾਹਿ ਉਸਾਰਿ ॥ ਦਾਨਾ ਤੂ ਬੀਨਾ ਤੁਹੀ ਦਾਨਾ ਕੈ ਸਿਰਿ ਦਾਨੁ ॥ ਦਾਲਦ ਭੰਜਨ ਦੁਖ ਦਲਣ ਗੁਰਮੁਖਿ ਗਿਆਨੁ ਧਿਆਨੁ ॥੩੫॥ ਧਨਿ ਗਇਐ ਬਹਿ ਝੂਰੀਐ ਧਨ ਮਹਿ ਚੀਤੁ ਗਵਾਰ ॥ ਧਨੁ ਵਿਰਲੀ ਸਚੁ ਸੰਚਿਆ ਨਿਰਮਲੁ ਨਾਮੁ

ਪਿਆਰਿ ॥ ਧਨੁ ਗਇਆ ਤਾ ਜਾਣ ਦੇਹਿ ਜੇ ਰਾਚਹਿ ਰੰਗਿ ਏਕ ॥ ਮਨੁ ਦੀਜੈ ਸਿਰੁ ਸਉਪੀਐ ਭੀ ਕਰਤੇ ਕੀ ਟੇਕ ॥ ਧੰਧਾ ਧਾਵਤ ਰਹਿ ਗਏ ਮਨ ਮਹਿ ਸਬਦੁ ਅਨੰਦੁ ॥ ਦੁਰਜਨ ਤੇ ਸਾਜਨ ਭਏ ਭੇਟੇ ਗੁਰ ਗੋਵਿੰਦ ॥ ਬਨੁ ਬਨੁ ਫਿਰਤੀ ਢੂਢਤੀ ਬਸਤੁ ਰਹੀ ਘਰਿ ਬਾਰਿ ॥ ਸਤਿਗੁਰਿ ਮੇਲੀ ਮਿਲਿ ਰਹੀ ਜਨਮ ਮਰਣ ਦੁਖੁ ਨਿਵਾਰਿ ॥੩੬॥ ਨਾਨਾ ਕਰਤ ਨ ਛੂਟੀਐ ਵਿਣੁ ਗੁਣ ਜਮ ਪੁਰਿ ਜਾਹਿ ॥ ਨਾ ਤਿਸੁ ਏਹੁ ਨ ਓਹੁ ਹੈ ਅਵਗੁਣਿ ਫਿਰਿ ਪਛੁਤਾਹਿ ॥ ਨਾ ਤਿਸੁ ਗਿਆਨੁ ਨ ਧਿਆਨੁ ਹੈ ਨਾ ਤਿਸੁ ਧਰਮੁ ਧਿਆਨੁ ॥ ਵਿਣੁ ਨਾਵੈ ਨਿਰਭਉ ਕਹਾ ਕਿਆ ਜਾਣਾ ਅਭਿਮਾਨੁ ॥ ਥਾਕਿ ਰਹੀ ਕਿਵ ਅਪੜਾ ਹਾਥ ਨਹੀ ਨਾ ਪਾਰੁ ॥ ਨਾ ਸਾਜਨ ਸੇ ਰੰਗੁਲੇ ਕਿਸੁ ਪਹਿ ਕਰੀ ਪੁਕਾਰ ॥ ਨਾਨਕ ਪ੍ਰਿਉ ਪ੍ਰਿਉ ਜੇ ਕਰੀ ਮੇਲੇ ਮੇਲਣਹਾਰੁ ॥ ਜਿਨਿ ਵਿਛੋੜੀ ਸੋ ਮੇਲਸੀ ਗੁਰ ਕੈ ਹੇਤਿ ਅਪਾਰਿ ॥੩੭॥ ਪਾਪੁ ਬੁਰਾ ਪਾਪੀ ਕਉ ਪਿਆਰਾ ॥ ਪਾਪਿ ਲਦੇ ਪਾਪੇ ਪਾਸਾਰਾ ॥ ਪਰਹਰਿ ਪਾਪੁ ਪਛਾਣੈ ਆਪੁ ॥ ਨਾ ਤਿਸੁ ਸੋਗੁ ਵਿਜੋਗੁ ਸੰਤਾਪੁ ॥ ਨਰਕਿ ਪੜੰਤਉ ਕਿਉ ਰਹੈ ਕਿਉ ਬੰਚੈ ਜਮਕਾਲੁ ॥ ਕਿਉ ਆਵਣ ਜਾਣਾ ਵੀਸਰੈ ਝੂਠੁ ਬੁਰਾ ਖੈ ਕਾਲੁ ॥ ਮਨੁ ਜੰਜਾਲੀ ਵੇੜਿਆ ਭੀ ਜੰਜਾਲਾ ਮਾਹਿ ॥ ਵਿਣੁ ਨਾਵੈ ਕਿਉ ਛੂਟੀਐ ਪਾਪੇ ਪਚਹਿ ਪਚਾਹਿ ॥੩੮॥ ਫਿਰਿ ਫਿਰਿ ਫਾਹੀ ਫਾਸੈ ਕਊਆ ॥ ਫਿਰਿ ਪਛੁਤਾਨਾ ਅਬ ਕਿਆ ਹੂਆ ॥ ਫਾਥਾ ਚੋਗ ਚੁਗੈ ਨਹੀ ਬੂਝੈ ॥ ਸਤਗੁਰੁ ਮਿਲੈ ਤ ਆਖੀ ਸੂਝੈ ॥ ਜਿਉ ਮਛੁਲੀ ਫਾਥੀ ਜਮ ਜਾਲਿ ॥ ਵਿਣੁ ਗੁਰ ਦਾਤੇ ਮੁਕਤਿ ਨ ਭਾਲਿ ॥ ਫਿਰਿ ਫਿਰਿ ਆਵੈ ਫਿਰਿ ਫਿਰਿ ਜਾਇ ॥ ਇਕ ਰੰਗਿ ਰਚੈ ਰਹੈ ਲਿਵ ਲਾਇ ॥ ਇਵ ਛੂਟੈ ਫਿਰਿ ਫਾਸ ਨ ਪਾਇ ॥੩੯॥ ਬੀਰਾ ਬੀਰਾ ਕਰਿ ਰਹੀ ਬੀਰ ਭਏ ਬੈਰਾਇ ॥ ਬੀਰ ਚਲੇ ਘਰਿ ਆਪਣੈ ਬਹਿਣ ਬਿਰਹਿ ਜਲਿ ਜਾਇ ॥ ਬਾਬੁਲ ਕੈ ਘਰਿ ਬੇਟੜੀ ਬਾਲੀ ਬਾਲੈ ਨੇਹਿ ॥ ਜੇ ਲੋੜਹਿ ਵਰੁ ਕਾਮਣੀ ਸਤਿਗੁਰੁ ਸੇਵਹਿ ਤੇਹਿ ॥ ਬਿਰਲੋ ਗਿਆਨੀ ਬੂਝਣਉ ਸਤਿਗੁਰੁ ਸਾਚਿ ਮਿਲੇਇ ॥ ਠਾਕੁਰ ਹਾਥਿ ਵਡਾਈਆ ਜੈ ਭਾਵੈ ਤੈ ਦੇਇ ॥ ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ ॥ ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ ॥੪੦॥ ਭਨਿ ਭਨਿ ਘੜੀਐ ਘੜਿ ਘੜਿ ਭਜੈ ਢਾਹਿ ਉਸਾਰੈ ਉਸਰੇ ਢਾਹੈ ॥ ਸਰ ਭਰਿ ਸੋਖੈ ਭੀ ਭਰਿ ਪੋਖੈ ਸਮਰਥ ਵੇਪਰਵਾਹੈ ॥ ਭਰਮਿ ਭੁਲਾਨੇ ਭਏ ਦਿਵਾਨੇ ਵਿਣੁ ਭਾਗਾ ਕਿਆ ਪਾਈਐ ॥ ਗੁਰਮੁਖਿ ਗਿਆਨੁ ਡੋਰੀ ਪ੍ਰਭਿ ਪਕੜੀ ਜਿਨ ਖਿੰਚੈ ਤਿਨ ਜਾਈਐ ॥ ਹਰਿ ਗੁਣ ਗਾਇ ਸਦਾ ਰੰਗਿ ਰਾਤੇ ਬਹੁੜਿ ਨ ਪਛੋਤਾਈਐ ॥ ਭਭੈ ਭਾਲਹਿ ਗੁਰਮੁਖਿ ਬੂਝਹਿ ਤਾ ਨਿਜ ਘਰਿ ਵਾਸਾ ਪਾਈਐ ॥ ਭਭੈ ਭਉਜਲੁ ਮਾਰਗੁ ਵਿਖੜਾ ਆਸ ਨਿਰਾਸਾ ਤਰੀਐ ॥ ਗੁਰ ਪਰਸਾਦੀ ਆਪੋ ਚੀਨ੍ਹ੍ਹੈ ਜੀਵਤਿਆ ਇਵ ਮਰੀਐ ॥੪੧॥ ਮਾਇਆ ਮਾਇਆ ਕਰਿ ਮੁਏ ਮਾਇਆ ਕਿਸੈ ਨ ਸਾਥਿ ॥ ਹੰਸੁ ਚਲੈ ਉਠਿ ਡੁਮਣੋ ਮਾਇਆ ਭੂਲੀ ਆਥਿ ॥ ਮਨੁ ਝੂਠਾ ਜਮਿ ਜੋਹਿਆ ਅਵਗੁਣ ਚਲਹਿ ਨਾਲਿ ॥ ਮਨ ਮਹਿ ਮਨੁ ਉਲਟੋ ਮਰੈ ਜੇ ਗੁਣ ਹੋਵਹਿ ਨਾਲਿ ॥ ਮੇਰੀ ਮੇਰੀ ਕਰਿ ਮੁਏ ਵਿਣੁ ਨਾਵੈ ਦੁਖੁ ਭਾਲਿ ॥ ਗੜ ਮੰਦਰ ਮਹਲਾ ਕਹਾ ਜਿਉ ਬਾਜੀ ਦੀ ਬਾਣੁ ॥ ਨਾਨਕ ਸਚੇ ਨਾਮ ਵਿਣੁ ਝੂਠਾ ਆਵਣ ਜਾਣੁ

॥ ਆਪੇ ਚਤੁਰੁ ਸਰੂਪੁ ਹੈ ਆਪੇ ਜਾਣੁ ਸੁਜਾਣੁ ॥੪੨॥ ਜੋ ਆਵਹਿ ਸੇ ਜਾਹਿ ਫੁਨਿ ਆਇ ਗਏ ਪਛੁਤਾਹਿ ॥ ਲਖ ਚਉਰਾਸੀਹ ਮੇਦਨੀ ਘਟੈ ਨ ਵਧੈ ਉਤਾਹਿ ॥ ਸੇ ਜਨ ਉਬਰੇ ਜਿਨ ਹਰਿ ਭਾਇਆ ॥ ਧੰਧਾ ਮੁਆ ਵਿਗੂਤੀ ਮਾਇਆ ॥ ਜੋ ਦੀਸੈ ਸੋ ਚਾਲਸੀ ਕਿਸ ਕਉ ਮੀਤੁ ਕਰੇਉ ॥ ਜੀਉ ਸਮਪਉ ਆਪਣਾ ਤਨੁ ਮਨੁ ਆਗੈ ਦੇਉ ॥ ਅਸਥਿਰੁ ਕਰਤਾ ਤੂ ਧਣੀ ਤਿਸ ਹੀ ਕੀ ਮੈ ਓਟ ॥ ਗੁਣ ਕੀ ਮਾਰੀ ਹਉ ਮੁਈ ਸਬਦਿ ਰਤੀ ਮਨਿ ਚੋਟ ॥੪੩॥ ਰਾਣਾ ਰਾਉ ਨ ਕੋ ਰਹੈ ਰੰਗੁ ਨ ਤੁੰਗੁ ਫਕੀਰੁ ॥ ਵਾਰੀ ਆਪੋ ਆਪਣੀ ਕੋਇ ਨ ਬੰਧੈ ਧੀਰ ॥ ਰਾਹੁ ਬੁਰਾ ਭੀਹਾਵਲਾ ਸਰ ਡੂਗਰ ਅਸਗਾਹ ॥ ਮੈ ਤਨਿ ਅਵਗਣ ਝੁਰਿ ਮੁਈ ਵਿਣੁ ਗੁਣ ਕਿਉ ਘਰਿ ਜਾਹ ॥ ਗੁਣੀਆ ਗੁਣ ਲੇ ਪ੍ਰਭ ਮਿਲੇ ਕਿਉ ਤਿਨ ਮਿਲਉ ਪਿਆਰਿ ॥ ਤਿਨ ਹੀ ਜੈਸੀ ਥੀ ਰਹਾਂ ਜਪਿ ਜਪਿ ਰਿਦੈ ਮੁਰਾਰਿ ॥ ਅਵਗੁਣੀ ਭਰਪੂਰ ਹੈ ਗੁਣ ਭੀ ਵਸਹਿ ਨਾਲਿ ॥ ਵਿਣੁ ਸਤਗੁਰ ਗੁਣ ਨ ਜਾਪਨੀ ਜਿਚਰੁ ਸਬਦਿ ਨ ਕਰੇ ਬੀਚਾਰੁ ॥੪੪॥ ਲਸਕਰੀਆ ਘਰ ਸੰਮਲੇ ਆਏ ਵਜਹੁ ਲਿਖਾਇ ॥ ਕਾਰ ਕਮਾਵਹਿ ਸਿਰਿ ਧਣੀ ਲਾਹਾ ਪਲੈ ਪਾਇ ॥ ਲਬੁ ਲੋਭੁ ਬੁਰਿਆਈਆ ਛੋਡੇ ਮਨਹੁ ਵਿਸਾਰਿ ॥ ਗੜਿ ਦੋਹੀ ਪਾਤਿਸਾਹ ਕੀ ਕਦੇ ਨ ਆਵੈ ਹਾਰਿ ॥ ਚਾਕਰੁ ਕਹੀਐ ਖਸਮ ਕਾ ਸਉਹੇ ਉਤਰ ਦੇਇ ॥ ਵਜਹੁ ਗਵਾਏ ਆਪਣਾ ਤਖਤਿ ਨ ਬੈਸਹਿ ਸੇਇ ॥ ਪ੍ਰੀਤਮ ਹਥਿ ਵਡਿਆਈਆ ਜੈ ਭਾਵੈ ਤੈ ਦੇਇ ॥ ਆਪਿ ਕਰੇ ਕਿਸੁ ਆਖੀਐ ਅਵਰੁ ਨ ਕੋਇ ਕਰੇਇ ॥੪੫॥ ਬੀਜਉ ਸੂਝੈ ਕੋ ਨਹੀ ਬਹੈ ਦੁਲੀਚਾ ਪਾਇ ॥ ਨਰਕ ਨਿਵਾਰਣੁ ਨਰਹ ਨਰੁ ਸਾਚਉ ਸਾਚੈ ਨਾਇ ॥ ਵਣੁ ਤ੍ਰਿਣੁ ਢੂਢਤ ਫਿਰਿ ਰਹੀ ਮਨ ਮਹਿ ਕਰਉ ਬੀਚਾਰੁ ॥ ਲਾਲ ਰਤਨ ਬਹੁ ਮਾਣਕੀ ਸਤਿਗੁਰ ਹਾਥਿ ਭੰਡਾਰੁ ॥ ਊਤਮੁ ਹੋਵਾ ਪ੍ਰਭੁ ਮਿਲੈ ਇਕ ਮਨਿ ਏਕੈ ਭਾਇ ॥ ਨਾਨਕ ਪ੍ਰੀਤਮ ਰਸਿ ਮਿਲੇ ਲਾਹਾ ਲੈ ਪਰਥਾਇ ॥ ਰਚਨਾ ਰਾਚਿ ਜਿਨਿ ਰਚੀ ਜਿਨਿ ਸਿਰਿਆ ਆਕਾਰੁ ॥ ਗੁਰਮੁਖਿ ਬੇਅੰਤੁ ਧਿਆਈਐ ਅੰਤੁ ਨ ਪਾਰਾਵਾਰੁ ॥੪੬॥ ੜਾੜੈ ਰੂੜਾ ਹਰਿ ਜੀਉ ਸੋਈ ॥ ਤਿਸੁ ਬਿਨੁ ਰਾਜਾ ਅਵਰੁ ਨ ਕੋਈ ॥ ੜਾੜੈ ਗਾਰੁੜੁ ਤੁਮ ਸੁਣਹੁ ਹਰਿ ਵਸੈ ਮਨ ਮਾਹਿ ॥ ਗੁਰ ਪਰਸਾਦੀ ਹਰਿ ਪਾਈਐ ਮਤੁ ਕੋ ਭਰਮਿ ਭੁਲਾਹਿ ॥ ਸੋ ਸਾਹੁ ਸਾਚਾ ਜਿਸੁ ਹਰਿ ਧਨੁ ਰਾਸਿ ॥ ਗੁਰਮੁਖਿ ਪੂਰਾ ਤਿਸੁ ਸਾਬਾਸਿ ॥ ਰੂੜੀ ਬਾਣੀ ਹਰਿ ਪਾਇਆ ਗੁਰ ਸਬਦੀ ਬੀਚਾਰਿ ॥ ਆਪੁ ਗਇਆ ਦੁਖੁ ਕਟਿਆ ਹਰਿ ਵਰੁ ਪਾਇਆ ਨਾਰਿ ॥੪੭॥ ਸੁਇਨਾ ਰੁਪਾ ਸੰਚੀਐ ਧਨੁ ਕਾਚਾ ਬਿਖੁ ਛਾਰੁ ॥ ਸਾਹੁ ਸਦਾਏ ਸੰਚਿ ਧਨੁ ਦੁਬਿਧਾ ਹੋਇ ਖੁਆਰੁ ॥ ਸਚਿਆਰੀ ਸਚੁ ਸੰਚਿਆ ਸਾਚਉ ਨਾਮੁ ਅਮੋਲੁ ॥ ਹਰਿ ਨਿਰਮਾਇਲੁ ਊਜਲੋ ਪਤਿ ਸਾਚੀ ਸਚੁ ਬੋਲੁ ॥ ਸਾਜਨੁ ਮੀਤੁ ਸੁਜਾਣੁ ਤੂ ਤੂ ਸਰਵਰੁ ਤੂ ਹੰਸੁ ॥ ਸਾਚਉ ਠਾਕੁਰੁ ਮਨਿ ਵਸੈ ਹਉ ਬਲਿਹਾਰੀ ਤਿਸੁ ॥ ਮਾਇਆ ਮਮਤਾ ਮੋਹਣੀ ਜਿਨਿ ਕੀਤੀ ਸੋ ਜਾਣੁ ॥ ਬਿਖਿਆ ਅੰਮ੍ਰਿਤੁ ਏਕੁ ਹੈ ਬੂਝੈ ਪੁਰਖੁ ਸੁਜਾਣੁ ॥੪੮॥ ਖਿਮਾ ਵਿਹੂਣੇ ਖਪਿ ਗਏ ਖੂਹਣਿ ਲਖ ਅਸੰਖ ॥ ਗਣਤ ਨ ਆਵੈ ਕਿਉ ਗਣੀ ਖਪਿ ਖਪਿ ਮੁਏ ਬਿਸੰਖ ॥ ਖਸਮੁ ਪਛਾਣੈ ਆਪਣਾ ਖੂਲੈ ਬੰਧੁ ਨ ਪਾਇ ॥ ਸਬਦਿ ਮਹਲੀ ਖਰਾ ਤੂ ਖਿਮਾ ਸਚੁ ਸੁਖ ਭਾਇ ॥ ਖਰਚੁ ਖਰਾ ਧਨੁ ਧਿਆਨੁ ਤੂ

ਆਪੇ ਵਸਹਿ ਸਰੀਰਿ ॥ ਮਨਿ ਤਨਿ ਮੁਖਿ ਜਾਪੈ ਸਦਾ ਗੁਣ ਅੰਤਰਿ ਮਨਿ ਧੀਰ ॥ ਹਉਮੈ ਖਪੈ ਖਪਾਇਸੀ ਬੀਜਉ ਵਥੁ ਵਿਕਾਰੁ ॥ ਜੰਤ ਉਪਾਇ ਵਿਚਿ ਪਾਇਅਨੁ ਕਰਤਾ ਅਲਗੁ ਅਪਾਰੁ ॥੪੯॥ ਸ੍ਰਿਸਟੇ ਭੇਉ ਨ ਜਾਣੈ ਕੋਇ ॥ ਸ੍ਰਿਸਟਾ ਕਰੈ ਸੁ ਨਿਹਚਉ ਹੋਇ ॥ ਸੰਪੈ ਕਉ ਈਸਰੁ ਧਿਆਈਐ ॥ ਸੰਪੈ ਪੁਰਬਿ ਲਿਖੇ ਕੀ ਪਾਈਐ ॥ ਸੰਪੈ ਕਾਰਣਿ ਚਾਕਰ ਚੋਰ ॥ ਸੰਪੈ ਸਾਥਿ ਨ ਚਾਲੈ ਹੋਰ ॥ ਬਿਨੁ ਸਾਚੇ ਨਹੀ ਦਰਗਹ ਮਾਨੁ ॥ ਹਰਿ ਰਸੁ ਪੀਵੈ ਛੁਟੈ ਨਿਦਾਨਿ ॥੫੦॥ ਹੇਰਤ ਹੇਰਤ ਹੇ ਸਖੀ ਹੋਇ ਰਹੀ ਹੈਰਾਨੁ ॥ ਹਉ ਹਉ ਕਰਤੀ ਮੈ ਮੁਈ ਸਬਦਿ ਰਵੈ ਮਨਿ ਗਿਆਨੁ ॥ ਹਾਰ ਡੋਰ ਕੰਕਨ ਘਣੇ ਕਰਿ ਥਾਕੀ ਸੀਗਾਰੁ ॥ ਮਿਲਿ ਪ੍ਰੀਤਮ ਸੁਖੁ ਪਾਇਆ ਸਗਲ ਗੁਣਾ ਗਲਿ ਹਾਰੁ ॥ ਨਾਨਕ ਗੁਰਮੁਖਿ ਪਾਈਐ ਹਰਿ ਸਿਉ ਪ੍ਰੀਤਿ ਪਿਆਰੁ ॥ ਹਰਿ ਬਿਨੁ ਕਿਨਿ ਸੁਖੁ ਪਾਇਆ ਦੇਖਹੁ ਮਨਿ ਬੀਚਾਰਿ ॥ ਹਰਿ ਪੜਣਾ ਹਰਿ ਬੁਝਣਾ ਹਰਿ ਸਿਉ ਰਖਹੁ ਪਿਆਰੁ ॥ ਹਰਿ ਜਪੀਐ ਹਰਿ ਧਿਆਈਐ ਹਰਿ ਕਾ ਨਾਮੁ ਅਧਾਰੁ ॥੫੧॥ ਲੇਖੁ ਨ ਮਿਟਈ ਹੇ ਸਖੀ ਜੋ ਲਿਖਿਆ ਕਰਤਾਰਿ ॥ ਆਪੇ ਕਾਰਣੁ ਜਿਨਿ ਕੀਆ ਕਰਿ ਕਿਰਪਾ ਪਗੁ ਧਾਰਿ ॥ ਕਰਤੇ ਹਥਿ ਵਡਿਆਈਆ ਬੂਝਹੁ ਗੁਰ ਬੀਚਾਰਿ ॥ ਲਿਖਿਆ ਫੇਰਿ ਨ ਸਕੀਐ ਜਿਉ ਭਾਵੀ ਤਿਉ ਸਾਰਿ ॥ ਨਦਰਿ ਤੇਰੀ ਸੁਖੁ ਪਾਇਆ ਨਾਨਕ ਸਬਦੁ ਵੀਚਾਰਿ ॥ ਮਨਮੁਖ ਭੂਲੇ ਪਚਿ ਮੁਏ ਉਬਰੇ ਗੁਰ ਬੀਚਾਰਿ ॥ ਜਿ ਪੁਰਖੁ ਨਦਰਿ ਨ ਆਵਈ ਤਿਸ ਕਾ ਕਿਆ ਕਰਿ ਕਹਿਆ ਜਾਇ ॥ ਬਲਿਹਾਰੀ ਗੁਰ ਆਪਣੇ ਜਿਨਿ ਹਿਰਦੈ ਦਿਤਾ ਦਿਖਾਇ ॥੫੨॥ ਪਾਧਾ ਪੜਿਆ ਆਖੀਐ ਬਿਦਿਆ ਬਿਚਰੈ ਸਹਜਿ ਸੁਭਾਇ ॥ ਬਿਦਿਆ ਸੋਧੈ ਤਤੁ ਲਹੈ ਰਾਮ ਨਾਮ ਲਿਵ ਲਾਇ ॥ ਮਨਮੁਖੁ ਬਿਦਿਆ ਬਿਕ੍ਰਦਾ ਬਿਖੁ ਖਟੇ ਬਿਖੁ ਖਾਇ ॥ ਮੂਰਖੁ ਸਬਦੁ ਨ ਚੀਨਈ ਸੂਝ ਬੂਝ ਨਹ ਕਾਇ ॥੫੩॥ ਪਾਧਾ ਗੁਰਮੁਖਿ ਆਖੀਐ ਚਾਟੜਿਆ ਮਤਿ ਦੇਇ ॥ ਨਾਮੁ ਸਮਾਲਹੁ ਨਾਮੁ ਸੰਗਰਹੁ ਲਾਹਾ ਜਗ ਮਹਿ ਲੇਇ ॥ ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ ॥ ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ ਜਿਸੁ ਰਾਮ ਨਾਮੁ ਗਲਿ ਹਾਰੁ ॥੫੪॥੧॥

(ਅੰਗ ੯੨੯-੩੮)

# ਸਿਧ ਗੋਸਟਿ

ਰਾਮਕਲੀ ਮਹਲਾ ੧ ਸਿਧ ਗੋਸਟਿ ੴ ਸਤਿਗੁਰ ਪ੍ਰਸਾਦਿ ॥

ਸਿਧ ਸਭਾ ਕਰਿ ਆਸਣਿ ਬੈਠੇ ਸੰਤ ਸਭਾ ਜੈਕਾਰੋ ॥ ਤਿਸੁ ਆਗੈ ਰਹਰਾਸਿ ਹਮਾਰੀ ਸਾਚਾ ਅਪਰ ਅਪਾਰੋ ॥ ਮਸਤਕੁ ਕਾਟਿ ਧਰੀ ਤਿਸੁ ਆਗੈ ਤਨੁ ਮਨੁ ਆਗੈ ਦੇਉ ॥ ਨਾਨਕ ਸੰਤੁ ਮਿਲੈ ਸਚੁ ਪਾਈਐ ਸਹਜ ਭਾਇ ਜਸੁ ਲੇਉ ॥੧॥ ਕਿਆ ਭਵੀਐ ਸਚਿ ਸੂਚਾ ਹੋਇ ॥ ਸਾਚ ਸਬਦ ਬਿਨੁ ਮੁਕਤਿ ਨ ਕੋਇ ॥੧॥ ਰਹਾਉ ॥ ਕਵਨ ਤੁਮੇ ਕਿਆ ਨਾਉ ਤੁਮਾਰਾ ਕਉਨੁ ਮਾਰਗੁ ਕਉਨੁ ਸੁਆਓ ॥ ਸਾਚੁ ਕਹਉ ਅਰਦਾਸਿ ਹਮਾਰੀ ਹਉ ਸੰਤ ਜਨਾ ਬਲਿ ਜਾਓ ॥ ਕਹ ਬੈਸਹੁ ਕਹ ਰਹੀਐ ਬਾਲੇ ਕਹ ਆਵਹੁ ਕਹ ਜਾਹੋ ॥ ਨਾਨਕੁ ਬੋਲੈ ਸੁਣਿ ਬੈਰਾਗੀ ਕਿਆ ਤੁਮਾਰਾ ਰਾਹੋ ॥੨॥ ਘਟਿ ਘਟਿ ਬੈਸਿ ਨਿਰੰਤਰਿ ਰਹੀਐ ਚਾਲਹਿ ਸਤਿਗੁਰ ਭਾਏ ॥ ਸਹਜੇ ਆਏ ਹੁਕਮਿ ਸਿਧਾਏ ਨਾਨਕ ਸਦਾ ਰਜਾਏ ॥ ਆਸਣਿ ਬੈਸਣਿ ਥਿਰੁ ਨਾਰਾਇਣੁ ਐਸੀ ਗੁਰਮਤਿ ਪਾਏ ॥ ਗੁਰਮੁਖਿ ਬੂਝੈ ਆਪੁ ਪਛਾਣੈ ਸਚੇ ਸਚਿ ਸਮਾਏ ॥੩॥ ਦੁਨੀਆ ਸਾਗਰੁ ਦੁਤਰੁ ਕਹੀਐ ਕਿਉ ਕਰਿ ਪਾਈਐ ਪਾਰੋ ॥ ਚਰਪਟੁ ਬੋਲੈ ਅਉਧੂ ਨਾਨਕ ਦੇਹੁ ਸਚਾ ਬੀਚਾਰੋ ॥ ਆਪੇ ਆਖੈ ਆਪੇ ਸਮਝੈ ਤਿਸੁ ਕਿਆ ਉਤਰੁ ਦੀਜੈ ॥ ਸਾਚੁ ਕਹਹੁ ਤੁਮ ਪਾਰਗਰਾਮੀ ਤੁਝੁ ਕਿਆ ਬੈਸਣੁ ਦੀਜੈ ॥੪॥ ਜੈਸੇ ਜਲ ਮਹਿ ਕਮਲੁ ਨਿਰਾਲਮੁ ਮੁਰਗਾਈ ਨੈ ਸਾਣੇ ॥ ਸੁਰਤਿ ਸਬਦਿ ਭਵ ਸਾਗਰੁ ਤਰੀਐ ਨਾਨਕ ਨਾਮੁ ਵਖਾਣੇ ॥ ਰਹਹਿ ਇਕਾਂਤਿ ਏਕੋ ਮਨਿ ਵਸਿਆ ਆਸਾ ਮਾਹਿ ਨਿਰਾਸੋ ॥ ਅਗਮੁ ਅਗੋਚਰੁ ਦੇਖਿ ਦਿਖਾਏ ਨਾਨਕੁ ਤਾ ਕਾ ਦਾਸੋ ॥੫॥ ਸੁਣਿ ਸੁਆਮੀ ਅਰਦਾਸਿ ਹਮਾਰੀ ਪੂਛਉ ਸਾਚੁ ਬੀਚਾਰੋ ॥ ਰੋਸੁ ਨ ਕੀਜੈ ਉਤਰੁ ਦੀਜੈ ਕਿਉ ਪਾਈਐ ਗੁਰ ਦੁਆਰੋ ॥ ਇਹੁ ਮਨੁ ਚਲਤਉ ਸਚ ਘਰਿ ਬੈਸੈ ਨਾਨਕ ਨਾਮੁ ਅਧਾਰੋ ॥ ਆਪੇ ਮੇਲਿ ਮਿਲਾਏ ਕਰਤਾ ਲਾਗੈ ਸਾਚਿ ਪਿਆਰੋ ॥੬॥ ਹਾਟੀ ਬਾਟੀ ਰਹਹਿ ਨਿਰਾਲੇ ਰੂਖਿ ਬਿਰਖਿ ਉਦਿਆਨੇ ॥ ਕੰਦ ਮੂਲੁ ਅਹਾਰੋ ਖਾਈਐ ਅਉਧੂ ਬੋਲੈ ਗਿਆਨੇ ॥ ਤੀਰਥਿ ਨਾਈਐ ਸੁਖੁ ਫਲੁ ਪਾਈਐ ਮੈਲੁ ਨ ਲਾਗੈ ਕਾਈ ॥ ਗੋਰਖ ਪੂਤੁ ਲੋਹਾਰੀਪਾ ਬੋਲੈ ਜੋਗ ਜੁਗਤਿ ਬਿਧਿ ਸਾਈ ॥੭॥ ਹਾਟੀ ਬਾਟੀ ਨੀਦ ਨ ਆਵੈ ਪਰ ਘਰਿ ਚਿਤੁ ਨ ਡੋਲਾਈ ॥ ਬਿਨੁ ਨਾਵੈ ਮਨੁ ਟੇਕ ਨ ਟਿਕਈ ਨਾਨਕ ਭੂਖ ਨ ਜਾਈ ॥ ਹਾਟੁ ਪਟਣੁ ਘਰੁ ਗੁਰੂ ਦਿਖਾਇਆ ਸਹਜੇ ਸਚੁ ਵਾਪਾਰੋ ॥ ਖੰਡਿਤ ਨਿਦ੍ਰਾ ਅਲਪ ਅਹਾਰੰ ਨਾਨਕ ਤਤੁ ਬੀਚਾਰੋ ॥੮॥ ਦਰਸਨੁ ਭੇਖ ਕਰਹੁ ਜੋਗਿੰਦ੍ਰਾ ਮੁੰਦ੍ਰਾ ਝੋਲੀ ਖਿੰਥਾ ॥ ਬਾਰਹ ਅੰਤਰਿ ਏਕੁ ਸਰੇਵਹੁ ਖਟੁ ਦਰਸਨ ਇਕ ਪੰਥਾ ॥ ਇਨ ਬਿਧਿ ਮਨੁ ਸਮਝਾਈਐ ਪੁਰਖਾ ਬਾਹੁੜਿ ਚੋਟ ਨ ਖਾਈਐ ॥ ਨਾਨਕੁ ਬੋਲੈ ਗੁਰਮੁਖਿ ਬੂਝੈ ਜੋਗ ਜੁਗਤਿ ਇਵ ਪਾਈਐ ॥੯॥ ਅੰਤਰਿ ਸਬਦੁ ਨਿਰੰਤਰਿ ਮੁਦ੍ਰਾ ਹਉਮੈ ਮਮਤਾ

ਦੂਰਿ ਕਰੀ ॥ ਕਾਮੁ ਕ੍ਰੋਧੁ ਅਹੰਕਾਰੁ ਨਿਵਾਰੈ ਗੁਰ ਕੈ ਸਬਦਿ ਸੁ ਸਮਝ ਪਰੀ ॥ ਖਿੰਥਾ ਝੋਲੀ ਭਰਿਪੁਰਿ ਰਹਿਆ ਨਾਨਕ ਤਾਰੈ ਏਕੁ ਹਰੀ ॥ ਸਾਚਾ ਸਾਹਿਬੁ ਸਾਚੀ ਨਾਈ ਪਰਖੈ ਗੁਰ ਕੀ ਬਾਤ ਖਰੀ ॥੧੦॥ ਊਂਧਉ ਖਪਰੁ ਪੰਚ ਭੂ ਟੋਪੀ ॥ ਕਾਂਇਆ ਕੜਾਸਣੁ ਮਨੁ ਜਾਗੋਟੀ ॥ ਸਤੁ ਸੰਤੋਖੁ ਸੰਜਮੁ ਹੈ ਨਾਲਿ ॥ ਨਾਨਕ ਗੁਰਮੁਖਿ ਨਾਮੁ ਸਮਾਲਿ ॥੧੧॥ ਕਵਨੁ ਸੁ ਗੁਪਤਾ ਕਵਨੁ ਸੁ ਮੁਕਤਾ ॥ ਕਵਨੁ ਸੁ ਅੰਤਰਿ ਬਾਹਰਿ ਜੁਗਤਾ ॥ ਕਵਨੁ ਸੁ ਆਵੈ ਕਵਨੁ ਸੁ ਜਾਇ ॥ ਕਵਨੁ ਸੁ ਤ੍ਰਿਭਵਣਿ ਰਹਿਆ ਸਮਾਇ ॥੧੨॥ ਘਟਿ ਘਟਿ ਗੁਪਤਾ ਗੁਰਮੁਖਿ ਮੁਕਤਾ ॥ ਅੰਤਰਿ ਬਾਹਰਿ ਸਬਦਿ ਸੁ ਜੁਗਤਾ ॥ ਮਨਮੁਖਿ ਬਿਨਸੈ ਆਵੈ ਜਾਇ ॥ ਨਾਨਕ ਗੁਰਮੁਖਿ ਸਾਚਿ ਸਮਾਇ ॥੧੩॥ ਕਿਉ ਕਰਿ ਬਾਧਾ ਸਰਪਨਿ ਖਾਧਾ ॥ ਕਿਉ ਕਰਿ ਖੋਇਆ ਕਿਉ ਕਰਿ ਲਾਧਾ ॥ ਕਿਉ ਕਰਿ ਨਿਰਮਲੁ ਕਿਉ ਕਰਿ ਅੰਧਿਆਰਾ ॥ ਇਹੁ ਤਤੁ ਬੀਚਾਰੈ ਸੁ ਗੁਰੂ ਹਮਾਰਾ ॥੧੪॥ ਦੁਰਮਤਿ ਬਾਧਾ ਸਰਪਨਿ ਖਾਧਾ ॥ ਮਨਮੁਖਿ ਖੋਇਆ ਗੁਰਮੁਖਿ ਲਾਧਾ ॥ ਸਤਿਗੁਰੁ ਮਿਲੈ ਅੰਧੇਰਾ ਜਾਇ ॥ ਨਾਨਕ ਹਉਮੈ ਮੇਟਿ ਸਮਾਇ ॥੧੫॥ ਸੁੰਨ ਨਿਰੰਤਰਿ ਦੀਜੈ ਬੰਧੁ ॥ ਉਡੈ ਨ ਹੰਸਾ ਪੜੈ ਨ ਕੰਧੁ ॥ ਸਹਜ ਗੁਫਾ ਘਰੁ ਜਾਣੈ ਸਾਚਾ ॥ ਨਾਨਕ ਸਾਚੇ ਭਾਵੈ ਸਾਚਾ ॥੧੬॥ ਕਿਸੁ ਕਾਰਣਿ ਗ੍ਰਿਹੁ ਤਜਿਓ ਉਦਾਸੀ ॥ ਕਿਸੁ ਕਾਰਣਿ ਇਹੁ ਭੇਖੁ ਨਿਵਾਸੀ ॥ ਕਿਸੁ ਵਖਰ ਕੇ ਤੁਮ ਵਣਜਾਰੇ ॥ ਕਿਉ ਕਰਿ ਸਾਥੁ ਲੰਘਾਵਹੁ ਪਾਰੇ ॥੧੭॥ ਗੁਰਮੁਖਿ ਖੋਜਤ ਭਏ ਉਦਾਸੀ ॥ ਦਰਸਨ ਕੈ ਤਾਈ ਭੇਖ ਨਿਵਾਸੀ ॥ ਸਾਚ ਵਖਰ ਕੇ ਹਮ ਵਣਜਾਰੇ ॥ ਨਾਨਕ ਗੁਰਮੁਖਿ ਉਤਰਸਿ ਪਾਰੇ ॥੧੮॥ ਕਿਤੁ ਬਿਧਿ ਪੁਰਖਾ ਜਨਮੁ ਵਟਾਇਆ ॥ ਕਾਹੇ ਕਉ ਤੁਝੁ ਇਹੁ ਮਨੁ ਲਾਇਆ ॥ ਕਿਤੁ ਬਿਧਿ ਆਸਾ ਮਨਸਾ ਖਾਈ ॥ ਕਿਤੁ ਬਿਧਿ ਜੋਤਿ ਨਿਰੰਤਰਿ ਪਾਈ ॥ ਬਿਨੁ ਦੰਤਾ ਕਿਉ ਖਾਈਐ ਸਾਰੁ ॥ ਨਾਨਕ ਸਾਚਾ ਕਰਹੁ ਬੀਚਾਰੁ ॥੧੯॥ ਸਤਿਗੁਰ ਕੈ ਜਨਮੇ ਗਵਨੁ ਮਿਟਾਇਆ ॥ ਅਨਹਤਿ ਰਾਤੇ ਇਹੁ ਮਨੁ ਲਾਇਆ ॥ ਮਨਸਾ ਆਸਾ ਸਬਦਿ ਜਲਾਈ ॥ ਗੁਰਮੁਖਿ ਜੋਤਿ ਨਿਰੰਤਰਿ ਪਾਈ ॥ ਤ੍ਰੈ ਗੁਣ ਮੇਟੇ ਖਾਈਐ ਸਾਰੁ ॥ ਨਾਨਕ ਤਾਰੇ ਤਾਰਣਹਾਰੁ ॥੨੦॥ ਆਦਿ ਕਉ ਕਵਨੁ ਬੀਚਾਰੁ ਕਥੀਅਲੇ ਸੁੰਨ ਕਹਾ ਘਰ ਵਾਸੋ ॥ ਗਿਆਨ ਕੀ ਮੁਦ੍ਰਾ ਕਵਨ ਕਥੀਅਲੇ ਘਟਿ ਘਟਿ ਕਵਨ ਨਿਵਾਸੋ ॥ ਕਾਲ ਕਾ ਠੀਗਾ ਕਿਉ ਜਲਾਈਅਲੇ ਕਿਉ ਨਿਰਭਉ ਘਰਿ ਜਾਈਐ ॥ ਸਹਜ ਸੰਤੋਖ ਕਾ ਆਸਣੁ ਜਾਣੈ ਕਿਉ ਛੇਦੇ ਬੈਰਾਈਐ ॥ ਗੁਰ ਕੈ ਸਬਦਿ ਹਉਮੈ ਬਿਖੁ ਮਾਰੈ ਤਾ ਨਿਜ ਘਰਿ ਹੋਵੈ ਵਾਸੋ ॥ ਜਿਨਿ ਰਚਿ ਰਚਿਆ ਤਿਸੁ ਸਬਦਿ ਪਛਾਣੈ ਨਾਨਕੁ ਤਾ ਕਾ ਦਾਸੋ ॥੨੧॥ ਕਹਾ ਤੇ ਆਵੈ ਕਹਾ ਇਹੁ ਜਾਵੈ ਕਹਾ ਇਹੁ ਰਹੈ ਸਮਾਈ ॥ ਏਸੁ ਸਬਦ ਕਉ ਜੋ ਅਰਥਾਵੈ ਤਿਸੁ ਗੁਰ ਤਿਲੁ ਨ ਤਮਾਈ ॥ ਕਿਉ ਤਤੈ ਅਵਿਗਤੈ ਪਾਵੈ ਗੁਰਮੁਖਿ ਲਗੈ ਪਿਆਰੋ ॥ ਆਪੇ ਸੁਰਤਾ ਆਪੇ ਕਰਤਾ ਕਹੁ ਨਾਨਕ ਬੀਚਾਰੋ ॥ ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ ॥ ਪੂਰੇ ਗੁਰ ਤੇ ਸਾਚੁ ਕਮਾਵੈ ਗਤਿ ਮਿਤਿ ਸਬਦੇ ਪਾਈ ॥੨੨॥ ਆਦਿ ਕਉ ਬਿਸਮਾਦੁ ਬੀਚਾਰੁ ਕਥੀਅਲੇ ਸੁੰਨ ਨਿਰੰਤਰਿ ਵਾਸੁ ਲੀਆ ॥ ਅਕਲਪਤ ਮੁਦ੍ਰਾ ਗੁਰ ਗਿਆਨੁ ਬੀਚਾਰੀਅਲੇ ਘਟਿ ਘਟਿ ਸਾਚਾ ਸਰਬ

ਜੀਆ ॥ ਗੁਰ ਬਚਨੀ ਅਵਿਗਤਿ ਸਮਾਈਐ ਤਤੁ ਨਿਰੰਜਨੁ ਸਹਜਿ ਲਹੈ ॥ ਨਾਨਕ ਦੂਜੀ ਕਾਰ ਨ ਕਰਣੀ ਸੇਵੈ ਸਿਖੁ ਸੁ ਖੋਜਿ ਲਹੈ ॥ ਹੁਕਮੁ ਬਿਸਮਾਦੁ ਹੁਕਮਿ ਪਛਾਣੈ ਜੀਅ ਜੁਗਤਿ ਸਚੁ ਜਾਣੈ ਸੋਈ ॥ ਆਪੁ ਮੇਟਿ ਨਿਰਾਲਮੁ ਹੋਵੈ ਅੰਤਰਿ ਸਾਚੁ ਜੋਗੀ ਕਹੀਐ ਸੋਈ ॥੨੩॥ ਅਵਿਗਤੋ ਨਿਰਮਾਇਲੁ ਉਪਜੇ ਨਿਰਗੁਣ ਤੇ ਸਰਗੁਣੁ ਥੀਆ ॥ ਸਤਿਗੁਰ ਪਰਚੈ ਪਰਮ ਪਦੁ ਪਾਈਐ ਸਾਚੈ ਸਬਦਿ ਸਮਾਇ ਲੀਆ ॥ ਏਕੇ ਕਉ ਸਚੁ ਏਕਾ ਜਾਣੈ ਹਉਮੈ ਦੂਜਾ ਦੂਰਿ ਕੀਆ ॥ ਸੋ ਜੋਗੀ ਗੁਰ ਸਬਦੁ ਪਛਾਣੈ ਅੰਤਰਿ ਕਮਲੁ ਪ੍ਰਗਾਸੁ ਥੀਆ ॥ ਜੀਵਤੁ ਮਰੈ ਤਾ ਸਭੁ ਕਿਛੁ ਸੂਝੈ ਅੰਤਰਿ ਜਾਣੈ ਸਰਬ ਦਇਆ ॥ ਨਾਨਕ ਤਾ ਕਉ ਮਿਲੈ ਵਡਾਈ ਆਪੁ ਪਛਾਣੈ ਸਰਬ ਜੀਆ ॥੨੪॥ ਸਾਚੌ ਉਪਜੈ ਸਾਚਿ ਸਮਾਵੈ ਸਾਚੇ ਸੂਚੇ ਏਕ ਮਇਆ ॥ ਝੂਠੇ ਆਵਹਿ ਠਵਰ ਨ ਪਾਵਹਿ ਦੂਜੈ ਆਵਾ ਗਉਣੁ ਭਇਆ ॥ ਆਵਾ ਗਉਣੁ ਮਿਟੈ ਗੁਰ ਸਬਦੀ ਆਪੇ ਪਰਖੈ ਬਖਸਿ ਲਇਆ ॥ ਏਕਾ ਬੇਦਨ ਦੂਜੈ ਬਿਆਪੀ ਨਾਮੁ ਰਸਾਇਣੁ ਵੀਸਰਿਆ ॥ ਸੋ ਬੂਝੈ ਜਿਸੁ ਆਪਿ ਬੁਝਾਏ ਗੁਰ ਕੈ ਸਬਦਿ ਸੁ ਮੁਕਤੁ ਭਇਆ ॥ ਨਾਨਕ ਤਾਰੇ ਤਾਰਣਹਾਰਾ ਹਉਮੈ ਦੂਜਾ ਪਰਹਰਿਆ ॥੨੫॥ ਮਨਮੁਖਿ ਭੂਲੈ ਜਮ ਕੀ ਕਾਣਿ ॥ ਪਰ ਘਰੁ ਜੋਹੈ ਹਾਣੇ ਹਾਣਿ ॥ ਮਨਮੁਖਿ ਭਰਮਿ ਭਵੈ ਬੇਬਾਣਿ ॥ ਵੇਮਾਰਗਿ ਮੂਸੈ ਮੰਤ੍ਰਿ ਮਸਾਣਿ ॥ ਸਬਦੁ ਨ ਚੀਨੈ ਲਵੈ ਕੁਬਾਣਿ ॥ ਨਾਨਕ ਸਾਚਿ ਰਤੇ ਸੁਖੁ ਜਾਣਿ ॥੨੬॥ ਗੁਰਮੁਖਿ ਸਾਚੇ ਕਾ ਭਉ ਪਾਵੈ ॥ ਗੁਰਮੁਖਿ ਬਾਣੀ ਅਘੜੁ ਘੜਾਵੈ ॥ ਗੁਰਮੁਖਿ ਨਿਰਮਲ ਹਰਿ ਗੁਣ ਗਾਵੈ ॥ ਗੁਰਮੁਖਿ ਪਵਿਤ੍ਰੁ ਪਰਮ ਪਦੁ ਪਾਵੈ ॥ ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ ॥ ਨਾਨਕ ਗੁਰਮੁਖਿ ਸਾਚਿ ਸਮਾਵੈ ॥੨੭॥ ਗੁਰਮੁਖਿ ਪਰਚੈ ਬੇਦ ਬੀਚਾਰੀ ॥ ਗੁਰਮੁਖਿ ਪਰਚੈ ਤਰੀਐ ਤਾਰੀ ॥ ਗੁਰਮੁਖਿ ਪਰਚੈ ਸੁ ਸਬਦਿ ਗਿਆਨੀ ॥ ਗੁਰਮੁਖਿ ਪਰਚੈ ਅੰਤਰ ਬਿਧਿ ਜਾਨੀ ॥ ਗੁਰਮੁਖਿ ਪਾਈਐ ਅਲਖ ਅਪਾਰੁ ॥ ਨਾਨਕ ਗੁਰਮੁਖਿ ਮੁਕਤਿ ਦੁਆਰੁ ॥੨੮॥ ਗੁਰਮੁਖਿ ਅਕਥੁ ਕਥੈ ਬੀਚਾਰਿ ॥ ਗੁਰਮੁਖਿ ਨਿਬਹੈ ਸਪਰਵਾਰਿ ॥ ਗੁਰਮੁਖਿ ਜਪੀਐ ਅੰਤਰਿ ਪਿਆਰਿ ॥ ਗੁਰਮੁਖਿ ਪਾਈਐ ਸਬਦਿ ਅਚਾਰਿ ॥ ਸਬਦਿ ਭੇਦਿ ਜਾਣੈ ਜਾਣਾਈ ॥ ਨਾਨਕ ਹਉਮੈ ਜਾਲਿ ਸਮਾਈ ॥੨੯॥ ਗੁਰਮੁਖਿ ਧਰਤੀ ਸਾਚੈ ਸਾਜੀ ॥ ਤਿਸ ਮਹਿ ਓਪਤਿ ਖਪਤਿ ਸੁ ਬਾਜੀ ॥ ਗੁਰ ਕੈ ਸਬਦਿ ਰਪੈ ਰੰਗੁ ਲਾਇ ॥ ਸਾਚਿ ਰਤਉ ਪਤਿ ਸਿਉ ਘਰਿ ਜਾਇ ॥ ਸਾਚ ਸਬਦ ਬਿਨੁ ਪਤਿ ਨਹੀ ਪਾਵੈ ॥ ਨਾਨਕ ਬਿਨੁ ਨਾਵੈ ਕਿਉ ਸਾਚਿ ਸਮਾਵੈ ॥੩੦॥ ਗੁਰਮੁਖਿ ਅਸਟ ਸਿਧੀ ਸਭਿ ਬੁਧੀ ॥ ਗੁਰਮੁਖਿ ਭਵਜਲੁ ਤਰੀਐ ਸਚ ਸੁਧੀ ॥ ਗੁਰਮੁਖਿ ਸਰ ਅਪਸਰ ਬਿਧਿ ਜਾਣੈ ॥ ਗੁਰਮੁਖਿ ਪਰਵਿਰਤਿ ਨਰਵਿਰਤਿ ਪਛਾਣੈ ॥ ਗੁਰਮੁਖਿ ਤਾਰੇ ਪਾਰਿ ਉਤਾਰੇ ॥ ਨਾਨਕ ਗੁਰਮੁਖਿ ਸਬਦਿ ਨਿਸਤਾਰੇ ॥੩੧॥ ਨਾਮੇ ਰਾਤੇ ਹਉਮੈ ਜਾਇ ॥ ਨਾਮਿ ਰਤੇ ਸਚਿ ਰਹੇ ਸਮਾਇ ॥ ਨਾਮਿ ਰਤੇ ਜੋਗ ਜੁਗਤਿ ਬੀਚਾਰੁ ॥ ਨਾਮਿ ਰਤੇ ਪਾਵਹਿ ਮੋਖ ਦੁਆਰੁ ॥ ਨਾਮਿ ਰਤੇ ਤ੍ਰਿਭਵਣ ਸੋਝੀ ਹੋਇ ॥ ਨਾਨਕ ਨਾਮਿ ਰਤੇ ਸਦਾ ਸੁਖੁ ਹੋਇ ॥੩੨॥ ਨਾਮਿ ਰਤੇ ਸਿਧ ਗੋਸਟਿ ਹੋਇ ॥ ਨਾਮਿ ਰਤੇ ਸਦਾ ਤਪੁ ਹੋਇ ॥ ਨਾਮਿ ਰਤੇ ਸਚੁ ਕਰਣੀ ਸਾਰੁ ॥ ਨਾਮਿ ਰਤੇ ਗੁਣ

ਗਿਆਨ ਬੀਚਾਰੁ ॥ ਬਿਨੁ ਨਾਵੈ ਬੋਲੈ ਸਭੁ ਵੇਕਾਰੁ ॥ ਨਾਨਕ ਨਾਮਿ ਰਤੇ ਤਿਨ ਕਉ ਜੈਕਾਰੁ ॥੩੩॥ ਪੂਰੇ ਗੁਰ ਤੇ ਨਾਮੁ ਪਾਇਆ ਜਾਇ ॥ ਜੋਗ ਜੁਗਤਿ ਸਚਿ ਰਹੈ ਸਮਾਇ ॥ ਬਾਰਹ ਮਹਿ ਜੋਗੀ ਭਰਮਾਏ ਸੰਨਿਆਸੀ ਛਿਅ ਚਾਰਿ ॥ ਗੁਰ ਕੈ ਸਬਦਿ ਜੋ ਮਰਿ ਜੀਵੈ ਸੋ ਪਾਏ ਮੋਖ ਦੁਆਰੁ ॥ ਬਿਨੁ ਸਬਦੈ ਸਭਿ ਦੂਜੈ ਲਾਗੇ ਦੇਖਹੁ ਰਿਦੈ ਬੀਚਾਰਿ ॥ ਨਾਨਕ ਵਡੇ ਸੇ ਵਡਭਾਗੀ ਜਿਨੀ ਸਚੁ ਰਖਿਆ ਉਰ ਧਾਰਿ ॥੩੪॥ ਗੁਰਮੁਖਿ ਰਤਨੁ ਲਹੈ ਲਿਵ ਲਾਇ ॥ ਗੁਰਮੁਖਿ ਪਰਖੈ ਰਤਨੁ ਸੁਭਾਇ ॥ ਗੁਰਮੁਖਿ ਸਾਚੀ ਕਾਰ ਕਮਾਇ ॥ ਗੁਰਮੁਖਿ ਸਾਚੇ ਮਨੁ ਪਤੀਆਇ ॥ ਗੁਰਮੁਖਿ ਅਲਖੁ ਲਖਾਏ ਤਿਸੁ ਭਾਵੈ ॥ ਨਾਨਕ ਗੁਰਮੁਖਿ ਚੋਟ ਨ ਖਾਵੈ ॥੩੫॥ ਗੁਰਮੁਖਿ ਨਾਮੁ ਦਾਨੁ ਇਸਨਾਨੁ ॥ ਗੁਰਮੁਖਿ ਲਾਗੈ ਸਹਜਿ ਧਿਆਨੁ ॥ ਗੁਰਮੁਖਿ ਪਾਵੈ ਦਰਗਹ ਮਾਨੁ ॥ ਗੁਰਮੁਖਿ ਭਉ ਭੰਜਨੁ ਪਰਧਾਨੁ ॥ ਗੁਰਮੁਖਿ ਕਰਣੀ ਕਾਰ ਕਰਾਏ ॥ ਨਾਨਕ ਗੁਰਮੁਖਿ ਮੇਲਿ ਮਿਲਾਏ ॥੩੬॥ ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ ॥ ਗੁਰਮੁਖਿ ਪਾਵੈ ਘਟਿ ਘਟਿ ਭੇਦ ॥ ਗੁਰਮੁਖਿ ਵੈਰ ਵਿਰੋਧ ਗਵਾਵੈ ॥ ਗੁਰਮੁਖਿ ਸਗਲੀ ਗਣਤ ਮਿਟਾਵੈ ॥ ਗੁਰਮੁਖਿ ਰਾਮ ਨਾਮ ਰੰਗਿ ਰਾਤਾ ॥ ਨਾਨਕ ਗੁਰਮੁਖਿ ਖਸਮੁ ਪਛਾਤਾ ॥੩੭॥ ਬਿਨੁ ਗੁਰ ਭਰਮੈ ਆਵੈ ਜਾਇ ॥ ਬਿਨੁ ਗੁਰ ਘਾਲ ਨ ਪਵਈ ਥਾਇ ॥ ਬਿਨੁ ਗੁਰ ਮਨੂਆ ਅਤਿ ਡੋਲਾਇ ॥ ਬਿਨੁ ਗੁਰ ਤ੍ਰਿਪਤਿ ਨਹੀ ਬਿਖੁ ਖਾਇ ॥ ਬਿਨੁ ਗੁਰ ਬਿਸੀਅਰੁ ਡਸੈ ਮਰਿ ਵਾਟ ॥ ਨਾਨਕ ਗੁਰ ਬਿਨੁ ਘਾਟੇ ਘਾਟ ॥੩੮॥ ਜਿਸੁ ਗੁਰੁ ਮਿਲੈ ਤਿਸੁ ਪਾਰਿ ਉਤਾਰੈ ॥ ਅਵਗਣ ਮੇਟੈ ਗੁਣਿ ਨਿਸਤਾਰੈ ॥ ਮੁਕਤਿ ਮਹਾ ਸੁਖ ਗੁਰ ਸਬਦੁ ਬੀਚਾਰਿ ॥ ਗੁਰਮੁਖਿ ਕਦੇ ਨ ਆਵੈ ਹਾਰਿ ॥ ਤਨੁ ਹਟੜੀ ਇਹੁ ਮਨੁ ਵਣਜਾਰਾ ॥ ਨਾਨਕ ਸਹਜੇ ਸਚੁ ਵਾਪਾਰਾ ॥੩੯॥ ਗੁਰਮੁਖਿ ਬਾਂਧਿਓ ਸੇਤੁ ਬਿਧਾਤੈ ॥ ਲੰਕਾ ਲੂਟੀ ਦੈਤ ਸੰਤਾਪੈ ॥ ਰਾਮਚੰਦਿ ਮਾਰਿਓ ਅਹਿ ਰਾਵਣੁ ॥ ਭੇਦੁ ਬਭੀਖਣ ਗੁਰਮੁਖਿ ਪਰਚਾਇਣੁ ॥ ਗੁਰਮੁਖਿ ਸਾਇਰਿ ਪਾਹਣ ਤਾਰੇ ॥ ਗੁਰਮੁਖਿ ਕੋਟਿ ਤੇਤੀਸ ਉਧਾਰੇ ॥੪੦॥ ਗੁਰਮੁਖਿ ਚੂਕੈ ਆਵਣ ਜਾਣੁ ॥ ਗੁਰਮੁਖਿ ਦਰਗਹ ਪਾਵੈ ਮਾਣੁ ॥ ਗੁਰਮੁਖਿ ਖੋਟੇ ਖਰੇ ਪਛਾਣੁ ॥ ਗੁਰਮੁਖਿ ਲਾਗੈ ਸਹਜਿ ਧਿਆਨੁ ॥ ਗੁਰਮੁਖਿ ਦਰਗਹ ਸਿਫਤਿ ਸਮਾਇ ॥ ਨਾਨਕ ਗੁਰਮੁਖਿ ਬੰਧੁ ਨ ਪਾਇ ॥੪੧॥ ਗੁਰਮੁਖਿ ਨਾਮੁ ਨਿਰੰਜਨ ਪਾਏ ॥ ਗੁਰਮੁਖਿ ਹਉਮੈ ਸਬਦਿ ਜਲਾਏ ॥ ਗੁਰਮੁਖਿ ਸਾਚੇ ਕੇ ਗੁਣ ਗਾਏ ॥ ਗੁਰਮੁਖਿ ਸਾਚੈ ਰਹੈ ਸਮਾਏ ॥ ਗੁਰਮੁਖਿ ਸਾਚਿ ਨਾਮਿ ਪਤਿ ਊਤਮ ਹੋਇ ॥ ਨਾਨਕ ਗੁਰਮੁਖਿ ਸਗਲ ਭਵਣ ਕੀ ਸੋਝੀ ਹੋਇ ॥੪੨॥ ਕਵਣ ਮੂਲੁ ਕਵਣ ਮਤਿ ਵੇਲਾ ॥ ਤੇਰਾ ਕਵਣੁ ਗੁਰੂ ਜਿਸ ਕਾ ਤੂ ਚੇਲਾ ॥ ਕਵਣ ਕਥਾ ਲੇ ਰਹਹੁ ਨਿਰਾਲੇ ॥ ਬੋਲੈ ਨਾਨਕੁ ਸੁਣਹੁ ਤੁਮ ਬਾਲੇ ॥ ਏਸੁ ਕਥਾ ਕਾ ਦੇਇ ਬੀਚਾਰੁ ॥ ਭਵਜਲੁ ਸਬਦਿ ਲੰਘਾਵਣਹਾਰੁ ॥੪੩॥ ਪਵਨ ਅਰੰਭੁ ਸਤਿਗੁਰ ਮਤਿ ਵੇਲਾ ॥ ਸਬਦੁ ਗੁਰੂ ਸੁਰਤਿ ਧੁਨਿ ਚੇਲਾ ॥ ਅਕਥ ਕਥਾ ਲੇ ਰਹਉ ਨਿਰਾਲਾ ॥ ਨਾਨਕ ਜੁਗਿ ਜੁਗਿ ਗੁਰ ਗੋਪਾਲਾ ॥ ਏਕੁ ਸਬਦੁ ਜਿਤੁ ਕਥਾ ਵੀਚਾਰੀ ॥ ਗੁਰਮੁਖਿ ਹਉਮੈ ਅਗਨਿ ਨਿਵਾਰੀ ॥੪੪॥ ਮੈਣ ਕੇ ਦੰਤ ਕਿਉ ਖਾਈਐ ਸਾਰੁ ॥ ਜਿਤੁ ਗਰਬੁ ਜਾਇ ਸੁ ਕਵਣੁ ਆਹਾਰੁ ॥ ਹਿਵੈ ਕਾ

ਘਰੁ ਮੰਦਰੁ ਅਗਨਿ ਪਿਰਾਹਨੁ ॥ ਕਵਨ ਗੁਫਾ ਜਿਤੁ ਰਹੈ ਅਵਾਹਨੁ ॥ ਇਤ ਉਤ ਕਿਸ ਕਉ ਜਾਨਿ ਸਮਾਵੈ ॥ ਕਵਨ ਧਿਆਨੁ ਮਨੁ ਮਨਹਿ ਸਮਾਵੈ ॥੪੫॥ ਹਉ ਹਉ ਮੈ ਮੈ ਵਿਚਹੁ ਖੋਵੈ ॥ ਦੂਜਾ ਮੇਟੈ ਏਕੋ ਹੋਵੈ ॥ ਜਗੁ ਕਰੜਾ ਮਨਮੁਖੁ ਗਾਵਾਰੁ ॥ ਸਬਦੁ ਕਮਾਈਐ ਖਾਈਐ ਸਾਰੁ ॥ ਅੰਤਰਿ ਬਾਹਰਿ ਏਕੋ ਜਾਣੈ ॥ ਨਾਨਕ ਅਗਨਿ ਮਰੈ ਸਤਿਗੁਰ ਕੈ ਭਾਣੈ ॥੪੬॥ ਸਚ ਭੈ ਰਾਤਾ ਗਰਬੁ ਨਿਵਾਰੈ ॥ ਏਕੋ ਜਾਤਾ ਸਬਦੁ ਵੀਚਾਰੈ ॥ ਸਬਦੁ ਵਸੈ ਸਚੁ ਅੰਤਰਿ ਹੀਆ ॥ ਤਨੁ ਮਨੁ ਸੀਤਲੁ ਰੰਗਿ ਰੰਗੀਆ ॥ ਕਾਮੁ ਕ੍ਰੋਧੁ ਬਿਖੁ ਅਗਨਿ ਨਿਵਾਰੇ ॥ ਨਾਨਕ ਨਦਰੀ ਨਦਰਿ ਪਿਆਰੇ ॥੪੭॥ ਕਵਨ ਮੁਖਿ ਚੰਦੁ ਹਿਵੈ ਘਰੁ ਛਾਇਆ ॥ ਕਵਨ ਮੁਖਿ ਸੂਰਜੁ ਤਪੈ ਤਪਾਇਆ ॥ ਕਵਨ ਮੁਖਿ ਕਾਲੁ ਜੋਹਤ ਨਿਤ ਰਹੈ ॥ ਕਵਨ ਬੁਧਿ ਗੁਰਮੁਖਿ ਪਤਿ ਰਹੈ ॥ ਕਵਨੁ ਜੋਧੁ ਜੋ ਕਾਲੁ ਸੰਘਾਰੈ ॥ ਬੋਲੈ ਬਾਣੀ ਨਾਨਕੁ ਬੀਚਾਰੈ ॥੪੮॥ ਸਬਦੁ ਭਾਖਤ ਸਸਿ ਜੋਤਿ ਅਪਾਰਾ ॥ ਸਸਿ ਘਰਿ ਸੂਰੁ ਵਸੈ ਮਿਟੈ ਅੰਧਿਆਰਾ ॥ ਸੁਖੁ ਦੁਖੁ ਸਮ ਕਰਿ ਨਾਮੁ ਅਧਾਰਾ ॥ ਆਪੇ ਪਾਰਿ ਉਤਾਰਣਹਾਰਾ ॥ ਗੁਰ ਪਰਚੈ ਮਨੁ ਸਾਚਿ ਸਮਾਇ ॥ ਪ੍ਰਣਵਤਿ ਨਾਨਕੁ ਕਾਲੁ ਨ ਖਾਇ ॥੪੯॥ ਨਾਮ ਤਤੁ ਸਭ ਹੀ ਸਿਰਿ ਜਾਪੈ ॥ ਬਿਨੁ ਨਾਵੈ ਦੁਖੁ ਕਾਲੁ ਸੰਤਾਪੈ ॥ ਤਤੋ ਤਤੁ ਮਿਲੈ ਮਨੁ ਮਾਨੈ ॥ ਦੂਜਾ ਜਾਇ ਇਕਤੁ ਘਰਿ ਆਨੈ ॥ ਬੋਲੈ ਪਵਨਾ ਗਗਨੁ ਗਰਜੈ ॥ ਨਾਨਕ ਨਿਹਚਲੁ ਮਿਲਣੁ ਸਹਜੈ ॥੫੦॥ ਅੰਤਰਿ ਸੁੰਨੰ ਬਾਹਰਿ ਸੁੰਨੰ ਤ੍ਰਿਭਵਣ ਸੁੰਨ ਮਸੁੰਨੰ ॥ ਚਉਥੇ ਸੁੰਨੈ ਜੋ ਨਰੁ ਜਾਣੈ ਤਾ ਕਉ ਪਾਪੁ ਨ ਪੁੰਨੰ ॥ ਘਟਿ ਘਟਿ ਸੁੰਨ ਕਾ ਜਾਣੈ ਭੇਉ ॥ ਆਦਿ ਪੁਰਖੁ ਨਿਰੰਜਨ ਦੇਉ ॥ ਜੋ ਜਨੁ ਨਾਮ ਨਿਰੰਜਨ ਰਾਤਾ ॥ ਨਾਨਕ ਸੋਈ ਪੁਰਖੁ ਬਿਧਾਤਾ ॥੫੧॥ ਸੁੰਨੋ ਸੁੰਨੁ ਕਹੈ ਸਭੁ ਕੋਈ ॥ ਅਨਹਤ ਸੁੰਨੁ ਕਹਾ ਤੇ ਹੋਈ ॥ ਅਨਹਤ ਸੁੰਨਿ ਰਤੇ ਸੇ ਕੈਸੇ ॥ ਜਿਸ ਤੇ ਉਪਜੇ ਤਿਸ ਹੀ ਜੈਸੇ ॥ ਓਇ ਜਨਮਿ ਨ ਮਰਹਿ ਨ ਆਵਹਿ ਜਾਹਿ ॥ ਨਾਨਕ ਗੁਰਮੁਖਿ ਮਨੁ ਸਮਝਾਹਿ ॥੫੨॥ ਨਉ ਸਰ ਸੁਭਰ ਦਸਵੈ ਪੂਰੇ ॥ ਤਹ ਅਨਹਤ ਸੁੰਨ ਵਜਾਵਹਿ ਤੂਰੇ ॥ ਸਾਚੈ ਰਾਚੇ ਦੇਖਿ ਹਜੂਰੇ ॥ ਘਟਿ ਘਟਿ ਸਾਚੁ ਰਹਿਆ ਭਰਪੂਰੇ ॥ ਗੁਪਤੀ ਬਾਣੀ ਪਰਗਟੁ ਹੋਇ ॥ ਨਾਨਕ ਪਰਖਿ ਲਏ ਸਚੁ ਸੋਇ ॥੫੩॥ ਸਹਜ ਭਾਇ ਮਿਲੀਐ ਸੁਖੁ ਹੋਵੈ ॥ ਗੁਰਮੁਖਿ ਜਾਗੈ ਨੀਦ ਨ ਸੋਵੈ ॥ ਸੁੰਨ ਸਬਦੁ ਅਪਰੰਪਰਿ ਧਾਰੈ ॥ ਕਹਤੇ ਮੁਕਤੁ ਸਬਦਿ ਨਿਸਤਾਰੈ ॥ ਗੁਰ ਕੀ ਦੀਖਿਆ ਸੇ ਸਚਿ ਰਾਤੇ ॥ ਨਾਨਕ ਆਪੁ ਗਵਾਇ ਮਿਲਣ ਨਹੀ ਭ੍ਰਾਤੇ ॥੫੪॥ ਕੁਬੁਧਿ ਚਵਾਵੈ ਸੋ ਕਿਤੁ ਠਾਇ ॥ ਕਿਉ ਤਤੁ ਨ ਬੂਝੈ ਚੋਟਾ ਖਾਇ ॥ ਜਮ ਦਰਿ ਬਾਧੇ ਕੋਇ ਨ ਰਾਖੈ ॥ ਬਿਨੁ ਸਬਦੈ ਨਾਹੀ ਪਤਿ ਸਾਖੈ ॥ ਕਿਉ ਕਰਿ ਬੂਝੈ ਪਾਵੈ ਪਾਰੁ ॥ ਨਾਨਕ ਮਨਮੁਖਿ ਨ ਬੁਝੈ ਗਵਾਰੁ ॥੫੫॥ ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ ॥ ਸਤਿਗੁਰੁ ਭੇਟੈ ਮੋਖ ਦੁਆਰ ॥ ਤਤੁ ਨ ਚੀਨੈ ਮਨਮੁਖੁ ਜਲਿ ਜਾਇ ॥ ਦੁਰਮਤਿ ਵਿਛੁੜਿ ਚੋਟਾ ਖਾਇ ॥ ਮਾਨੈ ਹੁਕਮੁ ਸਭੇ ਗੁਣ ਗਿਆਨ ॥ ਨਾਨਕ ਦਰਗਹ ਪਾਵੈ ਮਾਨੁ ॥੫੬॥ ਸਾਚੁ ਵਖਰੁ ਧਨੁ ਪਲੈ ਹੋਇ ॥ ਆਪਿ ਤਰੈ ਤਾਰੇ ਭੀ ਸੋਇ ॥ ਸਹਜਿ ਰਤਾ ਬੂਝੈ ਪਤਿ ਹੋਇ ॥ ਤਾ ਕੀ ਕੀਮਤਿ ਕਰੈ ਨ ਕੋਇ ॥ ਜਹ ਦੇਖਾ ਤਹ ਰਹਿਆ ਸਮਾਇ ॥ ਨਾਨਕ ਪਾਰਿ ਪਰੈ ਸਚ

ਭਾਇ ॥੫੭॥ ਸੁ ਸਬਦ ਕਾ ਕਹਾ ਵਾਸੁ ਕਥੀਅਲੇ ਜਿਤੁ ਤਰੀਐ ਭਵਜਲੁ ਸੰਸਾਰੋ ॥ ਤ੍ਰੈ ਸਤ ਅੰਗੁਲ ਵਾਈ ਕਹੀਐ ਤਿਸੁ ਕਹੁ ਕਵਨੁ ਅਧਾਰੋ ॥ ਬੋਲੈ ਖੇਲੈ ਅਸਥਿਰੁ ਹੋਵੈ ਕਿਉ ਕਰਿ ਅਲਖੁ ਲਖਾਏ ॥ ਸੁਣਿ ਸੁਆਮੀ ਸਚੁ ਨਾਨਕੁ ਪ੍ਰਣਵੈ ਅਪਣੇ ਮਨ ਸਮਝਾਏ ॥ ਗੁਰਮੁਖਿ ਸਬਦੇ ਸਚਿ ਲਿਵ ਲਾਗੈ ਕਰਿ ਨਦਰੀ ਮੇਲਿ ਮਿਲਾਏ ॥ ਆਪੇ ਦਾਨਾ ਆਪੇ ਬੀਨਾ ਪੂਰੈ ਭਾਗਿ ਸਮਾਏ ॥੫੮॥ ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ ॥ ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ ॥ ਨਦਰਿ ਕਰੇ ਸਬਦੁ ਘਟ ਮਹਿ ਵਸੈ ਵਿਚਹੁ ਭਰਮੁ ਗਵਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਨਾਮੋੁ ਮੰਨਿ ਵਸਾਏ ॥ ਸਬਦਿ ਗੁਰੂ ਭਵਸਾਗਰੁ ਤਰੀਐ ਇਤ ਉਤ ਏਕੋ ਜਾਣੈ ॥ ਚਿਹਨੁ ਵਰਨੁ ਨਹੀ ਛਾਇਆ ਮਾਇਆ ਨਾਨਕ ਸਬਦੁ ਪਛਾਣੈ ॥੫੯॥ ਤ੍ਰੈ ਸਤ ਅੰਗੁਲ ਵਾਈ ਅਉਧੂ ਸੁੰਨ ਸਚੁ ਆਹਾਰੋ ॥ ਗੁਰਮੁਖਿ ਬੋਲੈ ਤਤੁ ਬਿਰੋਲੈ ਚੀਨੈ ਅਲਖ ਅਪਾਰੋ ॥ ਤ੍ਰੈ ਗੁਣ ਮੇਟੈ ਸਬਦੁ ਵਸਾਏ ਤਾ ਮਨਿ ਚੂਕੈ ਅਹੰਕਾਰੋ ॥ ਅੰਤਰਿ ਬਾਹਰਿ ਏਕੋ ਜਾਣੈ ਤਾ ਹਰਿ ਨਾਮਿ ਲਗੈ ਪਿਆਰੋ ॥ ਸੁਖਮਨਾ ਇੜਾ ਪਿੰਗੁਲਾ ਬੂਝੈ ਜਾ ਆਪੇ ਅਲਖੁ ਲਖਾਏ ॥ ਨਾਨਕ ਤਿਹੁ ਤੇ ਊਪਰਿ ਸਾਚਾ ਸਤਿਗੁਰ ਸਬਦਿ ਸਮਾਏ ॥੬੦॥ ਮਨ ਕਾ ਜੀਉ ਪਵਨੁ ਕਥੀਅਲੇ ਪਵਨੁ ਕਹਾ ਰਸੁ ਖਾਈ ॥ ਗਿਆਨ ਕੀ ਮੁਦ੍ਰਾ ਕਵਨ ਅਉਧੂ ਸਿਧ ਕੀ ਕਵਨ ਕਮਾਈ ॥ ਬਿਨੁ ਸਬਦੈ ਰਸੁ ਨ ਆਵੈ ਅਉਧੂ ਹਉਮੈ ਪਿਆਸ ਨ ਜਾਈ ॥ ਸਬਦਿ ਰਤੇ ਅੰਮ੍ਰਿਤ ਰਸੁ ਪਾਇਆ ਸਾਚੇ ਰਹੇ ਅਘਾਈ ॥ ਕਵਨ ਬੁਧਿ ਜਿਤੁ ਅਸਥਿਰੁ ਰਹੀਐ ਕਿਤੁ ਭੋਜਨਿ ਤ੍ਰਿਪਤਾਸੈ ॥ ਨਾਨਕ ਦੁਖੁ ਸੁਖੁ ਸਮ ਕਰਿ ਜਾਪੈ ਸਤਿਗੁਰ ਤੇ ਕਾਲੁ ਨ ਗ੍ਰਾਸੈ ॥੬੧॥ ਰੰਗਿ ਨ ਰਾਤਾ ਰਸਿ ਨਹੀ ਮਾਤਾ ॥ ਬਿਨੁ ਗੁਰ ਸਬਦੈ ਜਲਿ ਬਲਿ ਤਾਤਾ ॥ ਬਿੰਦੁ ਨ ਰਾਖਿਆ ਸਬਦੁ ਨ ਭਾਖਿਆ ॥ ਪਵਨੁ ਨ ਸਾਧਿਆ ਸਚੁ ਨ ਅਰਾਧਿਆ ॥ ਅਕਥ ਕਥਾ ਲੇ ਸਮ ਕਰਿ ਰਹੈ ॥ ਤਉ ਨਾਨਕ ਆਤਮ ਰਾਮ ਕਉ ਲਹੈ ॥੬੨॥ ਗੁਰ ਪਰਸਾਦੀ ਰੰਗੇ ਰਾਤਾ ॥ ਅੰਮ੍ਰਿਤੁ ਪੀਆ ਸਾਚੇ ਮਾਤਾ ॥ ਗੁਰ ਵੀਚਾਰੀ ਅਗਨਿ ਨਿਵਾਰੀ ॥ ਅਪਿਉ ਪੀਓ ਆਤਮ ਸੁਖੁ ਧਾਰੀ ॥ ਸਚੁ ਅਰਾਧਿਆ ਗੁਰਮੁਖਿ ਤਰੁ ਤਾਰੀ ॥ ਨਾਨਕ ਬੂਝੈ ਕੋ ਵੀਚਾਰੀ ॥੬੩॥ ਇਹੁ ਮਨੁ ਮੈਗਲੁ ਕਹਾ ਬਸੀਅਲੇ ਕਹਾ ਬਸੈ ਇਹੁ ਪਵਨਾ ॥ ਕਹਾ ਬਸੈ ਸੁ ਸਬਦੁ ਅਉਧੂ ਤਾ ਕਉ ਚੂਕੈ ਮਨ ਕਾ ਭਵਨਾ ॥ ਨਦਰਿ ਕਰੇ ਤਾ ਸਤਿਗੁਰੁ ਮੇਲੇ ਤਾ ਨਿਜ ਘਰਿ ਵਾਸਾ ਇਹੁ ਮਨੁ ਪਾਏ ॥ ਆਪੈ ਆਪੁ ਖਾਇ ਤਾ ਨਿਰਮਲੁ ਹੋਵੈ ਧਾਵਤੁ ਵਰਜਿ ਰਹਾਏ ॥ ਕਿਉ ਮੂਲੁ ਪਛਾਣੈ ਆਤਮੁ ਜਾਣੈ ਕਿਉ ਸਸਿ ਘਰਿ ਸੂਰੁ ਸਮਾਵੈ ॥ ਗੁਰਮੁਖਿ ਹਉਮੈ ਵਿਚਹੁ ਖੋਵੈ ਤਉ ਨਾਨਕ ਸਹਜਿ ਸਮਾਵੈ ॥੬੪॥ ਇਹੁ ਮਨੁ ਨਿਹਚਲੁ ਹਿਰਦੈ ਵਸੀਅਲੇ ਗੁਰਮੁਖਿ ਮੂਲੁ ਪਛਾਣਿ ਰਹੈ ॥ ਨਾਭਿ ਪਵਨੁ ਘਰਿ ਆਸਣਿ ਬੈਸੈ ਗੁਰਮੁਖਿ ਖੋਜਤ ਤਤੁ ਲਹੈ ॥ ਸੁ ਸਬਦੁ ਨਿਰੰਤਰਿ ਨਿਜ ਘਰਿ ਆਛੈ ਤ੍ਰਿਭਵਣ ਜੋਤਿ ਸੁ ਸਬਦਿ ਲਹੈ ॥ ਖਾਵੈ ਦੂਖ ਭੂਖ ਸਾਚੇ ਕੀ ਸਾਚੇ ਹੀ ਤ੍ਰਿਪਤਾਸਿ ਰਹੈ ॥ ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ ॥ ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ ॥੬੫॥ ਜਾ ਇਹੁ

ਹਿਰਦਾ ਦੇਹ ਨ ਹੋਤੀ ਤਉ ਮਨੁ ਕੈਠੈ ਰਹਤਾ ॥ ਨਾਭਿ ਕਮਲ ਅਸਥੰਭੁ ਨ ਹੋਤੋ ਤਾ ਪਵਨੁ ਕਵਨ ਘਰਿ ਸਹਤਾ ॥ ਰੂਪੁ ਨ ਹੋਤੋ ਰੇਖ ਨ ਕਾਈ ਤਾ ਸਬਦਿ ਕਹਾ ਲਿਵ ਲਾਈ ॥ ਰਕਤੁ ਬਿੰਦੁ ਕੀ ਮੜੀ ਨ ਹੋਤੀ ਮਿਤਿ ਕੀਮਤਿ ਨਹੀ ਪਾਈ ॥ ਵਰਨੁ ਭੇਖੁ ਅਸ ਰੂਪੁ ਨ ਜਾਪੀ ਕਿਉ ਕਰਿ ਜਾਪਸਿ ਸਾਚਾ ॥ ਨਾਨਕ ਨਾਮਿ ਰਤੇ ਬੈਰਾਗੀ ਇਬ ਤਬ ਸਾਚੋ ਸਾਚਾ ॥੬੬॥ ਹਿਰਦਾ ਦੇਹ ਨ ਹੋਤੀ ਅਉਧੂ ਤਉ ਮਨੁ ਸੁੰਨਿ ਰਹੈ ਬੈਰਾਗੀ ॥ ਨਾਭਿ ਕਮਲੁ ਅਸਥੰਭੁ ਨ ਹੋਤੋ ਤਾ ਨਿਜ ਘਰਿ ਬਸਤਉ ਪਵਨੁ ਅਨਰਾਗੀ ॥ ਰੂਪੁ ਨ ਰੇਖਿਆ ਜਾਤਿ ਨ ਹੋਤੀ ਤਉ ਅਕੁਲੀਣਿ ਰਹਤਉ ਸਬਦੁ ਸੁ ਸਾਰੁ ॥ ਗਉਨੁ ਗਗਨੁ ਜਬ ਤਬਹਿ ਨ ਹੋਤਉ ਤ੍ਰਿਭਵਣ ਜੋਤਿ ਆਪੇ ਨਿਰੰਕਾਰੁ ॥ ਵਰਨੁ ਭੇਖੁ ਅਸਰੂਪੁ ਸੁ ਏਕੋ ਏਕੋ ਸਬਦੁ ਵਿਡਾਣੀ ॥ ਸਾਚ ਬਿਨਾ ਸੂਚਾ ਕੋ ਨਾਹੀ ਨਾਨਕ ਅਕਥ ਕਹਾਣੀ ॥੬੭॥ ਕਿਤੁ ਕਿਤੁ ਬਿਧਿ ਜਗੁ ਉਪਜੈ ਪੁਰਖਾ ਕਿਤੁ ਕਿਤੁ ਦੁਖਿ ਬਿਨਸਿ ਜਾਈ ॥ ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ ਪਾਈ ॥ ਗੁਰਮੁਖਿ ਹੋਵੈ ਸੁ ਗਿਆਨੁ ਤਤੁ ਬੀਚਾਰੈ ਹਉਮੈ ਸਬਦਿ ਜਲਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਾਚੈ ਰਹੈ ਸਮਾਏ ॥ ਨਾਮੇ ਨਾਮਿ ਰਹੈ ਬੈਰਾਗੀ ਸਾਚੁ ਰਖਿਆ ਉਰਿ ਧਾਰੇ ॥ ਨਾਨਕ ਬਿਨੁ ਨਾਵੈ ਜੋਗੁ ਕਦੇ ਨ ਹੋਵੈ ਦੇਖਹੁ ਰਿਦੈ ਬੀਚਾਰੇ ॥੬੮॥ ਗੁਰਮੁਖਿ ਸਾਚੁ ਸਬਦੁ ਬੀਚਾਰੈ ਕੋਇ ॥ ਗੁਰਮੁਖਿ ਸਚੁ ਬਾਣੀ ਪਰਗਟੁ ਹੋਇ ॥ ਗੁਰਮੁਖਿ ਮਨੁ ਭੀਜੈ ਵਿਰਲਾ ਬੂਝੈ ਕੋਇ ॥ ਗੁਰਮੁਖਿ ਨਿਜ ਘਰਿ ਵਾਸਾ ਹੋਇ ॥ ਗੁਰਮੁਖਿ ਜੋਗੀ ਜੁਗਤਿ ਪਛਾਣੈ ॥ ਗੁਰਮੁਖਿ ਨਾਨਕ ਏਕੋ ਜਾਣੈ ॥੬੯॥ ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ ॥ ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ ॥ ਬਿਨੁ ਸਤਿਗੁਰ ਭੇਟੇ ਮਹਾ ਗਰਬਿ ਗੁਬਾਰਿ ॥ ਨਾਨਕ ਬਿਨੁ ਗੁਰ ਮੁਆ ਜਨਮੁ ਹਾਰਿ ॥੭੦॥ ਗੁਰਮੁਖਿ ਮਨੁ ਜੀਤਾ ਹਉਮੈ ਮਾਰਿ ॥ ਗੁਰਮੁਖਿ ਸਾਚੁ ਰਖਿਆ ਉਰ ਧਾਰਿ ॥ ਗੁਰਮੁਖਿ ਜਗੁ ਜੀਤਾ ਜਮਕਾਲੁ ਮਾਰਿ ਬਿਦਾਰਿ ॥ ਗੁਰਮੁਖਿ ਦਰਗਹ ਨ ਆਵੈ ਹਾਰਿ ॥ ਗੁਰਮੁਖਿ ਮੇਲਿ ਮਿਲਾਏ ਸੁੋ ਜਾਣੈ ॥ ਨਾਨਕ ਗੁਰਮੁਖਿ ਸਬਦਿ ਪਛਾਣੈ ॥੭੧॥ ਸਬਦੈ ਕਾ ਨਿਬੇੜਾ ਸੁਣਿ ਤੂ ਅਉਧੂ ਬਿਨੁ ਨਾਵੈ ਜੋਗੁ ਨ ਹੋਈ ॥ ਨਾਮੇ ਰਾਤੇ ਅਨਦਿਨੁ ਮਾਤੇ ਨਾਮੈ ਤੇ ਸੁਖੁ ਹੋਈ ॥ ਨਾਮੈ ਹੀ ਤੇ ਸਭੁ ਪਰਗਟੁ ਹੋਵੈ ਨਾਮੇ ਸੋਝੀ ਪਾਈ ॥ ਬਿਨੁ ਨਾਵੈ ਭੇਖ ਕਰਹਿ ਬਹੁਤੇਰੇ ਸਚੈ ਆਪਿ ਖੁਆਈ ॥ ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ ॥ ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ ॥੭੨॥ ਤੇਰੀ ਗਤਿ ਮਿਤਿ ਤੂਹੈ ਜਾਣਹਿ ਕਿਆ ਕੋ ਆਖਿ ਵਖਾਣੈ ॥ ਤੂ ਆਪੇ ਗੁਪਤਾ ਆਪੇ ਪਰਗਟੁ ਆਪੇ ਸਭਿ ਰੰਗ ਮਾਣੈ ॥ ਸਾਧਿਕ ਸਿਧ ਗੁਰੂ ਬਹੁ ਚੇਲੇ ਖੋਜਤ ਫਿਰਹਿ ਫੁਰਮਾਣੈ ॥ ਮਾਗਹਿ ਨਾਮੁ ਪਾਇ ਇਹ ਭਿਖਿਆ ਤੇਰੇ ਦਰਸਨ ਕਉ ਕੁਰਬਾਣੈ ॥ ਅਬਿਨਾਸੀ ਪ੍ਰਭਿ ਖੇਲੁ ਰਚਾਇਆ ਗੁਰਮੁਖਿ ਸੋਝੀ ਹੋਈ ॥ ਨਾਨਕ ਸਭਿ ਜੁਗ ਆਪੇ ਵਰਤੈ ਦੂਜਾ ਅਵਰੁ ਨ ਕੋਈ ॥੭੩॥੧॥ (ਅੰਗ ੯੩੮-੪੬)

# ਬਾਵਨ ਅਖਰੀ

ੴ ਸਤਿਗੁਰ ਪ੍ਰਸਾਦਿ ॥ ਗਉੜੀ ਬਾਵਨ ਅਖਰੀ ਮਹਲਾ ੫ ॥

ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ ॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥੧॥ ਸਲੋਕੁ ॥ ਆਪਹਿ ਕੀਆ ਕਰਾਇਆ ਆਪਹਿ ਕਰਨੈ ਜੋਗੁ ॥ ਨਾਨਕ ਏਕੋ ਰਵਿ ਰਹਿਆ ਦੂਸਰ ਹੋਆ ਨ ਹੋਗੁ ॥੧॥ ਪਉੜੀ ॥ ਓਅੰ ਸਾਧ ਸਤਿਗੁਰ ਨਮਸਕਾਰੰ ॥ ਆਦਿ ਮਧਿ ਅੰਤਿ ਨਿਰੰਕਾਰੰ ॥ ਆਪਹਿ ਸੁੰਨ ਆਪਹਿ ਸੁਖ ਆਸਨ ॥ ਆਪਹਿ ਸੁਨਤ ਆਪ ਹੀ ਜਾਸਨ ॥ ਆਪਨ ਆਪੁ ਆਪਹਿ ਉਪਾਇਓ ॥ ਆਪਹਿ ਬਾਪ ਆਪ ਹੀ ਮਾਇਓ ॥ ਆਪਹਿ ਸੂਖਮ ਆਪਹਿ ਅਸਥੂਲਾ ॥ ਲਖੀ ਨ ਜਾਈ ਨਾਨਕ ਲੀਲਾ ॥੧॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਤੇਰੇ ਸੰਤਨ ਕੀ ਮਨੁ ਹੋਇ ਰਵਾਲਾ ॥ ਰਹਾਉ ॥ ਸਲੋਕੁ ॥ ਨਿਰੰਕਾਰ ਆਕਾਰ ਆਪਿ ਨਿਰਗੁਨ ਸਰਗੁਨ ਏਕ ॥ ਏਕਹਿ ਏਕ ਬਖਾਨਨੋ ਨਾਨਕ ਏਕ ਅਨੇਕ ॥੧॥ ਪਉੜੀ ॥ ਓਅੰ ਗੁਰਮੁਖਿ ਕੀਓ ਅਕਾਰਾ ॥ ਏਕਹਿ ਸੂਤਿ ਪਰੋਵਨਹਾਰਾ ॥ ਭਿੰਨ ਭਿੰਨ ਤ੍ਰੈ ਗੁਣ ਬਿਸਥਾਰੰ ॥ ਨਿਰਗੁਨ ਤੇ ਸਰਗੁਨ ਦ੍ਰਿਸਟਾਰੰ ॥ ਸਗਲ ਭਾਤਿ ਕਰਿ ਕਰਹਿ ਉਪਾਇਓ ॥ ਜਨਮ ਮਰਨ ਮਨ ਮੋਹੁ ਬਢਾਇਓ ॥ ਦੁਹੂ ਭਾਤਿ ਤੇ ਆਪਿ ਨਿਰਾਰਾ ॥ ਨਾਨਕ ਅੰਤੁ ਨ ਪਾਰਾਵਾਰਾ ॥੨॥ ਸਲੋਕੁ ॥ ਸੇਈ ਸਾਹ ਭਗਵੰਤ ਸੇ ਸਚੁ ਸੰਪੈ ਹਰਿ ਰਾਸਿ ॥ ਨਾਨਕ ਸਚੁ ਸੁਚਿ ਪਾਈਐ ਤਿਹ ਸੰਤਨ ਕੈ ਪਾਸਿ ॥੧॥ ਪਵੜੀ ॥ ਸਸਾ ਸਤਿ ਸਤਿ ਸਤਿ ਸੋਊ ॥ ਸਤਿ ਪੁਰਖ ਤੇ ਭਿੰਨ ਨ ਕੋਊ ॥ ਸੋਊ ਸਰਨਿ ਪਰੈ ਜਿਹ ਪਾਯੰ ॥ ਸਿਮਰਿ ਸਿਮਰਿ ਗੁਨ ਗਾਇ ਸੁਨਾਯੰ ॥ ਸੰਸੈ ਭਰਮੁ ਨਹੀ ਕਛੁ ਬਿਆਪਤ ॥ ਪ੍ਰਗਟ ਪ੍ਰਤਾਪੁ ਤਾਹੂ ਕੋ ਜਾਪਤ ॥ ਸੋ ਸਾਧੂ ਇਹ ਪਹੁਚਨਹਾਰਾ ॥ ਨਾਨਕ ਤਾ ਕੈ ਸਦ ਬਲਿਹਾਰਾ ॥੩॥ ਸਲੋਕੁ ॥ ਧਨੁ ਧਨੁ ਕਹਾ ਪੁਕਾਰਤੇ ਮਾਇਆ ਮੋਹ ਸਭ ਕੂਰ ॥ ਨਾਮ ਬਿਹੂਨੇ ਨਾਨਕਾ ਹੋਤ ਜਾਤ ਸਭੁ ਧੂਰ ॥੧॥ ਪਵੜੀ ॥ ਧਧਾ ਧੂਰਿ ਪੁਨੀਤ ਤੇਰੇ ਜਨੂਆ ॥ ਧਨਿ ਤੇਊ ਜਿਹ ਰੁਚ ਇਆ ਮਨੂਆ ॥ ਧਨੁ ਨਹੀ ਬਾਛਹਿ ਸੁਰਗ ਨ ਆਛਹਿ ॥ ਅਤਿ ਪ੍ਰਿਅ ਪ੍ਰੀਤਿ ਸਾਧ ਰਜ ਰਾਚਹਿ ॥ ਧੰਧੇ

ਕਹਾ ਬਿਆਪਹਿ ਤਾਹੂ ॥ ਜੋ ਏਕ ਛਾਡਿ ਅਨ ਕਤਹਿ ਨ ਜਾਹੂ ॥ ਜਾ ਕੈ ਹੀਐ ਦੀਓ ਪ੍ਰਭ ਨਾਮ ॥ ਨਾਨਕ ਸਾਧ ਪੂਰਨ ਭਗਵਾਨ ॥੪॥ ਸਲੋਕ ॥ ਅਨਿਕ ਭੇਖ ਅਰੁ ਙਿਆਨ ਧਿਆਨ ਮਨਹਠਿ ਮਿਲਿਅਉ ਨ ਕੋਇ ॥ ਕਹੁ ਨਾਨਕ ਕਿਰਪਾ ਭਈ ਭਗਤੁ ਙਿਆਨੀ ਸੋਇ ॥੧॥ ਪਉੜੀ ॥ ਙੰਙਾ ਙਿਆਨੁ ਨਹੀ ਮੁਖ ਬਾਤਉ ॥ ਅਨਿਕ ਜੁਗਤਿ ਸਾਸਤ੍ਰ ਕਰਿ ਭਾਤਉ ॥ ਙਿਆਨੀ ਸੋਇ ਜਾ ਕੈ ਦ੍ਰਿੜ ਸੋਊ ॥ ਕਹਤ ਸੁਨਤ ਕਛੁ ਜੋਗੁ ਨ ਹੋਊ ॥ ਙਿਆਨੀ ਰਹਤ ਆਗਿਆ ਦ੍ਰਿੜੁ ਜਾ ਕੈ ॥ ਉਸਨ ਸੀਤ ਸਮਸਰਿ ਸਭ ਤਾ ਕੈ ॥ ਙਿਆਨੀ ਤਤੁ ਗੁਰਮੁਖਿ ਬੀਚਾਰੀ ॥ ਨਾਨਕ ਜਾ ਕਉ ਕਿਰਪਾ ਧਾਰੀ ॥੫॥ ਸਲੋਕੁ ॥ ਆਵਨ ਆਏ ਸ੍ਰਿਸਟਿ ਮਹਿ ਬਿਨੁ ਬੂਝੇ ਪਸੁ ਢੋਰ ॥ ਨਾਨਕ ਗੁਰਮੁਖਿ ਸੋ ਬੁਝੈ ਜਾ ਕੈ ਭਾਗ ਮਥੋਰ ॥੧॥ ਪਉੜੀ ॥ ਯਾ ਜੁਗ ਮਹਿ ਏਕਹਿ ਕਉ ਆਇਆ ॥ ਜਨਮਤ ਮੋਹਿਓ ਮੋਹਨੀ ਮਾਇਆ ॥ ਗਰਭ ਕੁੰਟ ਮਹਿ ਉਰਧ ਤਪ ਕਰਤੇ ॥ ਸਾਸਿ ਸਾਸਿ ਸਿਮਰਤ ਪ੍ਰਭੁ ਰਹਤੇ ॥ ਉਰਝਿ ਪਰੇ ਜੋ ਛੋਡਿ ਛਡਾਨਾ ॥ ਦੇਵਨਹਾਰੁ ਮਨਹਿ ਬਿਸਰਾਨਾ ॥ ਧਾਰਹੁ ਕਿਰਪਾ ਜਿਸਹਿ ਗੁਸਾਈ ॥ ਇਤ ਉਤ ਨਾਨਕ ਤਿਸੁ ਬਿਸਰਹੁ ਨਾਹੀ ॥੬॥ ਸਲੋਕੁ ॥ ਆਵਤ ਹੁਕਮਿ ਬਿਨਾਸ ਹੁਕਮਿ ਆਗਿਆ ਭਿੰਨ ਨ ਕੋਇ ॥ ਆਵਨ ਜਾਨਾ ਤਿਹ ਮਿਟੈ ਨਾਨਕ ਜਿਹ ਮਨਿ ਸੋਇ ॥੧॥ ਪਉੜੀ ॥ ਏਊ ਜੀਅ ਬਹੁਤੁ ਗ੍ਰਭ ਵਾਸੇ ॥ ਮੋਹ ਮਗਨ ਮੀਠ ਜੋਨਿ ਫਾਸੇ ॥ ਇਨਿ ਮਾਇਆ ਤ੍ਰੈ ਗੁਣ ਬਸਿ ਕੀਨੇ ॥ ਆਪਨ ਮੋਹ ਘਟੇ ਘਟਿ ਦੀਨੇ ॥ ਏ ਸਾਜਨ ਕਛੁ ਕਹਹੁ ਉਪਾਇਆ ॥ ਜਾ ਤੇ ਤਰਉ ਬਿਖਮ ਇਹ ਮਾਇਆ ॥ ਕਰਿ ਕਿਰਪਾ ਸਤਸੰਗਿ ਮਿਲਾਏ ॥ ਨਾਨਕ ਤਾ ਕੈ ਨਿਕਟਿ ਨ ਮਾਏ ॥੭॥ ਸਲੋਕੁ ॥ ਕਿਰਤ ਕਮਾਵਨ ਸੁਭ ਅਸੁਭ ਕੀਨੇ ਤਿਨਿ ਪ੍ਰਭਿ ਆਪਿ ॥ ਪਸੁ ਆਪਨ ਹਉ ਹਉ ਕਰੈ ਨਾਨਕ ਬਿਨੁ ਹਰਿ ਕਹਾ ਕਮਾਤਿ ॥੧॥ ਪਉੜੀ ॥ ਏਕਹਿ ਆਪਿ ਕਰਾਵਨਹਾਰਾ ॥ ਆਪਹਿ ਪਾਪ ਪੁੰਨ ਬਿਸਥਾਰਾ ॥ ਇਆ ਜੁਗ ਜਿਤੁ ਜਿਤੁ ਆਪਹਿ ਲਾਇਓ ॥ ਸੋ ਸੋ ਪਾਇਓ ਜੁ ਆਪਿ ਦਿਵਾਇਓ ॥ ਉਆ ਕਾ ਅੰਤੁ ਨ ਜਾਨੈ ਕੋਊ ॥ ਜੋ ਜੋ ਕਰੈ ਸੋਊ ਫੁਨਿ ਹੋਊ ॥ ਏਕਹਿ ਤੇ ਸਗਲਾ ਬਿਸਥਾਰਾ ॥ ਨਾਨਕ ਆਪਿ ਸਵਾਰਨਹਾਰਾ ॥੮॥ ਸਲੋਕੁ ॥ ਰਾਚਿ ਰਹੇ ਬਨਿਤਾ ਬਿਨੋਦ ਕੁਸਮ ਰੰਗ ਬਿਖ ਸੋਰ ॥ ਨਾਨਕ ਤਿਹ ਸਰਨੀ ਪਰਉ ਬਿਨਸਿ ਜਾਇ ਮੈ ਮੋਰ ॥੧॥ ਪਉੜੀ ॥ ਰੇ ਮਨ ਬਿਨੁ ਹਰਿ ਜਹ ਰਚਹੁ ਤਹ ਤਹ ਬੰਧਨ ਪਾਹਿ ॥ ਜਿਹ ਬਿਧਿ ਕਤਹੂ ਨ ਛੂਟੀਐ ਸਾਕਤ ਤੇਊ ਕਮਾਹਿ ॥ ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ ॥ ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ ॥ ਬਾਧੇ ਜਮ ਕੀ ਜੇਵਰੀ ਮੀਠੀ ਮਾਇਆ ਰੰਗ ॥ ਭ੍ਰਮ ਕੇ ਮੋਹੇ ਨਹ ਬੁਝਹਿ ਸੋ ਪ੍ਰਭੁ ਸਦਹੂ ਸੰਗ ॥ ਲੇਖੈ ਗਣਤ ਨ ਛੂਟੀਐ ਕਾਚੀ ਭੀਤਿ ਨ ਸੁਧਿ ॥ ਜਿਸਹਿ ਬੁਝਾਏ ਨਾਨਕਾ ਤਿਹ ਗੁਰਮੁਖਿ ਨਿਰਮਲ ਬੁਧਿ ॥੯॥ ਸਲੋਕੁ ॥ ਟੂਟੇ ਬੰਧਨ ਜਾਸੁ ਕੇ ਹੋਆ ਸਾਧੂ ਸੰਗੁ ॥ ਜੋ ਰਾਤੇ ਰੰਗ ਏਕ ਕੈ ਨਾਨਕ ਗੂੜਾ ਰੰਗੁ ॥੧॥ ਪਉੜੀ ॥ ਰਾਰਾ ਰੰਗਹੁ ਇਆ ਮਨੁ ਅਪਨਾ ॥ ਹਰਿ ਹਰਿ ਨਾਮੁ ਜਪਹੁ ਜਪੁ ਰਸਨਾ ॥ ਰੇ ਰੇ ਦਰਗਹ ਕਹੈ ਨ ਕੋਊ ॥ ਆਉ ਬੈਠੁ ਆਦਰੁ ਸੁਭ ਦੇਊ ॥ ਉਆ ਮਹਲੀ ਪਾਵਹਿ ਤੂ

ਬਾਸਾ ॥ ਜਨਮ ਮਰਨ ਨਹ ਹੋਇ ਬਿਨਾਸਾ ॥ ਮਸਤਕਿ ਕਰਮੁ ਲਿਖਿਓ ਧੁਰਿ ਜਾ ਕੈ ॥ ਹਰਿ ਸੰਪੈ ਨਾਨਕ ਘਰਿ ਤਾ ਕੈ ॥੧੦॥ ਸਲੋਕੁ ॥ ਲਾਲਚ ਝੂਠ ਬਿਕਾਰ ਮੋਹ ਬਿਆਪਤ ਮੂੜੇ ਅੰਧ ॥ ਲਾਗਿ ਪਰੇ ਦੁਰਗੰਧ ਸਿਉ ਨਾਨਕ ਮਾਇਆ ਬੰਧ ॥੧॥ ਪਉੜੀ ॥ ਲਲਾ ਲਪਟਿ ਬਿਖੈ ਰਸ ਰਾਤੇ ॥ ਅਹੰਬੁਧਿ ਮਾਇਆ ਮਦ ਮਾਤੇ ॥ ਇਆ ਮਾਇਆ ਮਹਿ ਜਨਮਹਿ ਮਰਨਾ ॥ ਜਿਉ ਜਿਉ ਹੁਕਮੁ ਤਿਵੈ ਤਿਉ ਕਰਨਾ ॥ ਕੋਊ ਊਨ ਨ ਕੋਊ ਪੂਰਾ ॥ ਕੋਊ ਸੁਘਰੁ ਨ ਕੋਊ ਮੂਰਾ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ ॥ ਨਾਨਕ ਠਾਕੁਰ ਸਦਾ ਅਲਿਪਨਾ ॥੧੧॥ ਸਲੋਕੁ ॥ ਲਾਲ ਗੁਪਾਲ ਗੋਬਿੰਦ ਪ੍ਰਭ ਗਹਿਰ ਗੰਭੀਰ ਅਥਾਹ ॥ ਦੂਸਰ ਨਾਹੀ ਅਵਰ ਕੋ ਨਾਨਕ ਬੇਪਰਵਾਹ ॥੧॥ ਪਉੜੀ ॥ ਲਲਾ ਤਾ ਕੈ ਲਵੈ ਨ ਕੋਊ ॥ ਏਕਹਿ ਆਪਿ ਅਵਰ ਨਹ ਹੋਊ ॥ ਹੋਵਨਹਾਰੁ ਹੋਤ ਸਦ ਆਇਆ ॥ ਉਆ ਕਾ ਅੰਤੁ ਨ ਕਾਹੂ ਪਾਇਆ ॥ ਕੀਟ ਹਸਤਿ ਮਹਿ ਪੂਰ ਸਮਾਨੇ ॥ ਪ੍ਰਗਟ ਪੁਰਖ ਸਭ ਠਾਊ ਜਾਨੇ ॥ ਜਾ ਕਉ ਦੀਨੋ ਹਰਿ ਰਸੁ ਅਪਨਾ ॥ ਨਾਨਕ ਗੁਰਮੁਖਿ ਹਰਿ ਹਰਿ ਤਿਹ ਜਪਨਾ ॥੧੨॥ ਸਲੋਕੁ ॥ ਆਤਮ ਰਸੁ ਜਿਹ ਜਾਨਿਆ ਹਰਿ ਰੰਗ ਸਹਜੇ ਮਾਣੁ ॥ ਨਾਨਕ ਧਨਿ ਧਨਿ ਧੰਨਿ ਜਨ ਆਏ ਤੇ ਪਰਵਾਣੁ ॥੧॥ ਪਉੜੀ ॥ ਆਇਆ ਸਫਲ ਤਾਹੂ ਕੋ ਗਨੀਐ ॥ ਜਾਸੁ ਰਸਨ ਹਰਿ ਹਰਿ ਜਸੁ ਭਨੀਐ ॥ ਆਇ ਬਸਹਿ ਸਾਧੂ ਕੈ ਸੰਗੇ ॥ ਅਨਦਿਨੁ ਨਾਮੁ ਧਿਆਵਹਿ ਰੰਗੇ ॥ ਆਵਤ ਸੋ ਜਨੁ ਨਾਮਹਿ ਰਾਤਾ ॥ ਜਾ ਕਉ ਦਇਆ ਮਇਆ ਬਿਧਾਤਾ ॥ ਏਕਹਿ ਆਵਨ ਫਿਰਿ ਜੋਨਿ ਨ ਆਇਆ ॥ ਨਾਨਕ ਹਰਿ ਕੈ ਦਰਸਿ ਸਮਾਇਆ ॥੧੩॥ ਸਲੋਕੁ ॥ ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ ॥ ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ ॥੧॥ ਪਉੜੀ ॥ ਯਯਾ ਜਾਰਉ ਦੁਰਮਤਿ ਦੋਊ ॥ ਤਿਸਹਿ ਤਿਆਗਿ ਸੁਖ ਸਹਜੇ ਸੋਊ ॥ ਯਯਾ ਜਾਇ ਪਰਹੁ ਸੰਤ ਸਰਨਾ ॥ ਜਿਹ ਆਸਰ ਇਆ ਭਵਜਲੁ ਤਰਨਾ ॥ ਯਯਾ ਜਨਮਿ ਨ ਆਵੈ ਸੋਊ ॥ ਏਕ ਨਾਮ ਲੇ ਮਨਹਿ ਪਰੋਊ ॥ ਯਯਾ ਜਨਮੁ ਨ ਹਾਰੀਐ ਗੁਰ ਪੂਰੇ ਕੀ ਟੇਕ ॥ ਨਾਨਕ ਤਿਹ ਸੁਖੁ ਪਾਇਆ ਜਾ ਕੈ ਹੀਅਰੈ ਏਕ ॥੧੪॥ ਸਲੋਕੁ ॥ ਅੰਤਰਿ ਮਨ ਤਨ ਬਸਿ ਰਹੇ ਈਤ ਊਤ ਕੇ ਮੀਤ ॥ ਗੁਰਿ ਪੂਰੈ ਉਪਦੇਸਿਆ ਨਾਨਕ ਜਪੀਐ ਨੀਤ ॥੧॥ ਪਉੜੀ ॥ ਅਨਦਿਨੁ ਸਿਮਰਹੁ ਤਾਸੁ ਕਉ ਜੋ ਅੰਤਿ ਸਹਾਈ ਹੋਇ ॥ ਇਹ ਬਿਖਿਆ ਦਿਨ ਚਾਰਿ ਛਿਅ ਛਾਡਿ ਚਲਿਓ ਸਭੁ ਕੋਇ ॥ ਕਾ ਕੋ ਮਾਤ ਪਿਤਾ ਸੁਤ ਧੀਆ ॥ ਗ੍ਰਿਹ ਬਨਿਤਾ ਕਛੁ ਸੰਗਿ ਨ ਲੀਆ ॥ ਐਸੀ ਸੰਚਿ ਜੁ ਬਿਨਸਤ ਨਾਹੀ ॥ ਪਤਿ ਸੇਤੀ ਅਪੁਨੈ ਘਰਿ ਜਾਹੀ ॥ ਸਾਧਸੰਗਿ ਕਲਿ ਕੀਰਤਨੁ ਗਾਇਆ ॥ ਨਾਨਕ ਤੇ ਤੇ ਬਹੁਰਿ ਨ ਆਇਆ ॥੧੫॥ ਸਲੋਕੁ ॥ ਅਤਿ ਸੁੰਦਰ ਕੁਲੀਨ ਚਤੁਰ ਮੁਖਿ ਙਿਆਨੀ ਧਨਵੰਤ ॥ ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ ॥੧॥ ਪਉੜੀ ॥ ਙੰਙਾ ਖਟੁ ਸਾਸਤ੍ਰ ਹੋਇ ਙਿਆਤਾ ॥ ਪੂਰਕੁ ਕੁੰਭਕ ਰੇਚਕ ਕਰਮਾਤਾ ॥ ਙਿਆਨ ਧਿਆਨ ਤੀਰਥ ਇਸਨਾਨੀ ॥ ਸੋਮਪਾਕ ਅਪਰਸ ਉਦਿਆਨੀ ॥ ਰਾਮ ਨਾਮ ਸੰਗਿ ਮਨਿ ਨਹੀ ਹੇਤਾ ॥ ਜੋ ਕਛੁ ਕੀਨੋ ਸੋਊ ਅਨੇਤਾ ॥ ਉਆ ਤੇ ਊਤਮੁ ਗਨਉ ਚੰਡਾਲਾ ॥ ਨਾਨਕ

ਜਿਹ ਮਨਿ ਬਸਹਿ ਗੁਪਾਲਾ ॥੧੬॥ ਸਲੋਕੁ ॥ ਕੁੰਟ ਚਾਰਿ ਦਹ ਦਿਸਿ ਭ੍ਰਮੇ ਕਰਮ ਕਿਰਤਿ ਕੀ ਰੇਖ ॥ ਸੂਖ ਦੂਖ ਮੁਕਤਿ ਜੋਨਿ ਨਾਨਕ ਲਿਖਿਓ ਲੇਖ ॥੧॥ ਪਵੜੀ ॥ ਕਕਾ ਕਾਰਨ ਕਰਤਾ ਸੋਊ ॥ ਲਿਖਿਓ ਲੇਖੁ ਨ ਮੇਟਤ ਕੋਊ ॥ ਨਹੀ ਹੋਤ ਕਛੁ ਦੋਊ ਬਾਰਾ ॥ ਕਰਨੈਹਾਰੁ ਨ ਭੂਲਨਹਾਰਾ ॥ ਕਾਹੂ ਪੰਥੁ ਦਿਖਾਰੈ ਆਪੈ ॥ ਕਾਹੂ ਉਦਿਆਨ ਭ੍ਰਮਤ ਪਛੁਤਾਪੈ ॥ ਆਪਨ ਖੇਲੁ ਆਪ ਹੀ ਕੀਨੋ ॥ ਜੋ ਜੋ ਦੀਨੋ ਸੁ ਨਾਨਕ ਲੀਨੋ ॥੧੭॥ ਸਲੋਕੁ ॥ ਖਾਤ ਖਰਚਤ ਬਿਲਛਤ ਰਹੇ ਟੂਟਿ ਨ ਜਾਹਿ ਭੰਡਾਰ ॥ ਹਰਿ ਹਰਿ ਜਪਤ ਅਨੇਕ ਜਨ ਨਾਨਕ ਨਾਹਿ ਸੁਮਾਰ ॥੧॥ ਪਉੜੀ ॥ ਖਖਾ ਖੂਨਾ ਕਛੁ ਨਹੀ ਤਿਸੁ ਸੰਮ੍ਰਥ ਕੈ ਪਾਹਿ ॥ ਜੋ ਦੇਨਾ ਸੋ ਦੇ ਰਹਿਓ ਭਾਵੈ ਤਹ ਤਹ ਜਾਹਿ ॥ ਖਰਚੁ ਖਜਾਨਾ ਨਾਮ ਧਨੁ ਇਆ ਭਗਤਨ ਕੀ ਰਾਸਿ ॥ ਖਿਮਾ ਗਰੀਬੀ ਅਨਦ ਸਹਜ ਜਪਤ ਰਹਹਿ ਗੁਣਤਾਸ ॥ ਖੇਲਹਿ ਬਿਗਸਹਿ ਅਨਦ ਸਿਉ ਜਾ ਕਉ ਹੋਤ ਕ੍ਰਿਪਾਲ ॥ ਸਦੀਵ ਗਨੀਵ ਸੁਹਾਵਨੇ ਰਾਮ ਨਾਮ ਗ੍ਰਿਹਿ ਮਾਲ ॥ ਖੇਦੁ ਨ ਦੂਖੁ ਨ ਡਾਨੁ ਤਿਹ ਜਾ ਕਉ ਨਦਰਿ ਕਰੀ ॥ ਨਾਨਕ ਜੋ ਪ੍ਰਭ ਭਾਣਿਆ ਪੂਰੀ ਤਿਨਾ ਪਰੀ ॥੧੮॥ ਸਲੋਕੁ ॥ ਗਨਿ ਮਿਨਿ ਦੇਖਹੁ ਮਨੈ ਮਾਹਿ ਸਰਪਰ ਚਲਨੋ ਲੋਗ ॥ ਆਸ ਅਨਿਤ ਗੁਰਮੁਖਿ ਮਿਟੈ ਨਾਨਕ ਨਾਮ ਅਰੋਗ ॥੧॥ ਪਉੜੀ ॥ ਗਗਾ ਗੋਬਿਦ ਗੁਣ ਰਵਹੁ ਸਾਸਿ ਸਾਸਿ ਜਪਿ ਨੀਤ ॥ ਕਹਾ ਬਿਸਾਸਾ ਦੇਹ ਕਾ ਬਿਲਮ ਨ ਕਰਿਹੋ ਮੀਤ ॥ ਨਹ ਬਾਰਿਕ ਨਹ ਜੋਬਨੈ ਨਹ ਬਿਰਧੀ ਕਛੁ ਬੰਧੁ ॥ ਓਹ ਬੇਰਾ ਨਹ ਬੂਝੀਐ ਜਉ ਆਇ ਪਰੈ ਜਮ ਫੰਧੁ ॥ ਗਿਆਨੀ ਧਿਆਨੀ ਚਤੁਰ ਪੇਖਿ ਰਹਨੁ ਨਹੀ ਇਹ ਠਾਇ ॥ ਛਾਡਿ ਛਾਡਿ ਸਗਲੀ ਗਈ ਮੂੜ ਤਹਾ ਲਪਟਾਹਿ ॥ ਗੁਰ ਪ੍ਰਸਾਦਿ ਸਿਮਰਤ ਰਹੈ ਜਾਹੂ ਮਸਤਕਿ ਭਾਗ ॥ ਨਾਨਕ ਆਏ ਸਫਲ ਤੇ ਜਾ ਕਉ ਪ੍ਰਿਅਹਿ ਸੁਹਾਗ ॥੧੯॥ ਸਲੋਕੁ ॥ ਘੋਖੇ ਸਾਸਤ੍ਰ ਬੇਦ ਸਭ ਆਨ ਨ ਕਥਤਉ ਕੋਇ ॥ ਆਦਿ ਜੁਗਾਦੀ ਹੁਣਿ ਹੋਵਤ ਨਾਨਕ ਏਕੈ ਸੋਇ ॥੧॥ ਪਉੜੀ ॥ ਘਘਾ ਘਾਲਹੁ ਮਨਹਿ ਏਹ ਬਿਨੁ ਹਰਿ ਦੂਸਰ ਨਾਹਿ ॥ ਨਹ ਹੋਆ ਨਹ ਹੋਵਨਾ ਜਤ ਕਤ ਓਹੀ ਸਮਾਹਿ ॥ ਘੂਲਹਿ ਤਉ ਮਨ ਜਉ ਆਵਹਿ ਸਰਨਾ ॥ ਨਾਮ ਤਤੁ ਕਲਿ ਮਹਿ ਪੁਨਹਚਰਨਾ ॥ ਘਾਲਿ ਘਾਲਿ ਅਨਿਕ ਪਛੁਤਾਵਹਿ ॥ ਬਿਨੁ ਹਰਿ ਭਗਤਿ ਕਹਾ ਥਿਤਿ ਪਾਵਹਿ ॥ ਘੋਲਿ ਮਹਾ ਰਸੁ ਅੰਮ੍ਰਿਤੁ ਤਿਹ ਪੀਆ ॥ ਨਾਨਕ ਹਰਿ ਗੁਰਿ ਜਾ ਕਉ ਦੀਆ ॥੨੦॥ ਸਲੋਕੁ ॥ ਙਣਿ ਘਾਲੇ ਸਭ ਦਿਵਸ ਸਾਸ ਨਹ ਬਢਨ ਘਟਨ ਤਿਲੁ ਸਾਰ ॥ ਜੀਵਨ ਲੋਰਹਿ ਭਰਮ ਮੋਹ ਨਾਨਕ ਤੇਊ ਗਵਾਰ ॥੧॥ ਪਉੜੀ ॥ ਙੰਙਾ ਙ੍ਰਾਸੈ ਕਾਲੁ ਤਿਹ ਜੋ ਸਾਕਤ ਪ੍ਰਭਿ ਕੀਨ ॥ ਅਨਿਕ ਜੋਨਿ ਜਨਮਹਿ ਮਰਹਿ ਆਤਮ ਰਾਮੁ ਨ ਚੀਨ ॥ ਙਿਆਨ ਧਿਆਨ ਤਾਹੂ ਕਉ ਆਏ ॥ ਕਰਿ ਕਿਰਪਾ ਜਿਹ ਆਪਿ ਦਿਵਾਏ ॥ ਙਣਤੀ ਙਣੀ ਨਹੀ ਕੋਊ ਛੂਟੈ ॥ ਕਾਚੀ ਗਾਗਰਿ ਸਰਪਰ ਫੂਟੈ ॥ ਸੋ ਜੀਵਤ ਜਿਹ ਜੀਵਤ ਜਪਿਆ ॥ ਪ੍ਰਗਟ ਭਏ ਨਾਨਕ ਨਹ ਛਪਿਆ ॥੨੧॥ ਸਲੋਕੁ ॥ ਚਿਤਿ ਚਿਤਵਉ ਚਰਣਾਰਬਿੰਦ ਊਧ ਕਵਲ ਬਿਗਸਾਂਤ ॥ ਪ੍ਰਗਟ ਭਏ ਆਪਹਿ ਗੋੁਬਿੰਦ ਨਾਨਕ ਸੰਤ ਮਤਾਂਤ ॥੧॥ ਪਉੜੀ ॥ ਚਚਾ ਚਰਨ ਕਮਲ ਗੁਰ ਲਾਗਾ ॥ ਧਨਿ ਧਨਿ ਉਆ ਦਿਨ ਸੰਜੋਗ ਸਭਾਗਾ ॥ ਚਾਰਿ ਕੁੰਟ ਦਹ

ਦਿਸਿ ਭ੍ਰਮਿ ਆਇਓ ॥ ਭਈ ਕ੍ਰਿਪਾ ਤਬ ਦਰਸਨੁ ਪਾਇਓ ॥ ਚਾਰ ਬਿਚਾਰ ਬਿਨਸਿਓ ਸਭ ਦੂਆ ॥ ਸਾਧਸੰਗਿ ਮਨੁ ਨਿਰਮਲ ਹੂਆ ॥ ਚਿੰਤ ਬਿਸਾਰੀ ਏਕ ਦ੍ਰਿਸਟੇਤਾ ॥ ਨਾਨਕ ਗਿਆਨ ਅੰਜਨੁ ਜਿਹ ਨੇਤ੍ਰਾ ॥੨੨॥ ਸਲੋਕੁ ॥ ਛਾਤੀ ਸੀਤਲ ਮਨੁ ਸੁਖੀ ਛੰਤ ਗੋਬਿਦ ਗੁਨ ਗਾਇ ॥ ਐਸੀ ਕਿਰਪਾ ਕਰਹੁ ਪ੍ਰਭ ਨਾਨਕ ਦਾਸ ਦਸਾਇ ॥੧॥ ਪਉੜੀ ॥ ਛਛਾ ਛੋਹਰੇ ਦਾਸ ਤੁਮਾਰੇ ॥ ਦਾਸ ਦਾਸਨ ਕੇ ਪਾਨੀਹਾਰੇ ॥ ਛਛਾ ਛਾਰੁ ਹੋਤ ਤੇਰੇ ਸੰਤਾ ॥ ਅਪਨੀ ਕ੍ਰਿਪਾ ਕਰਹੁ ਭਗਵੰਤਾ ॥ ਛਾਡਿ ਸਿਆਨਪ ਬਹੁ ਚਤੁਰਾਈ ॥ ਸੰਤਨ ਕੀ ਮਨ ਟੇਕ ਟਿਕਾਈ ॥ ਛਾਰੁ ਕੀ ਪੁਤਰੀ ਪਰਮ ਗਤਿ ਪਾਈ ॥ ਨਾਨਕ ਜਾ ਕਉ ਸੰਤ ਸਹਾਈ ॥੨੩॥ ਸਲੋਕੁ ॥ ਜੋਰ ਜੁਲਮ ਫੂਲਹਿ ਘਨੋ ਕਾਚੀ ਦੇਹ ਬਿਕਾਰ ॥ ਅਹੰਬੁਧਿ ਬੰਧਨ ਪਰੇ ਨਾਨਕ ਨਾਮ ਛੁਟਾਰ ॥੧॥ ਪਉੜੀ ॥ ਜਜਾ ਜਾਨੈ ਹਉ ਕਛੁ ਹੂਆ ॥ ਬਾਧਿਓ ਜਿਉ ਨਲਿਨੀ ਭ੍ਰਮਿ ਸੂਆ ॥ ਜਉ ਜਾਨੈ ਹਉ ਭਗਤੁ ਗਿਆਨੀ ॥ ਆਗੈ ਠਾਕੁਰਿ ਤਿਲੁ ਨਹੀ ਮਾਨੀ ॥ ਜਉ ਜਾਨੈ ਮੈ ਕਥਨੀ ਕਰਤਾ ॥ ਬਿਆਪਾਰੀ ਬਸੁਧਾ ਜਿਉ ਫਿਰਤਾ ॥ ਸਾਧਸੰਗਿ ਜਿਹ ਹਉਮੈ ਮਾਰੀ ॥ ਨਾਨਕ ਤਾ ਕਉ ਮਿਲੇ ਮੁਰਾਰੀ ॥੨੪॥ ਸਲੋਕੁ ॥ ਝਾਲਾਘੇ ਉਠਿ ਨਾਮੁ ਜਪਿ ਨਿਸਿ ਬਾਸੁਰ ਆਰਾਧਿ ॥ ਕਾਰ੍ਹਾ ਤੁਝੈ ਨ ਬਿਆਪਈ ਨਾਨਕ ਮਿਟੈ ਉਪਾਧਿ ॥੧॥ ਪਉੜੀ ॥ ਝਝਾ ਝੂਰਨੁ ਮਿਟੈ ਤੁਮਾਰੋ ॥ ਰਾਮ ਨਾਮ ਸਿਉ ਕਰਿ ਬਿਉਹਾਰੋ ॥ ਝੂਰਤ ਝੂਰਤ ਸਾਕਤ ਮੂਆ ॥ ਜਾ ਕੈ ਰਿਦੈ ਹੋਤ ਭਾਉ ਬੀਆ ॥ ਝਰਹਿ ਕਸੰਮਲ ਪਾਪ ਤੇਰੇ ਮਨੂਆ ॥ ਅੰਮ੍ਰਿਤ ਕਥਾ ਸੰਤਸੰਗਿ ਸੁਨੂਆ ॥ ਝਰਹਿ ਕਾਮ ਕ੍ਰੋਧ ਦ੍ਰੁਸਟਾਈ ॥ ਨਾਨਕ ਜਾ ਕਉ ਕ੍ਰਿਪਾ ਗੁਸਾਈ ॥੨੫॥ ਸਲੋਕੁ ॥ ਞਤਨ ਕਰਹੁ ਤੁਮ ਅਨਿਕ ਬਿਧਿ ਰਹਨੁ ਨ ਪਾਵਹੁ ਮੀਤ ॥ ਜੀਵਤ ਰਹਹੁ ਹਰਿ ਹਰਿ ਭਜਹੁ ਨਾਨਕ ਨਾਮ ਪਰੀਤਿ ॥੧॥ ਪਵੜੀ ॥ ਞੰਞਾ ਞਾਣਹੁ ਦ੍ਰਿੜੁ ਸਹੀ ਬਿਨਸਿ ਜਾਤ ਏਹ ਹੇਤ ॥ ਗਣਤੀ ਗਣਉ ਨ ਗਣਿ ਸਕਉ ਊਠਿ ਸਿਧਾਰੇ ਕੇਤ ॥ ਞੋ ਪੇਖਉ ਸੋ ਬਿਨਸਤਉ ਕਾ ਸਿਉ ਕਰੀਐ ਸੰਗੁ ॥ ਞਾਣਹੁ ਇਆ ਬਿਧਿ ਸਹੀ ਚਿਤ ਝੂਠਉ ਮਾਇਆ ਰੰਗੁ ॥ ਞਾਣਤ ਸੋਈ ਸੰਤੁ ਸੁਇ ਭ੍ਰਮ ਤੇ ਕੀ ਚਿਤ ਭਿੰਨ ॥ ਅੰਧ ਕੂਪ ਤੇ ਤਿਹ ਕਢਹੁ ਜਿਹ ਹੋਵਹੁ ਸੁਪ੍ਰਸੰਨ ॥ ਞਾ ਕੈ ਹਾਥਿ ਸਮਰਥ ਤੇ ਕਾਰਨ ਕਰਨੈ ਜੋਗ ॥ ਨਾਨਕ ਤਿਹ ਉਸਤਤਿ ਕਰਉ ਞਾਹੂ ਕੀਓ ਸੰਜੋਗ ॥੨੬॥ ਸਲੋਕੁ ॥ ਟੂਟੇ ਬੰਧਨ ਜਨਮ ਮਰਨ ਸਾਧ ਸੇਵ ਸੁਖੁ ਪਾਇ ॥ ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ ॥੧॥ ਪਉੜੀ ॥ ਟਹਲ ਕਰਹੁ ਤਉ ਏਕ ਕੀ ਜਾ ਤੇ ਬ੍ਰਿਥਾ ਨ ਕੋਇ ॥ ਮਨਿ ਤਨਿ ਮੁਖਿ ਹੀਐ ਬਸੈ ਜੋ ਚਾਹਹੁ ਸੋ ਹੋਇ ॥ ਟਹਲ ਮਹਲ ਤਾ ਕਉ ਮਿਲੈ ਜਾ ਕਉ ਸਾਧ ਕ੍ਰਿਪਾਲ ॥ ਸਾਧੂ ਸੰਗਤਿ ਤਉ ਬਸੈ ਜਉ ਆਪਨ ਹੋਹਿ ਦਇਆਲ ॥ ਟੋਹੇ ਟਾਹੇ ਬਹੁ ਭਵਨ ਬਿਨੁ ਨਾਵੈ ਸੁਖੁ ਨਾਹਿ ॥ ਟਲਹਿ ਜਾਮ ਕੇ ਦੂਤ ਤਿਹ ਜੁ ਸਾਧੂ ਸੰਗਿ ਸਮਾਹਿ ॥ ਬਾਰਿ ਬਾਰਿ ਜਾਉ ਸੰਤ ਸਦਕੇ ॥ ਨਾਨਕ ਪਾਪ ਬਿਨਾਸੇ ਕਦਿ ਕੇ ॥੨੭॥ ਸਲੋਕੁ ॥ ਠਾਕ ਨ ਹੋਤੀ ਤਿਨਹੁ ਦਰਿ ਜਿਹ ਹੋਵਹੁ ਸੁਪ੍ਰਸੰਨ ॥ ਜੋ ਜਨ ਪ੍ਰਭਿ ਅਪੁਨੇ ਕਰੇ ਨਾਨਕ ਤੇ ਧਨਿ ਧੰਨਿ ॥੧॥ ਪਉੜੀ ॥ ਠਠਾ ਮਨੂਆ ਠਾਹਹਿ ਨਾਹੀ ॥ ਜੋ ਸਗਲ ਤਿਆਗਿ ਏਕਹਿ

ਲਪਟਾਹੀ ॥ ਠਹਕਿ ਠਹਕਿ ਮਾਇਆ ਸੰਗਿ ਮੂਏ ॥ ਉਆ ਕੈ ਕੁਸਲ ਨ ਕਤਹੂ ਹੂਏ ॥ ਠਾਂਢਿ ਪਰੀ ਸੰਤਹ ਸੰਗਿ ਬਸਿਆ ॥ ਅੰਮ੍ਰਿਤ ਨਾਮੁ ਤਹਾ ਜੀਅ ਰਸਿਆ ॥ ਠਾਕੁਰ ਅਪੁਨੇ ਜੋ ਜਨੁ ਭਾਇਆ ॥ ਨਾਨਕ ਉਆ ਕਾ ਮਨੁ ਸੀਤਲਾਇਆ ॥੨੮॥ ਸਲੋਕੁ ॥ ਡੰਡਉਤਿ ਬੰਦਨ ਅਨਿਕ ਬਾਰ ਸਰਬ ਕਲਾ ਸਮਰਥ ॥ ਡੋਲਨ ਤੇ ਰਾਖਹੁ ਪ੍ਰਭੂ ਨਾਨਕ ਦੇ ਕਰਿ ਹਥ ॥੧॥ ਪਉੜੀ ॥ ਡਡਾ ਡੇਰਾ ਇਹੁ ਨਹੀ ਜਹ ਡੇਰਾ ਤਹ ਜਾਨੁ ॥ ਉਆ ਡੇਰਾ ਕਾ ਸੰਜਮੋ ਗੁਰ ਕੈ ਸਬਦਿ ਪਛਾਨੁ ॥ ਇਆ ਡੇਰਾ ਕਉ ਸ੍ਰਮੁ ਕਰਿ ਘਾਲੈ ॥ ਜਾ ਕਾ ਤਸੂ ਨਹੀ ਸੰਗਿ ਚਾਲੈ ॥ ਉਆ ਡੇਰਾ ਕੀ ਸੋ ਮਿਤਿ ਜਾਨੈ ॥ ਜਾ ਕਉ ਦ੍ਰਿਸਟਿ ਪੂਰਨ ਭਗਵਾਨੈ ॥ ਡੇਰਾ ਨਿਹਚਲੁ ਸਚੁ ਸਾਧਸੰਗ ਪਾਇਆ ॥ ਨਾਨਕ ਤੇ ਜਨ ਨਹ ਡੋਲਾਇਆ ॥੨੯॥ ਸਲੋਕੁ ॥ ਢਾਹਨ ਲਾਗੇ ਧਰਮ ਰਾਇ ਕਿਨਹਿ ਨ ਘਾਲਿਓ ਬੰਧ ॥ ਨਾਨਕ ਉਬਰੇ ਜਪਿ ਹਰੀ ਸਾਧਸੰਗਿ ਸਨਬੰਧ ॥੧॥ ਪਉੜੀ ॥ ਢਢਾ ਢੂਢਤ ਕਹ ਫਿਰਹੁ ਢੂਢਨੁ ਇਆ ਮਨ ਮਾਹਿ ॥ ਸੰਗਿ ਤੁਹਾਰੈ ਪ੍ਰਭੁ ਬਸੈ ਬਨੁ ਬਨੁ ਕਹਾ ਫਿਰਾਹਿ ॥ ਢੇਰੀ ਢਾਹਹੁ ਸਾਧਸੰਗਿ ਅਹੰਬੁਧਿ ਬਿਕਰਾਲ ॥ ਸੁਖੁ ਪਾਵਹੁ ਸਹਜੇ ਬਸਹੁ ਦਰਸਨੁ ਦੇਖਿ ਨਿਹਾਲ ॥ ਢੇਰੀ ਜਾ ਮੈ ਜਮਿ ਮਰੈ ਗਰਭ ਜੋਨਿ ਦੁਖ ਪਾਇ ॥ ਮੋਹ ਮਗਨ ਲਪਟਤ ਰਹੈ ਹਉ ਹਉ ਆਵੈ ਜਾਇ ॥ ਢਹਤ ਢਹਤ ਅਬ ਢਹਿ ਪਰੇ ਸਾਧ ਜਨਾ ਸਰਨਾਇ ॥ ਦੁਖ ਕੇ ਫਾਹੇ ਕਾਟਿਆ ਨਾਨਕ ਲੀਏ ਸਮਾਇ ॥੩੦॥ ਸਲੋਕੁ ॥ ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ ॥੧॥ ਪਉੜੀ ॥ ਣਾਣਾ ਰਣ ਤੇ ਸੀਝੀਐ ਆਤਮ ਜੀਤੈ ਕੋਇ ॥ ਹਉਮੈ ਅਨ ਸਿਉ ਲਰਿ ਮਰੈ ਸੋ ਸੋਭਾ ਦੂ ਹੋਇ ॥ ਮਣੀ ਮਿਟਾਇ ਜੀਵਤ ਮਰੈ ਗੁਰ ਪੂਰੇ ਉਪਦੇਸ ॥ ਮਨੂਆ ਜੀਤੈ ਹਰਿ ਮਿਲੈ ਤਿਹ ਸੂਰਤਣ ਵੇਸ ॥ ਣਾ ਕੋ ਜਾਣੈ ਆਪਣੋ ਏਕਹਿ ਟੇਕ ਅਧਾਰ ॥ ਰੈਣਿ ਦਿਣਸੁ ਸਿਮਰਤ ਰਹੈ ਸੋ ਪ੍ਰਭੁ ਪੁਰਖੁ ਅਪਾਰ ॥ ਰੇਣ ਸਗਲ ਇਆ ਮਨੁ ਕਰੈ ਏਊ ਕਰਮ ਕਮਾਇ ॥ ਹੁਕਮੈ ਬੂਝੈ ਸਦਾ ਸੁਖੁ ਨਾਨਕ ਲਿਖਿਆ ਪਾਇ ॥੩੧॥ ਸਲੋਕੁ ॥ ਤਨੁ ਮਨੁ ਧਨੁ ਅਰਪਉ ਤਿਸੈ ਪ੍ਰਭੂ ਮਿਲਾਵੈ ਮੋਹਿ ॥ ਨਾਨਕ ਭ੍ਰਮ ਭਉ ਕਾਟੀਐ ਚੂਕੈ ਜਮ ਕੀ ਜੋਹ ॥੧॥ ਪਉੜੀ ॥ ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ ॥ ਫਲ ਪਾਵਹਿ ਮਨ ਬਾਛਤੇ ਤਪਤਿ ਤੁਹਾਰੀ ਜਾਇ ॥ ਤ੍ਰਾਸ ਮਿਟੈ ਜਮ ਪੰਥ ਕੀ ਜਾਸੁ ਬਸੈ ਮਨਿ ਨਾਉ ॥ ਗਤਿ ਪਾਵਹਿ ਮਤਿ ਹੋਇ ਪ੍ਰਗਾਸ ਮਹਲੀ ਪਾਵਹਿ ਠਾਉ ॥ ਤਾਹੂ ਸੰਗਿ ਨ ਧਨੁ ਚਲੈ ਗ੍ਰਿਹ ਜੋਬਨ ਨਹ ਰਾਜ ॥ ਸੰਤਸੰਗਿ ਸਿਮਰਤ ਰਹਹੁ ਇਹੈ ਤੁਹਾਰੈ ਕਾਜ ॥ ਤਾਤਾ ਕਛੂ ਨ ਹੋਈ ਹੈ ਜਉ ਤਾਪ ਨਿਵਾਰੈ ਆਪ ॥ ਪ੍ਰਤਿਪਾਲੈ ਨਾਨਕ ਹਮਹਿ ਆਪਹਿ ਮਾਈ ਬਾਪ ॥੩੨॥ ਸਲੋਕੁ ॥ ਥਾਕੇ ਬਹੁ ਬਿਧਿ ਘਾਲਤੇ ਤ੍ਰਿਪਤਿ ਨ ਤ੍ਰਿਸਨਾ ਲਾਥ ॥ ਸੰਚਿ ਸੰਚਿ ਸਾਕਤ ਮੂਏ ਨਾਨਕ ਮਾਇਆ ਨ ਸਾਥ ॥੧॥ ਪਉੜੀ ॥ ਥਥਾ ਥਿਰੁ ਕੋਊ ਨਹੀ ਕਾਇ ਪਸਾਰਹੁ ਪਾਵ ॥ ਅਨਿਕ ਬੰਚ ਬਲ ਛਲ ਕਰਹੁ ਮਾਇਆ ਏਕ ਉਪਾਵ ॥ ਥੈਲੀ ਸੰਚਹੁ ਸ੍ਰਮੁ ਕਰਹੁ ਥਾਕਿ ਪਰਹੁ ਗਾਵਾਰ ॥ ਮਨ ਕੈ ਕਾਮਿ ਨ ਆਵਈ ਅੰਤੇ ਅਉਸਰ ਬਾਰ ॥ ਥਿਤਿ ਪਾਵਹੁ ਗੋਬਿਦ ਭਜਹੁ ਸੰਤਹ

ਕੀ ਸਿਖ ਲੇਹੁ ॥ ਪ੍ਰੀਤਿ ਕਰਹੁ ਸਦ ਏਕ ਸਿਉ ਇਆ ਸਾਚਾ ਅਸਨੇਹੁ ॥ ਕਾਰਨ ਕਰਨ ਕਰਾਵਨੋ ਸਭ ਬਿਧਿ ਏਕੈ ਹਾਥ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਨਾਨਕ ਜੰਤ ਅਨਾਥ ॥੩੩॥ ਸਲੋਕੁ ॥ ਦਾਸਹ ਏਕੁ ਨਿਹਾਰਿਆ ਸਭੁ ਕਛੁ ਦੇਵਨਹਾਰ ॥ ਸਾਸਿ ਸਾਸਿ ਸਿਮਰਤ ਰਹਹਿ ਨਾਨਕ ਦਰਸ ਅਧਾਰ ॥੧॥ ਪਉੜੀ ॥ ਦਦਾ ਦਾਤਾ ਏਕੁ ਹੈ ਸਭ ਕਉ ਦੇਵਨਹਾਰ ॥ ਦੇਂਦੇ ਤੋਟਿ ਨ ਆਵਈ ਅਗਨਤ ਭਰੇ ਭੰਡਾਰ ॥ ਦੈਨਹਾਰੁ ਸਦ ਜੀਵਨਹਾਰਾ ॥ ਮਨ ਮੂਰਖ ਕਿਉ ਤਾਹਿ ਬਿਸਾਰਾ ॥ ਦੋਸੁ ਨਹੀ ਕਾਹੂ ਕਉ ਮੀਤਾ ॥ ਮਾਇਆ ਮੋਹ ਬੰਧੁ ਪ੍ਰਭਿ ਕੀਤਾ ॥ ਦਰਦ ਨਿਵਾਰਹਿ ਜਾ ਕੇ ਆਪੇ ॥ ਨਾਨਕ ਤੇ ਤੇ ਗੁਰਮੁਖਿ ਧ੍ਰਾਪੇ ॥੩੪॥ ਸਲੋਕੁ ॥ ਧਰ ਜੀਅਰੇ ਇਕ ਟੇਕ ਤੂ ਲਾਹਿ ਬਿਡਾਨੀ ਆਸ ॥ ਨਾਨਕ ਨਾਮੁ ਧਿਆਈਐ ਕਾਰਜੁ ਆਵੈ ਰਾਸਿ ॥੧॥ ਪਉੜੀ ॥ ਧਧਾ ਧਾਵਤ ਤਉ ਮਿਟੈ ਸੰਤਸੰਗਿ ਹੋਇ ਬਾਸੁ ॥ ਧੁਰ ਤੇ ਕਿਰਪਾ ਕਰਹੁ ਆਪਿ ਤਉ ਹੋਇ ਮਨਹਿ ਪਰਗਾਸੁ ॥ ਧਨੁ ਸਾਚਾ ਤੇਊ ਸਚ ਸਾਹਾ ॥ ਹਰਿ ਹਰਿ ਪੂੰਜੀ ਨਾਮ ਬਿਸਾਹਾ ॥ ਧੀਰਜੁ ਜਸੁ ਸੋਭਾ ਤਿਹ ਬਨਿਆ ॥ ਹਰਿ ਹਰਿ ਨਾਮੁ ਸ੍ਰਵਨ ਜਿਹ ਸੁਨਿਆ ॥ ਗੁਰਮੁਖਿ ਜਿਹ ਘਟਿ ਰਹੇ ਸਮਾਈ ॥ ਨਾਨਕ ਤਿਹ ਜਨ ਮਿਲੀ ਵਡਾਈ ॥੩੫॥ ਸਲੋਕੁ ॥ ਨਾਨਕ ਨਾਮੁ ਨਾਮੁ ਜਪੁ ਜਪਿਆ ਅੰਤਰਿ ਬਾਹਰਿ ਰੰਗਿ ॥ ਗੁਰਿ ਪੂਰੈ ਉਪਦੇਸਿਆ ਨਰਕੁ ਨਾਹਿ ਸਾਧਸੰਗਿ ॥੧॥ ਪਉੜੀ ॥ ਨੰਨਾ ਨਰਕਿ ਪਰਹਿ ਤੇ ਨਾਹੀ ॥ ਜਾ ਕੈ ਮਨਿ ਤਨਿ ਨਾਮੁ ਬਸਾਹੀ ॥ ਨਾਮੁ ਨਿਧਾਨੁ ਗੁਰਮੁਖਿ ਜੋ ਜਪਤੇ ॥ ਬਿਖੁ ਮਾਇਆ ਮਹਿ ਨਾ ਓਇ ਖਪਤੇ ॥ ਨੰਨਾਕਾਰੁ ਨ ਹੋਤਾ ਤਾ ਕਹੁ ॥ ਨਾਮੁ ਮੰਤ੍ਰੁ ਗੁਰਿ ਦੀਨੋ ਜਾ ਕਹੁ ॥ ਨਿਧਿ ਨਿਧਾਨ ਹਰਿ ਅੰਮ੍ਰਿਤ ਪੂਰੇ ॥ ਤਹ ਬਾਜੇ ਨਾਨਕ ਅਨਹਦ ਤੂਰੇ ॥੩੬॥ ਸਲੋਕੁ ॥ ਪਤਿ ਰਾਖੀ ਗੁਰਿ ਪਾਰਬ੍ਰਹਮ ਤਜਿ ਪਰਪੰਚ ਮੋਹ ਬਿਕਾਰ ॥ ਨਾਨਕ ਸੋਊ ਆਰਾਧੀਐ ਅੰਤੁ ਨ ਪਾਰਾਵਾਰੁ ॥੧॥ ਪਉੜੀ ॥ ਪਪਾ ਪਰਮਿਤਿ ਪਾਰੁ ਨ ਪਾਇਆ ॥ ਪਤਿਤ ਪਾਵਨ ਅਗਮ ਹਰਿ ਰਾਇਆ ॥ ਹੋਤ ਪੁਨੀਤ ਕੋਟ ਅਪਰਾਧੂ ॥ ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ ॥ ਪਰਪਚ ਧ੍ਰੋਹ ਮੋਹ ਮਿਟਨਾਈ ॥ ਜਾ ਕਉ ਰਾਖਹੁ ਆਪਿ ਗੁਸਾਈ ॥ ਪਾਤਿਸਾਹੁ ਛਤ੍ਰ ਸਿਰ ਸੋਊ ॥ ਨਾਨਕ ਦੂਸਰ ਅਵਰੁ ਨ ਕੋਊ ॥੩੭॥ ਸਲੋਕੁ ॥ ਫਾਹੇ ਕਾਟੇ ਮਿਟੇ ਗਵਨ ਫਤਿਹ ਭਈ ਮਨਿ ਜੀਤ ॥ ਨਾਨਕ ਗੁਰ ਤੇ ਥਿਤ ਪਾਈ ਫਿਰਨ ਮਿਟੇ ਨਿਤ ਨੀਤ ॥੧॥ ਪਉੜੀ ॥ ਫਫਾ ਫਿਰਤ ਫਿਰਤ ਤੂ ਆਇਆ ॥ ਦ੍ਰੁਲਭ ਦੇਹ ਕਲਿਜੁਗ ਮਹਿ ਪਾਇਆ ॥ ਫਿਰਿ ਇਆ ਅਉਸਰੁ ਚਰੈ ਨ ਹਾਥਾ ॥ ਨਾਮੁ ਜਪਹੁ ਤਉ ਕਟੀਅਹਿ ਫਾਸਾ ॥ ਫਿਰਿ ਫਿਰਿ ਆਵਨ ਜਾਨੁ ਨ ਹੋਈ ॥ ਏਕਹਿ ਏਕ ਜਪਹੁ ਜਪੁ ਸੋਈ ॥ ਕਰਹੁ ਕ੍ਰਿਪਾ ਪ੍ਰਭ ਕਰਨੈਹਾਰੇ ॥ ਮੇਲਿ ਲੇਹੁ ਨਾਨਕ ਬੇਚਾਰੇ ॥੩੮॥ ਸਲੋਕੁ ॥ ਬਿਨਉ ਸੁਨਹੁ ਤੁਮ ਪਾਰਬ੍ਰਹਮ ਦੀਨ ਦਇਆਲ ਗੁਪਾਲ ॥ ਸੁਖ ਸੰਪੈ ਬਹੁ ਭੋਗ ਰਸ ਨਾਨਕ ਸਾਧ ਰਵਾਲ ॥੧॥ ਪਉੜੀ ॥ ਬਬਾ ਬ੍ਰਹਮੁ ਜਾਨਤ ਤੇ ਬ੍ਰਹਮਾ ॥ ਬੈਸਨੋ ਤੇ ਗੁਰਮੁਖਿ ਸੁਚ ਧਰਮਾ ॥ ਬੀਰਾ ਆਪਨ ਬੁਰਾ ਮਿਟਾਵੈ ॥ ਤਾਹੂ ਬੁਰਾ ਨਿਕਟਿ ਨਹੀ ਆਵੈ ॥ ਬਾਧਿਓ ਆਪਨ ਹਉ ਹਉ ਬੰਧਾ ॥ ਦੋਸੁ ਦੇਤ ਆਗਹ ਕਉ ਅੰਧਾ ॥

ਬਾਤ ਚੀਤ ਸਭ ਰਹੀ ਸਿਆਨਪ ॥ ਜਿਸਹਿ ਜਨਾਵਹੁ ਸੋ ਜਾਨੈ ਨਾਨਕ ॥੩੯॥ ਸਲੋਕੁ ॥ ਭੈ ਭੰਜਨ ਅਘ ਦੂਖ ਨਾਸ ਮਨਹਿ ਅਰਾਧਿ ਹਰੇ ॥ ਸੰਤਸੰਗ ਜਿਹ ਰਿਦ ਬਸਿਓ ਨਾਨਕ ਤੇ ਨ ਭ੍ਰਮੇ ॥੧॥ ਪਉੜੀ ॥ ਭਭਾ ਭਰਮੁ ਮਿਟਾਵਹੁ ਅਪਨਾ ॥ ਇਆ ਸੰਸਾਰੁ ਸਗਲ ਹੈ ਸੁਪਨਾ ॥ ਭਰਮੇ ਸੁਰਿ ਨਰ ਦੇਵੀ ਦੇਵਾ ॥ ਭਰਮੇ ਸਿਧ ਸਾਧਿਕ ਬ੍ਰਹਮੇਵਾ ॥ ਭਰਮਿ ਭਰਮਿ ਮਾਨੁਖ ਡਹਕਾਏ ॥ ਦੁਤਰ ਮਹਾ ਬਿਖਮ ਇਹ ਮਾਏ ॥ ਗੁਰਮੁਖਿ ਭ੍ਰਮ ਭੈ ਮੋਹ ਮਿਟਾਇਆ ॥ ਨਾਨਕ ਤੇਹ ਪਰਮ ਸੁਖ ਪਾਇਆ ॥੪੦॥ ਸਲੋਕੁ ॥ ਮਾਇਆ ਡੋਲੈ ਬਹੁ ਬਿਧੀ ਮਨੁ ਲਪਟਿਓ ਤਿਹ ਸੰਗ ॥ ਮਾਗਨ ਤੇ ਜਿਹ ਤੁਮ ਰਖਹੁ ਸੁ ਨਾਨਕ ਨਾਮਹਿ ਰੰਗ ॥੧॥ ਪਉੜੀ ॥ ਮਮਾ ਮਾਗਨਹਾਰ ਇਆਨਾ ॥ ਦੇਨਹਾਰ ਦੇ ਰਹਿਓ ਸੁਜਾਨਾ ॥ ਜੋ ਦੀਨੋ ਸੋ ਏਕਹਿ ਬਾਰ ॥ ਮਨ ਮੂਰਖ ਕਹ ਕਰਹਿ ਪੁਕਾਰ ॥ ਜਉ ਮਾਗਹਿ ਤਉ ਮਾਗਹਿ ਬੀਆ ॥ ਜਾ ਤੇ ਕੁਸਲ ਨ ਕਾਹੂ ਥੀਆ ॥ ਮਾਗਨਿ ਮਾਗਤ ਏਕਹਿ ਮਾਗ ॥ ਨਾਨਕ ਜਾ ਤੇ ਪਰਹਿ ਪਰਾਗ ॥੪੧॥ ਸਲੋਕ ॥ ਮਤਿ ਪੂਰੀ ਪਰਧਾਨ ਤੇ ਗੁਰ ਪੂਰੇ ਮਨ ਮੰਤ ॥ ਜਿਹ ਜਾਨਿਓ ਪ੍ਰਭੁ ਆਪੁਨਾ ਨਾਨਕ ਤੇ ਭਗਵੰਤ ॥੧॥ ਪਉੜੀ ॥ ਮਮਾ ਜਾਹੂ ਮਰਮੁ ਪਛਾਨਾ ॥ ਭੇਟਤ ਸਾਧਸੰਗ ਪਤੀਆਨਾ ॥ ਦੁਖ ਸੁਖ ਉਆ ਕੈ ਸਮਤ ਬੀਚਾਰਾ ॥ ਨਰਕ ਸੁਰਗ ਰਹਤ ਅਉਤਾਰਾ ॥ ਤਾਹੂ ਸੰਗ ਤਾਹੂ ਨਿਰਲੇਪਾ ॥ ਪੂਰਨ ਘਟ ਘਟ ਪੁਰਖ ਬਿਸੇਖਾ ॥ ਉਆ ਰਸ ਮਹਿ ਉਆਹੂ ਸੁਖੁ ਪਾਇਆ ॥ ਨਾਨਕ ਲਿਪਤ ਨਹੀ ਤਿਹ ਮਾਇਆ ॥੪੨॥ ਸਲੋਕੁ ॥ ਯਾਰ ਮੀਤ ਸੁਨਿ ਸਾਜਨਹੁ ਬਿਨੁ ਹਰਿ ਛੂਟਨੁ ਨਾਹਿ ॥ ਨਾਨਕ ਤਿਹ ਬੰਧਨ ਕਟੇ ਗੁਰ ਕੀ ਚਰਨੀ ਪਾਹਿ ॥੧॥ ਪਵੜੀ ॥ ਯਯਾ ਜਤਨ ਕਰਤ ਬਹੁ ਬਿਧੀਆ ॥ ਏਕ ਨਾਮ ਬਿਨੁ ਕਹ ਲਉ ਸਿਧੀਆ ॥ ਯਾਹੂ ਜਤਨ ਕਰਿ ਹੋਤ ਛੁਟਾਰਾ ॥ ਉਆਹੂ ਜਤਨ ਸਾਧ ਸੰਗਾਰਾ ॥ ਯਾ ਉਬਰਨ ਧਾਰੈ ਸਭੁ ਕੋਊ ॥ ਉਆਹਿ ਜਪੇ ਬਿਨੁ ਉਬਰ ਨ ਹੋਊ ॥ ਯਾਹੂ ਤਰਨ ਤਾਰਨ ਸਮਰਾਥਾ ॥ ਰਾਖਿ ਲੇਹੁ ਨਿਰਗੁਨ ਨਰਨਾਥਾ ॥ ਮਨ ਬਚ ਕ੍ਰਮ ਜਿਹ ਆਪਿ ਜਨਾਈ ॥ ਨਾਨਕ ਤਿਹ ਮਤਿ ਪ੍ਰਗਟੀ ਆਈ ॥੪੩॥ ਸਲੋਕੁ ॥ ਰੋਸੁ ਨ ਕਾਹੂ ਸੰਗ ਕਰਹੁ ਆਪਨ ਆਪੁ ਬੀਚਾਰਿ ॥ ਹੋਇ ਨਿਮਾਨਾ ਜਗਿ ਰਹਹੁ ਨਾਨਕ ਨਦਰੀ ਪਾਰਿ ॥੧॥ ਪਉੜੀ ॥ ਰਾਰਾ ਰੇਨ ਹੋਤ ਸਭ ਜਾ ਕੀ ॥ ਤਜਿ ਅਭਿਮਾਨੁ ਛੁਟੈ ਤੇਰੀ ਬਾਕੀ ॥ ਰਣਿ ਦਰਗਹਿ ਤਉ ਸੀਝਹਿ ਭਾਈ ॥ ਜਉ ਗੁਰਮੁਖਿ ਰਾਮ ਨਾਮ ਲਿਵ ਲਾਈ ॥ ਰਹਤ ਰਹਤ ਰਹਿ ਜਾਹਿ ਬਿਕਾਰਾ ॥ ਗੁਰ ਪੂਰੇ ਕੈ ਸਬਦਿ ਅਪਾਰਾ ॥ ਰਾਤੇ ਰੰਗ ਨਾਮ ਰਸ ਮਾਤੇ ॥ ਨਾਨਕ ਹਰਿ ਗੁਰ ਕੀਨੀ ਦਾਤੇ ॥੪੪॥ ਸਲੋਕੁ ॥ ਲਾਲਚ ਝੂਠ ਬਿਖੈ ਬਿਆਧਿ ਇਆ ਦੇਹੀ ਮਹਿ ਬਾਸ ॥ ਹਰਿ ਹਰਿ ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੂਖਿ ਨਿਵਾਸ ॥੧॥ ਪਉੜੀ ॥ ਲਲਾ ਲਾਵਉ ਅਉਖਧ ਜਾਹੂ ॥ ਦੂਖ ਦਰਦ ਤਿਹ ਮਿਟਹਿ ਖਿਨਾਹੂ ॥ ਨਾਮ ਅਉਖਧੁ ਜਿਹ ਰਿਦੈ ਹਿਤਾਵੈ ॥ ਤਾਹਿ ਰੋਗੁ ਸੁਪਨੈ ਨਹੀ ਆਵੈ ॥ ਹਰਿ ਅਉਖਧੁ ਸਭ ਘਟ ਹੈ ਭਾਈ ॥ ਗੁਰ ਪੂਰੇ ਬਿਨੁ ਬਿਧਿ ਨ ਬਨਾਈ ॥ ਗੁਰਿ ਪੂਰੈ ਸੰਜਮੁ ਕਰਿ ਦੀਆ ॥ ਨਾਨਕ ਤਉ ਫਿਰਿ ਦੂਖ ਨ ਥੀਆ ॥੪੫॥ ਸਲੋਕੁ ॥ ਵਾਸੁਦੇਵ ਸਰਬਤ੍ਰ ਮੈ ਊਨ ਨ ਕਤਹੂ ਠਾਇ ॥ ਅੰਤਰਿ

ਬਾਹਰਿ ਸੰਗਿ ਹੈ ਨਾਨਕ ਕਾਇ ਦੁਰਾਇ ॥੧॥ ਪਉੜੀ ॥ ਵਵਾ ਵੈਰੁ ਨ ਕਰੀਐ ਕਾਹੂ ॥ ਘਟ ਘਟ ਅੰਤਰਿ ਬ੍ਰਹਮ ਸਮਾਹੂ ॥ ਵਾਸੁਦੇਵ ਜਲ ਥਲ ਮਹਿ ਰਵਿਆ ॥ ਗੁਰ ਪ੍ਰਸਾਦਿ ਵਿਰਲੈ ਹੀ ਗਵਿਆ ॥ ਵੈਰ ਵਿਰੋਧ ਮਿਟੇ ਤਿਹ ਮਨ ਤੇ ॥ ਹਰਿ ਕੀਰਤਨੁ ਗੁਰਮੁਖਿ ਜੋ ਸੁਨਤੇ ॥ ਵਰਨ ਚਿਹਨ ਸਗਲਹ ਤੇ ਰਹਤਾ ॥ ਨਾਨਕ ਹਰਿ ਹਰਿ ਗੁਰਮੁਖਿ ਜੋ ਕਹਤਾ ॥੪੬॥ ਸਲੋਕੁ ॥ ਹਉ ਹਉ ਕਰਤ ਬਿਹਾਨੀਆ ਸਾਕਤ ਮੁਗਧ ਅਜਾਨ ॥ ੜੜਕਿ ਮੁਏ ਜਿਉ ਤ੍ਰਿਖਾਵੰਤ ਨਾਨਕ ਕਿਰਤਿ ਕਮਾਨ ॥੧॥ ਪਉੜੀ ॥ ੜਾੜਾ ੜਾੜਿ ਮਿਟੈ ਸੰਗਿ ਸਾਧੂ ॥ ਕਰਮ ਧਰਮ ਤਤੁ ਨਾਮ ਅਰਾਧੂ ॥ ਰੂੜੋ ਜਿਹ ਬਸਿਓ ਰਿਦ ਮਾਹੀ ॥ ਉਆ ਕੀ ੜਾੜਿ ਮਿਟਤ ਬਿਨਸਾਹੀ ॥ ੜਾੜਿ ਕਰਤ ਸਾਕਤ ਗਾਵਾਰਾ ॥ ਜੇਹ ਹੀਐ ਅਹੰਬੁਧਿ ਬਿਕਾਰਾ ॥ ੜਾੜਾ ਗੁਰਮੁਖਿ ੜਾੜਿ ਮਿਟਾਈ ॥ ਨਿਮਖ ਮਾਹਿ ਨਾਨਕ ਸਮਝਾਈ ॥੪੭॥ ਸਲੋਕੁ ॥ ਸਾਧੂ ਕੀ ਮਨ ਓਟ ਗਹੁ ਉਕਤਿ ਸਿਆਨਪ ਤਿਆਗੁ ॥ ਗੁਰ ਦੀਖਿਆ ਜਿਹ ਮਨਿ ਬਸੈ ਨਾਨਕ ਮਸਤਕਿ ਭਾਗੁ ॥੧॥ ਪਉੜੀ ॥ ਸਸਾ ਸਰਨਿ ਪਰੇ ਅਬ ਹਾਰੇ ॥ ਸਾਸਤ੍ਰ ਸਿਮ੍ਰਿਤਿ ਬੇਦ ਪੂਕਾਰੇ ॥ ਸੋਧਤ ਸੋਧਤ ਸੋਧਿ ਬੀਚਾਰਾ ॥ ਬਿਨੁ ਹਰਿ ਭਜਨ ਨਹੀ ਛੁਟਕਾਰਾ ॥ ਸਾਸਿ ਸਾਸਿ ਹਮ ਭੂਲਨਹਾਰੇ ॥ ਤੁਮ ਸਮਰਥ ਅਗਨਤ ਅਪਾਰੇ ॥ ਸਰਨਿ ਪਰੇ ਕੀ ਰਾਖੁ ਦਇਆਲਾ ॥ ਨਾਨਕ ਤੁਮਰੇ ਬਾਲ ਗੁਪਾਲਾ ॥੪੮॥ ਸਲੋਕੁ ॥ ਖੁਦੀ ਮਿਟੀ ਤਬ ਸੁਖ ਭਏ ਮਨ ਤਨ ਭਏ ਅਰੋਗ ॥ ਨਾਨਕ ਦ੍ਰਿਸਟੀ ਆਇਆ ਉਸਤਤਿ ਕਰਨੈ ਜੋਗੁ ॥੧॥ ਪਉੜੀ ॥ ਖਖਾ ਖਰਾ ਸਰਾਹਉ ਤਾਹੂ ॥ ਜੋ ਖਿਨ ਮਹਿ ਊਨੇ ਸੁਭਰ ਭਰਾਹੂ ॥ ਖਰਾ ਨਿਮਾਨਾ ਹੋਤ ਪਰਾਨੀ ॥ ਅਨਦਿਨੁ ਜਾਪੈ ਪ੍ਰਭ ਨਿਰਬਾਨੀ ॥ ਭਾਵੈ ਖਸਮ ਤ ਉਆ ਸੁਖੁ ਦੇਤਾ ॥ ਪਾਰਬ੍ਰਹਮੁ ਐਸੋ ਆਗਨਤਾ ॥ ਅਸੰਖ ਖਤੇ ਖਿਨ ਬਖਸਨਹਾਰਾ ॥ ਨਾਨਕ ਸਾਹਿਬ ਸਦਾ ਦਇਆਰਾ ॥੪੯॥ ਸਲੋਕੁ ॥ ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ ॥ ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ ॥੧॥ ਪਉੜੀ ॥ ਸਸਾ ਸਿਆਨਪ ਛਾਡੁ ਇਆਨਾ ॥ ਹਿਕਮਤਿ ਹੁਕਮਿ ਨ ਪ੍ਰਭੁ ਪਤੀਆਨਾ ॥ ਸਹਸ ਭਾਤਿ ਕਰਹਿ ਚਤੁਰਾਈ ॥ ਸੰਗਿ ਤੁਹਾਰੈ ਏਕ ਨ ਜਾਈ ॥ ਸੋਊ ਸੋਊ ਜਪਿ ਦਿਨ ਰਾਤੀ ॥ ਰੇ ਜੀਅ ਚਲੈ ਤੁਹਾਰੈ ਸਾਥੀ ॥ ਸਾਧ ਸੇਵਾ ਲਾਵੈ ਜਿਹ ਆਪੈ ॥ ਨਾਨਕ ਤਾ ਕਉ ਦੂਖੁ ਨ ਬਿਆਪੈ ॥੫੦॥ ਸਲੋਕੁ ॥ ਹਰਿ ਹਰਿ ਮੁਖ ਤੇ ਬੋਲਨਾ ਮਨਿ ਵੂਠੈ ਸੁਖੁ ਹੋਇ ॥ ਨਾਨਕ ਸਭ ਮਹਿ ਰਵਿ ਰਹਿਆ ਥਾਨ ਥਨੰਤਰਿ ਸੋਇ ॥੧॥ ਪਉੜੀ ॥ ਹੇਰਉ ਘਟਿ ਘਟਿ ਸਗਲ ਕੈ ਪੂਰਿ ਰਹੇ ਭਗਵਾਨ ॥ ਹੋਵਤ ਆਏ ਸਦ ਸਦੀਵ ਦੁਖ ਭੰਜਨ ਗੁਰ ਗਿਆਨ ॥ ਹਉ ਛੁਟਕੈ ਹੋਇ ਅਨੰਦੁ ਤਿਹ ਹਉ ਨਾਹੀ ਤਹ ਆਪਿ ॥ ਹਤੇ ਦੂਖ ਜਨਮਹ ਮਰਨ ਸੰਤਸੰਗ ਪਰਤਾਪ ॥ ਹਿਤ ਕਰਿ ਨਾਮ ਦ੍ਰਿੜੈ ਦਇਆਲਾ ॥ ਸੰਤਹ ਸੰਗਿ ਹੋਤ ਕਿਰਪਾਲਾ ॥ ਓਰੈ ਕਛੂ ਨ ਕਿਨਹੂ ਕੀਆ ॥ ਨਾਨਕ ਸਭੁ ਕਛੁ ਪ੍ਰਭ ਤੇ ਹੂਆ ॥੫੧॥ ਸਲੋਕੁ ॥ ਲੇਖੈ ਕਤਹਿ ਨ ਛੂਟੀਐ ਖਿਨੁ ਖਿਨੁ ਭੂਲਨਹਾਰ ॥ ਬਖਸਨਹਾਰ ਬਖਸਿ ਲੈ ਨਾਨਕ ਪਾਰਿ ਉਤਾਰ ॥੧॥ ਪਉੜੀ ॥ ਲੂਣ ਹਰਾਮੀ ਗੁਨਹਗਾਰ ਬੇਗਾਨਾ ਅਲਪ ਮਤਿ ॥ ਜੀਉ ਪਿੰਡੁ ਜਿਨਿ

ਸੁਖ ਦੀਏ ਤਾਹਿ ਨ ਜਾਨਤ ਤਤ ॥ ਲਾਹਾ ਮਾਇਆ ਕਾਰਨੇ ਦਹ ਦਿਸਿ ਢੂਢਨ ਜਾਇ ॥ ਦੇਵਨਹਾਰ ਦਾਤਾਰ ਪ੍ਰਭ ਨਿਮਖ ਨ ਮਨਹਿ ਬਸਾਇ ॥ ਲਾਲਚ ਝੂਠ ਬਿਕਾਰ ਮੋਹ ਇਆ ਸੰਪੈ ਮਨ ਮਾਹਿ ॥ ਲੰਪਟ ਚੋਰ ਨਿੰਦਕ ਮਹਾ ਤਿਨਹੂ ਸੰਗਿ ਬਿਹਾਇ ॥ ਤੁਧੁ ਭਾਵੈ ਤਾ ਬਖਸਿ ਲੈਹਿ ਖੋਟੇ ਸੰਗਿ ਖਰੇ ॥ ਨਾਨਕ ਭਾਵੈ ਪਾਰਬ੍ਰਹਮ ਪਾਹਨ ਨੀਰਿ ਤਰੇ ॥੫੨॥ ਸਲੋਕੁ ॥ ਖਾਤ ਪੀਤ ਖੇਲਤ ਹਸਤ ਭਰਮੇ ਜਨਮ ਅਨੇਕ ॥ ਭਵਜਲ ਤੇ ਕਾਢਹੁ ਪ੍ਰਭੂ ਨਾਨਕ ਤੇਰੀ ਟੇਕ ॥੧॥ ਪਉੜੀ ॥ ਖੇਲਤ ਖੇਲਤ ਆਇਓ ਅਨਿਕ ਜੋਨਿ ਦੁਖ ਪਾਇ ॥ ਖੇਦ ਮਿਟੇ ਸਾਧੂ ਮਿਲਤ ਸਤਿਗੁਰ ਬਚਨ ਸਮਾਇ ॥ ਖਿਮਾ ਗਹੀ ਸਚੁ ਸੰਚਿਓ ਖਾਇਓ ਅੰਮ੍ਰਿਤੁ ਨਾਮ ॥ ਖਰੀ ਕ੍ਰਿਪਾ ਠਾਕੁਰ ਭਈ ਅਨਦ ਸੂਖ ਬਿਸ੍ਰਾਮ ॥ ਖੇਪ ਨਿਬਾਹੀ ਬਹੁਤੁ ਲਾਭ ਘਰਿ ਆਏ ਪਤਿਵੰਤ ॥ ਖਰਾ ਦਿਲਾਸਾ ਗੁਰਿ ਦੀਆ ਆਇ ਮਿਲੇ ਭਗਵੰਤ ॥ ਆਪਨ ਕੀਆ ਕਰਹਿ ਆਪਿ ਆਗੈ ਪਾਛੈ ਆਪਿ ॥ ਨਾਨਕ ਸੋਊ ਸਰਾਹੀਐ ਜਿ ਘਟਿ ਘਟਿ ਰਹਿਆ ਬਿਆਪਿ ॥੫੩॥ ਸਲੋਕੁ ॥ ਆਏ ਪ੍ਰਭ ਸਰਨਾਗਤੀ ਕਿਰਪਾ ਨਿਧਿ ਦਇਆਲ ॥ ਏਕ ਅਖਰੁ ਹਰਿ ਮਨਿ ਬਸਤ ਨਾਨਕ ਹੋਤ ਨਿਹਾਲ ॥੧॥ ਪਉੜੀ ॥ ਅਖਰ ਮਹਿ ਤ੍ਰਿਭਵਨ ਪ੍ਰਭਿ ਧਾਰੇ ॥ ਅਖਰ ਕਰਿ ਕਰਿ ਬੇਦ ਬੀਚਾਰੇ ॥ ਅਖਰ ਸਾਸਤ੍ਰ ਸਿੰਮ੍ਰਿਤਿ ਪੁਰਾਨਾ ॥ ਅਖਰ ਨਾਦ ਕਥਨ ਵਖ੍ਯ਼ਾਨਾ ॥ ਅਖਰ ਮੁਕਤਿ ਜੁਗਤਿ ਭੈ ਭਰਮਾ ॥ ਅਖਰ ਕਰਮ ਕਿਰਤਿ ਸੁਚ ਧਰਮਾ ॥ ਦ੍ਰਿਸਟਿਮਾਨ ਅਖਰ ਹੈ ਜੇਤਾ ॥ ਨਾਨਕ ਪਾਰਬ੍ਰਹਮ ਨਿਰਲੇਪਾ ॥੫੪॥ ਸਲੋਕੁ ॥ ਹਥਿ ਕਲੰਮ ਅਗੰਮ ਮਸਤਕਿ ਲਿਖਾਵਤੀ ॥ ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ ॥ ਉਸਤਤਿ ਕਹਨੁ ਨ ਜਾਇ ਮੁਖਹੁ ਤੁਹਾਰੀਆ ॥ ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ ॥੧॥ ਪਉੜੀ ॥ ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘਨਾਸ ॥ ਹੇ ਪੂਰਨ ਹੇ ਸਰਬ ਮੈ ਦੁਖ ਭੰਜਨ ਗੁਣਤਾਸ ॥ ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ ॥ ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ ॥ ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ ॥੫੫॥ ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ ॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥੧॥ ਏਹੁ ਸਲੋਕੁ ਆਦਿ ਅੰਤਿ ਪੜਣਾ ॥

(ਅੰਗ ੨੫੦-੨੬੨)

# ਜੈਤਸਰੀ ਦੀ ਵਾਰ

ਜੈਤਸਰੀ ਮਹਲਾ ੫ ਵਾਰ ਸਲੋਕਾ ਨਾਲਿ ੴ ਸਤਿਗੁਰ ਪ੍ਰਸਾਦਿ ॥

ਸਲੋਕ ॥ ਆਦਿ ਪੂਰਨ ਮਧਿ ਪੂਰਨ ਅੰਤਿ ਪੂਰਨ ਪਰਮੇਸੁਰਹ ॥ ਸਿਮਰੰਤਿ ਸੰਤ ਸਰਬਤ੍ਰ ਰਮਣੰ ਨਾਨਕ ਅਘਨਾਸਨ ਜਗਦੀਸੁਰਹ ॥੧॥ ਪੇਖਨ ਸੁਨਨ ਸੁਨਾਵਨੋ ਮਨ ਮਹਿ ਦ੍ਰਿੜੀਐ ਸਾਚੁ ॥ ਪੂਰਿ ਰਹਿਓ ਸਰਬਤ੍ਰ ਮੈ ਨਾਨਕ ਹਰਿ ਰੰਗਿ ਰਾਚੁ ॥੨॥ ਪਉੜੀ ॥ ਹਰਿ ਏਕੁ ਨਿਰੰਜਨੁ ਗਾਈਐ ਸਭ ਅੰਤਰਿ ਸੋਈ ॥ ਕਰਣ ਕਾਰਣ ਸਮਰਥ ਪ੍ਰਭੁ ਜੋ ਕਰੇ ਸੁ ਹੋਈ ॥ ਖਿਨ ਮਹਿ ਥਾਪਿ ਉਥਾਪਦਾ ਤਿਸੁ ਬਿਨੁ ਨਹੀ ਕੋਈ ॥ ਖੰਡ ਬ੍ਰਹਮੰਡ ਪਾਤਾਲ ਦੀਪ ਰਵਿਆ ਸਭ ਲੋਈ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਨਿਰਮਲ ਜਨੁ ਸੋਈ ॥੧॥ ਸਲੋਕ ॥ ਰਚੰਤਿ ਜੀਅ ਰਚਨਾ ਮਾਤ ਗਰਭ ਅਸਥਾਪਨੰ ॥ ਸਾਸਿ ਸਾਸਿ ਸਿਮਰੰਤਿ ਨਾਨਕ ਮਹਾ ਅਗਨਿ ਨ ਬਿਨਾਸਨੰ ॥੧॥ ਮੁਖੁ ਤਲੈ ਪੈਰ ਉਪਰੇ ਵਸੰਦੋ ਕੁਹਥੜੈ ਥਾਇ ॥ ਨਾਨਕ ਸੋ ਧਣੀ ਕਿਉ ਵਿਸਾਰਿਓ ਉਧਰਹਿ ਜਿਸ ਦੈ ਨਾਇ ॥੨॥ ਪਉੜੀ ॥ ਰਕਤੁ ਬਿੰਦੁ ਕਰਿ ਨਿੰਮਿਆ ਅਗਨਿ ਉਦਰ ਮਝਾਰਿ ॥ ਉਰਧ ਮੁਖੁ ਕੁਚੀਲ ਬਿਕਲੁ ਨਰਕਿ ਘੋਰਿ ਗੁਬਾਰਿ ॥ ਹਰਿ ਸਿਮਰਤ ਤੂ ਨਾ ਜਲਹਿ ਮਨਿ ਤਨਿ ਉਰ ਧਾਰਿ ॥ ਬਿਖਮ ਥਾਨਹੁ ਜਿਨਿ ਰਖਿਆ ਤਿਸੁ ਤਿਲੁ ਨ ਵਿਸਾਰਿ ॥ ਪ੍ਰਭ ਬਿਸਰਤ ਸੁਖੁ ਕਦੇ ਨਾਹਿ ਜਾਸਹਿ ਜਨਮੁ ਹਾਰਿ ॥੨॥ ਸਲੋਕ ॥ ਮਨ ਇਛਾ ਦਾਨ ਕਰਣੰ ਸਰਬਤ੍ਰ ਆਸਾ ਪੂਰਨਹ ॥ ਖੰਡਣੰ ਕਲਿ ਕਲੇਸਹ ਪ੍ਰਭ ਸਿਮਰਿ ਨਾਨਕ ਨਹ ਦੂਰਣਹ ॥੧॥ ਹਭਿ ਰੰਗ ਮਾਣਹਿ ਜਿਸੁ ਸੰਗਿ ਤੈ ਸਿਉ ਲਾਈਐ ਨੇਹੁ ॥ ਸੋ ਸਹੁ ਬਿੰਦ ਨ ਵਿਸਰਉ ਨਾਨਕ ਜਿਨਿ ਸੁੰਦਰੁ ਰਚਿਆ ਦੇਹੁ ॥੨॥ ਪਉੜੀ ॥ ਜੀਉ ਪ੍ਰਾਨ ਤਨੁ ਧਨੁ ਦੀਆ ਦੀਨੇ ਰਸ ਭੋਗ ॥ ਗ੍ਰਿਹ ਮੰਦਰ ਰਥ ਅਸੁ ਦੀਏ ਰਚਿ ਭਲੇ ਸੰਜੋਗ ॥ ਸੁਤ ਬਨਿਤਾ ਸਾਜਨ ਸੇਵਕ ਦੀਏ ਪ੍ਰਭ ਦੇਵਨ ਜੋਗ ॥ ਹਰਿ ਸਿਮਰਤ ਤਨੁ ਮਨੁ ਹਰਿਆ ਲਹਿ ਜਾਹਿ ਵਿਜੋਗ ॥ ਸਾਧਸੰਗਿ ਹਰਿ ਗੁਣ ਰਮਹੁ ਬਿਨਸੇ ਸਭਿ ਰੋਗ ॥੩॥ ਸਲੋਕ ॥ ਕੁਟੰਬ ਜਤਨ ਕਰਣੰ ਮਾਇਆ ਅਨੇਕ ਉਦਮਹ ॥ ਹਰਿ ਭਗਤਿ ਭਾਵ ਹੀਣੰ ਨਾਨਕ ਪ੍ਰਭ ਬਿਸਰਤ ਤੇ ਪ੍ਰੇਤਤਹ ॥੧॥ ਤੁਟੜੀਆ ਸਾ ਪ੍ਰੀਤਿ ਜੋ ਲਾਈ ਬਿਅੰਨ ਸਿਉ ॥ ਨਾਨਕ ਸਚੀ ਰੀਤਿ ਸਾਂਈ ਸੇਤੀ ਰਤਿਆ ॥੨॥ ਪਉੜੀ ॥ ਜਿਸੁ ਬਿਸਰਤ ਤਨੁ ਭਸਮ ਹੋਇ ਕਹਤੇ ਸਭਿ ਪ੍ਰੇਤੁ ॥ ਖਿਨੁ ਗ੍ਰਿਹ ਮਹਿ ਬਸਨ ਨ ਦੇਵਹੀ ਜਿਨ ਸਿਉ ਸੋਈ ਹੇਤੁ ॥ ਕਰਿ ਅਨਰਥ ਦਰਬੁ ਸੰਚਿਆ ਸੋ ਕਾਰਜਿ ਕੇਤੁ ॥ ਜੈਸਾ ਬੀਜੈ ਸੋ ਲੁਣੈ ਕਰਮ ਇਹੁ ਖੇਤੁ ॥ ਅਕਿਰਤਘਣਾ ਹਰਿ ਵਿਸਰਿਆ ਜੋਨੀ ਭਰਮੇਤੁ ॥੪॥ ਸਲੋਕ ॥ ਕੋਟਿ ਦਾਨ ਇਸਨਾਨੰ ਅਨਿਕ ਸੋਧਨ ਪਵਿਤ੍ਰਤਹ ॥ ਉਚਰੰਤਿ ਨਾਨਕ ਹਰਿ ਹਰਿ ਰਸਨਾ ਸਰਬ ਪਾਪ ਬਿਮੁਚਤੇ ॥੧॥ ਈਧਣੁ ਕੀਤੋਮੂ ਘਣਾ ਭੋਰੀ

ਦਿਤੀਮੁ ਭਾਹਿ ॥ ਮਨਿ ਵਸੰਦੜੋ ਸਚੁ ਸਹੁ ਨਾਨਕ ਹਭੇ ਡੁਖੜੇ ਉਲਾਹਿ ॥੨॥ ਪਉੜੀ ॥ ਕੋਟਿ ਅਘਾ ਸਭਿ ਨਾਸ ਹੋਹਿ ਸਿਮਰਤ ਹਰਿ ਨਾਉ ॥ ਮਨ ਚਿੰਦੇ ਫਲ ਪਾਈਅਹਿ ਹਰਿ ਕੇ ਗੁਣ ਗਾਉ ॥ ਜਨਮ ਮਰਣ ਭੈ ਕਟੀਅਹਿ ਨਿਹਚਲ ਸਚੁ ਥਾਉ ॥ ਪੂਰਬਿ ਹੋਵੈ ਲਿਖਿਆ ਹਰਿ ਚਰਣ ਸਮਾਉ ॥ ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਬਲਿ ਜਾਉ ॥੫॥ ਸਲੋਕ ॥ ਗ੍ਰਿਹ ਰਚਨਾ ਅਪਾਰੰ ਮਨਿ ਬਿਲਾਸ ਸੁਆਦੰ ਰਸਹ ॥ ਕਦਾਂਚ ਨਹ ਸਿਮਰੰਤਿ ਨਾਨਕ ਤੇ ਜੰਤ ਬਿਸਟਾ ਕ੍ਰਿਮਹ ॥੧॥ ਮੁਚੁ ਅਡੰਬਰੁ ਹਭੁ ਕਿਹੁ ਮੰਝਿ ਮੁਹਬਤਿ ਨੇਹ ॥ ਸੋ ਸਾਂਈ ਜੈਂ ਵਿਸਰੈ ਨਾਨਕ ਸੋ ਤਨੁ ਖੇਹ ॥੨॥ ਪਉੜੀ ॥ ਸੁੰਦਰ ਸੇਜ ਅਨੇਕ ਸੁਖ ਰਸ ਭੋਗਣ ਪੂਰੇ ॥ ਗ੍ਰਿਹ ਸੋਇਨ ਚੰਦਨ ਸੁਗੰਧ ਲਾਇ ਮੋਤੀ ਹੀਰੇ ॥ ਮਨ ਇਛੇ ਸੁਖ ਮਾਣਦਾ ਕਿਛੁ ਨਾਹਿ ਵਿਸੂਰੇ ॥ ਸੋ ਪ੍ਰਭੁ ਚਿਤਿ ਨ ਆਵਈ ਵਿਸਟਾ ਕੇ ਕੀਰੇ ॥ ਬਿਨੁ ਹਰਿ ਨਾਮ ਨ ਸਾਂਤਿ ਹੋਇ ਕਿਤੁ ਬਿਧਿ ਮਨੁ ਧੀਰੇ ॥੬॥ ਸਲੋਕ ॥ ਚਰਨ ਕਮਲ ਬਿਰਹੰ ਖੋਜੰਤ ਬੈਰਾਗੀ ਦਹ ਦਿਸਹ ॥ ਤਿਆਗੰਤ ਕਪਟ ਰੂਪ ਮਾਇਆ ਨਾਨਕ ਆਨੰਦ ਰੂਪ ਸਾਧ ਸੰਗਮਹ ॥੧॥ ਮਨਿ ਸਾਂਈ ਮੁਖਿ ਉਚਰਾ ਵਤਾ ਹਭੇ ਲੋਅ ॥ ਨਾਨਕ ਹਭਿ ਅਡੰਬਰ ਕੂੜਿਆ ਸੁਣਿ ਜੀਵਾ ਸਚੀ ਸੋਇ ॥੨॥ ਪਉੜੀ ॥ ਬਸਤਾ ਤੂਟੀ ਝੁੰਪੜੀ ਚੀਰ ਸਭਿ ਛਿੰਨਾ ॥ ਜਾਤਿ ਨ ਪਤਿ ਨ ਆਦਰੋ ਉਦਿਆਨ ਭ੍ਰਮਿੰਨਾ ॥ ਮਿਤ੍ਰ ਨ ਇਠ ਧਨ ਰੂਪਹੀਣ ਕਿਛੁ ਸਾਕੁ ਨ ਸਿੰਨਾ ॥ ਰਾਜਾ ਸਗਲੀ ਸ੍ਰਿਸਟਿ ਕਾ ਹਰਿ ਨਾਮਿ ਮਨੁ ਭਿੰਨਾ ॥ ਤਿਸ ਕੀ ਧੂੜਿ ਮਨੁ ਉਧਰੈ ਪ੍ਰਭੁ ਹੋਇ ਸੁਪ੍ਰਸੰਨਾ ॥੭॥ ਸਲੋਕ ॥ ਅਨਿਕ ਲੀਲਾ ਰਾਜ ਰਸ ਰੂਪੰ ਛਤ੍ਰ ਚਮਰ ਤਖਤ ਆਸਨੰ ॥ ਰਚੰਤਿ ਮੂੜ ਅਗਿਆਨ ਅੰਧਹ ਨਾਨਕ ਸੁਪਨ ਮਨੋਰਥ ਮਾਇਆ ॥੧॥ ਸੁਪਨੈ ਹਭਿ ਰੰਗ ਮਾਣਿਆ ਮਿਠਾ ਲਗੜਾ ਮੋਹੁ ॥ ਨਾਨਕ ਨਾਮ ਵਿਹੂਣੀਆ ਸੁੰਦਰਿ ਮਾਇਆ ਧ੍ਰੋਹੁ ॥੨॥ ਪਉੜੀ ॥ ਸੁਪਨੇ ਸੇਤੀ ਚਿਤੁ ਮੂਰਖਿ ਲਾਇਆ ॥ ਬਿਸਰੇ ਰਾਜ ਰਸ ਭੋਗ ਜਾਗਤ ਭਖਲਾਇਆ ॥ ਆਰਜਾ ਗਈ ਵਿਹਾਇ ਧੰਧੈ ਧਾਇਆ ॥ ਪੂਰਨ ਭਏ ਨ ਕਾਮ ਮੋਹਿਆ ਮਾਇਆ ॥ ਕਿਆ ਵੇਚਾਰਾ ਜੰਤੁ ਜਾ ਆਪਿ ਭੁਲਾਇਆ ॥੮॥ ਸਲੋਕ ॥ ਬਸੰਤਿ ਸ੍ਵਰਗ ਲੋਕਹ ਜਿਤਤੇ ਪ੍ਰਿਥਵੀ ਨਵ ਖੰਡਣਹ ॥ ਬਿਸਰੰਤ ਹਰਿ ਗੋਪਾਲਹ ਨਾਨਕ ਤੇ ਪ੍ਰਾਣੀ ਉਦਿਆਨ ਭਰਮਣਹ ॥੧॥ ਕਉਤਕ ਕੋਡ ਤਮਾਸਿਆ ਚਿਤਿ ਨ ਆਵਸੁ ਨਾਉ ॥ ਨਾਨਕ ਕੋੜੀ ਨਰਕ ਬਰਾਬਰੇ ਉਜੜੁ ਸੋਈ ਥਾਉ ॥੨॥ ਪਉੜੀ ॥ ਮਹਾ ਭਇਆਨ ਉਦਿਆਨ ਨਗਰ ਕਰਿ ਮਾਨਿਆ ॥ ਝੂਠ ਸਮਗ੍ਰੀ ਪੇਖਿ ਸਚੁ ਕਰਿ ਜਾਨਿਆ ॥ ਕਾਮ ਕ੍ਰੋਧਿ ਅਹੰਕਾਰਿ ਫਿਰਹਿ ਦੇਵਾਨਿਆ ॥ ਸਿਰਿ ਲਗਾ ਜਮ ਡੰਡੁ ਤਾ ਪਛੁਤਾਨਿਆ ॥ ਬਿਨੁ ਪੂਰੇ ਗੁਰਦੇਵ ਫਿਰੈ ਸੈਤਾਨਿਆ ॥੯॥ ਸਲੋਕ ॥ ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ ॥ ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ ॥੧॥ ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ ॥ ਅਢੁ ਨ ਲਹੰਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ ॥੨॥ ਪਉੜੀ ॥ ਚਲਦਿਆ ਨਾਲਿ ਨ ਚਲੈ ਸੋ ਕਿਉ ਸੰਜੀਐ ॥ ਤਿਸ ਕਾ ਕਹੁ ਕਿਆ ਜਤਨੁ ਜਿਸ ਤੇ ਵੰਜੀਐ ॥ ਹਰਿ ਬਿਸਰਿਐ ਕਿਉ ਤ੍ਰਿਪਤਾਵੈ ਨਾ ਮਨੁ ਰੰਜੀਐ ॥ ਪ੍ਰਭੂ

ਛੋਡਿ ਅਨ ਲਾਗੈ ਨਰਕਿ ਸਮੰਜੀਐ ॥ ਹੋਹੁ ਕ੍ਰਿਪਾਲ ਦਇਆਲ ਨਾਨਕ ਭਉ ਭੰਜੀਐ ॥੧੦॥ ਸਲੋਕ ॥ ਨਚ ਰਾਜ ਸੁਖ ਮਿਸਟੰ ਨਚ ਭੋਗ ਰਸ ਮਿਸਟੰ ਨਚ ਮਿਸਟੰ ਸੁਖ ਮਾਇਆ ॥ ਮਿਸਟੰ ਸਾਧਸੰਗਿ ਹਰਿ ਨਾਨਕ ਦਾਸ ਮਿਸਟੰ ਪ੍ਰਭ ਦਰਸਨੰ ॥੧॥ ਲਗੜਾ ਸੋ ਨੇਹੁ ਮੰਨ ਮਝਾਹੂ ਰਤਿਆ ॥ ਵਿਧੜੋ ਸਚ ਥੋਕਿ ਨਾਨਕ ਮਿਠੜਾ ਸੋ ਧਣੀ ॥੨॥ ਪਉੜੀ ॥ ਹਰਿ ਬਿਨੁ ਕਛੂ ਨ ਲਾਗਈ ਭਗਤਨ ਕਉ ਮੀਠਾ ॥ ਆਨ ਸੁਆਦ ਸਭਿ ਫੀਕਿਆ ਕਰਿ ਨਿਰਨਉ ਡੀਠਾ ॥ ਅਗਿਆਨੁ ਭਰਮੁ ਦੁਖੁ ਕਟਿਆ ਗੁਰ ਭਏ ਬਸੀਠਾ ॥ ਚਰਨ ਕਮਲ ਮਨੁ ਬੇਧਿਆ ਜਿਉ ਰੰਗੁ ਮਜੀਠਾ ॥ ਜੀਉ ਪ੍ਰਾਣ ਤਨੁ ਮਨੁ ਪ੍ਰਭੂ ਬਿਨਸੇ ਸਭਿ ਝੂਠਾ ॥੧੧॥ ਸਲੋਕ ॥ ਤਿਅਕਤ ਜਲੰ ਨਹ ਜੀਵ ਮੀਨੰ ਨਹ ਤਿਆਗਿ ਚਾਤ੍ਰਿਕ ਮੇਘ ਮੰਡਲਹ ॥ ਬਾਣ ਬੇਧੰਚ ਕੁਰੰਕ ਨਾਦੰ ਅਲਿ ਬੰਧਨ ਕੁਸਮ ਬਾਸਨਹ ॥ ਚਰਨ ਕਮਲ ਰਚੰਤਿ ਸੰਤਹ ਨਾਨਕ ਆਨ ਨ ਰੁਚਤੇ ॥੧॥ ਮੁਖੁ ਡੇਖਾਊ ਪਲਕ ਛਡਿ ਆਨ ਨ ਡੇਊ ਚਿਤੁ ॥ ਜੀਵਣ ਸੰਗਮੁ ਤਿਸੁ ਧਣੀ ਹਰਿ ਨਾਨਕ ਸੰਤਾਂ ਮਿਤੁ ॥੨॥ ਪਉੜੀ ॥ ਜਿਉ ਮਛੁਲੀ ਬਿਨੁ ਪਾਣੀਐ ਕਿਉ ਜੀਵਣੁ ਪਾਵੈ ॥ ਬੂੰਦ ਵਿਹੂਣਾ ਚਾਤ੍ਰਿਕੋ ਕਿਉ ਕਰਿ ਤ੍ਰਿਪਤਾਵੈ ॥ ਨਾਦ ਕੁਰੰਕਹਿ ਬੇਧਿਆ ਸਨਮੁਖ ਉਠਿ ਧਾਵੈ ॥ ਭਵਰੁ ਲੋਭੀ ਕੁਸਮ ਬਾਸੁ ਕਾ ਮਿਲਿ ਆਪੁ ਬੰਧਾਵੈ ॥ ਤਿਉ ਸੰਤ ਜਨਾ ਹਰਿ ਪ੍ਰੀਤਿ ਹੈ ਦੇਖਿ ਦਰਸੁ ਅਘਾਵੈ ॥੧੨॥ ਸਲੋਕ ॥ ਚਿਤਵੰਤਿ ਚਰਨ ਕਮਲੰ ਸਾਸਿ ਸਾਸਿ ਅਰਾਧਨਹ ॥ ਨਹ ਬਿਸਰੰਤਿ ਨਾਮ ਅਚੁਤ ਨਾਨਕ ਆਸ ਪੂਰਨ ਪਰਮੇਸੁਰਹ ॥੧॥ ਸੀਤੜਾ ਮੰਨ ਮੰਝਾਹਿ ਪਲਕ ਨ ਥੀਵੈ ਬਾਹਰਾ ॥ ਨਾਨਕ ਆਸੜੀ ਨਿਬਾਹਿ ਸਦਾ ਪੇਖੰਦੋ ਸਚੁ ਧਣੀ ॥੨॥ ਪਉੜੀ ॥ ਆਸਾਵੰਤੀ ਆਸ ਗੁਸਾਈ ਪੂਰੀਐ ॥ ਮਿਲਿ ਗੋਪਾਲ ਗੋਬਿੰਦ ਨ ਕਬਹੂ ਝੂਰੀਐ ॥ ਦੇਹੁ ਦਰਸੁ ਮਨਿ ਚਾਉ ਲਹਿ ਜਾਹਿ ਵਿਸੂਰੀਐ ॥ ਹੋਇ ਪਵਿਤ੍ਰ ਸਰੀਰੁ ਚਰਨਾ ਧੂਰੀਐ ॥ ਪਾਰਬ੍ਰਹਮ ਗੁਰਦੇਵ ਸਦਾ ਹਜੂਰੀਐ ॥੧੩॥ ਸਲੋਕ ॥ ਰਸਨਾ ਉਚਰੰਤਿ ਨਾਮੰ ਸ੍ਰਵਣੰ ਸੁਨੰਤਿ ਸਬਦ ਅੰਮ੍ਰਿਤਹ ॥ ਨਾਨਕ ਤਿਨ ਸਦ ਬਲਿਹਾਰੰ ਜਿਨਾ ਧਿਆਨੁ ਪਾਰਬ੍ਰਹਮਣਹ ॥੧॥ ਹਭਿ ਕੂੜਾਵੇ ਕੰਮ ਇਕਸੁ ਸਾਈ ਬਾਹਰੇ ॥ ਨਾਨਕ ਸੇਈ ਧੰਨੁ ਜਿਨਾ ਪਿਰਹੜੀ ਸਚ ਸਿਉ ॥੨॥ ਪਉੜੀ ॥ ਸਦ ਬਲਿਹਾਰੀ ਤਿਨਾ ਜਿ ਸੁਨਤੇ ਹਰਿ ਕਥਾ ॥ ਪੂਰੇ ਤੇ ਪਰਧਾਨ ਨਿਵਾਵਹਿ ਪ੍ਰਭ ਮਥਾ ॥ ਹਰਿ ਜਸੁ ਲਿਖਹਿ ਬੇਅੰਤ ਸੋਹਹਿ ਸੇ ਹਥਾ ॥ ਚਰਨ ਪੁਨੀਤ ਪਵਿਤ੍ਰ ਚਾਲਹਿ ਪ੍ਰਭ ਪਥਾ ॥ ਸੰਤਾਂ ਸੰਗਿ ਉਧਾਰੁ ਸਗਲਾ ਦੁਖੁ ਲਥਾ ॥੧੪॥ ਸਲੋਕੁ ॥ ਭਾਵੀ ਉਦੋਤ ਕਰਣੰ ਹਰਿ ਰਮਣੰ ਸੰਜੋਗ ਪੂਰਨਹ ॥ ਗੋਪਾਲ ਦਰਸ ਭੇਟੰ ਸਫਲ ਨਾਨਕ ਸੋ ਮਹੂਰਤਹ ॥੧॥ ਕੀਮ ਨ ਸਕਾ ਪਾਇ ਸੁਖ ਮਿਤੀ ਹੂ ਬਾਹਰੇ ॥ ਨਾਨਕ ਸਾ ਵੇਲੜੀ ਪਰਵਾਣੁ ਜਿਤੁ ਮਿਲੰਦੜੋ ਮਾ ਪਿਰੀ ॥੨॥ ਪਉੜੀ ॥ ਸਾ ਵੇਲਾ ਕਹੁ ਕਉਣੁ ਹੈ ਜਿਤੁ ਪ੍ਰਭ ਕਉ ਪਾਈ ॥ ਸੋ ਮੂਰਤੁ ਭਲਾ ਸੰਜੋਗੁ ਹੈ ਜਿਤੁ ਮਿਲੈ ਗੁਸਾਈ ॥ ਆਠ ਪਹਰ ਹਰਿ ਧਿਆਇ ਕੈ ਮਨ ਇਛ ਪੁਜਾਈ ॥ ਵਡੈ ਭਾਗਿ ਸਤਸੰਗੁ ਹੋਇ ਨਿਵਿ ਲਾਗਾ ਪਾਈ ॥ ਮਨਿ ਦਰਸਨ ਕੀ ਪਿਆਸ ਹੈ ਨਾਨਕ ਬਲਿ ਜਾਈ ॥੧੫॥ ਸਲੋਕ ॥ ਪਤਿਤ ਪੁਨੀਤ ਗੋਬਿੰਦਹ ਸਰਬ ਦੋਖ ਨਿਵਾਰਣਹ ॥ ਸਰਣਿ ਸੂਰ ਭਗਵਾਨਹ ਜਪੰਤਿ

ਨਾਨਕ ਹਰਿ ਹਰਿ ਹਰੇ ॥੧॥ ਛਡਿਓ ਹਭੁ ਆਪੁ ਲਗੜੋ ਚਰਣਾ ਪਾਸਿ ॥ ਨਠੜੋ ਦੁਖ ਤਾਪੁ ਨਾਨਕ ਪ੍ਰਭੁ ਪੇਖੰਦਿਆ ॥੨॥ ਪਉੜੀ ॥ ਮੇਲਿ ਲੈਹੁ ਦਇਆਲ ਢਹਿ ਪਏ ਦੁਆਰਿਆ ॥ ਰਖਿ ਲੇਵਹੁ ਦੀਨ ਦਇਆਲ ਭ੍ਰਮਤ ਬਹੁ ਹਾਰਿਆ ॥ ਭਗਤਿ ਵਛਲੁ ਤੇਰਾ ਬਿਰਦੁ ਹਰਿ ਪਤਿਤ ਉਧਾਰਿਆ ॥ ਤੁਝ ਬਿਨੁ ਨਾਹੀ ਕੋਇ ਬਿਨਉ ਮੋਹਿ ਸਾਰਿਆ ॥ ਕਰੁ ਗਹਿ ਲੇਹੁ ਦਇਆਲ ਸਾਗਰ ਸੰਸਾਰਿਆ ॥੧੬॥ ਸਲੋਕ ॥ ਸੰਤ ਉਧਰਣ ਦਇਆਲੰ ਆਸਰੰ ਗੋਪਾਲ ਕੀਰਤਨਹ ॥ ਨਿਰਮਲੰ ਸੰਤ ਸੰਗੇਣ ਓਟ ਨਾਨਕ ਪਰਮੇਸੁਰਹ ॥੧॥ ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਂਮ ॥ ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ ॥੨॥ ਪਉੜੀ ॥ ਚਰਨ ਕਮਲ ਕੀ ਓਟ ਉਧਰੇ ਸਗਲ ਜਨ ॥ ਸੁਣਿ ਪਰਤਾਪੁ ਗੋਵਿੰਦ ਨਿਰਭਉ ਭਏ ਮਨ ॥ ਤੋਟਿ ਨ ਆਵੈ ਮੂਲਿ ਸੰਚਿਆ ਨਾਮੁ ਧਨ ॥ ਸੰਤ ਜਨਾ ਸਿਉ ਸੰਗੁ ਪਾਈਐ ਵਡੈ ਪੁਨ ॥ ਆਠ ਪਹਰ ਹਰਿ ਧਿਆਇ ਹਰਿ ਜਸੁ ਨਿਤ ਸੁਨ ॥੧੭॥ ਸਲੋਕ ॥ ਦਇਆ ਕਰਣੰ ਦੁਖ ਹਰਣੰ ਉਚਰਣੰ ਨਾਮ ਕੀਰਤਨਹ ॥ ਦਇਆਲ ਪੁਰਖ ਭਗਵਾਨਹ ਨਾਨਕ ਲਿਪਤ ਨ ਮਾਇਆ ॥੧॥ ਭਾਹਿ ਬਲੰਦੜੀ ਬੁਝਿ ਗਈ ਰਖੰਦੜੋ ਪ੍ਰਭੁ ਆਪਿ ॥ ਜਿਨਿ ਉਪਾਈ ਮੇਦਨੀ ਨਾਨਕ ਸੋ ਪ੍ਰਭੁ ਜਾਪਿ ॥੨॥ ਪਉੜੀ ॥ ਜਾ ਪ੍ਰਭ ਭਏ ਦਇਆਲ ਨ ਬਿਆਪੈ ਮਾਇਆ ॥ ਕੋਟਿ ਅਘਾ ਗਏ ਨਾਸ ਹਰਿ ਇਕੁ ਧਿਆਇਆ ॥ ਨਿਰਮਲ ਭਏ ਸਰੀਰ ਜਨ ਧੂਰੀ ਨਾਇਆ ॥ ਮਨ ਤਨ ਭਏ ਸੰਤੋਖ ਪੂਰਨ ਪ੍ਰਭੁ ਪਾਇਆ ॥ ਤਰੇ ਕੁਟੰਬ ਸੰਗਿ ਲੋਗ ਕੁਲ ਸਬਾਇਆ ॥੧੮॥ ਸਲੋਕ ॥ ਗੁਰ ਗੋਬਿੰਦ ਗੋਪਾਲ ਗੁਰ ਗੁਰ ਪੂਰਨ ਨਾਰਾਇਣਹ ॥ ਗੁਰ ਦਇਆਲ ਸਮਰਥ ਗੁਰ ਗੁਰ ਨਾਨਕ ਪਤਿਤ ਉਧਾਰਣਹ ॥੧॥ ਭਉਜਲੁ ਬਿਖਮੁ ਅਸਗਾਹੁ ਗੁਰਿ ਬੋਹਿਥੈ ਤਾਰਿਅਮੁ ॥ ਨਾਨਕ ਪੂਰ ਕਰੰਮ ਸਤਿਗੁਰ ਚਰਣੀ ਲਗਿਆ ॥੨॥ ਪਉੜੀ ॥ ਧੰਨੁ ਧੰਨੁ ਗੁਰਦੇਵ ਜਿਸੁ ਸੰਗਿ ਹਰਿ ਜਪੇ ॥ ਗੁਰ ਕ੍ਰਿਪਾਲ ਜਬ ਭਏ ਤ ਅਵਗੁਣ ਸਭਿ ਛਪੇ ॥ ਪਾਰਬ੍ਰਹਮ ਗੁਰਦੇਵ ਨੀਚਹੁ ਉਚ ਥਪੇ ॥ ਕਾਟਿ ਸਿਲਕ ਦੁਖ ਮਾਇਆ ਕਰਿ ਲੀਨੇ ਅਪ ਦਸੇ ॥ ਗੁਣ ਗਾਏ ਬੇਅੰਤ ਰਸਨਾ ਹਰਿ ਜਸੇ ॥੧੯॥ ਸਲੋਕ ॥ ਦ੍ਰਿਸਟੰਤ ਏਕੋ ਸੁਨੀਅੰਤ ਏਕੋ ਵਰਤੰਤ ਏਕੋ ਨਰਹਰਹ ॥ ਨਾਮ ਦਾਨੁ ਜਾਚੰਤਿ ਨਾਨਕ ਦਇਆਲ ਪੁਰਖ ਕ੍ਰਿਪਾ ਕਰਹ ॥੧॥ ਹਿਕੁ ਸੇਵੀ ਹਿਕੁ ਸੰਮਲਾ ਹਰਿ ਇਕਸੁ ਪਹਿ ਅਰਦਾਸਿ ॥ ਨਾਮ ਵਖਰੁ ਧਨੁ ਸੰਚਿਆ ਨਾਨਕ ਸਚੀ ਰਾਸਿ ॥੨॥ ਪਉੜੀ ॥ ਪ੍ਰਭ ਦਇਆਲ ਬੇਅੰਤ ਪੂਰਨ ਇਕੁ ਏਹੁ ॥ ਸਭੁ ਕਿਛੁ ਆਪੇ ਆਪਿ ਦੂਜਾ ਕਹਾ ਕੇਹੁ ॥ ਆਪਿ ਕਰਹੁ ਪ੍ਰਭ ਦਾਨੁ ਆਪੇ ਆਪਿ ਲੇਹੁ ॥ ਆਵਣ ਜਾਣਾ ਹੁਕਮੁ ਸਭੁ ਨਿਹਚਲੁ ਤੁਧੁ ਥੇਹੁ ॥ ਨਾਨਕੁ ਮੰਗੈ ਦਾਨੁ ਕਰਿ ਕਿਰਪਾ ਨਾਮੁ ਦੇਹੁ ॥੨੦॥੧॥

ਅੰਗ (੭੦੫-੭੧੦)

## ਰਾਮਕਲੀ ਕੀ ਵਾਰ

ਰਾਮਕਲੀ ਕੀ ਵਾਰ ਰਾਇ ਬਲਵੰਡਿ ਤਥਾ ਸਤੈ ਡੂਮਿ ਆਖੀ ੴ ਸਤਿਗੁਰ ਪ੍ਰਸਾਦਿ ॥

ਨਾਉ ਕਰਤਾ ਕਾਦਰੁ ਕਰੇ ਕਿਉ ਬੋਲੁ ਹੋਵੈ ਜੋਖੀਵਦੈ ॥ ਦੇ ਗੁਨਾ ਸਤਿ ਭੈਣ ਭਰਾਵ ਹੈ ਪਾਰੰਗਤਿ ਦਾਨੁ ਪੜੀਵਦੈ ॥ ਨਾਨਕਿ ਰਾਜੁ ਚਲਾਇਆ ਸਚੁ ਕੋਟੁ ਸਤਾਣੀ ਨੀਵ ਦੈ ॥ ਲਹਣੇ ਧਰਿਓਨੁ ਛਤੁ ਸਿਰਿ ਕਰਿ ਸਿਫਤੀ ਅੰਮ੍ਰਿਤੁ ਪੀਵਦੈ ॥ ਮਤਿ ਗੁਰ ਆਤਮਦੇਵ ਦੀ ਖੜਗਿ ਜੋਰਿ ਪਰਾਕੁਇ ਜੀਅ ਦੈ ॥ ਗੁਰਿ ਚੇਲੇ ਰਹਰਾਸਿ ਕੀਈ ਨਾਨਕਿ ਸਲਾਮਤਿ ਥੀਵਦੈ ॥ ਸਹਿ ਟਿਕਾ ਦਿਤੋਸੁ ਜੀਵਦੈ ॥੧॥ ਲਹਣੇ ਦੀ ਫੇਰਾਈਐ ਨਾਨਕਾ ਦੋਹੀ ਖਟੀਐ ॥ ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ ॥ ਝੁਲੈ ਸੁ ਛਤੁ ਨਿਰੰਜਨੀ ਮਲਿ ਤਖਤੁ ਬੈਠਾ ਗੁਰ ਹਟੀਐ ॥ ਕਰਹਿ ਜਿ ਗੁਰ ਫੁਰਮਾਇਆ ਸਿਲ ਜੋਗੁ ਅਲੂਣੀ ਚਟੀਐ ॥ ਲੰਗਰੁ ਚਲੈ ਗੁਰ ਸਬਦਿ ਹਰਿ ਤੋਟਿ ਨ ਆਵੀ ਖਟੀਐ ॥ ਖਰਚੇ ਦਿਤਿ ਖਸੰਮ ਦੀ ਆਪ ਖਹਦੀ ਖੈਰਿ ਦਬਟੀਐ ॥ ਹੋਵੈ ਸਿਫਤਿ ਖਸੰਮ ਦੀ ਨੂਰੁ ਅਰਸਹੁ ਕੁਰਸਹੁ ਝਟੀਐ ॥ ਤੁਧੁ ਡਿਠੇ ਸਚੇ ਪਾਤਿਸਾਹ ਮਲੁ ਜਨਮ ਜਨਮ ਦੀ ਕਟੀਐ ॥ ਸਚੁ ਜਿ ਗੁਰਿ ਫੁਰਮਾਇਆ ਕਿਉ ਏਦੂ ਬੋਲਹੁ ਹਟੀਐ ॥ ਪੁਤ੍ਰੀ ਕਉਲੁ ਨ ਪਾਲਿਓ ਕਰਿ ਪੀਰਹੁ ਕੰਨ੍ ਮੁਰਟੀਐ ॥ ਦਿਲਿ ਖੋਟੈ ਆਕੀ ਫਿਰਨ੍ਹਿ ਬੰਨ੍ਹਿ ਭਾਰੁ ਉਚਾਇਨ੍ਹਿ ਛਟੀਐ ॥ ਜਿਨਿ ਆਖੀ ਸੋਈ ਕਰੇ ਜਿਨਿ ਕੀਤੀ ਤਿਨੈ ਥਟੀਐ ॥ ਕਉਣੁ ਹਾਰੇ ਕਿਨਿ ਉਵਟੀਐ ॥੨॥ ਜਿਨਿ ਕੀਤੀ ਸੋ ਮੰਨਣਾ ਕੋ ਸਾਲੁ ਜਿਵਾਹੇ ਸਾਲੀ ॥ ਧਰਮ ਰਾਇ ਹੈ ਦੇਵਤਾ ਲੈ ਗਲਾ ਕਰੇ ਦਲਾਲੀ ॥ ਸਤਿਗੁਰੁ ਆਖੈ ਸਚਾ ਕਰੇ ਸਾ ਬਾਤ ਹੋਵੈ ਦਰਹਾਲੀ ॥ ਗੁਰ ਅੰਗਦ ਦੀ ਦੋਹੀ ਫਿਰੀ ਸਚੁ ਕਰਤੈ ਬੰਧਿ ਬਹਾਲੀ ॥ ਨਾਨਕੁ ਕਾਇਆ ਪਲਟੁ ਕਰਿ ਮਲਿ ਤਖਤੁ ਬੈਠਾ ਸੈ ਡਾਲੀ ॥ ਦਰੁ ਸੇਵੇ ਉਮਤਿ ਖੜੀ ਮਸਕਲੈ ਹੋਇ ਜੰਗਾਲੀ ॥ ਦਰਿ ਦਰਵੇਸੁ ਖਸੰਮ ਦੈ ਨਾਇ ਸਚੈ ਬਾਣੀ ਲਾਲੀ ॥ ਬਲਵੰਡ ਖੀਵੀ ਨੇਕ ਜਨ ਜਿਸੁ ਬਹੁਤੀ ਛਾਉ ਪਤ੍ਰਾਲੀ ॥ ਲੰਗਰਿ ਦਉਲਤਿ ਵੰਡੀਐ ਰਸੁ ਅੰਮ੍ਰਿਤੁ ਖੀਰਿ ਘਿਆਲੀ ॥ ਗੁਰਸਿਖਾ ਕੇ ਮੁਖ ਉਜਲੇ ਮਨਮੁਖ ਥੀਏ ਪਰਾਲੀ ॥ ਪਏ ਕਬੂਲੁ ਖਸੰਮ ਨਾਲਿ ਜਾਂ ਘਾਲ ਮਰਦੀ ਘਾਲੀ ॥ ਮਾਤਾ ਖੀਵੀ ਸਹੁ ਸੋਇ ਜਿਨਿ ਗੋਇ ਉਠਾਲੀ ॥੩॥ ਹੋਰਿੰਓ ਗੰਗ ਵਹਾਈਐ ਦੁਨਿਆਈ ਆਖੈ ਕਿ ਕਿਓਨੁ ॥ ਨਾਨਕ ਈਸਰਿ ਜਗਨਾਥਿ ਉਚਹਦੀ ਵੈਣੁ ਵਿਰਿਕਿਓਨੁ ॥ ਮਾਧਾਣਾ ਪਰਬਤੁ ਕਰਿ ਨੇਤ੍ਰਿ ਬਾਸਕੁ ਸਬਦਿ ਰਿੜਕਿਓਨੁ ॥ ਚਉਦਹ ਰਤਨ ਨਿਕਾਲਿਅਨੁ ਕਰਿ ਆਵਾ ਗਉਣੁ ਚਿਲਕਿਓਨੁ ॥ ਕੁਦਰਤਿ ਅਹਿ ਵੇਖਾਲੀਅਨੁ ਜਿਣਿ ਐਵਡ ਪਿਡ ਠਿਣਕਿਓਨੁ ॥ ਲਹਣੇ ਧਰਿਓਨੁ ਛਤ੍ਰੁ ਸਿਰਿ ਅਸਮਾਨਿ ਕਿਆੜਾ ਛਿਕਿਓਨੁ ॥ ਜੋਤਿ ਸਮਾਣੀ ਜੋਤਿ ਮਾਹਿ ਆਪੁ ਆਪੈ ਸੇਤੀ ਮਿਕਿਓਨੁ ॥ ਸਿਖਾਂ ਪੁਤ੍ਰਾਂ ਘੋਖਿ ਕੈ ਸਭ ਉਮਤਿ ਵੇਖਹੁ ਜਿ ਕਿਓਨੁ ॥ ਜਾਂ ਸੁਧੋਸੁ ਤਾਂ ਲਹਣਾ ਟਿਕਿਓਨੁ ॥੪॥ ਫੇਰਿ ਵਸਾਇਆ ਫੇਰੁਆਣਿ ਸਤਿਗੁਰਿ ਖਾਡੂਰੁ ॥ ਜਪੁ ਤਪੁ ਸੰਜਮੁ ਨਾਲਿ ਤੁਧੁ ਹੋਰੁ ਮੁਚੁ ਗਰੂਰੁ ॥

ਲਬੁ ਵਿਣਾਹੇ ਮਾਣਸਾ ਜਿਉ ਪਾਣੀ ਬੂਰੁ ॥ ਵਰ੍ਹਿਐ ਦਰਗਹ ਗੁਰੂ ਕੀ ਕੁਦਰਤੀ ਨੂਰੁ ॥ ਜਿਤੁ ਸੁ ਹਾਥ ਨ ਲਭਈ ਤੂੰ ਓਹੁ ਠਰੂਰੁ ॥ ਨਉ ਨਿਧਿ ਨਾਮੁ ਨਿਧਾਨੁ ਹੈ ਤੁਧੁ ਵਿਚਿ ਭਰਪੂਰੁ ॥ ਨਿੰਦਾ ਤੇਰੀ ਜੋ ਕਰੇ ਸੋ ਵੰਞੈ ਚੂਰੁ ॥ ਨੇੜੈ ਦਿਸੈ ਮਾਤ ਲੋਕ ਤੁਧੁ ਸੁਝੈ ਦੂਰੁ ॥ ਫੇਰਿ ਵਸਾਇਆ ਫੇਰੁਆਣਿ ਸਤਿਗੁਰਿ ਖਾਡੂਰੁ ॥੫॥ ਸੋ ਟਿਕਾ ਸੋ ਬੈਹਣਾ ਸੋਈ ਦੀਬਾਣੁ ॥ ਪਿਯੂ ਦਾਦੇ ਜੇਵਿਹਾ ਪੋਤਾ ਪਰਵਾਣੁ ॥ ਜਿਨਿ ਬਾਸਕੁ ਨੇਤ੍ਰੈ ਘਤਿਆ ਕਰਿ ਨੇਹੀ ਤਾਣੁ ॥ ਜਿਨਿ ਸਮੁੰਦੁ ਵਿਰੋਲਿਆ ਕਰਿ ਮੇਰੁ ਮਧਾਣੁ ॥ ਚਉਦਹ ਰਤਨ ਨਿਕਾਲਿਅਨੁ ਕੀਤੋਨੁ ਚਾਨਾਣੁ ॥ ਘੋੜਾ ਕੀਤੋ ਸਹਜ ਦਾ ਜਤੁ ਕੀਓ ਪਲਾਣੁ ॥ ਧਣਖੁ ਚੜਾਇਓ ਸਤ ਦਾ ਜਸ ਹੰਦਾ ਬਾਣੁ ॥ ਕਲਿ ਵਿਚਿ ਧੂ ਅੰਧਾਰੁ ਸਾ ਚੜਿਆ ਰੈ ਭਾਣੁ ॥ ਸਤਹੁ ਖੇਤੁ ਜਮਾਇਓ ਸਤਹੁ ਛਾਵਾਣੁ ॥ ਨਿਤ ਰਸੋਈ ਤੇਰੀਐ ਘਿਉ ਮੈਦਾ ਖਾਣੁ ॥ ਚਾਰੇ ਕੁੰਡਾਂ ਸੁਝੀਓਸੁ ਮਨ ਮਹਿ ਸਬਦੁ ਪਰਵਾਣੁ ॥ ਆਵਾ ਗਉਣੁ ਨਿਵਾਰਿਓ ਕਰਿ ਨਦਰਿ ਨੀਸਾਣੁ ॥ ਅਉਤਰਿਆ ਅਉਤਾਰੁ ਲੈ ਸੋ ਪੁਰਖੁ ਸੁਜਾਣੁ ॥ ਝਖੜਿ ਵਾਉ ਨ ਡੋਲਈ ਪਰਬਤੁ ਮੇਰਾਣੁ ॥ ਜਾਣੈ ਬਿਰਥਾ ਜੀਅ ਕੀ ਜਾਣੀ ਹੂ ਜਾਣੁ ॥ ਕਿਆ ਸਾਲਾਹੀ ਸਚੇ ਪਾਤਿਸਾਹ ਜਾਂ ਤੂ ਸੁਘੜੁ ਸੁਜਾਣੁ ॥ ਦਾਨੁ ਜਿ ਸਤਿਗੁਰ ਭਾਵਸੀ ਸੋ ਸਤੇ ਦਾਣੁ ॥ ਨਾਨਕ ਹੰਦਾ ਛਤ੍ਰੁ ਸਿਰਿ ਉਮਤਿ ਹੈਰਾਣੁ ॥ ਸੋ ਟਿਕਾ ਸੋ ਬੈਹਣਾ ਸੋਈ ਦੀਬਾਣੁ ॥ ਪਿਯੂ ਦਾਦੇ ਜੇਵਿਹਾ ਪੋਤ੍ਰਾ ਪਰਵਾਣੁ ॥੬॥ ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ ॥ ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ ॥ ਸਿਖੀ ਅਤੈ ਸੰਗਤੀ ਪਾਰਬ੍ਰਹਮੁ ਕਰਿ ਨਮਸਕਾਰਿਆ ॥ ਅਟਲੁ ਅਥਾਹੁ ਅਤੋਲੁ ਤੂ ਤੇਰਾ ਅੰਤੁ ਨ ਪਾਰਾਵਾਰਿਆ ॥ ਜਿਨ੍ਹੀ ਤੂੰ ਸੇਵਿਆ ਭਾਉ ਕਰਿ ਸੇ ਤੁਧੁ ਪਾਰਿ ਉਤਾਰਿਆ ॥ ਲਬੁ ਲੋਭੁ ਕਾਮੁ ਕ੍ਰੋਧੁ ਮੋਹੁ ਮਾਰਿ ਕਢੇ ਤੁਧੁ ਸਪਰਵਾਰਿਆ ॥ ਧੰਨੁ ਸੁ ਤੇਰਾ ਥਾਨੁ ਹੈ ਸਚੁ ਤੇਰਾ ਪੈਸਕਾਰਿਆ ॥ ਨਾਨਕੁ ਤੂ ਲਹਣਾ ਤੂਹੈ ਗੁਰੁ ਅਮਰੁ ਤੂ ਵੀਚਾਰਿਆ ॥ ਗੁਰੁ ਡਿਠਾ ਤਾਂ ਮਨੁ ਸਾਧਾਰਿਆ ॥੭॥ ਚਾਰੇ ਜਾਗੇ ਚਹੁ ਜੁਗੀ ਪੰਚਾਇਣੁ ਆਪੇ ਹੋਆ ॥ ਆਪੀਨੈ੍ ਆਪੁ ਸਾਜਿਓਨੁ ਆਪੇ ਹੀ ਥੰਮਿ੍ ਖਲੋਆ ॥ ਆਪੇ ਪਟੀ ਕਲਮ ਆਪਿ ਆਪਿ ਲਿਖਣਹਾਰਾ ਹੋਆ ॥ ਸਭ ਉਮਤਿ ਆਵਣ ਜਾਵਣੀ ਆਪੇ ਹੀ ਨਵਾ ਨਿਰੋਆ ॥ ਤਖਤਿ ਬੈਠਾ ਅਰਜਨ ਗੁਰੂ ਸਤਿਗੁਰ ਕਾ ਖਿਵੈ ਚੰਦੋਆ ॥ ਉਗਵਣਹੁ ਤੈ ਆਥਵਣਹੁ ਚਹੁ ਚਕੀ ਕੀਅਨੁ ਲੋਆ ॥ ਜਿਨ੍ਹੀ ਗੁਰੂ ਨ ਸੇਵਿਓ ਮਨਮੁਖਾ ਪਇਆ ਮੋਆ ॥ ਦੂਣੀ ਚਉਣੀ ਕਰਾਮਾਤਿ ਸਚੇ ਕਾ ਸਚਾ ਢੋਆ ॥ ਚਾਰੇ ਜਾਗੇ ਚਹੁ ਜੁਗੀ ਪੰਚਾਇਣੁ ਆਪੇ ਹੋਆ ॥੮॥੧॥

(ਅੰਗ ੯੬੬-੯੮)

# ਬਸੰਤ ਕੀ ਵਾਰ

ਬਸੰਤ ਕੀ ਵਾਰ ਮਹਲੁ ੫ ੴ ਸਤਿਗੁਰ ਪ੍ਰਸਾਦਿ ॥

ਹਰਿ ਕਾ ਨਾਮੁ ਧਿਆਇ ਕੈ ਹੋਹੁ ਹਰਿਆ ਭਾਈ ॥ ਕਰਮਿ ਲਿਖੰਤੈ ਪਾਈਐ ਇਹ ਰੁਤਿ ਸੁਹਾਈ ॥ ਵਣੁ ਤ੍ਰਿਣੁ ਤ੍ਰਿਭਵਣੁ ਮਉਲਿਆ ਅੰਮ੍ਰਿਤ ਫਲੁ ਪਾਈ ॥ ਮਿਲਿ ਸਾਧੂ ਸੁਖੁ ਊਪਜੈ ਲਥੀ ਸਭ ਛਾਈ ॥ ਨਾਨਕੁ ਸਿਮਰੈ ਏਕੁ ਨਾਮੁ ਫਿਰਿ ਬਹੁੜਿ ਨ ਧਾਈ ॥੧॥ ਪੰਜੇ ਬਧੇ ਮਹਾਬਲੀ ਕਰਿ ਸਚਾ ਢੋਆ ॥ ਆਪਣੇ ਚਰਣ ਜਪਾਇਅਨੁ ਵਿਚਿ ਦਯੁ ਖੜੋਆ ॥ ਰੋਗ ਸੋਗ ਸਭਿ ਮਿਟਿ ਗਏ ਨਿਤ ਨਵਾ ਨਿਰੋਆ ॥ ਦਿਨੁ ਰੈਣਿ ਨਾਮੁ ਧਿਆਇਦਾ ਫਿਰਿ ਪਾਇ ਨ ਮੋਆ ॥ ਜਿਸ ਤੇ ਉਪਜਿਆ ਨਾਨਕਾ ਸੋਈ ਫਿਰਿ ਹੋਆ ॥੨॥ ਕਿਥਹੁ ਉਪਜੈ ਕਹ ਰਹੈ ਕਹ ਮਾਹਿ ਸਮਾਵੈ ॥ ਜੀਅ ਜੰਤ ਸਭਿ ਖਸਮ ਕੇ ਕਉਣੁ ਕੀਮਤਿ ਪਾਵੈ ॥ ਕਹਨਿ ਧਿਆਇਨਿ ਸੁਣਨਿ ਨਿਤ ਸੇ ਭਗਤ ਸੁਹਾਵੈ ॥ ਅਗਮੁ ਅਗੋਚਰੁ ਸਾਹਿਬੋ ਦੂਸਰੁ ਲਵੈ ਨ ਲਾਵੈ ॥ ਸਚੁ ਪੂਰੈ ਗੁਰਿ ਉਪਦੇਸਿਆ ਨਾਨਕੁ ਸੁਣਾਵੈ ॥੩॥੧॥

ਅੰਗ (੧੧੯੩)

# ਬਾਰਹ ਮਾਹਾ ਤੁਖਾਰੀ

ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ ੴ ਸਤਿਗੁਰ ਪ੍ਰਸਾਦਿ ॥

ਤੂ ਸੁਣਿ ਕਿਰਤ ਕਰੰਮਾ ਪੁਰਬਿ ਕਮਾਇਆ ॥ ਸਿਰਿ ਸਿਰਿ ਸੁਖ ਸਹੰਮਾ ਦੇਹਿ ਸੁ ਤੂ ਭਲਾ ॥ ਹਰਿ ਰਚਨਾ ਤੇਰੀ ਕਿਆ ਗਤਿ ਮੇਰੀ ਹਰਿ ਬਿਨੁ ਘੜੀ ਨ ਜੀਵਾ ॥ ਪ੍ਰਿਅ ਬਾਝੁ ਦੁਹੇਲੀ ਕੋਇ ਨ ਬੇਲੀ ਗੁਰਮੁਖਿ ਅੰਮ੍ਰਿਤੁ ਪੀਵਾਂ ॥ ਰਚਨਾ ਰਾਚਿ ਰਹੇ ਨਿਰੰਕਾਰੀ ਪ੍ਰਭ ਮਨਿ ਕਰਮ ਸੁਕਰਮਾ ॥ ਨਾਨਕ ਪੰਥੁ ਨਿਹਾਲੇ ਸਾ ਧਨ ਤੂ ਸੁਣਿ ਆਤਮ ਰਾਮਾ ॥੧॥ ਬਾਬੀਹਾ ਪ੍ਰਿਉ ਬੋਲੇ ਕੋਕਿਲ ਬਾਣੀਆ ॥ ਸਾ ਧਨ ਸਭਿ ਰਸ ਚੋਲੈ ਅੰਕਿ ਸਮਾਣੀਆ ॥ ਹਰਿ ਅੰਕਿ ਸਮਾਣੀ ਜਾ ਪ੍ਰਭ ਭਾਣੀ ਸਾ ਸੋਹਾਗਣਿ ਨਾਰੇ ॥ ਨਵ ਘਰ ਥਾਪਿ ਮਹਲ ਘਰੁ ਊਚਉ ਨਿਜ ਘਰਿ ਵਾਸੁ ਮੁਰਾਰੇ ॥ ਸਭ ਤੇਰੀ ਤੂ ਮੇਰਾ ਪ੍ਰੀਤਮੁ ਨਿਸਿ ਬਾਸੁਰ ਰੰਗਿ ਰਾਵੈ ॥ ਨਾਨਕ ਪ੍ਰਿਉ ਪ੍ਰਿਉ ਚਵੈ ਬਬੀਹਾ ਕੋਕਿਲ ਸਬਦਿ ਸੁਹਾਵੈ ॥੨॥ ਤੂ ਸੁਣਿ ਹਰਿ ਰਸ ਭਿੰਨੇ ਪ੍ਰੀਤਮ ਆਪਣੇ ॥ ਮਨਿ ਤਨਿ ਰਵਤ ਰਵੰਨੇ ਘੜੀ ਨ ਬੀਸਰੈ ॥ ਕਿਉ ਘੜੀ ਬਿਸਾਰੀ ਹਉ ਬਲਿਹਾਰੀ ਹਉ ਜੀਵਾ ਗੁਣ ਗਾਏ ॥ ਨਾ ਕੋਈ ਮੇਰਾ ਹਉ ਕਿਸੁ ਕੇਰਾ ਹਰਿ ਬਿਨੁ ਰਹਣੁ ਨ ਜਾਏ ॥ ਓਟ ਗਹੀ ਹਰਿ ਚਰਣ ਨਿਵਾਸੇ ਭਏ ਪਵਿਤ੍ਰ ਸਰੀਰਾ ॥ ਨਾਨਕ ਦ੍ਰਿਸਟਿ ਦੀਰਘ ਸੁਖੁ ਪਾਵੈ ਗੁਰ ਸਬਦੀ ਮਨੁ ਧੀਰਾ ॥੩॥ ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ ॥ ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ ॥ ਹਰਿ ਮੰਦਰਿ ਆਵੈ ਜਾ ਪ੍ਰਭ ਭਾਵੈ ਧਨ ਊਭੀ ਗੁਣ ਸਾਰੀ ॥ ਘਰਿ ਘਰਿ ਕੰਤੁ ਰਵੈ ਸੋਹਾਗਣਿ ਹਉ ਕਿਉ ਕੰਤਿ ਵਿਸਾਰੀ ॥ ਉਨਵਿ ਘਨ ਛਾਏ ਬਰਸੁ ਸੁਭਾਏ ਮਨਿ ਤਨਿ ਪ੍ਰੇਮੁ ਸੁਖਾਵੈ ॥ ਨਾਨਕ ਵਰਸੈ ਅੰਮ੍ਰਿਤ ਬਾਣੀ ਕਰਿ ਕਿਰਪਾ ਘਰਿ ਆਵੈ ॥੪॥ ਚੇਤੁ ਬਸੰਤੁ ਭਲਾ ਭਵਰ ਸੁਹਾਵੜੇ ॥ ਬਨ ਫੂਲੇ ਮੰਝ ਬਾਰਿ ਮੈ ਪਿਰੁ ਘਰਿ ਬਾਹੁੜੈ ॥ ਪਿਰੁ ਘਰਿ ਨਹੀ ਆਵੈ ਧਨ ਕਿਉ ਸੁਖੁ ਪਾਵੈ ਬਿਰਹਿ ਬਿਰੋਧ ਤਨੁ ਛੀਜੈ ॥ ਕੋਕਿਲ ਅੰਬਿ ਸੁਹਾਵੀ ਬੋਲੈ ਕਿਉ ਦੁਖੁ ਅੰਕਿ ਸਹੀਜੈ ॥ ਭਵਰੁ ਭਵੰਤਾ ਫੂਲੀ ਡਾਲੀ ਕਿਉ ਜੀਵਾ ਮਰੁ ਮਾਏ ॥ ਨਾਨਕ ਚੇਤਿ ਸਹਜਿ ਸੁਖੁ ਪਾਵੈ ਜੇ ਹਰਿ ਵਰੁ ਘਰਿ ਧਨ ਪਾਏ ॥੫॥ ਵੈਸਾਖੁ ਭਲਾ ਸਾਖਾ ਵੇਸ ਕਰੇ ॥ ਧਨ ਦੇਖੈ ਹਰਿ ਦੁਆਰਿ ਆਵਹੁ ਦਇਆ ਕਰੇ ॥ ਘਰਿ ਆਉ ਪਿਆਰੇ ਦੁਤਰ ਤਾਰੇ ਤੁਧੁ ਬਿਨੁ ਅਢੁ ਨ ਮੋਲੋ ॥ ਕੀਮਤਿ ਕਉਣ ਕਰੇ ਤੁਧੁ ਭਾਵਾਂ ਦੇਖਿ ਦਿਖਾਵੈ ਢੋਲੋ ॥ ਦੂਰਿ ਨ ਜਾਨਾ ਅੰਤਰਿ ਮਾਨਾ ਹਰਿ ਕਾ ਮਹਲੁ ਪਛਾਨਾ ॥ ਨਾਨਕ ਵੈਸਾਖੀਂ ਪ੍ਰਭੁ ਪਾਵੈ ਸੁਰਤਿ ਸਬਦਿ ਮਨੁ ਮਾਨਾ ॥੬॥ ਮਾਹੁ ਜੇਠੁ ਭਲਾ ਪ੍ਰੀਤਮੁ ਕਿਉ ਬਿਸਰੈ ॥ ਥਲ ਤਾਪਹਿ ਸਰ ਭਾਰ ਸਾ ਧਨ ਬਿਨਉ ਕਰੈ ॥ ਧਨ ਬਿਨਉ ਕਰੇਦੀ ਗੁਣ ਸਾਰੇਦੀ ਗੁਣ ਸਾਰੀ ਪ੍ਰਭ ਭਾਵਾ ॥ ਸਾਚੈ ਮਹਲਿ ਰਹੈ ਬੈਰਾਗੀ ਆਵਣ ਦੇਹਿ ਤ ਆਵਾ ॥ ਨਿਮਾਣੀ ਨਿਤਾਣੀ

ਹਰਿ ਬਿਨੁ ਕਿਉ ਪਾਵੈ ਸੁਖ ਮਹਲੀ ॥ ਨਾਨਕ ਜੇਠਿ ਜਾਣੈ ਤਿਸੁ ਜੈਸੀ ਕਰਮਿ ਮਿਲੈ ਗੁਣ ਗਹਿਲੀ ॥੭॥ ਆਸਾੜੁ ਭਲਾ ਸੂਰਜੁ ਗਗਨਿ ਤਪੈ ॥ ਧਰਤੀ ਦੂਖ ਸਹੈ ਸੋਖੈ ਅਗਨਿ ਭਖੈ ॥ ਅਗਨਿ ਰਸੁ ਸੋਖੈ ਮਰੀਐ ਧੋਖੈ ਭੀ ਸੋ ਕਿਰਤੁ ਨ ਹਾਰੇ ॥ ਰਥੁ ਫਿਰੈ ਛਾਇਆ ਧਨ ਤਾਕੈ ਟੀਡੁ ਲਵੈ ਮੰਝਿ ਬਾਰੇ ॥ ਅਵਗਣ ਬਾਧਿ ਚਲੀ ਦੁਖੁ ਆਗੈ ਸੁਖੁ ਤਿਸੁ ਸਾਚੁ ਸਮਾਲੇ ॥ ਨਾਨਕ ਜਿਸ ਨੋ ਇਹੁ ਮਨੁ ਦੀਆ ਮਰਣੁ ਜੀਵਣੁ ਪ੍ਰਭ ਨਾਲੇ ॥੮॥ ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ ॥ ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ ॥ ਪਿਰੁ ਘਰਿ ਨਹੀ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ ॥ ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖੁ ਮਾਏ ॥ ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ ॥ ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ ॥੯॥ ਭਾਦਉ ਭਰਮਿ ਭੁਲੀ ਭਰਿ ਜੋਬਨਿ ਪਛੁਤਾਣੀ ॥ ਜਲ ਥਲ ਨੀਰਿ ਭਰੇ ਬਰਸ ਰੁਤੇ ਰੰਗੁ ਮਾਣੀ ॥ ਬਰਸੈ ਨਿਸਿ ਕਾਲੀ ਕਿਉ ਸੁਖੁ ਬਾਲੀ ਦਾਦਰ ਮੋਰ ਲਵੰਤੇ ॥ ਪ੍ਰਿਉ ਪ੍ਰਿਉ ਚਵੈ ਬਬੀਹਾ ਬੋਲੇ ਭੁਇਅੰਗਮ ਫਿਰਹਿ ਡਸੰਤੇ ॥ ਮਛਰ ਡੰਗ ਸਾਇਰ ਭਰ ਸੁਭਰ ਬਿਨੁ ਹਰਿ ਕਿਉ ਸੁਖੁ ਪਾਈਐ ॥ ਨਾਨਕ ਪੂਛਿ ਚਲਉ ਗੁਰ ਅਪੁਨੇ ਜਹ ਪ੍ਰਭੁ ਤਹ ਹੀ ਜਾਈਐ ॥੧੦॥ ਅਸੁਨਿ ਆਉ ਪਿਰਾ ਸਾ ਧਨ ਝੂਰਿ ਮੁਈ ॥ ਤਾ ਮਿਲੀਐ ਪ੍ਰਭ ਮੇਲੇ ਦੂਜੈ ਭਾਇ ਖੁਈ ॥ ਝੂਠਿ ਵਿਗੁਤੀ ਤਾ ਪਿਰ ਮੁਤੀ ਕੁਕਹ ਕਾਹ ਸਿ ਫੁਲੇ ॥ ਆਗੈ ਘਾਮ ਪਿਛੈ ਰੁਤਿ ਜਾਡਾ ਦੇਖਿ ਚਲਤ ਮਨੁ ਡੋਲੇ ॥ ਦਹ ਦਿਸਿ ਸਾਖ ਹਰੀ ਹਰੀਆਵਲ ਸਹਜਿ ਪਕੈ ਸੋ ਮੀਠਾ ॥ ਨਾਨਕ ਅਸੁਨਿ ਮਿਲਹੁ ਪਿਆਰੇ ਸਤਿਗੁਰ ਭਏ ਬਸੀਠਾ ॥੧੧॥ ਕਤਕਿ ਕਿਰਤੁ ਪਇਆ ਜੋ ਪ੍ਰਭ ਭਾਇਆ ॥ ਦੀਪਕੁ ਸਹਜਿ ਬਲੈ ਤਤਿ ਜਲਾਇਆ ॥ ਦੀਪਕ ਰਸ ਤੇਲੋ ਧਨ ਪਿਰ ਮੇਲੋ ਧਨ ਓਮਾਹੈ ਸਰਸੀ ॥ ਅਵਗਣ ਮਾਰੀ ਮਰੈ ਨ ਸੀਝੈ ਗੁਣਿ ਮਾਰੀ ਤਾ ਮਰਸੀ ॥ ਨਾਮੁ ਭਗਤਿ ਦੇ ਨਿਜ ਘਰਿ ਬੈਠੇ ਅਜਹੁ ਤਿਨਾੜੀ ਆਸਾ ॥ ਨਾਨਕ ਮਿਲਹੁ ਕਪਟ ਦਰ ਖੋਲਹੁ ਏਕ ਘੜੀ ਖਟੁ ਮਾਸਾ ॥੧੨॥ ਮੰਘਰ ਮਾਹੁ ਭਲਾ ਹਰਿ ਗੁਣ ਅੰਕਿ ਸਮਾਵਏ ॥ ਗੁਣਵੰਤੀ ਗੁਣ ਰਵੈ ਮੈ ਪਿਰੁ ਨਿਹਚਲੁ ਭਾਵਏ ॥ ਨਿਹਚਲੁ ਚਤੁਰੁ ਸੁਜਾਣੁ ਬਿਧਾਤਾ ਚੰਚਲੁ ਜਗਤੁ ਸਬਾਇਆ ॥ ਗਿਆਨੁ ਧਿਆਨੁ ਗੁਣ ਅੰਕਿ ਸਮਾਣੇ ਪ੍ਰਭ ਭਾਣੇ ਤਾ ਭਾਇਆ ॥ ਗੀਤ ਨਾਦ ਕਵਿਤ ਕਵੇ ਸੁਣਿ ਰਾਮ ਨਾਮਿ ਦੁਖੁ ਭਾਗੈ ॥ ਨਾਨਕ ਸਾ ਧਨ ਨਾਹ ਪਿਆਰੀ ਅਭ ਭਗਤੀ ਪਿਰ ਆਗੈ ॥੧੩॥ ਪੋਖਿ ਤੁਖਾਰੁ ਪੜੈ ਵਣੁ ਤ੍ਰਿਣੁ ਰਸੁ ਸੋਖੈ ॥ ਆਵਤ ਕੀ ਨਾਹੀ ਮਨਿ ਤਨਿ ਵਸਹਿ ਮੁਖੇ ॥ ਮਨਿ ਤਨਿ ਰਵਿ ਰਹਿਆ ਜਗਜੀਵਨੁ ਗੁਰ ਸਬਦੀ ਰੰਗੁ ਮਾਣੀ ॥ ਅੰਡਜ ਜੇਰਜ ਸੇਤਜ ਉਤਭੁਜ ਘਟਿ ਘਟਿ ਜੋਤਿ ਸਮਾਣੀ ॥ ਦਰਸਨੁ ਦੇਹੁ ਦਇਆਪਤਿ ਦਾਤੇ ਗਤਿ ਪਾਵਉ ਮਤਿ ਦੇਹੋ ॥ ਨਾਨਕ ਰੰਗਿ ਰਵੈ ਰਸਿ ਰਸੀਆ ਹਰਿ ਸਿਉ ਪ੍ਰੀਤਿ ਸਨੇਹੋ ॥੧੪॥ ਮਾਘਿ ਪੁਨੀਤ ਭਈ ਤੀਰਥੁ ਅੰਤਰਿ ਜਾਨਿਆ ॥ ਸਾਜਨ ਸਹਜਿ ਮਿਲੇ ਗੁਣ ਗਹਿ ਅੰਕਿ ਸਮਾਨਿਆ ॥ ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ ॥ ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ ॥ ਪੁੰਨ ਦਾਨ ਪੂਜਾ

ਪਰਮੇਸੁਰ ਜੁਗਿ ਜੁਗਿ ਏਕੋ ਜਾਤਾ ॥ ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ ॥੧੫॥ ਫਲਗੁਨਿ ਮਨਿ ਰਹਸੀ ਪ੍ਰੇਮੁ ਸੁਭਾਇਆ ॥ ਅਨਦਿਨੁ ਰਹਸੁ ਭਇਆ ਆਪੁ ਗਵਾਇਆ ॥ ਮਨ ਮੋਹੁ ਚੁਕਾਇਆ ਜਾ ਤਿਸੁ ਭਾਇਆ ਕਰਿ ਕਿਰਪਾ ਘਰਿ ਆਓ ॥ ਬਹੁਤੇ ਵੇਸ ਕਰੀ ਪਿਰ ਬਾਝਹੁ ਮਹਲੀ ਲਹਾ ਨ ਥਾਓ ॥ ਹਾਰ ਡੋਰ ਰਸ ਪਾਟ ਪਟੰਬਰ ਪਿਰਿ ਲੋੜੀ ਸੀਗਾਰੀ ॥ ਨਾਨਕ ਮੇਲਿ ਲਈ ਗੁਰਿ ਅਪਣੈ ਘਰਿ ਵਰੁ ਪਾਇਆ ਨਾਰੀ ॥੧੬॥ ਬੇ ਦਸ ਮਾਹ ਰੁਤੀ ਥਿਤੀ ਵਾਰ ਭਲੇ ॥ ਘੜੀ ਮੂਰਤ ਪਲ ਸਾਚੇ ਆਏ ਸਹਜਿ ਮਿਲੇ ॥ ਪ੍ਰਭ ਮਿਲੇ ਪਿਆਰੇ ਕਾਰਜ ਸਾਰੇ ਕਰਤਾ ਸਭ ਬਿਧਿ ਜਾਣੈ ॥ ਜਿਨਿ ਸੀਗਾਰੀ ਤਿਸਹਿ ਪਿਆਰੀ ਮੇਲੁ ਭਇਆ ਰੰਗੁ ਮਾਣੈ ॥ ਘਰਿ ਸੇਜ ਸੁਹਾਵੀ ਜਾ ਪਿਰਿ ਰਾਵੀ ਗੁਰਮੁਖਿ ਮਸਤਕਿ ਭਾਗੋ ॥ ਨਾਨਕ ਅਹਿਨਿਸਿ ਰਾਵੈ ਪ੍ਰੀਤਮੁ ਹਰਿ ਵਰੁ ਥਿਰੁ ਸੋਹਾਗੋ ॥੧੭॥੧॥

(ਅੰਗ ੧੧੦੭-੧੧੧੦)

# ਲਾਵਾਂ

**ਸੂਹੀ ਮਹਲਾ ੪ ॥**

ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ ॥ ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ ॥ ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ ॥ ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ ॥ ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥੧॥ ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ ॥ ਨਿਰਭਉ ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ ਰਾਮ ਜੀਉ ॥ ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ ॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ ਗਾਏ ॥ ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ ॥੨॥ ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥੩॥ ਹਰਿ ਚਉਥੜੀ ਲਾਵ ਮਨਿ ਸਹਜੁ ਭਇਆ ਹਰਿ ਪਾਇਆ ਬਲਿ ਰਾਮ ਜੀਉ ॥ ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ ॥ ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨਦਿਨੁ ਹਰਿ ਲਿਵ ਲਾਈ ॥ ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ ॥੪॥੨॥

ਅੰਗ (੭੭੩-੭੭੪)

# ਸਲੋਕ ਮਹਲਾ ੯

ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੯ ॥ ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥ ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨੁ ॥੪॥ ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥ ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥ ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ॥੬॥ ਤਨੁ ਧਨੁ ਜਿਹ ਤੋ ਕਉ ਦੀਓ ਤਾਂ ਸਿਉ ਨੇਹੁ ਨ ਕੀਨ ॥ ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥ ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ ॥ ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥੮॥ ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥ ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥ ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥੧੦॥ ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥ ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨੁ ॥੧੧॥ ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥ ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥੧੨॥ ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥ ਕਹੁ ਨਾਨਕ ਸੁਨੁ ਰੇ ਮਨਾ ਸੋ ਮੂਰਤਿ ਭਗਵਾਨ ॥੧੩॥ ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥ ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥ ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ ਨਿਸਿ ਦਿਨੁ ਜੋ ਨਾਨਕ ਭਜੈ

ਸਫਲ ਹੋਹਿ ਤਿਹ ਕਾਮ ॥੨੦॥ ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ॥ ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥ ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥ ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥ ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥ ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥ ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥੨੫॥ ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥ ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥ ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥ ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥ ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ ॥੨੮॥ ਜੋ ਪ੍ਰਾਨੀ ਨਿਸਿ ਦਿਨੁ ਭਜੈ ਰੂਪ ਰਾਮ ਤਿਹ ਜਾਨੁ ॥ ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥ ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥ ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ॥੩੦॥ ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥੩੧॥ ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ ਨ ਕੋਇ ॥ ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ॥੩੨॥ ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ॥ ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ॥੩੩॥ ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ॥ ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ॥੩੪॥ ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥ ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨੁ ॥੩੫॥ ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥ ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥੩੬॥ ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ ਮੀਤ ॥ ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਿਨ ਭੀਤਿ ॥੩੭॥ ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ॥ ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥੩੮॥ ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ॥੩੯॥ ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ॥ ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ॥੪੦॥ ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ॥ ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ॥੪੧॥ ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ॥ ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥ ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥ ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥ ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥ ਜੈਸੇ ਸੂਕਰ ਸੁਆਨ ਨਾਨਕ

ਮਾਨੋ ਤਾਹਿ ਤਨੁ ॥੪੪॥ ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕ ਚਿਤਿ ॥੪੫॥ ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ॥ ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥ ਸਿਰੁ ਕੰਪਿਓ ਪਗ ਡਗਮਗੈ ਨੈਨ ਜੋਤਿ ਤੇ ਹੀਨ ॥ ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸਿ ਲੀਨ ॥੪੭॥ ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ॥ ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥ ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥ ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ॥ ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥ ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥ ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥ ਦੋਹਰਾ ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥ ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ ॥ ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ॥੫੪॥ ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ॥ ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ ॥੫੫॥ ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥ ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥ ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ ਕੋਇ ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥

(੧੪੨੬-੧੪੨੯)

# ਰਾਗ ਮਾਲਾ

ੴ ਸਤਿਗੁਰ ਪ੍ਰਸਾਦਿ

ਰਾਗ ਮਾਲਾ ॥ ਰਾਗ ਏਕ ਸੰਗਿ ਪੰਚ ਬਰੰਗਨ ॥ ਸੰਗਿ ਅਲਾਪਹਿ ਆਠਉ ਨੰਦਨ ॥ ਪ੍ਰਥਮ ਰਾਗ ਭੈਰਉ ਵੈ ਕਰਹੀ ॥ ਪੰਚ ਰਾਗਨੀ ਸੰਗਿ ਉਚਰਹੀ ॥ ਪ੍ਰਥਮ ਭੈਰਵੀ ਬਿਲਾਵਲੀ ॥ ਪੁੰਨਿਆਕੀ ਗਾਵਹਿ ਬੰਗਲੀ ॥ ਪੁਨਿ ਅਸਲੇਖੀ ਕੀ ਭਈ ਬਾਰੀ ॥ ਏ ਭੈਰਉ ਕੀ ਪਾਚਉ ਨਾਰੀ ॥ ਪੰਚਮ ਹਰਖ ਦਿਸਾਖ ਸੁਨਾਵਹਿ ॥ ਬੰਗਾਲਮ ਮਧੁ ਮਾਧਵ ਗਾਵਹਿ ॥੧॥ ਲਲਤ ਬਿਲਾਵਲ ਗਾਵਹੀ ਅਪੁਨੀ ਅਪੁਨੀ ਭਾਂਤਿ ॥ ਅਸਟ ਪੁਤ੍ਰ ਭੈਰਵ ਕੇ ਗਾਵਹਿ ਗਾਇਨ ਪਾਤ੍ਰ ॥੧॥ ਦੁਤੀਆ ਮਾਲ ਕਉਸਕ ਆਲਾਪਹਿ ॥ ਸੰਗਿ ਰਾਗਨੀ ਪਾਚਉ ਥਾਪਹਿ ॥ ਗੋਂਡਕਰੀ ਅਰੁ ਦੇਵ ਗੰਧਾਰੀ ॥ ਗੰਧਾਰੀ ਸੀਹੁਤੀ ਉਚਾਰੀ ॥ ਧਨਾਸਰੀ ਏ ਪਾਚਉ ਗਾਈ ॥ ਮਾਲ ਰਾਗ ਕਉਸਕ ਸੰਗਿ ਲਾਈ ॥ ਮਾਰੂ ਮਸਤ ਅੰਗ ਮੇਵਾਰਾ ॥ ਪ੍ਰਬਲ ਚੰਡ ਕਉਸਕ ਉਭਾਰਾ ॥ ਖਉਖਟ ਅਉ ਭਉਰਾਨਦ ਗਾਏ ॥ ਅਸਟ ਮਾਲਕਉਸਕ ਸੰਗਿ ਲਾਏ ॥੧॥ ਪੁਨਿ ਆਇਅਉ ਹਿੰਡੋਲੁ ਪੰਚ ਨਾਰਿ ਸੰਗਿ ਅਸਟ ਸੁਤ ॥ ਉਠਹਿ ਤਾਨ ਕਲੋਲ ਗਾਇਨ ਤਾਰ ਮਿਲਾਵਹੀ ॥੧॥ ਤੇਲੰਗੀ ਦੇਵਕਰੀ ਆਈ ॥ ਬਸੰਤੀ ਸੰਦੂਰ ਸੁਹਾਈ ॥ ਸਰਸ ਅਹੀਰੀ ਲੈ ਭਾਰਜਾ ॥ ਸੰਗਿ ਲਾਈ ਪਾਂਚਉ ਆਰਜਾ ॥ ਸੁਰਮਾਨੰਦ ਭਾਸਕਰ ਆਏ ॥ ਚੰਦ੍ਰਬਿੰਬ ਮੰਗਲਨ ਸੁਹਾਏ ॥ ਸਰਸਬਾਨ ਅਉ ਆਹਿ ਬਿਨੋਦਾ ॥ ਗਾਵਹਿ ਸਰਸ ਬਸੰਤ ਕਮੋਦਾ ॥ ਅਸਟ ਪੁਤ੍ਰ ਮੈ ਕਹੇ ਸਵਾਰੀ ॥ ਪੁਨਿ ਆਈ ਦੀਪਕ ਕੀ ਬਾਰੀ ॥੧॥ ਕਛੇਲੀ ਪਟਮੰਜਰੀ ਟੋਡੀ ਕਹੀ ਅਲਾਪਿ ॥ ਕਾਮੋਦੀ ਅਉ ਗੂਜਰੀ ਸੰਗਿ ਦੀਪਕ ਕੇ ਥਾਪਿ ॥੧॥ ਕਾਲੰਕਾ ਕੁੰਤਲ ਅਉ ਰਾਮਾ ॥ ਕਮਲਕੁਸਮ ਚੰਪਕ ਕੇ ਨਾਮਾ ॥ ਗਉਰਾ ਅਉ ਕਾਨਰਾ ਕਲ੍ਯ੍ਯਾਨਾ ॥ ਅਸਟ ਪੁਤ੍ਰ ਦੀਪਕ ਕੇ ਜਾਨਾ ॥੧॥ ਸਭ ਮਿਲਿ ਸਿਰੀਰਾਗ ਵੈ ਗਾਵਹਿ ॥ ਪਾਂਚਉ ਸੰਗਿ ਬਰੰਗਨ ਲਾਵਹਿ ॥ ਬੈਰਾਰੀ ਕਰਨਾਟੀ ਧਰੀ ॥ ਗਵਰੀ ਗਾਵਹਿ ਆਸਾਵਰੀ ॥ ਤਿਹ ਪਾਛੈ ਸਿੰਧਵੀ ਅਲਾਪੀ ॥ ਸਿਰੀਰਾਗ ਸਿਉ ਪਾਂਚਉ ਥਾਪੀ ॥੧॥ ਸਾਲੂ ਸਾਰਗ ਸਾਗਰਾ ਅਉਰ ਗੋਂਡ ਗੰਭੀਰ ॥ ਅਸਟ ਪੁਤ੍ਰ ਸ੍ਰੀਰਾਗ ਕੇ ਗੁੰਡ ਕੁੰਭ ਹਮੀਰ ॥੧॥ ਖਸਟਮ ਮੇਘ ਰਾਗ ਵੈ ਗਾਵਹਿ ॥ ਪਾਂਚਉ ਸੰਗਿ ਬਰੰਗਨ ਲਾਵਹਿ ॥ ਸੋਰਠਿ ਗੋਂਡ ਮਲਾਰੀ ਧੁਨੀ ॥ ਪੁਨਿ ਗਾਵਹਿ ਆਸਾ ਗੁਨ ਗੁਨੀ ॥ ਊਚੈ ਸੁਰਿ ਸੂਹਉ ਪੁਨਿ ਕੀਨੀ ॥ ਮੇਘ ਰਾਗ ਸਿਉ ਪਾਂਚਉ ਚੀਨੀ ॥੧॥ ਬੈਰਾਧਰ ਗਜਧਰ ਕੇਦਾਰਾ ॥ ਜਬਲੀਧਰ ਨਟ ਅਉ ਜਲਧਾਰਾ ॥ ਪੁਨਿ ਗਾਵਹਿ ਸੰਕਰ ਅਉ ਸਿਆਮਾ ॥ ਮੇਘ ਰਾਗ ਪੁਤ੍ਰਨ ਕੇ ਨਾਮਾ ॥੧॥ ਖਸਟ ਰਾਗ ਉਨਿ ਗਾਏ ਸੰਗਿ ਰਾਗਨੀ ਤੀਸ ॥ ਸਭੈ ਪੁਤ੍ਰ ਰਾਗੰਨ ਕੇ ਅਠਾਰਹ ਦਸ ਬੀਸ ॥੧॥੧॥ (ਅੰਗ ੧੪੨੯–੧੪੩੦)

# ਚੰਡੀ ਦੀ ਵਾਰ

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਸ੍ਰੀ ਭਗਉਤੀ ਜੀ ਸਹਾਇ ॥ ਵਾਰ ਸ੍ਰੀ ਭਗਉਤੀ ਜੀ ਕੀ ॥ ਪਾਤਿਸਾਹੀ ੧੦ ॥

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ ॥ ਅਰਜਨ ਹਰਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ ॥ ਸ੍ਰੀ ਹਰਿਕ੍ਰਿਸਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ ॥ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ॥ ਸਭ ਥਾਈਂ ਹੋਇ ਸਹਾਇ ॥੧॥ ਪਉੜੀ ॥ ਖੰਡਾ ਪ੍ਰਿਥਮੈ ਸਾਜਿ ਕੈ ਜਿਨ ਸਭ ਸੈਸਾਰੁ ਉਪਾਇਆ ॥ ਬ੍ਰਹਮਾ ਬਿਸਨ ਮਹੇਸ ਸਾਜਿ ਕੁਦਰਤੀ ਦਾ ਖੇਲੁ ਰਚਾਇ ਬਣਾਇਆ ॥ ਸਿੰਧ ਪਰਬਤ ਮੇਦਨੀ ਬਿਨੁ ਥੰਮਾ ਗਗਨਿ ਰਹਾਇਆ ॥ ਸਿਰਜੇ ਦਾਨੋ ਦੇਵਤੇ ਤਿਨ ਅੰਦਰਿ ਬਾਦੁ ਰਚਾਇਆ ॥ ਤੈ ਹੀ ਦੁਰਗਾ ਸਾਜਿ ਕੈ ਦੈਤਾ ਦਾ ਨਾਸੁ ਕਰਾਇਆ ॥ ਤੈਥੋਂ ਹੀ ਬਲੁ ਰਾਮੁ ਲੈ ਨਾਲ ਬਾਣਾ ਦਹਸਿਰੁ ਘਾਇਆ ॥ ਤੈਥੋਂ ਹੀ ਬਲੁ ਕ੍ਰਿਸਨ ਲੈ ਕੰਸੁ ਕੇਸੀ ਪਕੜਿ ਗਿਰਾਇਆ ॥ ਬਡੇ ਬਡੇ ਮੁਨਿ ਦੇਵਤੇ ਕਈ ਜੁਗ ਤਿਨੀ ਤਨੁ ਤਾਇਆ ॥ ਕਿਨੀ ਤੇਰਾ ਅੰਤੁ ਨ ਪਾਇਆ ॥੨॥ ਸਾਧੂ ਸਤਿਜੁਗੁ ਬੀਤਿਆ ਅਧ ਸੀਲੀ ਤ੍ਰੇਤਾ ਆਇਆ ॥ ਨੱਚੀ ਕਲ ਸਰੋ ਸਰੀ ਕਲ ਨਾਰਦ ਡਉਰੂ ਵਾਇਆ ॥ ਅਭਿਮਾਨੁ ਉਤਾਰਨ ਦੇਵਤਿਆ ਮਹਿਖਾਸੁਰ ਸੁੰਡ ਉਪਾਇਆ ॥ ਜੀਤਿ ਲਏ ਤਿਨ ਦੇਵਤੇ ਤਿਹੁ ਲੋਕੀ ਰਾਜੁ ਕਮਾਇਆ ॥ ਵੱਡਾ ਬੀਰੁ ਅਖਾਇ ਕੈ ਸਿਰ ਉੱਪਰ ਛਤ੍ਰ ਫਿਰਾਇਆ ॥ ਦਿੱਤਾ ਇੰਦ੍ਰ ਨਿਕਾਲ ਕੈ ਤਿਨ ਗਿਰ ਕੈਲਾਸੁ ਤਕਾਇਆ ॥ ਡਰਿ ਕੈ ਹੱਥੋ ਦਾਨਵੀ ਦਿਲ ਅੰਦਰਿ ਤ੍ਰਾਸ ਵਧਾਇਆ ॥ ਪਾਸ ਦੁਰਗਾ ਦੇ ਇੰਦ੍ਰੁ ਆਇਆ ॥੩॥ ਪਉੜੀ ॥ ਇਕ ਦਿਹਾੜੇ ਨ੍ਹਾਵਣ ਆਈ ਦੁਰਗ ਸਾਹ ॥ ਇੰਦ੍ਰ ਬਿਰਥਾ ਸੁਣਾਈ ਅਪਣੇ ਹਾਲ ਦੀ ॥ ਛੀਨ ਲਈ ਠਕੁਰਾਈ ਸਾਤੇ ਦਾਨਵੀ ॥ ਲੋਕੀ ਤਿਹੀ ਫਿਰਾਈ ਦੋਹੀ ਆਪਣੀ ॥ ਬੈਠੇ ਵਾਇ ਵਧਾਈ ਤੇ ਅਮਰਾਵਤੀ ॥ ਦਿੱਤੇ ਦੇਵ ਭਜਾਈ ਸਭਨਾ ਰਾਕਸਾਂ ॥ ਕਿਨੈ ਨ ਜਿੱਤਾ ਜਾਈ ਮਹਖੇ ਦੈਤ ਨੂੰ ॥ ਤੇਰੀ ਸਾਮ ਤਕਾਈ ਦੇਵੀ ਦੁਰਗ ਸਾਹ ॥੪॥ ਪਉੜੀ ॥ ਦੁਰਗਾ ਬੈਣ ਸੁਣੰਦੀ ਹੱਸੀ ਹੜਹੜਾਇ ॥ ਓਹੀ ਸੀਹੁ ਮੰਗਾਇਆ ਰਾਖਸ ਭੱਖਣਾ ॥ ਚਿੰਤਾ ਕਰਹੁ ਨ ਕਾਈ ਦੇਵਾਂ ਨੂੰ ਆਖਿਆ ॥ ਰੋਹ ਹੋਈ ਮਹਾ ਮਾਈ ਰਾਕਸਿ ਮਾਰਣੇ ॥੫॥ ਦੋਹਰਾ ॥ ਰਾਕਸਿ ਆਏ ਰੋਹਲੇ ਖੇਤ ਭਿੜਨ ਕੇ ਚਾਇ ॥ ਲਸਕਨ ਤੇਗਾਂ ਬਰਛੀਆਂ ਸੂਰਜੁ ਨਦਰਿ ਨ ਪਾਇ ॥੬॥ ਪਉੜੀ ॥ ਦੁਹਾਂ ਕੰਧਾਰਾਂ ਮੁਹਿ ਜੁੜੇ ਢੋਲ ਸੰਖ ਨਗਾਰੇ ਬੱਜੇ ॥ ਰਾਕਸਿ ਆਏ ਰੋਹਲੇ ਤਰਵਾਰੀ ਬਖਤਰ ਸੱਜੇ ॥ ਜੁੱਟੇ ਸਉਹੇ ਜੁੱਧ ਨੂੰ ਇਕ ਜਾਤ ਨ ਜਾਣਨ ਭੱਜੇ ॥ ਖੇਤ ਅੰਦਰਿ ਜੋਧੇ ਗੱਜੇ ॥੭॥ ਪਉੜੀ ॥ ਜੰਗ ਮੁਸਾਫਾ ਬੱਜਿਆ ਰਣ ਘੁਰੇ ਨਗਾਰੇ ਚਾਵਲੇ ॥ ਝੂਲਨ ਨੇਜੇ ਬੈਰਕਾ ਨੀਸਾਣ ਲਸਨਿ ਲਸਾਵਲੇ ॥ ਢੋਲ

ਨਗਾਰੇ ਪਉਣ ਦੇ ਊਂਘਨ ਜਾਣ ਜਟਾਵਲੇ ॥ ਦੁਰਗਾ ਦਾਨੋ ਡਹੇ ਰਣ ਨਾਦ ਵੱਜਨ ਖੇਤ ਭੀਹਾਵਲੇ ॥ ਬੀਰ ਪਰੋਤੇ ਬਰਛੀਏ ਜਣ ਡਾਲ ਚਮੁੱਟੇ ਆਵਲੇ ॥ ਇਕ ਵੱਢੇ ਤੇਗੀ ਤੜਫੀਅਨ ਮਦ ਪੀਤੇ ਲੋਟਨਿ ਬਾਵਲੇ ॥ ਇਕ ਚੁਣ ਚੁਣ ਝਾੜਉ ਕਢੀਅਨ ਰੇਤ ਵਿਚੋਂ ਸੁਇਨਾ ਡਾਵਲੇ ॥ ਗਦਾ ਤ੍ਰਿਸੂਲਾਂ ਬਰਛੀਆਂ ਤੀਰ ਵੱਗਨ ਖਰੇ ਉਤਾਵਲੇ ॥ ਜਣ ਡਸੇ ਭੁਜੰਗਮ ਸਾਵਲੇ ॥ ਮਰ ਜਾਵਨ ਬੀਰ ਰੁਹਾਵਲੇ ॥੮॥ ਪਉੜੀ ॥ ਦੇਖਣ ਚੰਡ ਪ੍ਰਚੰਡ ਨੂੰ ਰਣ ਘੁਰੇ ਨਗਾਰੇ ॥ ਧਾਏ ਰਾਕਸਿ ਰੋਹਲੇ ਚਉਗਿਰਦੋ ਭਾਰੇ ॥ ਹੱਥੀ ਤੇਗਾਂ ਪਕੜਿ ਕੈ ਰਣ ਭਿੜੇ ਕਰਾਰੇ ॥ ਕਦੇ ਨ ਨੱਠੇ ਜੁੱਧ ਤੇ ਜੋਧੇ ਜੁੱਝਾਰੇ ॥ ਦਿਲ ਵਿਚ ਰੋਹ ਬਢਾਇ ਕੈ ਮਾਰਿ ਮਾਰਿ ਪੁਕਾਰੇ ॥ ਮਾਰੇ ਚੰਡ ਪ੍ਰਚੰਡ ਨੈ ਬੀਰ ਖੇਤ ਉਤਾਰੇ ॥ ਮਾਰੇ ਜਾਪਨ ਬਿੱਜੁਲੀ ਸਿਰ ਭਾਰ ਮੁਨਾਰੇ ॥੯॥ ਪਉੜੀ ॥ ਚੋਟ ਪਈ ਦਮਾਮੇ ਦਲਾਂ ਮੁਕਾਬਲਾ ॥ ਦੇਵੀ ਦਸਤ ਨਚਾਈ ਸੀਹਣਿ ਸਾਰ ਦੀ ॥ ਪੇਟ ਮਲੰਦੇ ਲਾਈ ਮਹਖੇ ਦੈਤ ਨੂੰ ॥ ਗੁਰਦੇ ਆਂਦਾਂ ਖਾਈ ਨਾਲੇ ਰੁੱਕੜੇ ॥ ਜੇਹੀ ਦਿਲ ਵਿਚ ਆਈ ਕਹੀ ਸੁਣਾਇ ਕੈ ॥ ਚੋਟੀ ਜਾਣ ਦਿਖਾਈ ਤਾਰੇ ਧੂਮਕੇਤ ॥੧੦॥ ਪਉੜੀ ॥ ਚੋਟਾਂ ਪਵਨ ਨਗਾਰੇ ਅਣੀਆਂ ਜੁੱਟੀਆਂ ॥ ਧੂਹ ਲਈਆਂ ਤਰਵਾਰੀ ਦੇਵਾਂ ਦਾਨਵੀ ॥ ਵਾਹਨ ਵਾਰੋ ਵਾਰੀ ਸੂਰੇ ਸੰਘਰੇ ॥ ਵਗੈ ਰੱਤੁ ਝੁਲਾਰੀ ਜਿਉ ਗੇਰੂ ਬਾਬਤ੍ਰਾ ॥ ਦੇਖਨ ਬੈਠ ਅਟਾਰੀ ਨਾਰੀ ਰਾਕਸਾਂ ॥ ਪਾਈ ਧੂਮ ਸਵਾਰੀ ਦੁਰਗਾ ਦਾਨਵੀ ॥੧੧॥ ਪਉੜੀ ॥ ਲੱਖ ਨਗਾਰੇ ਵੱਜਨ ਆਮ੍ਹੋ ਸਾਮ੍ਹਣੇ ॥ ਰਾਕਸ ਰਣੋ ਨ ਭੱਜਨ ਰੋਹੇ ਰੋਹਲੇ ॥ ਸੀਹਾਂ ਵਾਂਗੂ ਗੱਜਨ ਸਭੇ ਸੂਰਮੇ ॥ ਤਣਿ ਤਣਿ ਕੈਬਰ ਛੱਡਨ ਦੁਰਗਾ ਸਾਮ੍ਹਣੇ ॥੧੨॥ ਪਉੜੀ ॥ ਘੁਰੇ ਨਗਾਰੇ ਦੋਹਰੇ ਰਣ ਸੰਗਲੀਆਲੇ ॥ ਧੂੜਿ ਲਪੇਟੇ ਧੂਹਰੇ ਸਿਰਦਾਰ ਜਟਾਲੇ ॥ ਉੱਖਲੀਆਂ ਨਾਸਾਂ ਜਿਨਾਂ ਮੁਹਿ ਜਾਪਨ ਆਲੇ ॥ ਧਾਏ ਦੇਵੀ ਸਾਹਮਣੇ ਬੀਰ ਮੁੱਛਲੀਆਲੇ ॥ ਸੁਰਪਤ ਜੇਹੇ ਲੜ ਹਟੇ ਬੀਰ ਟਲੇ ਨ ਟਾਲੇ ॥ ਗੱਜੇ ਦੁਰਗਾ ਘੇਰਿ ਕੈ ਜਣੁ ਘਣੀਅਰ ਕਾਲੇ ॥੧੩॥ ਪਉੜੀ ॥ ਚੋਟ ਪਈ ਖਰਚਾਮੀ ਦਲਾਂ ਮੁਕਾਬਲਾ ॥ ਘੇਰ ਲਈ ਵਰਿਆਮੀ ਦੁਰਗਾ ਆਇ ਕੈ ॥ ਰਾਕਸ ਵਡੇ ਅਲਾਮੀ ਭੱਜ ਨ ਜਾਣਦੇ ॥ ਅੰਤ ਹੋਏ ਸੁਰਗਾਮੀ ਮਾਰੇ ਦੇਵਤਾ ॥੧੪॥ ਪਉੜੀ ॥ ਅਗਣਤ ਘੁਰੇ ਨਗਾਰੇ ਦਲਾਂ ਭਿੜੰਦਿਆਂ ॥ ਪਾਏ ਮਹਖਲ ਭਾਰੇ ਦੇਵਾਂ ਦਾਨਵਾਂ ॥ ਵਾਹਨ ਫੱਟ ਕਰਾਰੇ ਰਾਕਸਿ ਰੋਹਲੇ ॥ ਜਾਪਨ ਤੇਗੀ ਆਰੇ ਮਿਆਨੋ ਧੂਹੀਆਂ ॥ ਜੋਧੇ ਵਡੇ ਮੁਨਾਰੇ ਜਾਪਨ ਖੇਤ ਵਿਚਿ ॥ ਦੇਵੀ ਆਪ ਸਵਾਰੇ ਪੱਬਾਂ ਜਵੇਹਣੇ ॥ ਕਦੇ ਨ ਆਖਣ ਹਾਰੇ ਧਾਵਨ ਸਾਮ੍ਹਣੇ ॥ ਦੁਰਗਾ ਸਭ ਸੰਘਾਰੇ ਰਾਕਸਿ ਖੜਗ ਲੈ ॥੧੫॥ ਪਉੜੀ ॥ ਉੱਮਲ ਲੱਥੇ ਜੋਧੇ ਮਾਰੂ ਬੱਜਿਆ ॥ ਬੱਦਲ ਜਿਉ ਮਹਿਖਾਸੁਰ ਰਣ ਵਿਚਿ ਗੱਜਿਆ ॥ ਇੰਦਰ ਜੇਹਾ ਜੋਧਾ ਮੈਥਉ ਭੱਜਿਆ ॥ ਕਉਣੁ ਵਿਚਾਰੀ ਦੁਰਗਾ ਜਿਨ ਰਣੁ ਸੱਜਿਆ ॥੧੬॥ ਵੱਜੇ ਢੋਲ ਨਗਾਰੇ ਦਲਾਂ ਮੁਕਾਬਲਾ ॥ ਤੀਰ ਫਿਰੈ ਰੈਬਾਰੇ ਆਮ੍ਹੋ ਸਾਮ੍ਹਣੇ ॥ ਅਗਣਤ ਬੀਰ ਸੰਘਾਰੇ ਲਗਦੀ ਕੈਬਰੀ ॥ ਡਿੱਗੇ ਜਾਣਿ ਮੁਨਾਰੇ ਮਾਰੇ ਬਿੱਜੁ ਦੇ ॥ ਖੁੱਲੀ ਵਾਲੀ ਦੈਤ ਅਹਾੜੇ ਸਭੇ ਸੂਰਮੇ ॥ ਸੁੱਤੇ ਜਾਨ ਜਟਾਲੇ ਭੰਗਾਂ ਖਾਇ ਕੈ ॥੧੭॥ ਪਉੜੀ ॥ ਦੁਹਾਂ ਕੰਧਾਰਾਂ ਮੁਹਿ ਜੁੜੇ ਨਾਲਿ ਧਉਸਾ ਭਾਰੀ ॥ ਕੜਕ ਉਠਿਆ ਫਉਜ ਤੇ ਵਡਾ ਅਹੰਕਾਰੀ

॥ ਲੈ ਕੈ ਚਲਿਆ ਸੂਰਮੇ ਨਾਲਿ ਵਡੇ ਹਜਾਰੀ ॥ ਮਿਆਨੋ ਖੰਡਾ ਧੂਹਿਆ ਮਹਖਾਸੁਰ ਭਾਰੀ ॥ ਉੱਮਲ ਲੱਥੇ ਸੂਰਮੇ ਮਾਰ ਮਚੀ ਕਰਾਰੀ ॥ ਜਾਪੇ ਚੱਲੇ ਰਤ ਦੇ ਸਲਲੇ ਜਟਧਾਰੀ ॥੧੮॥ ਪਉੜੀ ॥ ਸੱਟ ਪਈ ਜਮਧਾਣੀ ਦਲਾਂ ਮੁਕਾਬਲਾ ॥ ਧੂਹਿ ਲਈ ਕ੍ਰਿਪਾਣੀ ਦੁਰਗਾ ਮਿਆਨ ਤੇ ॥ ਚੰਡੀ ਰਾਕਸਿ ਖਾਣੀ ਵਾਹੀ ਦੈਤ ਨੂ ॥ ਕੋਪਰ ਚੂਰ ਚਵਾਣੀ ਲੱਥੀ ਕਰਗ ਲੈ ॥ ਪਾਖਰ ਤੁਰਾ ਪਲਾਣੀ ਰੜਕੀ ਧਰਤ ਜਾਇ ॥ ਲੈਦੀ ਅਘਾ ਸਿਧਾਣੀ ਸਿੰਗਾਂ ਧਉਲ ਦਿਆਂ ॥ ਕੂਰਮ ਸਿਰ ਲਹਿਲਾਣੀ ਦੁਸਮਨ ਮਾਰ ਕੈ ॥ ਵੱਢੇ ਗਨ ਤਿਖਾਣੀ ਮੂਏ ਖੇਤ ਵਿਚ ॥ ਰਣ ਵਿਚ ਘੱਤੀ ਘਾਣੀ ਲੋਹੂ ਮਿੱਝ ਦੀ ॥ ਚਾਰੇ ਜੁਗ ਕਹਾਣੀ ਚੱਲਗ ਤੇਗ ਦੀ ॥ ਬਿੱਧਣ ਖੇਤ ਵਿਹਾਣੀ ਮਹਖੇ ਦੈਤ ਨੂੰ ॥੧੯॥ ਇਤੀ ਮਹਖਾਸਰ ਦੈਤ ਮਾਰੇ ਦੁਰਗਾ ਆਇਆ ॥ ਚਉਦਹ ਲੋਕਾ ਰਾਣੀ ਸਿੰਘੁ ਨਚਾਇਆ ॥ ਮਾਰੇ ਵੀਰ ਜਟਾਣੀ ਦਲ ਵਿਚਿ ਅਗਲੇ ॥ ਮੰਗਣ ਨਾਹੀ ਪਾਣੀ ਦਲੀ ਹੰਕਾਰ ਕੈ ॥ ਜਣ ਕਰੀ ਸਮਾਇ ਪਠਾਣੀ ਸੁਣਿ ਕੈ ਰਾਗ ਨੂੰ ॥ ਰੱਤੂ ਦੇ ਹੜਵਾਣੀ ਚਲੇ ਬੀਰ ਖੇਤ ॥ ਪੀਤਾ ਫੁੱਲੁ ਇਆਣੀ ਘੂਮਨ ਸੂਰਮੇ ॥੨੦॥ ਹੋਈ ਅਲੋਪੁ ਭਵਾਨੀ ਦੇਵਾਂ ਨੂੰ ਰਾਜੁ ਦੇ ॥ ਈਸਰ ਦੀ ਬਰਦਾਨੀ ਹੋਈ ਜਿੱਤ ਦਿਨ ॥ ਸੁੰਭ ਨਿਸੁੰਭ ਗੁਮਾਨੀ ਜਨਮੇ ਸੂਰਮੇ ॥ ਇੰਦਰ ਦੀ ਰਜਧਾਨੀ ਤੱਕੀ ਜਿੱਤਣੀ ॥੨੧॥ ਇੰਦ੍ਰਪੁਰੀ ਤੇ ਧਾਵਣਾ ਵਡ ਜੋਧੀ ਮਤਾ ਪਕਾਇਆ ॥ ਸੰਜ ਪਟੇਲਾ ਪਾਖਰਾ ਭੇੜ ਸੰਦਾ ਸਾਜ ਬਣਾਇਆ ॥ ਜੰਮੇ ਕਟਕ ਅਛੂਹਣੀ ਅਸਮਾਨੁ ਗਰਦੀ ਛਾਇਆ ॥ ਰੋਹ ਸੁੰਭ ਨਿਸੁੰਭ ਸਿਧਾਇਆ ॥੨੨॥ ਪਉੜੀ ॥ ਸੁੰਭ ਨਿਸੁੰਭ ਅਲਾਇਆ ਵਡ ਜੋਧੀ ਸੰਘਰ ਵਾਏ ॥ ਰੋਹ ਦਿਖਾਲੀ ਦਿੱਤੀਆ ਵਰਿਆਮੀ ਤੁਰੇ ਨਚਾਏ ॥ ਘੁਰੇ ਦਮਾਮੇ ਦੋਹਰੇ ਜਮ ਬਾਹਣ ਜਿਉ ਅਰੜਾਏ ॥ ਦੇਉ ਦਾਨੋ ਲੁੱਝਣ ਆਏ ॥੨੩॥ ਪਉੜੀ ॥ ਦਾਨੋ ਦੇਉ ਅਨਾਗੀ ਸੰਘਰੁ ਰੱਚਿਆ ॥ ਫੁੱਲ ਖਿੜੇ ਜਣ ਬਾਗੀ ਬਾਣੇ ਜੋਧਿਆ ॥ ਭੂਤਾਂ ਇੱਲਾਂ ਕਾਗੀ ਗੋਸਤ ਭੱਖਿਆ ॥ ਹੁੱਮੜ ਧੁੱਮੜ ਜਾਗੀ ਘੱਤੀ ਸੂਰਿਆ ॥੨੪॥ ਸੱਟ ਪਈ ਨਗਾਰੇ ਦਲਾਂ ਮੁਕਾਬਲਾ ॥ ਦਿੱਤੇ ਦੇਉ ਭਜਾਈ ਮਿਲਿ ਕੈ ਰਾਕਸੀ ॥ ਲੋਕੀ ਤਿਹੀ ਫਿਰਾਈ ਦੋਹੀ ਆਪਣੀ ॥ ਦੁਰਗਾ ਦੀ ਸਾਮ ਤਕਾਈ ਦੇਵਾਂ ਡਰਦਿਆਂ ॥ ਆਂਦੀ ਚੰਡਿ ਚੜ੍ਹਾਈ ਉਤੇ ਰਾਕਸਾਂ ॥੨੫॥ ਪਉੜੀ ॥ ਆਈ ਫੇਰਿ ਭਵਾਨੀ ਖਬਰੀ ਪਾਈਆਂ ॥ ਦੈਤ ਵਡੇ ਅਭਿਮਾਨੀ ਹੋਏ ਏਕਠੇ ॥ ਲੋਚਨ ਧੂਮ ਗੁਮਾਨੀ ਰਾਇ ਬੁਲਾਇਆ ॥ ਜਗ ਵਿਚ ਵੱਡਾ ਦਾਨੋ ਆਪ ਕਹਾਇਆ ॥ ਸੱਟ ਪਈ ਖਰਚਾਮੀ ਦੁਰਗਾ ਲਿਆਵਣੀ ॥੨੬॥ ਪਉੜੀ ॥ ਕੜਕ ਉਠੀ ਰਣ ਚੰਡੀ ਫਉਜਾਂ ਦੇਖਿ ਕੈ ॥ ਧੂਹਿ ਮਿਆਨੋ ਖੰਡਾ ਹੋਈ ਸਾਹਮਣੇ ॥ ਸੱਭੇ ਬੀਰ ਸੰਘਾਰੇ ਧੂਮਰਨੈਣ ਦੇ ॥ ਜਣਿ ਲੈ ਕੱਟੇ ਆਰੇ ਦਰਖਤ ਬਾਢੀਆਂ ॥੨੭॥ ਪਉੜੀ ॥ ਚੋਬੀ ਧਉਸ ਬਜਾਈ ਦਲਾਂ ਮੁਕਾਬਲਾ ॥ ਰੋਹ ਭਵਾਨੀ ਆਈ ਉੱਤੈ ਰਾਕਸਾਂ ॥ ਖੱਬੈ ਦਸਤ ਨਚਾਈ ਸੀਹਣ ਸਾਰ ਦੀ ॥ ਬਹੁਤਿਆਂ ਦੇ ਤਨ ਲਾਈ ਕੀਤੀ ਰੰਗੁਲੀ ॥ ਭਾਈਆਂ ਮਾਰਨ ਭਾਈ ਦੁਰਗਾ ਜਾਣਿ ਕੈ ॥ ਰੋਹ ਹੋਇ ਚਲਾਈ ਰਾਕਸਿ ਰਾਇ ਨੂੰ ॥ ਜਮ ਪੁਰ ਦੀਆ ਪਠਾਈ ਲੋਚਨ ਧੂਮ ਨੂੰ ॥ ਜਾਪੇ ਦਿੱਤੀ ਸਾਈ ਮਾਰਨ ਸੁੰਭ ਦੀ ॥੨੮॥ ਪਉੜੀ ॥ ਭੰਨੇ ਦੈਤ ਪੁਕਾਰੇ ਰਾਜੇ ਸੁੰਭ ਥੈ ॥ ਲੋਚਨ ਧੂਮ ਸੰਘਾਰੇ ਸਣੈ ਸਿਪਾਹੀਆਂ ॥

ਚੁਣਿ ਚੁਣਿ ਜੋਧੇ ਮਾਰੇ ਅੰਦਰ ਖੇਤ ਦੈ ॥ ਜਾਪਨ ਅੰਬਰਿ ਤਾਰੇ ਡਿੱਗਨਿ ਸੂਰਮੇ ॥ ਗਿਰੇ ਪੱਰਬਤ ਭਾਰੇ ਮਾਰੇ ਬਿੱਜੁ ਦੇ ॥ ਦੈਤਾਂ ਦੇ ਦਲ ਹਾਰੇ ਦਹਸਤ ਖਾਇ ਕੈ ॥ ਬਚੇ ਸੁ ਮਾਰੇ ਮਾਰੇ ਰਹਦੇ ਰਾਇ ਥੈ ॥੨੯॥ ਪਉੜੀ ॥ ਰੋਹ ਹੋਇ ਬੁਲਾਏ ਰਾਕਸਿ ਰਾਇ ਨੇ ॥ ਬੈਠੇ ਮਤਾ ਪਕਾਈ ਦੁਰਗਾ ਲਿਆਵਣੀ ॥ ਚੰਡ ਅਰ ਮੁੰਡ ਪਠਾਏ ਬਹੁਤਾ ਕਟਕੁ ਦੈ ॥ ਜਾਪੇ ਛੱਪਰ ਛਾਏ ਬਣੀਆ ਕੇਜਮਾ ॥ ਜੇਤੇ ਰਾਇ ਬੁਲਾਇ ਚੱਲੇ ਜੁੱਧ ਨੋ ॥ ਜਣੁ ਜਮ ਪੁਰ ਪਕੜ ਚਲਾਏ ਸਭੇ ਮਾਰਨੇ ॥੩੦॥ ਪਉੜੀ ॥ ਢੋਲ ਨਗਾਰੇ ਵਾਏ ਦਲਾਂ ਮੁਕਾਬਲਾ ॥ ਰੋਹ ਰੁਹੇਲੇ ਆਏ ਉਤੇ ਰਾਕਸਾਂ ॥ ਸਭਨੀ ਤੁਰੇ ਨਚਾਏ ਬਰਛੇ ਪਕੜਿ ਕੈ ॥ ਬਹੁਤੇ ਮਾਰ ਗਿਰਾਏ ਅੰਦਰ ਖੇਤ ਦੈ ॥ ਤੀਰੀ ਛਹਬਰ ਲਾਈ ਬੁੱਠੀ ਦੇਵਤਾ ॥੩੧॥ ਭੇਰੀ ਸੰਖ ਵਜਾਏ ਸੰਘਰਿ ਰਚਿਆ ॥ ਤਣਿ ਤਣਿ ਤੀਰ ਚਲਾਏ ਦੁਰਗਾ ਧਨਖ ਲੈ ॥ ਜਿਨੀ ਦਸਤ ਉਠਾਏ ਰਹੇ ਨ ਜੀਵਦੇ ॥ ਚੰਡ ਅਰੁ ਮੁੰਡ ਖਪਾਏ ਦੋਨੋ ਦੇਵਤਾ ॥੩੨॥ ਸੁੰਭਿ ਨਿਸੁੰਭ ਰਿਸਾਏ ਮਾਰੇ ਦੈਤ ਸੁਣ ॥ ਜੋਧੇ ਸਭ ਬੁਲਾਏ ਅਪਣੇ ਮਜਲਸੀ ॥ ਜਿਨੀ ਦੇਉ ਭਜਾਏ ਇੰਦਰ ਜੇਹਵੇ ॥ ਤੇਈ ਮਾਰ ਗਿਰਾਏ ਪਲ ਵਿਚ ਦੇਵਤਾ ॥ ਓਨੀ ਦਸਤੀ ਦਸਤਿ ਵਜਾਏ ਤਿੰਨਾ ਚਿਤ ਕਰਿ ॥ ਫਿਰ ਸ੍ਰਵਣਤਬੀਜ ਚਲਾਏ ਬੀੜੇ ਰਾਇ ਦੇ ॥ ਸੰਜ ਪਟੇਲਾ ਪਾਏ ਚਿਲਕਤ ਟੋਪੀਆਂ ॥ ਲੁੱਝਣ ਨੋ ਅਰੜਾਏ ਰਾਕਸ ਰੋਹਲੇ ॥ ਕਦੇ ਨ ਕਿਨੈ ਹਟਾਏ ਜੁੱਧ ਮਚਾਇ ਕੈ ॥ ਮਿਲ ਤੇਈ ਦਾਨੋ ਆਏ ਹੁਣ ਸੰਘਰਿ ਦੇਖਣਾ ॥੩੩॥ ਪਉੜੀ ॥ ਦੈਤੀ ਡੰਡ ਉਭਾਰੀ ਨੇੜੈ ਆਇ ਕੈ ॥ ਸਿੰਘ ਕਰੀ ਅਸਵਾਰੀ ਦੁਰਗਾ ਸੋਰ ਸੁਣ ॥ ਖੱਬੈ ਦਸਤ ਉਭਾਰੀ ਗਦਾ ਫਿਰਾਇ ਕੈ ॥ ਸੈਨਾ ਸਭ ਸੰਘਾਰੀ ਸ੍ਰਣਵਤਬੀਜ ਦੀ ॥ ਜਣ ਮਦ ਖਾਇ ਮਦਾਰੀ ਘੂਮਨ ਸੂਰਮੇ ॥ ਅਗਣਤ ਪਾਉ ਪਸਾਰੀ ਰੁਲੇ ਅਹਾੜ ਵਿਚਿ ॥ ਜਾਪੈ ਖੇਡ ਖਿਡਾਰੀ ਸੁੱਤੇ ਫਾਗ ਨੂੰ ॥੩੪॥ ਸ੍ਰਣਵਤਬੀਜ ਹਕਾਰੇ ਰਹਦੇ ਸੂਰਮੇ ॥ ਜੋਧੇ ਜੇਡੁ ਮੁਨਾਰੇ ਦਿੱਸਣ ਖੇਤ ਵਿਚ ॥ ਸਭਨੀ ਦਸਤ ਉਭਾਰੇ ਤੇਗਾਂ ਧੂਹਿ ਕੈ ॥ ਮਾਰੋ ਮਾਰ ਪੁਕਾਰੇ ਆਏ ਸਾਮ੍ਹਣੇ ॥ ਸੰਜਾਂ ਤੇ ਠਣਿਕਾਰੇ ਤੇਗੀ ਉੱਭਰੇ ॥ ਘਾਟ ਘੜਨਿ ਠਠਿਆਰੇ ਜਾਣਿ ਬਣਾਇ ਕੈ ॥੩੫॥ ਸੱਟ ਪਈ ਜਮਧਾਣੀ ਦਲਾਂ ਮੁਕਾਬਲਾ ॥ ਘੂਮਰ ਬਰਗਸਤਾਣੀ ਦਲ ਵਿਚਿ ਘੱਤੀਓ ॥ ਸਣੇ ਤੁਰਾ ਪਲਾਣੀ ਡਿੱਗਣ ਸੂਰਮੇ ॥ ਉਠਿ ਉਠਿ ਮੰਗਨਿ ਪਾਣੀ ਘਾਇਲ ਘੂਮਦੇ ॥ ਏਵਡੁ ਮਾਰ ਵਿਹਾਣੀ ਉੱਪਰ ਰਾਕਸਾਂ ॥ ਬਿੱਜਲ ਜਿਉ ਝਰਲਾਣੀ ਉੱਠੀ ਦੇਵਤਾ ॥੩੬॥ ਪਉੜੀ ॥ ਚੋਬੀ ਧਉਸ ਉਭਾਰੀ ਦਲਾਂ ਮੁਕਾਬਲਾ ॥ ਸਭੋ ਸੈਨਾ ਮਾਰੀ ਪਲ ਵਿਚਿ ਦਾਨਵੀ ॥ ਦੁਰਗਾ ਦਾਨੋ ਮਾਰੇ ਰੋਹ ਬਢਾਇ ਕੈ ॥ ਸਿਰਿ ਵਿਚਿ ਤੇਗ ਵਗਾਈ ਸ੍ਰਣਵਤਬੀਜ ਦੇ ॥੩੭॥ ਅਗਣਤ ਦਾਨੋ ਭਾਰੇ ਹੋਏ ਲੋਹੂਆ ॥ ਜੋਧੇ ਜੇਡ ਮੁਨਾਰੇ ਅੰਦਰਿ ਖੇਤ ਦੈ ॥ ਦੁਰਗਾ ਨੋ ਲਲਕਾਰੇ ਆਵਨ ਸਾਮਣੇ ॥ ਦੁਰਗਾ ਸਭ ਸੰਘਾਰੇ ਰਾਕਸ ਆਂਵਦੇ ॥ ਰਤੂ ਦੇ ਪਰਨਾਲੇ ਤਿਨ ਤੇ ਭੁਇ ਪਏ ॥ ਉਠੇ ਕਾਰਣਿਆਰੇ ਰਾਕਸ ਹੜਹੜਾਇ ॥੩੮॥ ਧੱਗਾ ਸੰਗਲੀਆਲੀ ਸੰਘਰ ਵਾਇਆ ॥ ਬਰਛੀ ਬੰਬਲੀਆਲੀ ਸੂਰੇ ਸੰਘਰੇ ॥ ਭੇੜਿ ਮਚਿਆ ਬੀਰਾਲੀ ਦੁਰਗਾ ਦਾਨਵੀਂ ॥ ਮਾਰ ਮਚੀ ਮੁਹਰਾਲੀ ਅੰਦਰਿ ਖੇਤ ਦੈ ॥ ਜਣ ਨਟ ਲੱਥੇ ਛਾਲੀ ਢੋਲਿ ਬਜਾਇ ਕੈ ॥ ਲੋਹੂ ਫਾਥੀ ਜਾਲੀ ਲੋਥੀ

ਜਮਧੜੀ ॥ ਘਣ ਵਿਚਿ ਜਿਉ ਛੰਛਾਲੀ ਤੇਗਾਂ ਹਸੀਆਂ ॥ ਘੁੰਮਰਆਰਿ ਸਿਆਲੀ ਬਣੀਆਂ ਕੇਜਮਾਂ ॥੩੯॥ ਧੱਗਾ ਸੂਲਿ ਬਜਾਈਆਂ ਦਲਾਂ ਮੁਕਾਬਲਾ ॥ ਧੂਹਿ ਮਿਆਨੋ ਲਈਆਂ ਜੁਆਨੀ ਸੂਰਮੀ ॥ ਸ੍ਰਣਵਤਬੀਜ ਬਧਾਈਆਂ ਅਗਣਤ ਸੂਰਤਾਂ ॥ ਦੁਰਗਾ ਸਉਹੇ ਆਈਆਂ ਰੋਹ ਬਢਾਇ ਕੈ ॥ ਸਭਨੀ ਆਣ ਵਗਾਈਆਂ ਤੇਗਾਂ ਧੂਹਿ ਕੈ ॥ ਦੁਰਗਾ ਸਭ ਬਚਾਈਆਂ ਢਾਲ ਸੰਭਾਲ ਕੈ ॥ ਦੇਵੀ ਆਪ ਚਲਾਈਆਂ ਤਕਿ ਤਕਿ ਦਾਨਵੀ ॥ ਲੋਹੂ ਨਾਲਿ ਡੁਬਾਈਆਂ ਤੇਗਾਂ ਨੰਗੀਆਂ ॥ ਸਾਰਸੁਤੀ ਜਣ ਨ੍ਹਾਈਆਂ ਮਿਲ ਕੈ ਦੇਵੀਆਂ ॥ ਸਭੇ ਮਾਰ ਗਿਰਾਈਆਂ ਅੰਦਰਿ ਖੇਤਿ ਦੈ ॥ ਤਿਦੂੰ ਫੇਰਿ ਸਵਾਈਆਂ ਹੋਈਆਂ ਸੂਰਤਾਂ ॥੪੦॥ ਪਉੜੀ ॥ ਸੂਰੀਂ ਸੰਘਰਿ ਰਚਿਆ ਢੋਲ ਸੰਖ ਨਗਾਰੇ ਵਾਇ ਕੈ ॥ ਚੰਡ ਚਿਤਾਰੀ ਕਾਲਕਾ ਮਨ ਬਹਲਾ ਰੋਸੁ ਬਢਾਇ ਕੈ ॥ ਨਿਕਲੀ ਮੱਥਾ ਫੋੜਿ ਕੈ ਜਣ ਫਤੇ ਨੀਸਾਣ ਬਜਾਇ ਕੈ ॥ ਜਾਗ ਸੁ ਜੰਮੀ ਜੁੱਧ ਨੂੰ ਜਰਵਾਣਾ ਜਣ ਮਰੜਾਇ ਕੈ ॥ ਦਲ ਵਿਚਿ ਘੇਰਾ ਘੱਤਿਆ ਜਣ ਸੀਹ ਤੁਰਿਆ ਗਣਿਣਾਇ ਕੈ ॥ ਆਪ ਵਿਸੂਲਾ ਹੋਇਆ ਤਿਹੁ ਲੋਕਾਂ ਤੇ ਖੁਨਸਾਇ ਕੈ ॥ ਰੋਹ ਸਿਧਾਈਆਂ ਚਕ੍ਰਪਾਣ ਕਰ ਨਿੰਦਾ ਖੜਗ ਉਠਾਇ ਕੈ ॥ ਅਗੈ ਰਾਕਸ ਬੈਠੇ ਰੋਹਲੇ ਤੀਰੀ ਤੇਗੀ ਛਹਬਰ ਲਾਇ ਕੈ ॥ ਪਕੜ ਪਛਾੜੇ ਰਾਕਸਾਂ ਦਲ ਦੈਤਾ ਅੰਦਰਿ ਜਾਇ ਕੈ ॥ ਬਹੁ ਕੇਸੀ ਪਕੜਿ ਪਛਾੜਿਅਨਿ ਤਿਨ ਅੰਦਰਿ ਧੂਮ ਰਚਾਇ ਕੈ ॥ ਬਡੇ ਬਡੇ ਚੁਣ ਸੂਰਮੇ ਗਹਿ ਕੋਟੀ ਦਏ ਚਲਾਇ ਕੈ ॥ ਰਣ ਕਾਲੀ ਗੁੱਸਾ ਖਾਇ ਕੈ ॥੪੧॥ ਪਉੜੀ ॥ ਦੁਹਾ ਕੰਧਾਰਾਂ ਮੁਹਿ ਜੁੜੇ ਅਣੀਆ ਰਾਚੋਈਆਂ ॥ ਧੂਹਿ ਕਿਰਪਾਣਾ ਤਿੱਖੀਆਂ ਨਾਲ ਲੋਹੂ ਧੋਈਆਂ ॥ ਹੂਰਾਂ ਸ੍ਰਣਵਤਬੀਜ ਨੂੰ ਘਤਿ ਘੇਰਿ ਖਲੋਈਆਂ ॥ ਲਾੜਾ ਦੇਖਨ ਲਾੜੀਆਂ ਚਉਗਿਰਦੈ ਹੋਈਆਂ ॥੪੨॥ ਚੋਬੀ ਧਉਸਾ ਪਾਈਆਂ ਦਲਾ ਮੁਕਾਬਲਾ ॥ ਦਸਤੀ ਧੂਹ ਨਚਾਈਆਂ ਤੇਗਾਂ ਨੰਗੀਆ ॥ ਸੂਰਿਆਂ ਦੇ ਤਨ ਲਾਈਆਂ ਗੋਸਤ ਗਿੱਧੀਆਂ ॥ ਬਿੱਧਣਰਾਤੀ ਆਈਆਂ ਮਰਦਾਂ ਘੋੜਿਆਂ ॥ ਜੋਗਣੀਆਂ ਮਿਲਿ ਧਾਈਆਂ ਲੋਹੂ ਭੱਖਣਾ ॥ ਫਉਜਾਂ ਮਾਰ ਹਟਾਈਆਂ ਦੇਵਾਂ ਦਾਨਵਾਂ ॥ ਭਜਦੀ ਕਥਾ ਸੁਣਾਈਆਂ ਰਾਜੇ ਸੁੰਭ ਥੈ ॥ ਭੁਈਂ ਨ ਪਉਣੈ ਪਾਈਆਂ ਬੂੰਦਾਂ ਰਕਤ ਦੀਆਂ ॥ ਕਾਲੀ ਖੇਤ ਖਪਾਈਆਂ ਸੱਭੇ ਸੂਰਤਾਂ ॥ ਬਹੁਤੀ ਸਿਰੀ ਬਿਹਾਈਆਂ ਘੜੀਆਂ ਕਾਲ ਕੀਆਂ ॥ ਜਾਣਿ ਨ ਜਾਏ ਮਾਈਆਂ ਝੂਝੇ ਸੂਰਮੇ ॥੪੩॥ ਸੁੰਭ ਸੁਣੀ ਕਰਹਾਲੀ ਸ੍ਰਣਵਤਬੀਜ ਦੀ ॥ ਰਣ ਵਿਚਿ ਕਿਨੈ ਨ ਝਾਲੀ ਦੁਰਗਾ ਆਂਵਦੀ ॥ ਬਹੁਤੇ ਬੀਰ ਜਟਾਲੀ ਉੱਠੇ ਆਖ ਕੈ ॥ ਚੋਟਾਂ ਪਾਨ ਤਬਾਲੀ ਜਾਸਨ ਜੁੱਧ ਨੂੰ ॥ ਥਰਿ ਥਰਿ ਪ੍ਰਿਥਮੀ ਚਾਲੀ ਦਲਾਂ ਚੜੰਦਿਆਂ ॥ ਨਾਉ ਜਿਵੇਹੈ ਹਾਲੀ ਸਹ ਦਰੀਆਉ ਵਿਚਿ ॥ ਧੂੜਿ ਉਤਾਹਾਂ ਘਾਲੀ ਛੜੀ ਤੁਰੰਗਮਾਂ ॥ ਜਾਣਿ ਪੁਕਾਰੂ ਚਾਲੀ ਧਰਤੀ ਇੰਦ੍ਰ ਥੈ ॥੪੪॥ ਪਉੜੀ ॥ ਆਹਰਿ ਮਿਲਿਆ ਆਹਰੀਆਂ ਸੈਣ ਸੂਰਿਆਂ ਸਾਜੀ ॥ ਚੱਲੇ ਸਉਹੇ ਦੁਰਗਸਾਹ ਜਣ ਕਾਬੈ ਹਾਜੀ ॥ ਤੀਰੀ ਤੇਗੀ ਜਮਧੜੀ ਰਣ ਵੰਡੀ ਭਾਜੀ ॥ ਇਕ ਘਾਇਲ ਘੂਮਨ ਸੂਰਮੇ ਜਣ ਮਕਤਬ ਕਾਜੀ ॥ ਇਕ ਬੀਰ ਪਰੋਤੇ ਬਰਛੀਏ ਜਿਉ ਝੁਕ ਪਉਨ ਨਿਵਾਜੀ ॥ ਇਕ ਦੁਰਗਾ ਸਉਹੇ ਖੁਨਸ ਕੈ ਖੁਨਸਾਇਨ ਤਾਜੀ ॥ ਇਕ ਧਾਵਨ ਦੁਰਗਾ ਸਾਮਣੇ ਜਿਉ ਭੁਖਿਆਏ ਪਾਜੀ ॥ ਕਦੇ ਨ ਰੱਜੇ

ਜੁੱਧ ਤੇ ਰੱਜ ਹੋਏ ਰਾਜੀ ॥੪੫॥ ਬੱਜੇ ਸੰਗਲੀਆਲੇ ਸੰਘਰ ਡੋਹਰੇ ॥ ਡਹੇ ਜੁ ਖੇਤ ਜਟਾਲੇ ਹਾਠਾਂ ਜੋੜਿ ਕੈ ॥ ਨੇਜੇ ਬੰਬਲੀਆਲੇ ਦਿੱਸਨ ਓਰੜੇ ॥ ਚੱਲੇ ਜਾਣ ਜਟਾਲੇ ਨਾਵਣ ਗੰਗ ਨੂੰ ॥੪੬॥ ਪਉੜੀ ॥ ਦੁਰਗਾ ਅਤੈ ਦਾਨਵੀ ਸੂਲ ਹੋਈਆਂ ਕੰਗਾਂ ॥ ਵਾਛੜ ਘੱਤੀ ਸੂਰਿਆਂ ਵਿਚ ਖੇਤ ਖਤੰਗਾਂ ॥ ਧੂਹਿ ਕ੍ਰਿਪਾਣਾ ਤਿੱਖੀਆਂ ਬਢ ਲਾਹਨਿ ਅੰਗਾਂ ॥ ਪਹਿਲਾ ਦਲਾਂ ਮਿਲੰਦਿਆਂ ਭੇੜ ਪਇਆ ਨਿਹੰਗਾਂ ॥੪੭॥ ਪਉੜੀ ॥ ਓਰੜ ਫਉਜਾਂ ਆਈਆਂ ਬੀਰ ਚੜੇ ਕੰਧਾਰੀ ॥ ਸੜਕ ਮਿਆਨੋ ਕਢੀਆਂ ਤਿਖੀਆਂ ਤਰਵਾਰੀ ॥ ਕੜਕ ਉਠੇ ਰਣ ਮੱਚਿਆ ਵੱਡੇ ਹੰਕਾਰੀ ॥ ਸਿਰ ਧੜ ਬਾਹਾਂ ਗਨਲੇ ਫੁਲ ਜੇਹੈ ਬਾੜੀ ॥ ਜਾਪੇ ਕਟੇ ਬਾਢੀਆਂ ਰੁਖ ਚੰਦਨਿ ਆਰੀ ॥੪੮॥ ਦੁਹਾਂ ਕੰਧਾਰਾਂ ਮੁਹਿ ਜੁੜੇ ਜਾ ਸੱਟ ਪਈ ਖਰਵਾਰ ਕੱਉ ॥ ਤਕ ਤਕ ਕੈਬਰਿ ਦੁਰਗਸਾਹ ਤਕ ਮਾਰੇ ਭਲੇ ਜੁਝਾਰ ਕੱਉ ॥ ਪੈਦਲ ਮਾਰੇ ਹਾਥੀਆਂ ਸੰਗ ਰਥ ਗਿਰੇ ਅਸਵਾਰ ਕੱਉ ॥ ਸੋਹਨ ਸੰਜਾ ਬਾਗੜਾ ਜਣੁ ਲੱਗੇ ਫੁੱਲ ਅਨਾਰ ਕੱਉ ॥ ਗੁੱਸੇ ਆਈ ਕਾਲਕਾ ਹਥਿ ਸੱਜੇ ਲੈ ਤਰਵਾਰ ਕੱਉ ॥ ਏਦੂੰ ਪਾਰਉ ਓਤ ਪਾਰ ਹਰਿਨਾਕਸਿ ਕਈ ਹਜਾਰ ਕੱਉ ॥ ਜਿਣ ਇੱਕਾ ਰਹੀ ਕੰਧਾਰ ਕੱਉ ॥ ਸਦ ਰਹਮਤ ਤੇਰੇ ਵਾਰ ਕੱਉ ॥੪੯॥ ਪਉੜੀ ॥ ਦੁਹਾਂ ਕੰਧਾਰਾਂ ਮੁਹਿ ਜੁੜੇ ਸੱਟ ਪਈ ਜਮਧਾਣ ਕੱਉ ॥ ਤਦ ਖਿੰਗ ਨਸੁੰਭ ਨਚਾਇਆ ਡਾਲ ਉਪਰਿ ਬਰਗਸਤਾਣ ਕੱਉ ॥ ਫੜੀ ਬਿਲੰਦ ਮੰਗਾਇਉਸ ਫੁਰਮਾਇਸ ਕਰਿ ਮੁਲਤਾਨ ਕੱਉ ॥ ਗੁੱਸੇ ਆਈ ਸਾਮ੍ਹਣੇ ਰਣ ਅੰਦਰਿ ਘੱਤਣ ਘਾਣ ਕੱਉ ॥ ਅਗੈ ਤੇਗ ਵਗਾਈ ਦੁਰਗਸਾਹ ਬੱਢ ਸੁੰਭਨ ਬਹੀ ਪਲਾਣ ਕਉ ॥ ਰੜਕੀ ਜਾਇ ਕੈ ਧਰਤ ਕੱਉ ਬੱਢ ਪਾਖਰ ਬੱਢ ਕਿਕਾਣ ਕੱਉ ॥ ਬੀਰ ਪਲਾਣੋ ਡਿੱਗਿਆ ਕਰਿ ਸਿਜਦਾ ਸੁੰਭ ਸੁਜਾਣ ਕਉ ॥ ਸਾਬਾਸ ਸਲੋਣੇ ਖਾਣ ਕੱਉ ॥ ਸਦਾ ਸਾਬਾਸ ਤੇਰੇ ਤਾਣ ਕੱਉ ॥ ਤਾਰੀਫਾਂ ਪਾਨ ਚਬਾਣ ਕੱਉ ॥ ਸਦ ਰਹਮਤ ਕੈਫਾਂ ਖਾਣ ਕੱਉ ॥ ਸਦ ਰਹਮਤ ਤੁਰੇ ਨਚਾਣ ਕੱਉ ॥੫੦॥ ਪਉੜੀ ॥ ਦੁਰਗਾ ਅਤੈ ਦਾਨਵੀ ਗਹ ਸੰਘਰਿ ਕੱਥੇ ॥ ਓਰੜ ਉੱਠੇ ਸੂਰਮੇ ਆ ਡਾਹੇ ਮੱਥੇ ॥ ਕੱਟ ਤੁਫੰਗੀ ਕੈਬਰੀ ਦਲ ਗਾਹਿ ਨਿਕੱਥੇ ॥ ਦੇਖਨਿ ਜੰਗ ਫਰੇਸਤੇ ਅਸਮਾਨੋ ਲੱਥੇ ॥੫੧॥ ਪਉੜੀ ॥ ਦੁਹਾਂ ਕੰਧਾਰਾਂ ਮੁਹ ਜੁੜੇ ਦਲ ਘੁਰੇ ਨਗਾਰੇ ॥ ਓਰੜ ਆਏ ਸੂਰਮੇ ਸਿਰਦਾਰ ਰਣਿਆਰੇ ॥ ਲੈ ਕੈ ਤੇਗਾਂ ਬਰਛੀਆਂ ਹਥਿਆਰ ਉਭਾਰੇ ॥ ਟੋਪ ਪਟੇਲਾ ਪਾਖਰਾਂ ਗਲਿ ਸੰਜ ਸਵਾਰੇ ॥ ਲੈ ਕੇ ਬਰਛੀ ਦੁਰਗਸਾਹ ਬਹੁ ਦਾਨਵ ਮਾਰੇ ॥ ਚੜੇ ਰਥੀ ਗਜ ਘੋੜਿਈ ਮਾਰ ਭੁਇ ਤੇ ਡਾਰੇ ॥ ਜਾਣ ਹਲਵਾਈ ਸੀਖ ਨਾਲ ਵਿੰਨ੍ਹ ਵੜੇ ਉਤਾਰੇ ॥੫੨॥ ਪਉੜੀ ॥ ਦੁਹਾਂ ਕੰਧਾਰਾਂ ਮੁਹਿ ਜੁੜੇ ਨਾਲ ਧਉਸਾ ਭਾਰੀ ॥ ਲਈ ਭਗਉਤੀ ਦੁਰਗਸਾਹ ਵਰ ਜਾਗਨ ਭਾਰੀ ॥ ਲਾਈ ਰਾਜੇ ਸੁੰਭ ਨੋ ਰਤੁ ਪੀਐ ਪਿਆਰੀ ॥ ਸੁੰਭ ਪਲਾਣੋ ਡਿੱਗਿਆ ਉਪਮਾ ਬੀਚਾਰੀ ॥ ਡੁਬ ਰਤੂ ਨਾਲਹੁ ਨਿਕਲੀ ਬਰਛੀ ਦੁਧਾਰੀ ॥ ਜਾਣ ਰਜਾਦੀ ਉਤਰੀ ਪੈਨ੍ਹ ਸੂਹੀ ਸਾਰੀ ॥੫੩॥ ਪਉੜੀ ॥ ਦੁਰਗਾ ਅਤੈ ਦਾਨਵੀ ਭੇੜ ਪਇਆ ਸਬਾਹੀ ॥ ਸਸਤ੍ਰ ਪਜੂਤੇ ਦੁਰਗਸਾਹ ਗਹ ਸਭਨੀ ਬਾਹੀ ॥ ਸੁੰਭ ਨਿਸੁੰਭ ਸੰਘਾਰਿਆ ਵਥ ਜੇਹੇ ਸਾਹੀ ॥ ਫਉਜਾਂ ਰਾਕਸਿਆਰੀਆਂ ਦੇਖਿ ਰੋਵਨਿ ਧਾਹੀ ॥ ਮੋਹਿ ਕੁੜੂਚੇ ਘਾਹ ਦੇ ਛਡ ਘੋੜੇ ਰਾਹੀ ॥ ਭਜਦੇ ਹੋਏ ਮਾਰੀਅਨ ਮੁੜ ਝਾਕਨ

ਨਾਹੀ ॥੫੪॥ ਪਉੜੀ ॥ ਸੁੰਭ ਨਿਸੁੰਭ ਪਠਾਇਆ ਜਮ ਦੇ ਧਾਮ ਨੋ ॥ ਇੰਦ੍ਰ ਸੱਦ ਬੁਲਾਇਆ ਰਾਜ ਅਭਖੇਖ ਨੋ ॥ ਸਿਰ ਪਰ ਛਤ੍ਰ ਫਿਰਾਇਆ ਰਾਜੇ ਇੰਦ੍ਰ ਦੈ ॥ ਚਉਦਹ ਲੋਕਾਂ ਛਾਇਆ ਜਸੁ ਜਗ ਮਾਤ ਦਾ ॥ ਦੁਰਗਾ ਪਾਠ ਬਣਾਇਆ ਸਭੇ ਪਉੜੀਆਂ ॥ ਫੇਰ ਨ ਜੂਨੀ ਆਇਆ ਜਿਨ ਇਹ ਗਾਇਆ ॥੫੫॥

(ਦਸਮ ੧੧੯-੨੭)

# ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹ